@Qpatrika | @qaumipatrika punjabi | instagram.com/ qaumipatrika

Largest Circulated

विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ

Qaumi Patrika NO.1

Punjabi National Daily

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।

Wednesday, 26 June 2024

VISIT: www.qaumipatrika.org
Email: qpatrika@gmail.com

ਨਵੀਂ ਦਿੱਲੀ: ਬੁੱਧਵਾਰ 26 ਜੂਨ 2024, 12 ਹਾੜ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81– ਸੰਪਾਦਕ – ਗੁਰਚਰਨ ਸਿੰਘ ਬੱਬਰ – ਸਾਲ – 42, ਅੰਕ 218, qpatrika@gmail.com ਫੋਨ : 9971359517 www.qaumipatrika.org

## ਹੱਥ 'ਚ ਸੰਵਿਧਾਨ ਦੀ ਕਾਪੀ ਫੜ ਰਾਹੁਲ ਗਾਂਧੀ ਨੇ ਚੁੱਕੀ ਸਹੁੰ, ਲਾਇਆ 'ਜੈ ਹਿੰਦ, ਜੈ ਸੰਵਿਧਾਨ' ਦਾ ਨਾਅਰਾ

ਨਵੀਂ ਦਿੱਲੀ 25 ਜੂਨ। ਕਾਂਗਰਸ ਦੇ ਸਾਬਕਾ ਪ੍ਰਧਾਨ ਰਾਹੁਲ ਗਾਂਧੀ ਨੇ ਮੰਗਲਵਾਰ ਨੂੰ ਲੋਕ ਸਭਾ ਮੈਂਬਰ ਵਜੋਂ ਸਹੁੰ ਚੁੱਕੀ ਅਤੇ ਇਸ ਦੌਰਾਨ ਉਨ੍ਹਾਂ ਨੇ ਆਪਣੇ ਹੱਥ ਵਿੱਚ ਸੰਵਿਧਾਨ ਦੀ ਕਾਪੀ ਫੜੀ ਹੋਈ ਸੀ। ਰਾਹੁਲ ਗਾਂਧੀ ਨੇ ਅੰਗਰੇਜੀ ਭਾਸਾ ਵਿੱਚ ਸਹੁੰ ਚੁੱਕੀ। ਸਹੁੰ ਚੁੱਕਣ ਤੋਂ ਬਾਅਦ ਉਨ੍ਹਾਂ ਨੇ 'ਜੈ ਹਿੰਦ, ਜੈ ਸੰਵਿਧਾਨ' ਦਾ ਨਾਅਰਾ ਵੀ



ਲਗਾਇਆ। ਇਸ ਵਾਰ ਰਾਹੁਲ ਗਾਂਧੀ ਉੱਤਰ ਪ੍ਰਦੇਸ ਦੇ ਰਾਏਬਰੇਲੀ ਲੋਕ ਸਭਾ ਹਲਕੇ ਤੋਂ ਚੁਣੇ ਗਏ ਹਨ। ਇਸ ਤੋਂ ਪਹਿਲਾਂ ਉਹ ਲੋਕ ਸਭਾ ਵਿੱਚ ਕੇਰਲ ਵਿੱਚ ਵਾਇਨਾਡ ਅਤੇ ਉੱਤਰ ਪ੍ਰਦੇਸ ਵਿੱਚ ਅਮੇਠੀ ਦੀ ਨੁਮਾਇੰਦਗੀ ਕਰ ਚੁੱਕੇ ਹਨ। ਦੱਸ ਦੇਈਏ ਕਿ ਸਹੁੰ ਚੁੱਕ ਸਮਾਗਮ ਲਈ ਜਦੋਂ ਰਾਹੁਲ ਗਾਂਧੀ ਦਾ ਨਾਂ ਪੁਕਾਰਿਆ ਗਿਆ ਤਾਂ ਕਾਂਗਰਸੀ ਮੈਂਬਰ ਆਪੋ-ਆਪਣੇ ਸਥਾਨਾਂ 'ਤੇ ਖੜ੍ਹੇ ਹੋ ਗਏ ਅਤੇ 'ਜੋੜੋ ਜੋੜੋ, ਭਾਰਤ ਜੋੜੋ' ਦੇ ਨਾਅਰੇ ਲਾਉਣ ਲੱਗੇ।

# ਐਮਰਜੈਂਸੀ ਲਾਉਣ ਵਾਲਿਆਂ ਨੂੰ ਸੰਵਿਧਾਨ ਪ੍ਰਤੀ ਪਿਆਰ ਜਾਹਰ ਕਰਨ ਦਾ ਕੋਈ ਅਧਿਕਾਰ ਨਹੀਂ : ਪ੍ਰਧਾਨ ਮੰਤਰੀ ਮੋਦੀ

**ਸਿੰਮੀ ਕੌਰ ਬੱਬਰ**

ਨਵੀਂ ਦਿੱਲੀ 25 ਜੂਨ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਮੰਗਲਵਾਰ ਨੂੰ ਕਾਂਗਰਸ 'ਤੇ ਨਿਸ਼ਾਨਾ ਵਿੰਨ੍ਹਦੇ ਹੋਏ ਕਿਹਾ ਕਿ ਜਿਨ੍ਹਾਂ ਲੋਕਾਂ ਨੇ ਐਮਰਜੈਂਸੀ ਲਾਗੂ ਕਰ ਕੇ ਆਜਾਦੀ ਨੂੰ ਨਸ਼ਟ ਕੀਤਾ ਅਤੇ ਭਾਰਤ ਦੇ ਸੰਵਿਧਾਨ ਨੂੰ ਕੁਚਲਿਆ, ਉਨ੍ਹਾਂ ਨੂੰ ਸੰਵਿਧਾਨ ਪ੍ਰਤੀ ਪਿਆਰ ਜਾਹਰ ਕਰਨ ਦਾ ਕੋਈ ਅਧਿਕਾਰ ਨਹੀਂ ਹੈ। ਐਮਰਜੈਂਸੀ ਦੀ ਬਰਸੀ 'ਤੇ ਪ੍ਰਧਾਨ ਮੰਤਰੀ ਮੋਦੀ ਨੇ ਸੋਸ਼ਲ ਮੀਡੀਆ ਮੰਚ 'ਐਕਸ' 'ਤੇ ਇਕ ਤੋਂ ਬਾਅਦ ਇਕ ਪੋਸਟ ਵਿਚ ਕਿਹਾ ਕਿ ਜਿਸ ਮਾਨਸਿਕਤਾ ਕਾਰਨ ਦੇਸ਼ ਵਿਚ ਐਮਰਜੈਂਸੀ ਲਾਈ ਗਈ ਸੀ, ਉਹ ਅੱਜ ਵੀ ਪਾਰਟੀ ਵਿਚ ਜ?ਿੰਦਾ ਹੈ, ਜਿਸ ਨੇ ਇਸ ਨੂੰ ਲਾਗੂ ਕੀਤਾ ਸੀ। ਉਹ ਆਪਣੇ ਪ੍ਰਤੀਕਵਾਦ ਜਰੀਏ ਸੰਵਿਧਾਨ ਪ੍ਰਤੀ ਆਪਣੀ ਨਫਰਤ ਨੂੰ ਲੁਕਾਉਂਦੇ ਹਨ ਪਰ ਭਾਰਤ ਦੇ ਲੋਕਾਂ ਨੇ ਉਨ੍ਹਾਂ ਦੀਆਂ ਕਾਰਵਾਈਆਂ ਨੂੰ ਵੇਖਿਆ ਹੈ ਅਤੇ ਇਸ ਲਈ ਉਨ੍ਹਾਂ ਨੇ ਉਨ੍ਹਾਂ ਨੂੰ ਵਾਰ-ਵਾਰ ਖਾਰਜ ਕਰ ਦਿੱਤਾ ਹੈ। ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਅੱਜ ਦਾ ਦਿਨ ਸਾਰੇ ਮਹਾਨ ਪੁਰਸ਼ਾਂ ਅਤੇ ਔਰਤਾਂ ਨੂੰ ਸ਼ਰਧਾਂਜਲੀ ਦੇਣ ਦਾ ਹੈ, ਜਿਨ੍ਹਾਂ ਨੇ ਐਮਰਜੈਂਸੀ ਦਾ ਵਿਰੋਧ ਕੀਤਾ ਸੀ। ਉਨ੍ਹਾਂ ਕਿਹਾ ਕਿ ਐਮਰਜੈਂਸੀ ਲਾਉਣ ਵਾਲਿਆਂ ਨੂੰ ਸਾਡੇ ਸੰਵਿਧਾਨ ਪ੍ਰਤੀ ਆਪਣਾ ਪਿਆਰ ਜਾਹਰ ਕਰਨ ਦਾ ਕੋਈ ਅਧਿਕਾਰ ਨਹੀਂ ਹੈ। ਇਹ ਉਹ ਹੀ ਲੋਕ ਹਨ



ਜਿਨ੍ਹਾਂ ਨੇ ਅਣਗਿਣਤ ਮੌਕਿਆਂ 'ਤੇ ਧਾਰਾ 356 ਲਗਾਈ, ਪ੍ਰੈਸ ਦੀ ਆਜਾਦੀ ਨੂੰ ਖਤਮ ਕਰਨ ਲਈ ਬਿੱਲ ਲਿਆਂਦਾ, ਸੰਘਵਾਦ ਨੂੰ ਤਬਾਹ ਕੀਤਾ ਅਤੇ ਹਰ ਪਹਿਲੂ ਦੀ ਉਲੰਘਣਾ ਕੀਤੀ। ਐਮਰਜੈਂਸੀ ਦੇ ਕਾਲੇ ਦਿਨ ਸਾਨੂੰ ਯਾਦ ਦਿਵਾਉਂਦੇ ਹਨ ਕਿ ਕਿਵੇਂ ਕਾਂਗਰਸ ਪਾਰਟੀ ਨੇ ਆਜਾਦੀ ਨੂੰ ਨਸ਼ਟ ਕੀਤਾ ਅਤੇ ਭਾਰਤ ਦੇ ਉਸ ਸੰਵਿਧਾਨ ਨੂੰ ਕੁਚਲਿਆ, ਜਿਸ ਦਾ ਹਰ ਭਾਰਤੀ ਬਹੁਤ ਸਨਮਾਨ ਕਰਦਾ ਹੈ। ਪ੍ਰਧਾਨ ਮੰਤਰੀ ਨੇ ਕਿਹਾ ਕਿ ਸਿਰਫ ਸੱਤਾ 'ਤੇ ਕਾਬਜ ਰਹਿਣ ਲਈ ਤਤਕਾਲੀ ਕਾਂਗਰਸ ਸਰਕਾਰ ਨੇ ਹਰ ਜਮਹੂਰੀ ਸਿਧਾਂਤਾਂ ਦੀ ਅਣਦੇਖੀ ਕੀਤੀ ਅਤੇ ਦੇਸ ਨੂੰ ਜੇਲ੍ਹ 'ਚ ਤਬਦੀਲ ਕਰ ਦਿੱਤਾ। ਜਿਹੜਾ ਵੀ ਕਾਂਗਰਸ ਨਾਲ ਅਸਹਿਮਤ ਸੀ, ਉਸ ਨੂੰ ਤਸੀਹੇ ਦਿੱਤੇ ਜਾਂਦੇ ਸਨ। ਸਭ ਤੋਂ ਕਮਜੋਰ ਵਰਗਾਂ ਨੂੰ ਨਿਸਾਨਾ ਬਣਾ ਕੇ ਸਮਾਜਕ ਤੌਰ 'ਤੇ ਨੁਕਸਾਨ ਪਹੁੰਚਾਉਣ ਵਾਲੀਆਂ ਨੀਤੀਆਂ ਪੇਸ ਕੀਤੀਆਂ ਗਈਆਂ ਸਨ। ਸਾਲ 1975 ਵਿਚ 25-26 ਜੂਨ ਦੀ ਵਿਚਕਾਰਲੀ ਰਾਤ ਤੋਂ 21 ਮਾਰਚ 1977 ਤੱਕ (21 ਮਹੀਨਿਆਂ ਲਈ) ਐਮਰਜੈਂਸੀ ਘੋਸ?ਿਤ ਕੀਤੀ ਗਈ ਸੀ। ਤਤਕਾਲੀ ਰਾਸਟਰਪਤੀ ਫਖਰੂਦੀਨ ਅਲੀ ਅਹਿਮਦ ਨੇ ਤਤਕਾਲੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੇ ਕਹਿਣ 'ਤੇ ਭਾਰਤੀ ਸੰਵਿਧਾਨ ਦੀ ਧਾਰਾ 352 ਤਹਿਤ ਐਮਰਜੈਂਸੀ ਦਾ ਐਲਾਨ ਕੀਤਾ ਸੀ। ਆਜਾਦ ਭਾਰਤ ਦੇ ਇਤਿਹਾਸ ਦਾ ਇਹ ਸਭ ਤੋਂ ਵਿਵਾਦਪੂਰਨ ਅਤੇ ਗੈਰ-ਲੋਕਤੰਤਰੀ ਸਮਾਂ ਸੀ। ਐਮਰਜੈਂਸੀ ਦੌਰਾਨ ਚੋਣਾਂ ਮੁਲਤਵੀ ਕਰ ਦਿੱਤੀਆਂ ਗਈਆਂ ਸਨ ਅਤੇ ਸਾਰੇ ਨਾਗਰਿਕ ਅਧਿਕਾਰਾਂ ਨੂੰ ਖਤਮ ਕਰ ਦਿੱਤਾ ਗਿਆ ਸੀ।

## ਛੱਤਸੀਗੜ੍ਹ 'ਚ ਨਕਸਲੀਆਂ ਨੇ ਫੌਜੀ ਟਰੱਕ ਨੂੰ ਆਈ.ਈ.ਡੀ. ਨਾਲ ਉਡਾਇਆ

ਸੁਕਮਾ 25 ਜੂਨ। ਛੱਤੀਸਗੜ੍ਹ ਦੇ ਸੁਕਮਾ ਜ?ਿਲ੍ਹੇ 'ਚ ਐਤਵਾਰ ਨੂੰ ਨਕਸਲੀਆਂ ਨੇ ਇਕ ਟਰੱਕ ਨੂੰ 'ਇੰਪ੍ਰੋਵਾਈਜ਼ਡ ਐਕਸਪਲੋਸਿਵ ਡਿਵਾਈਸ' (ਆਈ.ਈ.ਡੀ.) ਨਾਲ ਉਡਾ ਦਿੱਤਾ, ਜਿਸ ਵਿਚ ਕੇਂਦਰੀ ਰਿਜਰਵ ਪੁਲਸ ਫੋਰਸ ਦੀ ਵਿਸ਼ੇਸ਼ ਇਕਾਈ 'ਕੋਬਰਾ' ਦੇ ਜਵਾਨ ਸ਼ਹੀਦ ਹੋ ਗਏ। ਪੁਲਸ ਨੇ ਇਹ ਜਾਣਕਾਰੀ ਦਿੱਤੀ। ਪੁਲਸ ਦੇ ਇਕ ਸੀਨੀਅਰ ਅਧਿਕਾਰੀ ਨੇ ਦੱਸਿਆ ਕਿ ਇਹ ਧਮਾਕਾ ਸੂਬੇ ਦੀ ਰਾਜਧਾਨੀ ਰਾਏਪੁਰ ਤੋਂ 400 ਕਿਲੋਮੀਟਰ ਦੂਰ ਸੁਰੱਖਿਆ ਫੋਰਸਾਂ ਦੇ ਸਿਲਗੇਰ ਅਤੇ ਟੇਕਲਗੁਡੇਮ ਕੈਂਪਾਂ ਦੇ ਵਿਚਕਾਰ ਤਿਮਾਪੁਰਮ ਪਿੰਡ ਨੇੜੇ ਦੁਪਹਿਰ 3 ਵਜੇ ਦੇ ਕਰੀਬ ਕੀਤਾ ਗਿਆ। ਉਨ੍ਹਾਂ ਦੱਸਿਆ ਕਿ 'ਕਮਾਂਡੋ ਬਟਾਲੀਅਨ ਫਾਰ ਰੈਜ਼ੋਲਿਊਟ ਐਕਸ਼ਨ' (ਕੋਬਰਾ) ਦੀ 201 ਇਕਾਈ ਦੇ ਇਕ ਐਡਵਾਂਸ ਟੁਕੜੀ ਨੇ ਟੇਕਲਗੁਡੇਮ ਵੱਲ ਸੜਕ ਸੁਰੱਖਿਆ ਡਿਊਟੀ ਤਹਿਤ ਜਗਰਗੁੰਡਾ ਪੁਲਸ ਥਾਣੇ ਦੀ ਸਰਹੱਦ ਦੇ ਅਧੀਨ ਸਿਲਗੇਰ ਕੈਂਪ ਤੋਂ ਗਸ਼ਤ ਸ਼ੁਰੂ ਕੀਤੀ ਸੀ। ਉਨ੍ਹਾਂ ਦੱਸਿਆ ਕਿ ਸੁਰੱਖਿਆ ਮੁਲਾਜਮ ਇਕ ਟਰੱਕ ਅਤੇ ਮੋਟਰਸਾਈਕਲ 'ਤੇ ਸਵਾਰ ਸਨ। ਉਨ੍ਹਾਂ ਦੱਸਿਆ ਕਿ ਨਕਸਲੀਆਂ ਨੇ ਟਰੱਕ ਨੂੰ ਨਿਸ਼ਾਨਾਂ ਬਣਾ ਕੇ ਆਈ.ਈ.ਡੀ. ਧਮਾਕਾ ਕੀਤਾ, ਜਿਸ ਵਿਚ ਕਾਂਸਟੇਬਲ ਸ਼ੈਲੇਂਦਰ (29) ਅਤੇ ਵਾਹਨ ਚਾਲਕ ਵਿਸ਼ਣੂ ਆਰ (35) ਸ਼ਹੀਦ ਹੋ ਗਏ।

# ਸਪੀਕਰ ਅਹੁਦੇ ਲਈ ਆਰ-ਪਾਰ ਦੀ ਲੜਾਈ, ਕਾਂਗਰਸ ਨੇ ਕੇ ਸੁਰੇਸ਼ ਨੂੰ ਓਮ ਬਿਰਲਾ ਖਿਲਾਫ ਮੈਦਾਨ 'ਚ ਉਤਾਰਿਆ

**ਨਵਦੀਪ ਸਿੰਘ ਸਾਹਨੀ**

ਨੈਸ਼ਨਲ ਡੈਸਕ 25 ਜੂਨ। 18ਵੀਂ ਲੋਕ ਸਭਾ ਦੇ ਪਹਿਲੇ ਸੈਸਨ ਦਾ ਅੱਜ ਦੂਜਾ ਦਿਨ ਹੈ। ਅੱਜ ਵੀ ਲੋਕ ਸਭਾ ਵਿੱਚ ਸਹੁੰ ਚੁੱਕ ਪ੍ਰੋਗਰਾਮ ਚੱਲ ਰਿਹਾ ਹੈ। ਕੱਲ੍ਹ ਪੀਐੱਮ ਮੋਦੀ ਸਮੇਤ 266 ਸੰਸਦ ਮੈਂਬਰਾਂ ਨੇ ਸਹੁੰ ਚੁੱਕੀ ਸੀ। ਬਾਕੀ ਦੇ ਸੰਸਦ ਮੈਂਬਰ ਅੱਜ ਸਹੁੰ ਚੁੱਕ ਰਹੇ ਹਨ। ਇਸ ਦੇ ਨਾਲ ਹੀ ਭਾਜਪਾ ਦੀ ਅਗਵਾਈ ਵਾਲੀ ਰਾਸਟਰੀ ਜਮਹੂਰੀ ਗਠਜੋੜ (ਐੱਨਡੀਏ) ਸਪੀਕਰ ਦੇ ਨਾਮ ਦਾ ਐਲਾਨ ਕਰ ਸਕਦੀ ਸੀ ਪਰ ਹੁਣ ਦੇਸ ਦੇ ਇਤਿਹਾਸ ਵਿੱਚ ਪਹਿਲੀ ਵਾਰ ਸਪੀਕਰ ਦੇ ਅਹੁਦੇ ਲਈ ਚੋਣਾਂ ਹੋਣ ਜਾ ਰਹੀਆਂ ਹਨ। ਦੱਸ ਦੇਈਏ ਕਿ ਓਮ ਬਿਰਲਾ ਐੱਨਡੀਏ ਵੱਲੋਂ ਸਪੀਕਰ ਦੇ ਉਮੀਦਵਾਰ ਹੋਣਗੇ, ਜਦਕਿ ਕੇ ਸੁਰੇਸ ਨੂੰ ਇੰਡੀਆ ਬਲਾਕ ਤੋਂ ਉਮੀਦਵਾਰ ਬਣਾਇਆ ਗਿਆ ਹੈ। ਹੁਣ ਭਲਕੇ ਲੋਕ ਸਭਾ ਦੇ ਸਪੀਕਰ ਲਈ ਚੋਣਾਂ ਹੋਣੀਆਂ ਹਨ। ਦਰਅਸਲ, ਲੋਕ ਸਭਾ ਸਪੀਕਰ ਲਈ ਨਾਮਜਦਗੀ ਦਾਖਲ ਕਰਨ ਦਾ ਅੱਜ ਆਖਰੀ ਦਿਨ ਹੈ। ਇਸ ਲਈ ਐੱਨਡੀਏ ਉਮੀਦਵਾਰਾਂ ਨੂੰ ਅੱਜ ਦੁਪਹਿਰ 12 ਵਜੇ ਤੱਕ





ਆਪਣੇ ਨਾਮਜਦਗੀ ਪੱਤਰ ਦਾਖਲ ਕਰਨੇ ਪੈਣਗੇ। ਨਾਮਜਦਗੀਆਂ ਦਾਖਲ ਹੋਣ ਤੋਂ ਬਾਅਦ ਭਲਕੇ ਸਪੀਕਰ ਦੀ ਚੋਣ ਕੀਤੀ ਜਾਵੇਗੀ। ਕਾਂਗਰਸ ਸੰਗਠਨ ਦੇ ਜਨਰਲ ਸਕੱਤਰ ਕੇਸੀ ਵੇਣੂਗੋਪਾਲ ਅਤੇ ਡੀਐਮਕੇ ਨੇਤਾ ਟੀਆਰ ਬਾਲੂ ਨੇ ਲੋਕ ਸਭਾ ਸਪੀਕਰ ਦੇ ਅਹੁਦੇ ਲਈ ਐੱਨਡੀਏ ਉਮੀਦਵਾਰ ਨੂੰ ਸਮਰਥਨ ਦੇਣ ਤੋਂ ਇਨਕਾਰ ਕਰਦਿਆਂ ਰੱਖਿਆ ਮੰਤਰੀ ਰਾਜਨਾਥ ਸਿੰਘ ਦੇ ਦਫਤਰ ਤੋਂ ਵਾਕਆਊਟ ਕੀਤਾ। ਦੂਜੇ ਪਾਸੇ ਲੋਕ ਸਭਾ ਸਪੀਕਰ ਦੇ ਅਹੁਦੇ ਲਈ ਸੱਤਾਧਾਰੀ ਪਾਰਟੀ ਅਤੇ ਵਿਰੋਧੀ ਧਿਰ ਦਰਮਿਆਨ ਸਹਿਮਤੀ ਨਾ ਬਣਨ ਤੋਂ ਬਾਅਦ, ਕਾਂਗਰਸ ਦੇ ਸੰਸਦ ਮੈਂਬਰ ਕੋਡੀਕੁਨਿਲ ਸੁਰੇਸ ਨੇ ਮੰਗਲਵਾਰ ਨੂੰ ਵਿਰੋਧੀ ਧਿਰ ਦੀ ਤਰਫੋਂ ਇਸ ਅਹੁਦੇ ਲਈ ਨਾਮਜਦਗੀ ਦਾਖਲ ਕੀਤੀ। ਰੈਵੋਲਿਊਸਨਰੀ ਸੋਸਲਿਸਟ ਪਾਰਟੀ (ਆਰਐਸਪੀ) ਦੇ ਆਗੂ ਐਨਕੇ ਪ੍ਰੇਮਚੰਦਰਨ ਨੇ ਕਿਹਾ ਕਿ ਸੁਰੇਸ ਨੇ ਨਾਮਜਦਗੀ ਦਾਖਲ ਕੀਤੀ ਹੈ। ਓਮ ਬਿਰਲਾ, ਜੋ ਪਿਛਲੀ ਲੋਕ ਸਭਾ ਵਿੱਚ ਹੇਠਲੇ ਸਦਨ ਦੇ ਸਪੀਕਰ ਸਨ, ਨੇ ਰਾਸਟਰੀ ਜਮਹੂਰੀ ਗਠਜੋੜ ਦੇ ਉਮੀਦਵਾਰ ਵਜੋਂ ਨਾਮਜਦਗੀ ਦਾਖਲ ਕੀਤੀ ਹੈ। ਵੇਣੂਗੋਪਾਲ ਨੇ ਦੋਸ ਲਾਇਆ ਕਿ ਸਰਕਾਰ ਨੇ ਉਪ ਰਾਸਟਰਪਤੀ ਦਾ ਅਹੁਦਾ ਵਿਰੋਧੀ ਧਿਰ ਨੂੰ ਦੇਣ ਲਈ ਵਚਨਬੱਧ ਨਹੀਂ ਕੀਤਾ। ਇਸ ਤੋਂ ਪਹਿਲਾਂ ਕਾਂਗਰਸ ਦੇ ਸਾਬਕਾ ਪ੍ਰਧਾਨ ਰਾਹੁਲ ਗਾਂਧੀ ਨੇ ਮੰਗਲਵਾਰ ਨੂੰ ਕਿਹਾ ਕਿ ਲੋਕ ਸਭਾ ਦੇ ਡਿਪਟੀ ਸਪੀਕਰ ਦਾ ਅਹੁਦਾ ਵਿਰੋਧੀ ਧਿਰ ਨੂੰ ਦੇਣ ਦੀ ਪਰੰਪਰਾ ਰਹੀ ਹੈ। ਜੇਕਰ ਨਰਿੰਦਰ ਮੋਦੀ ਦੀ ਸਰਕਾਰ ਇਸ ਰਵਾਇਤ ਦਾ ਪਾਲਣ ਕਰਦੀ ਹੈ ਤਾਂ ਸਮੁੱਚੀ ਵਿਰੋਧੀ ਧਿਰ ਲੋਕ ਸਭਾ ਚੋਣਾਂ ਵਿਚ ਸਰਕਾਰ ਦਾ ਸਮਰਥਨ ਕਰੇਗੀ।

## ਘਾਟਕੋਪਰ ਹੋਰਡਿੰਗ ਕਾਂਡ 'ਚ ਸਰਕਾਰ ਦੀ ਕਾਰਵਾਈ

ਨੈਸ਼ਨਲ ਡੈਸਕ 25 ਜੂਨ। ਮਹਾਰਾਸਟਰ ਸਰਕਾਰ ਨੇ ਮੰਗਲਵਾਰ ਨੂੰ ਆਈਪੀਐਸ ਅਧਿਕਾਰੀ ਕੈਸਰ ਖਾਲਿਦ ਨੂੰ ਡੀਜੀਪੀ ਦਫਤਰ ਦੀ ਮਨਜੂਰੀ ਤੋਂ ਬਿਨਾਂ ਹੋਰਡਿੰਗ ਦੀ ਇਜਾਜਤ ਦੇਣ ਲਈ ਮੁਅੱਤਲ ਕਰ ਦਿੱਤਾ। ਪਿਛਲੇ ਮਹੀਨੇ ਮੁੰਬਈ ਦੇ ਘਾਟਕੋਪਰ ਇਲਾਕੇ 'ਚ ਤੇਜ ਹਵਾਵਾਂ ਅਤੇ ਬੇਮੌਸਮੀ ਬਾਰਿਸ ਕਾਰਨ ਇਹ 140120 ਫੁੱਟ ਦਾ ਵੱਡਾ ਹੋਰਡਿੰਗ ਡਿੱਗ ਗਿਆ ਸੀ। ਜਿਸ ਕਾਰਨ 17 ਲੋਕਾਂ ਦੀ ਮੌਤ ਹੋ ਗਈ। ਰਾਜ ਦੇ ਗ੍ਰਹਿ ਵਿਭਾਗ ਵੱਲੋਂ ਐਤਵਾਰ ਨੂੰ ਇੱਕ ਨੋਟੀਫਿਕੇਸਨ ਜਾਰੀ ਕੀਤਾ ਗਿਆ। ਇਸ ਵਿੱਚ ਕਿਹਾ ਗਿਆ ਹੈ ਕਿ ਆਈਪੀਐਸ ਅਧਿਕਾਰੀ ਨੇ ਤਤਕਾਲੀ ਸਰਕਾਰੀ ਰੇਲਵੇ ਪੁਲਸ (ਜੀਆਰਪੀ) ਕਮਿਸਨਰ ਵਜੋਂ ਆਪਣੀ ਹੈਸੀਅਤ ਵਿੱਚ, ਮਹਾਰਾਸਟਰ ਪੁਲਸ ਦੇ ਡਾਇਰੈਕਟਰ ਜਨਰਲ (ਡੀਜੀਪੀ) ਦੇ ਦਫਤਰ ਤੋਂ ਲੋੜੀਂਦੀ ਇਜਾਜਤ ਤੋਂ ਬਿਨਾਂ ਹੋਰਡਿੰਗ ਲਗਾਉਣ ਦੀ ਇਜਾਜਤ ਦਿੱਤੀ ਸੀ। ਨੋਟੀਫਿਕੇਸਨ 'ਚ ਕਿਹਾ ਗਿਆ ਹੈ ਕਿ ਖਾਲਿਦ ਨੇ ਖੁਦ ਹੋਰਡਿੰਗ ਨੂੰ ਮਨਜੂਰੀ ਦੇਣ 'ਚ ਪ੍ਰਸਾਸਨਿਕ ਲਾਪਰਵਾਹੀ ਅਤੇ ਬੇਨਿਯਮੀਆਂ ਕੀਤੀਆਂ ਹਨ। ਹੋਰਡਿੰਗਜ ਦਾ ਆਕਾਰ ਵੀ ਪ੍ਰਵਾਨਿਤ ਮਾਪਦੰਡਾਂ ਤੋਂ ਵੱਖਰਾ ਸੀ। ਇਹ ਕਾਰਵਾਈ ਅਜਿਹੇ ਸਮੇਂ ਹੋਈ ਹੈ ਜਦੋਂ ਮੁੰਬਈ ਪੁਲਸ ਕਥਿਤ ਤੌਰ 'ਤੇ ਹੋਰਡਿੰਗਾਂ ਦੀ ਮਾਲਕ ਕੰਪਨੀ ਅਤੇ ਏਪੀਐਸ ਅਧਿਕਾਰੀ ਦੀ ਪਤਨੀ ਦੇ ਕਾਰੋਬਾਰੀ ਸਹਿਯੋਗੀ ਨਾਲ ਪੈਸੇ ਦੇ ਲੈਣ-ਦੇਣ ਦੀ ਜਾਂਚ ਕਰ ਰਹੀ ਹੈ।

# ਇਕ ਦੌਰ ਸੀ ਜਦੋਂ ਹਰਿਆਣਾ 'ਚ ਵੱਜਦਾ ਸੀ ਇਨੈਲੋ ਦਾ 'ਡੰਕਾ'

ਅੰਬਾਲਾ 25 ਜੂਨ। 2019 ਤੋਂ ਪਹਿਲਾਂ ਇੰਡੀਅਨ ਨੈਸਨਲ ਲੋਕ ਦਲ (ਇਨੈਲੋ) ਸੂਬੇ ਦੀ ਇਕ ਤਾਕਤਵਰ ਸਿਆਸੀ ਪਾਰਟੀ ਸੀ, ਜਿਸ ਦਾ ਸੱਤਾ ਅਤੇ ਵਿਰੋਧੀ ਧਿਰ 'ਚ ਰਹਿੰਦੇ ਹੋਏ ਵੀ ਡੰਕਾ ਵੱਜਦਾ ਸੀ। ਹਰਿਆਣਾ ਵਿਚ ਉਹ ਕਈ ਵਾਰ ਸੱਤਾ ਵਿਚ ਰਹੀ ਅਤੇ ਕਈ ਵਾਰ ਮੁੱਖ ਵਿਰੋਧੀ ਪਾਰਟੀ ਵੀ ਰਹੀ। ਇਕ ਸਮਾਂ ਸੀ ਜਦੋਂ ਇਹ ਪੇਂਡੂ ਖੇਤਰਾਂ ਵਿਚ ਪ੍ਰਸਿੱਧ ਸੀ। ਅੱਜ ਹਾਲਾਤ ਅਜਿਹੇ ਹਨ ਕਿ ਇਸ ਦੀ ਹੋਂਦ ਵੀ ਖਤਰੇ ਵਿਚ ਹੈ। 2014 ਦੀਆਂ ਵਿਧਾਨ ਸਭਾ ਚੋਣਾਂ ਵਿਚ ਇਨੈਲੋ ਨੇ 19, 2009 ਵਿਚ 31 ਅਤੇ 2000 ਵਿਚ 47 ਸੀਟਾਂ ਜਿੱਤੀਆਂ ਸਨ। 1999 ਵਿਚ ਇੱਕ ਸਮਾਂ ਅਜਿਹਾ ਆਇਆ ਜਦੋਂ ਇਨੈਲੋ ਨੇ 5 ਲੋਕ ਸਭਾ ਸੀਟਾਂ ਜਿੱਤੀਆਂ ਸਨ। ਇਕ ਖੇਤਰੀ ਪਾਰਟੀ ਹੋਣ ਦੇ ਬਾਵਜੂਦ ਲੰਬੇ ਸਮੇਂ ਤੋਂ ਸੂਬੇ ਦੀ ਸਿਆਸਤ ਵਿਚ ਇਨੈਲੋ ਦਾ ਰੁਤਬਾ ਕਿਸੇ ਵੀ ਕੌਮੀ ਪਾਰਟੀ ਨਾਲੋਂ ਘੱਟ ਨਹੀਂ ਸੀ। ਇਸ ਦੇ ਸੰਸਥਾਪਕ ਅਤੇ ਸਰਵਉੱਚ ਨੇਤਾ ਤਾਊ ਦੇਵੀ ਲਾਲ ਦੇਸ ਦੇ ਉਪ ਪ੍ਰਧਾਨ ਮੰਤਰੀ ਸਨ ਅਤੇ ਕਈ ਦਹਾਕਿਆਂ ਤੋਂ ਸੰਯੁਕਤ ਪੰਜਾਬ ਦੇ ਸਮੇਂ ਤੋਂ ਪ੍ਰਦੇਸ਼ ਦੀ ਸਿਆਸਤ 'ਚ ਮਜਬੂਤ ਪ੍ਰਭਾਵ ਰੱਖਦੇ ਸਨ। ਬਾਅਦ ਵਿਚ ਉਨ੍ਹਾਂ ਦੀ ਸਿਆਸੀ ਵਿਰਾਸਤ ਓਮ ਪ੍ਰਕਾਸ ਚੌਟਾਲਾ ਨੇ ਸੰਭਾਲੀ। ਹੁਣ ਇਨੈਲੋ ਦੀ ਕਮਾਨ ਅਭੈ ਚੌਟਾਲਾ ਦੇ ਹੱਥਾਂ ਵਿਚ ਹੈ, ਜੋ ਵਿਧਾਨ ਸਭਾ ਦੇ ਅੰਦਰ ਅਤੇ ਬਾਹਰ ਇਕ ਤਾਕਤਵਰ ਅਤੇ ਜੁਝਾਰੂ ਆਗੂ ਵਜੋਂ ਵੱਖਰੀ ਪਛਾਣ ਰੱਖਦੇ ਹਨ। ਅਕਤੂਬਰ 2018 'ਚ ਗੋਹਾਨਾ 'ਚ ਇਨੈਲੋ ਦੀ ਰੈਲੀ 'ਚ ਓਮ ਪ੍ਰਕਾਸ ਚੌਟਾਲਾ ਦੇ ਪੋਤੇ ਦੁਸਯੰਤ ਚੌਟਾਲਾ ਅਤੇ ਉਨ੍ਹਾਂ ਦੇ ਛੋਟੇ ਭਰਾ ਦਿਗਵਿਜੇ ਚੌਟਾਲਾ ਦੇ ਸਮਰਥਕਾਂ ਨੇ ਅਭੈ ਚੌਟਾਲਾ ਦੇ ਖਿਲਾਫ ਨਾਅਰੇਬਾਜੀ ਕੀਤੀ ਸੀ, ਜਿਸ ਕਾਰਨ ਓਮ ਪ੍ਰਕਾਸ ਚੌਟਾਲਾ ਪਰੇਸਾਨ ਹੋ ਗਏ ਸਨ ਅਤੇ ਉਨ੍ਹਾਂ ਨੇ ਦੁਸਯੰਤ ਅਤੇ ਚੌਟਾਲਾ 'ਤੇ ਅਨੁਸਾਸਨਹੀਣਤਾ ਦਾ ਦੋਸ ਲਗਾਇਆ ਸੀ ਅਤੇ ਪਾਰਟੀ 'ਚੋਂ ਕੱਢ ਦਿੱਤਾ ਹੈ। ਬਾਅਦ ਵਿਚ ਉਨ੍ਹਾਂ ਦੇ ਪਿਤਾ ਅਜੈ ਚੌਟਾਲਾ ਨੂੰ ਵੀ ਬਾਹਰ ਦਾ ਰਸਤਾ ਦਿਖਾ ਦਿੱਤਾ ਗਿਆ। ਦਸੰਬਰ 2018 ਵਿਚ ਅਜੇ ਅਤੇ ਉਸਦੇ ਦੋ ਪੁੱਤਰਾਂ ਨੇ ਜਨਨਾਇਕ ਜਨਤਾ ਪਾਰਟੀ ਬਣਾਈ। ਕੁਝ ਮਹੀਨਿਆਂ ਬਾਅਦ 2019 ਦੀਆਂ ਲੋਕ ਸਭਾ ਅਤੇ ਵਿਧਾਨ ਸਭਾ ਚੋਣਾਂ ਆ ਗਈਆਂ। ਅਜੇ ਚੌਟਾਲਾ ਅਤੇ ਉਨ੍ਹਾਂ ਦੇ ਦੋ ਪੁੱਤਰਾਂ ਨੂੰ ਪਾਰਟੀ 'ਚੋਂ ਕੱਢੇ ਜਾਣ ਨੂੰ ਲੈ ਕੇ ਇਨੈਲੋ ਵਰਕਰਾਂ 'ਚ ਭਾਰੀ ਰੋਸ ਸੀ। ਇਨੈਲੋ ਦੇ ਕਈ ਖਾਸਕਰ ਨੌਜਵਾਨ ਵਰਕਰ ਜੇਜੇਪੀ ਵਿਚ ਸਾਮਲ ਹੋ ਗਏ ਅਤੇ 2019 ਦੀਆਂ ਵਿਧਾਨ ਸਭਾ ਚੋਣਾਂ 'ਚ ਇਨੈਲੋ ਨੂੰ ਕੁੱਲ ਇਕ ਸੀਟ ਅਤੇ 2.5 ਫੀਸਦੀ ਵੋਟਾਂ ਮਿਲੀਆਂ। 2014 ਦੀਆਂ ਵਿਧਾਨ ਸਭਾ ਚੋਣਾਂ ਵਿਚ ਉਹਨਾਂ ਕੋਲ 19 ਸੀਟਾਂ ਸਨ ਅਤੇ ਲਗਭਗ 24 ਫੀਸਦੀ ਵੋਟ ਸੇਅਰ ਸਨ। ਦੂਜੇ ਪਾਸੇ ਨਵੀਂ ਪਾਰਟੀ ਜੇਜੇਪੀ ਨੂੰ 10 ਸੀਟਾਂ ਮਿਲੀਆਂ ਅਤੇ ਉਸ ਦਾ ਵੋਟ ਸੇਅਰ ਕਰੀਬ 15 ਫੀਸਦੀ ਰਿਹਾ। ਇਹ ਇਨੈਲੋ ਲਈ ਵੱਡਾ ਝਟਕਾ ਸੀ ਅਤੇ ਜੇਜੇਪੀ ਲਈ ਇਕ ਸੰਜੀਵਨੀ। ਸੂਬੇ ਦੀ ਸਿਅਸਤ ਵਿਚ ਦੇਵੀ ਲਾਲ ਵਾਂਗ ਯੋਧੇ ਮੰਨੇ ਜਾਂਦੇ ਓਮ ਪ੍ਰਕਾਸ ਚੌਟਾਲਾ ਅਤੇ ਅਭੈ ਚੌਟਾਲਾ ਇਸ ਲੱਕ ਤੋੜਵੀਂ ਹਾਰ ਤੋਂ ਬਾਅਦ ਵੀ ਨਿਰਾਸ ਨਹੀਂ ਹੋਏ। ਕੁਝ ਮਹੀਨੇ ਪਹਿਲਾਂ ਉਨ੍ਹਾਂ ਨੇ ਪਾਰਟੀ ਦੇ ਸੰਗਠਨ ਵਿਚ ਰਾਮ ਪਾਲ ਮਾਜਰਾ ਵਰਗੇ ਕੁਝ ਪੁਰਾਣੇ ਸਾਥੀਆਂ ਨਾਲ ਨਵੇਂ ਸਿਰੇ ਤੋਂ ਜੋਸ ਭਰਨ ਦੀ ਸ਼ੁਰੂਆਤ ਕੀਤੀ। ਅਭੈ ਨੇ 90 ਵਿਧਾਨ ਸਭਾ ਹਲਕਿਆਂ ਵਿਚ ਲੋਕਾਂ ਨਾਲ ਸਿੱਧਾ ਰਾਬਤਾ ਬਣਾਉਣ ਲਈ 1100 ਕਿਲੋਮੀਟਰ ਲੰਬੀ ਮਾਰਚ ਸੂਰੂ ਕੀਤੀ, ਜਿਸ ਨਾਲ ਪਿੰਡਾਂ ਵਿਚ ਪਾਰਟੀ ਦਾ ਸਮਰਥਨ ਵਧਿਆ ਅਤੇ ਇਨੈਲੋ ਵਿਚ ਫਿਰ ਤੋਂ ਨਵਾਂ ਹੌਂਸਲਾ ਅਤੇ ਆਤਮਵਿਸ਼ਵਾਸ ਪੈਦਾ ਹੁੰਦਾ ਵਿਖਾਈ ਦਿੱਤਾ ਪਰ ਲੋਕ ਸਭਾ ਚੋਣਾਂ ਵਿਚ ਇਸ ਦਾ ਕੋਈ ਫਾਇਦਾ ਨਹੀਂ ਹੋਇਆ।

# ਮਹਾਰਾਸ਼ਟਰ ਕਾਂਗਰਸ 'ਚ ਅੰਦਰੂਨੀ ਕਲੇਸ਼ ਆਇਆ ਸਾਹਮਣੇ, 16 ਕਾਂਗਰਸੀ ਨੇਤਾਵਾਂ ਨੇ ਖੜਗੇ ਨੂੰ ਲਿਖਿਆ ਪੱਤਰ

**ਤੇਜਿੰਦਰ ਕੌਰ ਬੱਬਰ**

ਨੈਸ਼ਨਲ ਡੈਸਕ 25 ਜੂਨ। ਹਾਲ ਹੀ 'ਚ ਹੋਈਆਂ ਲੋਕ ਸਭਾ ਚੋਣਾਂ 'ਚ ਬਿਹਤਰ ਪ੍ਰਦਰਸ਼ਨ ਕਰਨ ਵਾਲੀ ਮਹਾਰਾਸ਼ਟਰ ਕਾਂਗਰਸ 'ਚ ਅੰਦਰੂਨੀ ਕਲੇਸ਼ ਸਾਹਮਣੇ ਆਇਆ ਹੈ । 16 ਕਾਂਗਰਸੀ ਨੇਤਾਵਾਂ ਨੇ ਪਾਰਟੀ ਪ੍ਰਧਾਨ ਮਲਿਕਾਰਜੁਨ ਖੜਗੇ ਨੂੰ ਪੱਤਰ ਲਿਖ ਕੇ ਮੁਲਾਕਾਤ ਦਾ ਸਮਾਂ ਮੰਗਿਆ ਹੈ। 16 ਜੂਨ ਨੂੰ ਲਿਖੇ ਗਏ ਇਸ ਪੱਤਰ 'ਚ ਸਿਰਫ ਮੁੰਬਈ 'ਚ ਸੰਗਠਨਾਤਮਕ ਢਾਂਚੇ 'ਤੇ ਧਿਆਨ ਕੇਂਦਰਿਤ ਕਰਨ ਅਤੇ ਪਾਰਟੀ ਵਰਕਰਾਂ ਵਿਚਾਲੇ ਤਾਲਮੇਲ ਵਧਾਉਣ ਦੀ ਗੱਲ ਕਹੀ ਗਈ ਹੈ। ਇਸ ਦੇ ਨਾਲ ਹੀ ਰਣਨੀਤੀਕ ਸੁਝਾਵਾਂ ਅਤੇ ਪ੍ਰਸਤਾਵਾਂ 'ਤੇ ਚਰਚਾ ਕਰਨ ਦੀ ਵੀ ਗੱਲ ਕਹੀ ਗਈ ਹੈ। ਕਾਂਗਰਸ ਸੂਤਰਾਂ ਦੇ ਹਵਾਲੇ ਨਾਲ ਇਕ ਰਿਪੋਰਟ 'ਚ ਕਿਹਾ ਗਿਆ ਹੈ ਕਿ ਸੀਨੀਅਰ ਨੇਤਾਵਾਂ ਦਾ ਇਕ ਧੜਾ ਚਾਹੁੰਦਾ ਹੈ ਕਿ ਪਾਰਟੀ ਲੀਡਰਸ਼ਿਪ ਵਰਸ਼ਾ ਗਾਇਕਵਾੜ ਨੂੰ ਮੁੰਬਈ ਕਾਂਗਰਸ ਪ੍ਰਧਾਨ ਦੇ ਅਹੁਦੇ ਤੋਂ ਹਟਾ ਦਿੱਤਾ ਜਾਵੇ। ਇਸ ਪੱਤਰ 'ਤੇ ਸੀਨੀਅਰ ਨੇਤਾ ਚੰਦਰਕਾਂਤ ਹੰਦੋਰੇ (ਕਾਂਗਰਸ ਵਰਕਿੰਗ



ਮੈਂਬਰ), ਮਹਾਰਾਸ਼ਟਰ ਕਾਂਗਰਸ ਦੇ ਕਾਰਜਕਾਰੀ ਪ੍ਰਧਾਨ ਆਰਿਫ ਨਸੀਮ ਖਾਨ ਅਤੇ ਖਜਾਨਚੀ ਡਾ. ਅਮਰਜੀਤ ਮਿਨਹਾਸ ਨੇ ਦਸਤਖਤ ਕੀਤੇ ਹਨ। ਹੋਰ ਦਸਤਖਤ ਕਰਨ ਵਾਲਿਆਂ 'ਚ ਮੁੰਬਈ ਕਾਂਗਰਸ ਦੇ ਸਾਬਕਾ ਪ੍ਰਧਾਨ ਜੇ. ਸੀ. ਚੰਦੂਰਕਰ ਸ਼ਾਮਲ ਹਨ। ਰਿਪੋਰਟ ਮੁਤਾਬਕ ਪੱਤਰ ਲਿਖਣ ਵਾਲੇ ਇਕ ਸੀਨੀਅਰ ਨੇਤਾ ਨੇ ਨਾਂ ਉਜਾਗਰ ਨਾ ਕਰਨ ਦੀ ਸ਼ਰਤ 'ਤੇ ਦੱਸਿਆ ਕਿ ਉਹ ਚਾਹੁੰਦੇ ਹਨ ਕਿ ਗਾਇਕਵਾੜ ਨੂੰ ਹਟਾਇਆ ਜਾਵੇ, ਤਾਂ ਕਿ ਕਾਂਗਰਸ ਆਪਣੀ ਹਾਲੀਆ ਸਫਲਤਾ ਨੂੰ ਅੱਗੇ ਵਧਾ ਸਕੇ। ਉਹ ਸੰਗਠਨ ਨੂੰ ਮਜਬੂਤ ਨਹੀਂ ਬਣਾ ਸਕੀ ਹੈ। ਰਿਪੋਰਟ ਮੁਤਾਬਕ ਕੁਝ ਲੋਕਾਂ ਨੇ ਕਾਂਗਰਸ ਦੇ ਪ੍ਰਦਰਸ਼ਨ ਨੂੰ ਬਿਹਤਰ ਬਣਾਉਣ ਲਈ ਕੁਝ ਸੁਝਾਅ ਦਿੱਤੇ ਸਨ ਪਰ ਉਨ੍ਹਾਂ ਦੇ ਸੁਝਾਵਾਂ ਨੂੰ ਨਜਰ-ਅੰਦਾਜ ਕਰ ਦਿੱਤਾ ਗਿਆ। ਉਹ ਕੋਈ ਗੱਲਬਾਤ ਨਹੀਂ ਕਰਦੀ। ਉਹ ਉਹੀ ਕਰਦੀ ਹੈ ਜੋ ਉਹ ਚਾਹੁੰਦੀ ਹੈ। ਇਸ ਦੇ ਨਤੀਜੇ ਵਜੋਂ, ਪਾਰਟੀ ਦੇ ਅੰਦਰ ਮੱਤਭੇਦ ਹਨ। ਜੇ ਅਜਿਹਾ ਹੀ ਚੱਲਦਾ ਰਿਹਾ ਤਾਂ ਅਸੀਂ ਆਉਂਦੀਆਂ ਵਿਧਾਨ ਸਭਾ ਚੋਣਾਂ ਨੂੰ ਤਾਂ ਭੁੱਲ ਹੀ ਜਾਈਏ, ਮੁੰਬਈ ਮਹਾਨਗਰ ਪਾਲਿਕਾ ਚੋਣਾਂ ਵੀ ਨਹੀਂ ਜਿੱਤ ਸਕਾਂਗੇ।

ਨਸ਼ੀਲੀ ਦਵਾਵਾਂ ਦੇ ਦੁਰਉਪਯੋਗ ਅਤੇ ਅਵੈਧ ਤਸਕਰੀ ਦੇ ਖ਼ਿਲਾਫ਼ ਅੰਤਰਰਾਸ਼ਟਰੀ ਦਿਵਸ
26 ਜੂਨ, 2024

DELHI POLICE
SHANTI SEWA NYAYA




DP/9668/2024

ਨਾਲ ਮਿਲਕੇ ਅਸੀਂ ਨਸ਼ਾਮੁਕਤ ਸਮਾਜ ਦਾ ਟੀਚਾ ਪ੍ਰਾਪਤ ਕਰ ਸਕਦੇ ਹਾਂ

ਨਸ਼ਾ ਮੁਕਤ ਸਮਾਜ ਦੇ ਲਈ ਹੇਠਾਂ ਦਿੱਤੇ ਗਏ ਲਿੰਕ 'ਤੇ ਈ-ਸ਼ਪਥ ਲਓ

https://pledge.mygov.in/fightagainstdrugabuse/

#IndiaSaysNoToDrugs

ਸੀ.ਪੀ., ਦਿੱਲੀ ਨੂੰ ਈਮੇਲ ਕਰੋ: cp.sanjayarora@delhipolice.gov.in । ਪੀ.ਓ. 'ਤੇ ਸੀਪੀ, ਦਿੱਲੀ ਨੂੰ ਲਿਖੋ। ਬੱਕਸ ਨੰਬਰ 171, ਜੀਪੀਓ, ਨਵੀਂ ਦਿੱਲੀ

@DelhiPoliceOfficial | @DelhiPolice | @delhi.police_offical | @DelhiPoliceOfficial | delhipolice.gov.in

ਤੁਰੰਤ ਪੁਲਿਸ ਸਹਾਇਤਾ ਦੇ ਲਈ 112 'ਤੇ ਕੱਾਲ ਕਰੋ | ਜਾਣਕਾਰੀ ਸਾਂਝਾ ਕਰਨ ਦੇ ਲਈ 14547 'ਤੇ ਕੱਾਲ ਕਰੋ

# ਪ੍ਰੇਮ ਸਬੰਧਾਂ 'ਚ ਸ਼ੱਕ ਕਾਰਨ ਪ੍ਰੇਮੀ ਕਰਨ ਲੱਗਿਆ ਸੀ ਖ਼ੁਦਕੁਸ਼ੀ, ਫਿਰ ਹੋਟਲ 'ਚ ਸੱਦ ਪ੍ਰੇਮਿਕਾ ਨੂੰ ਦਿੱਤੀ ਦਰਦਨਾਕ ਮੌਤ

ਮੋਹਾਲੀ 25 ਜੂਨ। ਚੰਡੀਗੜ੍ਹ ਦੇ ਫੇਜ-1 ਇਲਾਕੇ ਤੋਂ ਇਕ ਮੰਦਭਾਗੀ ਖਬਰ ਸਾਹਮਣੇ ਆ ਰਹੀ ਹੈ, ਜਿੱਥੇ ਕਿਸੇ ਹੋਰ ਨਾਲ ਸਬੰਧ ਹੋਣ ਦੇ ਸ਼ੱਕ 'ਚ ਨਵਾਂਸ਼ਹਿਰ ਦੇ ਰਹਿਣ ਵਾਲੇ ਸੁਨੀਲ ਨੇ ਆਪਣੀ ਪ੍ਰੇਮਿਕਾ ਦਾ ਤੇਜ਼ਧਾਰ ਹਥਿਆਰਾਂ ਨਾਲ ਗਲਾ ਵੱਢ ਕੇ ਉਸ ਨੂੰ ਮੌਤ ਦੇ ਘਾਟ ਉਤਾਰ ਦਿੱਤਾ। ਮ੍ਰਿਤਕਾ ਦੀ ਪਛਾਣ ਨਵਾਂਸ਼ਹਿਰ ਜ?ਿਲ੍ਹੇ ਦੇ ਗੁਰਦਾਸਪੁਰ ਦੀ ਰਹਿਣ ਵਾਲੀ ਸੁਨੀਤਾ ਵਜੋਂ ਹੋਈ ਹੈ ਜਦਕਿ ਕਾਤਲ ਦੀ ਪਛਾਣ ਉਸ ਦੇ ਪ੍ਰੇਮੀ ਸੁਨੀਲ ਕੁਮਾਰ ਵਾਸੀ ਪਿੰਡ ਚਟਕੋਆ ਵਜੋਂ ਹੋਈ ਹੈ। ਵਾਰਦਾਤ ਨੂੰ ਅੰਜਾਮ ਦੇਣ ਤੋਂ ਬਾਅਦ ਸੁਨੀਲ ਆਪਣੇ 4 ਸਾਲ ਦੇ ਬੱਚੇ ਨਾਲ ਮੌਕੇ ਤੋਂ ਫਰਾਰ ਹੋ ਗਿਆ ਸੀ, ਬਾਅਦ 'ਚ ਉਹ ਖੁਦ ਹੀ ਗੜ੍ਹਸ਼ੰਕਰ ਪੁਲਸ ਕੋਲ ਜਾ ਕੇ ਪੇਸ਼ ਹੋ ਗਿਆ। ਡੀ.ਐੱਸ.ਪੀ. ਸਿਟੀ 1 ਮੋਹਿਤ ਅਗਰਵਾਲ ਨੇ ਦੱਸਿਆ ਕਿ ਪੁਲਸ ਟੀਮ ਸੁਨੀਲ ਨੂੰ ਉੱਥੋਂ ਲੈ ਕੇ ਆ ਰਹੀ ਹੈ, ਜਿਸ ਤੋਂ ਬਾਅਦ ਪੁਲਸ ਇਸ ਕਤਲ ਦੀ ਘਟਨਾ ਸਬੰਧੀ ਬਾਰੀਕੀ ਨਾਲ ਪੁੱਛਗਿੱਛ ਕਰਨ ਦੇ ਆਧਾਰ 'ਤੇ ਹੀ ਉਸ ਖ?ਿਲਾਫ ਬਣਦੀ ਕਾਰਵਾਈ ਕਰੇਗੀ। ਪੁਲਸ ਜਾਂਚ 'ਚ ਸਾਹਮਣੇ ਆਇਆ ਹੈ ਕਿ ਸੁਨੀਤਾ ਤੇ ਸੁਨੀਲ 18 ਜੂਨ ਦੀ ਰਾਤ ਨੂੰ ਹੋਟਲ ਦੇ ਕਮਰੇ 'ਚ ਰੁਕੇ ਸਨ। 19 ਜੂਨ ਦੀ ਰਾਤ ਨੂੰ ਦੋਵਾਂ ਵਿਚਾਲੇ ਝਗੜਾ ਹੋ ਗਿਆ ਸੀ ਤੇ ਇਸ ਤੋਂ ਬਾਅਦ ਹੀ ਸੁਨੀਲ ਨੇ ਚਾਕੂ ਨਾਲ ਸੁਨੀਤਾ ਦੀ ਧੌਣ 'ਚ ਵਾਰ ਕਰ ਕੇ ਉਸ ਦਾ ਕਤਲ ਕਰ ਦਿੱਤਾ। ਵਾਰਦਾਤ ਨੂੰ ਅੰਜਾਮ ਦੇਣ ਤੋਂ ਬਾਅਦ ਸੁਨੀਲ ਰਾਤ ਕਰੀਬ 1 ਵਜੇ




ਬੱਚੇ ਨੂੰ ਨਾਲ ਲੈ ਕੇ ਹੋਟਲ ਦੇ ਕਮਰੇ 'ਚੋਂ ਚਲਾ ਗਿਆ। ਡੀ.ਐੱਸ.ਪੀ. ਸਿਟੀ 1 ਮੋਹਿਤ ਅਗਰਵਾਲ ਨੇ ਦੱਸਿਆ ਕਿ ਫੇਜ਼-1 ਸਥਿਤ ਇਕ ਨਿੱਜੀ ਹੋਟਲ ਦੇ ਕਮਰੇ 'ਚੋਂ ਕੁੜੀ ਦੀ ਲਾਸ਼ ਮਿਲਣ ਦੀ ਸੂਚਨਾ ਪੁਲਸ ਨੂੰ ਸਵੇਰ ਸਮੇਂ ਮਿਲੀ ਸੀ। ਸੂਚਨਾ ਮਿਲਦਿਆਂ ਹੀ ਪੁਲਸ ਟੀਮ ਹੋਟਲ ਦੇ ਕਮਰੇ 'ਚ ਪਹੁੰਚ ਗਈ। ਪੁਲਸ ਜਾਂਚ 'ਚ ਪਤਾ ਲੱਗਾ ਹੈ ਕਿ ਕੁੜੀ ਦਾ ਗਲਾ ਵੱਢ ਕੇ ਕਤਲ ਕੀਤਾ ਗਿਆ ਹੈ। ਪੁਲਸ ਜਾਂਚ 'ਚ ਮ੍ਰਿਤਕਾ ਦੀ ਪਛਾਣ ਸੁਨੀਤਾ ਵਾਸੀ ਨਵਾਂਸ਼ਹਿਰ ਵਜੋਂ ਹੋਈ ਹੈ। ਜਾਂਚ ਤੋਂ ਪਤਾ ਲੱਗਾ ਕਿ ਉਹ 18 ਜੂਨ ਦੀ ਰਾਤ ਤੋਂ ਆਪਣੇ ਪੰਜ ਸਾਲਾ ਬੱਚੇ ਤੇ ਇਕ ਵਿਅਕਤੀ ਨਾਲ ਹੋਟਲ ਦੇ ਕਮਰੇ 'ਚ ਰੁਕੀ ਹੋਈ ਸੀ। ਬੁੱਧਵਾਰ ਦੇਰ ਰਾਤ ਕਰੀਬ 1 ਵਜੇ ਕਮਰੇ 'ਚ ਸੁਨੀਤਾ ਨਾਲ ਰਹਿ ਰਿਹਾ ਵਿਅਕਤੀ ਬੱਚੇ ਨੂੰ ਨਾਲ ਲੈ ਕੇ ਉੱਥੋਂ ਚਲਾ ਗਿਆ ਸੀ ਜਦਕਿ ਸਵੇਰੇ ਹੋਟਲ ਦੇ ਮੁਲਾਜਮਾਂ ਨੇ ਕਮਰੇ 'ਚ ਸੁਨੀਤਾ ਦੀ ਲਾਸ਼ ਪਈ ਦੇਖੀ। ਜਾਂਚ 'ਚ ਪਤਾ ਲੱਗਾ ਹੈ ਕਿ ਸੁਨੀਤਾ ਵਿਆਹੀ ਹੋਈ ਸੀ ਪਰ ਆਪਣੇ ਸਹੁਰੇ ਪਰਿਵਾਰ ਤੋਂ ਵੱਖ ਹੋਣ ਤੋਂ ਬਾਅਦ ਉਹ ਆਪਣੇ ਪੇਕੇ ਘਰ ਰਹਿ ਰਹੀ ਸੀ ਤੇ ਉਸ ਦੇ ਕਰੀਬ 5-6 ਸਾਲ ਤੋਂ ਸੁਨੀਲ ਨਾਲ ਸਬੰਧ ਸਨ। ਦੋਵਾਂ ਦਾ 4 ਸਾਲ ਦਾ ਬੱਚਾ ਵੀ ਹੈ, ਜਿਸ ਨਾਲ ਉਹ ਪੇਕੇ ਘਰ 'ਚ ਰਹਿੰਦੀ ਸੀ ਜਦਕਿ ਸੁਨੀਲ ਏ.ਸੀ. ਮੁਰੰਮਤ ਦਾ ਕੰਮ ਕਰਦਾ ਸੀ ਤੇ ਇੱਥੇ ਫੇਜ਼-1 'ਚ ਆਪਣੇ ਹੋਰ ਸਾਥੀਆਂ ਨਾਲ ਇਕ ਕਮਰੇ 'ਚ ਰਹਿੰਦਾ ਸੀ। ਪੁਲਸ ਜਾਂਚ 'ਚ ਸਾਹਮਣੇ ਆਇਆ ਹੈ ਕਿ ਸੁਨੀਲ ਨੂੰ ਪਿਛਲੇ ਕੁਝ ਸਮੇਂ ਤੋਂ ਸ਼ੱਕ ਸੀ ਕਿ ਸੁਨੀਤਾ ਦੇ ਕਿਸੇ ਹੋਰ ਵਿਅਕਤੀ ਨਾਲ ਸਬੰਧ ਹਨ ਤੇ ਇਸ ਗੱਲ ਨੂੰ ਲੈ ਕੇ ਉਹ ਬੇਹੱਦ ਪ੍ਰੇਸ਼ਾਨ ਰਹਿਣ ਲੱਗਾ ਸੀ। ਇਸੇ ਪ੍ਰੇਸ਼ਾਨੀ ਕਾਰਨ ਉਸ ਨੇ ਪਿਛਲੇ ਹਫ਼ਤੇ ਫਾਹਾ ਲੈ ਕੇ ਖ਼ੁਦਕੁਸ਼ੀ ਕਰਨ ਦੀ ਕੋਸ਼ਿਸ਼ ਵੀ ਕੀਤੀ ਸੀ ਪਰ ਸਮਾਂ ਰਹਿੰਦਿਆਂ ਹੀ ਉਸ ਦੇ ਕਮਰੇ 'ਚ ਰਹਿਣ ਵਾਲੇ ਉਸ ਦੇ ਸਾਥੀਆਂ ਨੇ ਉਸ ਨੂੰ ਅਜਿਹਾ ਕਰਨ ਤੋਂ ਬਚਾ ਲਿਆ ਸੀ।

## ਪਹਿਲਾਂ ਨਸ਼ੀਲਾ ਪਦਾਰਥ ਪਿਲਾ ਕੇ ਬੇਹੋਸ਼ ਕੀਤੀ ਔਰਤ, ਫਿਰ ਵੀਡੀਓ ਬਣਾਉਂਦਿਆਂ ਟੱਪੀਆਂ ਹੱਦਾਂ

ਜਗਰਾਓਂ 25 ਜੂਨ। ਜਗਰਾਓਂ ਦੀ ਰਹਿਣ ਵਾਲੀ ਇਕ ਲੜਕੀ ਦੀ ਸ਼ਿਕਾਇਤ 'ਤੇ ਪਿੰਡ ਕਾਉਂਕੇ ਦੇ ਰਹਿਣ ਵਾਲੇ ਹਰਪ੍ਰੀਤ ਸਿੰਘ ਉਰਫ ਹੈਪੀ ਖ?ਿਲਾਫ ਸਰੀਰਕ ਸ਼ੋਸ਼ਣ ਕਰਨ ਅਤੇ ਸੋਸ਼ਲ ਮੀਡੀਆ ਉੱਪਰ ਅਸ਼ਲੀਲ ਤਸਵੀਰਾਂ ਅਤੇ ਵੀਡੀਓ ਡਾਊਨਲੋਡ ਕਰਨ ਦੀ ਧਮਕੀ ਦੇ ਕੇ ਬਲੈਕਮੇਲ ਕਰਨ ਦੀ ਸਾਜ?ਿਸ਼ ਅਧੀਨ ਮੁਕੱਦਮਾ ਦਰਜ ਕੀਤਾ ਗਿਆ ਹੈ। ਥਾਣਾ ਸਿਟੀ ਜਗਰਾਓਂ ਤੋਂ ਮਿਲੀ ਜਾਣਕਾਰੀ ਅਨੁਸਾਰ ਪੀੜਤਾ ਨੇ ਸ਼ਿਕਾਇਤ ਦਰਜ ਕਰਵਾਈ ਸੀ ਕਿ ਉਸਨੂੰ ਘਰੇਲੂ ਖਰਚੇ ਲਈ ਪੈਸੇ ਦੀ ਜ਼ਰੂਰਤ ਸੀ ਤਾਂ ਉਸਨੇ ਝਾਂਸੀ ਰਾਣੀ ਚੌਂਕ ਜਗਰਾਓਂ ਨੇੜੇ ਬਜਾਜ ਫਾਇਨਾਂਸ 'ਤੇ ਲੋਨ ਲੈਣ ਲਈ ਦਰਖਾਸਤ ਦਿੱਤੀ, ਜਿੱਥੇ ਲੋਨ ਡਿਪਾਰਟਮੈਂਟ ਵਿਚ ਹਰਪ੍ਰੀਤ ਸਿੰਘ ਉਰਫ ਹੈਪੀ ਪੁੱਤਰ ਨੈਬ ਸਿੰਘ ਵਾਸੀ ਕਾਉਂਕੇ ਕਲਾਂ ਕੰਮ ਕਰਦਾ ਸੀ। ਉਸ ਨਾਲ ਉਕਤ ਔਰਤ ਦੀ ਜਾਣ-ਪਛਾਣ ਹੋ ਗਈ। ਹਰਪ੍ਰੀਤ ਸਿੰਘ ਨੇ ਉਕਤ ਔਰਤ ਨੂੰ ਵਰਗਲਾ ਕੇ ਕਿਹਾ ਕਿ ਉਹ ਉਸ ਦਾ ਲੋਨ ਸਸਤੀ ਵਿਆਜ ਦਰ 'ਤੇ ਪਾਸ ਕਰਵਾ ਸਕਦਾ ਹੈ ਅਤੇ ਉਹ ਉਸਨੂੰ ਆ ਕੇ ਮਿਲੇ। ਔਰਤ ਨੇ ਦੱਸਿਆ ਕਿ ਹਰਪ੍ਰੀਤ ਸਿੰਘ ਹੈਪੀ ਉਸ ਨੂੰ ਆਪਣੀ ਕਾਰ ਵਿਚ ਬਿਠਾ ਕੇ ਕਿਸੇ ਗੁਪਤ ਥਾਂ 'ਤੇ ਲੈ ਗਿਆ ਅਤੇ ਕੋਲਡ ਡਰਿੰਕ ਵਿਚ ਕੋਈ ਨਸ਼ੀਲਾ ਪਦਾਰਥ ਪਿਲਾ ਕੇ ਬੇਹੋਸ਼ ਕਰ ਦਿੱਤਾ ਅਤੇ ਉਸ ਨਾਲ ਜਬਰਦਸਤੀ ਸਰੀਰਿਕ ਸਬੰਧ ਸਥਾਪਤ ਕਰ ਲਏ ਅਤੇ ਉਸ ਦੀਆਂ ਅਸ਼ਲੀਲ ਤਸਵੀਰਾਂ ਖਿੱਚ ਲਈਆਂ ਅਤੇ ਵੀਡੀਓ ਵੀ ਬਣਾ ਲਈਆਂ। ਉਸ ਨੂੰ ਤਸਵੀਰਾਂ ਅਤੇ ਵੀਡੀਓ ਸੋਸ਼ਲ ਮੀਡੀਆ ਉੱਪਰ ਅਪਲੋਡ ਕਰਨ ਦੀ ਧਮਕੀ ਦੇ ਕੇ ਉਸ ਦਾ ਕਈ ਮਹੀਨਿਆਂ ਤੋਂ ਉਹ ਸਰੀਰਿਕ ਸੋਸ਼ਣ ਕਰਦਾ ਆ ਰਿਹਾ ਹੈ। ਪੁਲਸ ਨੇ ਹਰਪ੍ਰੀਤ ਸਿੰਘ ਹੈਪੀ ਖ?ਿਲਾਫ ਥਾਣਾ ਸਿਟੀ ਜਗਰਾਓਂ ਵਿਖੇ ਮੁਕੱਦਮਾ ਦਰਜ ਕਰ ਲਿਆ ਹੈ।

## ਬਿਨਾਂ ਨੰਬਰੀ ਮੋਟਰਸਾਈਕਲ 'ਤੇ ਨਾਜਾਇਜ਼ ਸ਼ਰਾਬ ਦੀ ਤਸਕਰੀ ਕਰਨ ਵਾਲੇ 2 ਗ੍ਰਿਫਤਾਰ

ਫਿਰੋਜ਼ਪੁਰ 25 ਜੂਨ। ਬਿਨਾਂ ਨੰਬਰੀ ਮੋਟਰਸਾਈਕਲ 'ਤੇ ਨਾਜਾਇਜ਼ ਸ਼ਰਾਬ ਦੀ ਤਸਕਰੀ ਕਰਨ ਵਾਲੇ 2 ਮੁਲਜਮਾਂ ਨੂੰ ਪੁਲਸ ਨੇ ਗ੍ਰਿਫਤਾਰ ਕੀਤਾ ਹੈ। ਏ. ਐੱਸ. ਆਈ. ਜਗਜੀਤ ਸਿੰਘ ਦੇ ਅਨੁਸਾਰ ਉਨ੍ਹਾਂ ਨੂੰ ਸੂਚਨਾ ਮਿਲੀ ਸੀ ਕਿ ਜਗਦੇਵ ਸਿੰਘ ਦੇਬੂ ਪਿੰਡ ਕਾਮਲਵਾਲਾ ਅਤੇ ਗੁਰਮੁਖ ਸਿੰਘ ਪਿੰਡ ਝੁੱਗੇ ਨਿਹੰਗਾਂ ਵਾਲੇ ਨਾਜਾਇਜ਼ ਸ਼ਰਾਬ ਵੇਚਣ ਦਾ ਕੰਮ ਕਰਦੇ ਹਨ ਅਤੇ ਇਸ ਸਮੇਂ ਦੋਵੇਂ ਨਾਜਾਇਜ਼ ਸ਼ਰਾਬ ਦੀ ਸਪਲਾਈ ਦੇਣ ਲਈ ਜਾ ਰਹੇ ਹਨ। ਏ. ਐੱਸ. ਆਈ. ਨੇ ਦੱਸਿਆ ਕਿ ਸੂਚਨਾ ਦੇ ਆਧਾਰ 'ਤੇ ਰੇਲਵੇ ਲਾਈਨ ਦੇ ਕੋਲ ਨਾਕਾ ਲਾਇਆ ਹੋਇਆ ਸੀ ਤਾਂ ਬਿਨਾਂ ਨੰਬਰੀ ਮੋਟਰਸਾਈਕਲ 'ਤੇ ਆ ਰਹੇ ਉਕਤ ਦੋਹਾਂ ਮੁਲਜਮਾਂ ਨੂੰ ਰੋਕ ਕੇ ਤਲਾਸ਼ੀ ਲਈ ਗਈ ਤਾਂ ਉਨ੍ਹਾਂ ਕੋਲੋਂ 60 ਬੋਤਲਾਂ ਨਾਜਾਇਜ਼ ਸ਼ਰਾਬ ਬਰਾਮਦ ਹੋਈ। ਮੁਲਜਮਾਂ ਦੇ ਖ?ਿਲਾਫ ਥਾਣਾ ਮੱਲਾਂਵਾਲਾ 'ਚ ਪਰਚਾ ਦਰਜ ਕੀਤਾ ਗਿਆ ਹੈ।

# 3 ਨੌਜਵਾਨਾਂ ਦੀਆਂ ਲਾਸ਼ਾਂ ਮਿਲਣ ਤੋਂ ਬਾਅਦ ਐਕਸ਼ਨ ਮੋਡ 'ਚ ਦੀਨਾਨਗਰ ਪੁਲਸ, ਤਲਾਸ਼ੀ ਲੈਣ ਉਪਰੰਤ ਘਰ ਕੀਤੇ ਸੀਲ

ਦੀਨਾਨਗਰ 25 ਜੂਨ। ਜਿੱਥੇ ਪੂਰੇ ਪੰਜਾਬ 'ਚ ਪੁਲਸ ਵੱਲੋਂ ਥਾਂ-ਥਾਂ 'ਤੇ ਸਰਚ ਅਭਿਆਨ ਚਲਾ ਕੇ ਨਸੇ ਦੀ ਰੋਕਥਾਮ ਨੂੰ ਨੱਥ ਪਾਉਣ ਲਈ ਲਗਾਤਾਰ ਕਦਮ ਚੁੱਕੇ ਜਾ ਰਹੇ ਹਨ, ਉਥੇ ਹੀ ਪਿਛਲੇ ਕੁਝ ਦਿਨ ਪਹਿਲਾਂ ਪੁਲਸ ਸਟੇਸਨ ਦੀਨਾਨਗਰ ਅਧੀਨ ਆਉਂਦੇ ਪਿੰਡ ਡੀਂਡਾ ਸਾਂਸੀਆ ਦੇ ਨੇੜਿਓ ਤਿੰਨ ਨੌਜਵਾਨਾਂ ਦੀ ਨਸ਼ੇ ਦੀ ਓਵਰਡੋਜ ਨਾਲ ਮੌਤ ਹੋਣ ਉਪਰੰਤ ਪੁਲਸ ਵੱਲੋਂ ਲਗਾਤਾਰ ਇਸ ਪਿੰਡ ਵਿੱਚ ਸਰਚ ਅਭਿਆਨ ਚਲਾ ਕੇ ਨਸਾ ਵੇਚਣ ਵਾਲਿਆਂ ਵਿਰੁੱਧ ਸ?ਿਕੰਜਾ ਕੱਸਿਆ ਜਾ ਰਿਹਾ ਹੈ। ਇਸੇ ਤਹਿਤ ਪੁਲਸ ਵੱਲੋਂ ਕੁਝ ਦਿਨ ਪਹਿਲਾਂ 17 ਲੋਕਾਂ ਦੇ ਖਿਲਾਫ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਵੀ ਦਰਜ ਕੀਤਾ ਗਿਆ ਸੀ, ਜਿਸ ਵਿੱਚ 14 ਲੋਕ ਇਸੇ ਪਿੰਡ ਦੇ ਰਹਿਣ ਵਾਲੇ ਹਨ। ਇਸ ਦੌਰਾਨ ਪੁਲਸ ਵੱਲੋਂ ਪੰਜ ਲੋਕਾਂ ਨੂੰ ਗ੍ਰਿਫਤਾਰ ਵੀ ਕਰ ਲਿਆ ਗਿਆ ਸੀ ਜਦਕਿ ਬਾਕੀ ਲੋਕ ਆਪਣੇ ਘਰਾਂ ਨੂੰ ਤਾਲਾ ਮਾਰ ਕੇ ਘਰੋਂ ਫਰਾਰ ਹੋ ਗਏ ਸਨ। ਪੁਲਸ ਵੱਲੋਂ ਮਜਿਸਟਰੇਟ ਤੋਂ ਪ੍ਰਵਾਨਗੀ ਲੈਣ ਉਪਰੰਤ ਨਾਇਬ ਤਹਿਸੀਲਦਾਰ ਦੀਨਾਨਗਰ ਅਜੇ ਕੁਮਾਰ ਸਰਮਾ ਅਤੇ ਪਿੰਡ ਦੇ ਹੀ ਮੋਹਤਬਰਾਂ ਦੀ ਹਾਜਰੀ ਵਿੱਚ ਡੀ.ਐੱਸ.ਪੀ. ਦੀਨਾਨਗਰ ਸੁਖਵਿੰਦਰ ਪਾਲ ਸਿੰਘ ਦੀ ਅਗਵਾਈ ਹੇਠਾਂ ਭਾਰੀ ਪੁਲਸ ਫੋਰਸ ਨਾਲ ਉਨ੍ਹਾਂ ਵੱਲੋਂ ਜੋ ਲੋਕ ਘਰਾਂ ਨੂੰ ਤਾਲੇ ਮਾਰ ਕੇ ਫਰਾਰ ਹੋ ਗਏ ਸਨ, ਉਨ੍ਹਾਂ ਦੇ ਘਰਾਂ ਦੇ ਤਾਲੇ ਤੋੜ ਕੇ ਘਰਾਂ ਦੀ ਤਲਾਸੀ ਲੈਣ ਉਪਰੰਤ ਘਰਾਂ ਨੂੰ ਨਵੇਂ ਤਾਲੇ ਮਾਰ ਕੇ ਸੀਲ ਕੀਤਾ ਗਿਆ ਹੈ। ਇਸ ਮੌਕੇ ਗੱਲਬਾਤ ਕਰਦੇ ਹੋਏ ਡੀ.ਐੱਸ.ਪੀ. ਦੀਨਾਨਗਰ ਸੁਖਵਿੰਦਰ ਪਾਲ ਸਿੰਘ ਨੇ ਦੱਸਿਆ ਕਿ ਇਸੇ ਪਿੰਡ ਵਿੱਚ ਜੋ ਲੋਕ ਨਸੇ ਦਾ ਕਾਰੋਬਾਰ ਕਰਦੇ ਸਨ ਉਨ੍ਹਾਂ ਵਿਰੁੱਧ ਪੂਰੀ ਸਖਤੀ ਨਾਲ ਕਾਰਵਾਈ ਕੀਤੀ ਜਾ ਰਹੀ ਹੈ। ਫਰਾਰ ਹੋਏ ਲੋਕਾਂ ਦੇ ਘਰਾਂ ਦੇ ਤਾਲੇ ਤੋੜ ਕੇ ਤਲਾਸੀ ਕੀਤੀ ਗਈ ਹੈ ਪਰ



ਕਿਸੇ ਤਰ੍ਹਾਂ ਦੀ ਕੋਈ ਗੈਰ ਕਾਨੂੰਨੀ ਵਸਤੂ ਨਹੀਂ ਮਿਲੀ ਹੈ। ਜੋ ਛੋਟਾ-ਮੋਟਾ ਚਾਂਦੀ ਦਾ ਸਾਮਾਨ ਮਿਲਿਆ ਹੈ ਉਸ ਨੂੰ ਪੁਲਸ ਨੇ ਆਪਣੇ ਕਬਜੇ ਵਿੱਚ ਲੈ ਕੇ ਜਬਤ ਕਰ ਲਿਆ ਗਿਆ ਹੈ ਜਦ ਵੀ ਇਸ ਦਾ ਕੋਈ ਵਾਰਸ ਸਾਹਮਣੇ ਆਏਗਾ ਤਾਂ ਉਸ ਨੂੰ ਮੁਹੱਈਆ ਕਰਵਾ ਦਿੱਤਾ ਜਾਏਗਾ। ਇਸ ਤੋਂ ਬਾਅਦ ਪੁਲਸ ਵੱਲੋਂ ਇਨ੍ਹਾਂ ਦੇ ਘਰਾਂ ਨੂੰ ਸੀਲ ਕਰ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਚਾਰ ਘਰਾਂ ਨੂੰ ਸੀਲ ਕੀਤਾ ਗਿਆ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਨਸੇ ਨੂੰ ਠੱਲ ਪਾਉਣ ਲਈ ਲਗਾਤਾਰ ਇਹ ਸਿਲਸਿਲਾ ਜਾਰੀ ਰਹੇਗਾ ਤਾਂ ਕਿ ਇਲਾਕੇ ਅੰਦਰ ਕਿਸੇ ਤਰ੍ਹਾਂ ਦਾ ਕੋਈ ਨਸਾ ਨਾ ਵੇਚਿਆ ਜਾ ਸਕੇ ਇਸ ਮੌਕੇ ਥਾਣਾ ਮੁਖੀ ਦੀਨਾਨਗਰ ਕ੍ਰਿਸਮਾ ਸਮੇਤ ਵੱਡੀ ਗਿਣਤੀ ਵਿੱਚ ਪੁਲਸ ਦੇ ਜਵਾਨ ਅਤੇ ਅਧਿਕਾਰੀ ਹਾਜਰ ਸਨ।

# ਪਤਨੀ ਦੇ ਨਾਜਾਇਜ਼ ਸਬੰਧਾਂ ਤੋਂ ਦੁਖੀ ਵਿਅਕਤੀ ਨੇ ਕੀਤੀ ਖ਼ੁਦਕੁਸ਼ੀ

ਫਿਰੋਜ਼ਪੁਰ 25 ਜੂਨ। ਫਿਰੋਜ਼ਪੁਰ ਵਿਖੇ ਨਾਜਾਇਜ਼ ਸਬੰਧਾਂ ਤੋਂ ਦੁਖੀ ਹੋ ਕੇ ਇਕ ਵਿਅਕਤੀ ਨੇ ਖੁਦਕੁਸ਼ੀ ਕਰ ਲਈ। ਇਸ ਸਬੰਧ ਵਿਚ ਥਾਣਾ ਕੁੱਲਗੜ੍ਹੀ ਪੁਲਸ ਨੇ 3 ਲੋਕਾਂ ਖ?ਿਲਾਫ ਮਾਮਲਾ ਦਰਜ ਕੀਤਾ ਹੈ। ਪੁਲਿਸ ਨੂੰ ਦਿੱਤੇ ਬਿਆਨਾਂ ਵਿਚ ਬਿਮਲਾ ਦੇਵੀ ਨੇ ਦੱਸਿਆ ਕਿ ਉਸ ਦਾ ਪੁੱਤਰ ਸੰਜੇ ਕੁਮਾਰ (34) ਦਾ ਵਿਆਹ ਕਰੀਬ 17 ਸਾਲ ਪਹਿਲਾਂ ਸਾਜਣਾਂ ਉਰਫ ਸੋਮਾ ਨਾਲ ਹੋਇਆ ਸੀ, ਹੁਣ ਕਰੀਬ 2 ਸਾਲ ਤੋਂ ਸਾਜਣਾ ਉਰਫ ਸੋਮਾ ਸੰਜੇ ਕੁਮਾਰ ਨੂੰ ਨਾਲ ਲੈ ਕੇ ਆਪਣੇ ਪੇਕੇ ਪਿੰਡ ਰਹਿ ਰਹੀ ਹੈ। ਬਿਮਲਾ ਦੇਵੀ ਨੇ ਦੱਸਿਆ ਕਿ ਸਾਜਣਾ ਦੇ ਨਾਜਾਇਜ਼ ਸਬੰਧ ਸੂਰਜ ਨਾਲ ਬਣ ਗਏ, ਜਿਨ੍ਹਾਂ ਤੋਂ ਸੰਜੇ ਰੋਕਦਾ ਸੀ ਤੇ ਸੰਜੇ ਦਾ ਸਾਲਾ ਸਾਬੂ ਪੁੱਤਰ ਭੋਲਾ ਉਸ ਨੂੰ ਮਾੜਾਚੰਗਾ ਬੋਲਦਾ ਸੀ, ਜਿਸ ਕਰਕੇ ਸੰਜੇ ਕੁਮਾਰ ਬਹੁਤ ਪਰੇਸ਼ਾਨ ਰਹਿੰਦਾ ਸੀ। ਇਨ੍ਹਾਂ ਤੋਂ ਦੁਖੀ ਹੋ ਕੇ ਸੰਜੇ ਕੁਮਾਰ ਨੇ ਖੁਦਕੁਸ਼ੀ ਕਰ ਲਈ। ਇਸ ਮਾਮਲੇ ਦੀ ਜਾਂਚ ਕਰ ਰਹੇ ਸਬ ਇੰਸਪੈਕਟਰ ਰਵੀ ਸ਼ੰਕਰ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਦੋਸ਼ੀਅਨ ਖ?ਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ।

## ਵਿਦੇਸ਼ ਭੇਜਣ ਦੇ ਨਾਂ 'ਤੇ 95 ਲੱਖ ਦੀ ਠੱਗੀ, ਪੁਲਸ ਨੇ ਦਰਜ ਕੀਤਾ ਮਾਮਲਾ

ਫਿਰੋਜ਼ਪੁਰ 25 ਜੂਨ। ਵਿਦੇਸ਼ ਭੇਜਣ ਦਾ ਝਾਂਸਾ ਦੇ ਕੇ ਕਥਿਤ ਰੂਪ ਵਿਚ 95 ਲੱਖ 4 ਹਜ਼ਾਰ 23 ਰੁਪਏ ਦੀ ਠੱਗੀ ਮਾਰਨ ਦੇ ਦੋਸ਼ ਹੇਠ ਥਾਣਾ ਸਦਰ ਜ਼ੀਰਾ ਦੀ ਪੁਲਸ ਨੇ 4 ਵਿਅਕਤੀਆਂ ਖ?ਿਲਾਫ਼ ਆਈ. ਪੀ. ਸੀ. ਅਤੇ ਪੰਜਾਬ ਟਰੈਵਲ ਪ੍ਰੋਫੈਸ਼ਨਲ ਰੈਗੂਲੇਸ਼ਨ ਐਕਟ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਏ.ਐੱਸ.ਆਈ ਬਲਜਿੰਦਰ ਸਿੰਘ ਨੇ ਦੱਸਿਆ ਕਿ ਸ਼ਿਕਾਇਤਕਰਤਾ ਸ਼ਮਸ਼ੇਰ ਸਿੰਘ ਪੁੱਤਰ ਗੁਰਚਰਨ ਸਿੰਘ ਅਤੇ ਜਗਸੀਰ ਸਿੰਘ ਪੁੱਤਰ ਮਹਿੰਦਰ ਸਿੰਘ ਵਾਸੀ ਪਿੰਡ ਜੋਈਆਂ ਵਾਲਾ ਨੇ ਐੱਸ.ਪੀ ਇਨਵੈਸਟੀਗੇਸ਼ਨ




ਫਿਰੋਜ਼ਪੁਰ ਨੂੰ ਲਿਖਤੀ ਸ਼ਿਕਾਇਤ ਦਿੱਤੀ। ਜਿਸ ਵਿਚ ਉਕਤ ਨੇ ਦੋਸ਼ ਲਾਇਆ ਕਿ ਹਰੀਸ਼ ਡੋਗਰਾ ਵਾਸੀ ਸੰਨੀ ਇਨਕਲੇਵ ਮੋਹਾਲੀ, ਕੁਲਦੀਪ ਸਿੰਘ ਰੰਧਾਵਾ ਵਾਸੀ ਚੰਡੀਗੜ੍ਹ, ਆਸ਼ੀਸ਼ ਮਨਚੰਦਾ ਵਾਸੀ ਮਨੀ ਮਾਜਰਾ ਅਤੇ ਮਨਜੀਤ ਸਿੰਘ ਵਾਸੀ ਅਜੀਤਵਾਲ ਨੇ ਉਨ੍ਹਾ ਨੂੰ ਵਿਦੇਸ਼ ਭੇਜਣ ਦੇ ਬਹਾਨੇ 95 ਲੱਖ 4 ਹਜ਼ਾਰ 23 ਰੁਪਏ ਲਏ ਸਨ ਪਰ ਅੱਜ ਤੱਕ ਨਾ ਤਾਂ ਉਸ ਨੂੰ ਵਿਦੇਸ਼ ਭੇਜਿਆ ਗਿਆ ਅਤੇ ਨਾ ਹੀ ਉਸ ਦੇ ਪੈਸੇ ਦਿੱਤੇ। ਉਨ੍ਹਾਂ ਦੱਸਿਆ ਕਿ ਸ਼ਿਕਾਇਤ ਦੀ ਪੜਤਾਲ ਉਪਰੰਤ ਪੁਲਸ ਵੱਲੋਂ ਨਾਮਜ਼ਦ ਵਿਅਕਤੀਆਂ ਖ?ਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ।

## ਰਾਤ ਨੂੰ ਪਤੀ ਨਾਲ ਝਗੜੇ ਮਗਰੋਂ ਔਰਤ ਨੇ ਕੀਤੀ ਖ਼ੁਦਕੁਸ਼ੀ

ਚੰਡੀਗੜ੍ਹ 25 ਜੂਨ। ਸੈਕਟਰ-44 'ਚ ਘਰ 'ਚ ਪਤੀ ਨਾਲ ਲੜਾਈ ਤੋਂ ਬਾਅਦ ਔਰਤ ਨੇ ਪੱਖੇ ਨਾਲ ਫਾਹਾ ਲੈ ਲਿਆ। ਉਸ ਦੀ ਪਛਾਣ ਅਲਕਾ ਵਜੋਂ ਹੋਈ ਹੈ। ਪੁਲਸ ਨੂੰ ਮੌਕੇ ਤੋਂ ਕੋਈ ਖੁਦਕੁਸ਼ੀ ਨੋਟ ਨਹੀਂ ਮਿਲਿਆ। ਸੈਕਟਰ-34 ਥਾਣਾ ਪੁਲਸ ਮਾਮਲੇ ਦੀ ਜਾਂਚ ਕਰ ਰਹੀ ਹੈ। ਜਾਂਚ 'ਚ ਸਾਹਮਣੇ ਆਇਆ ਕਿ ਸ਼ਨੀਵਾਰ ਰਾਤ ਅਲਕਾ ਦਾ ਆਪਣੇ ਪਤੀ ਨਾਲ ਕਿਸੇ ਗੱਲ ਨੂੰ ਲੈ ਕੇ ਝਗੜਾ ਹੋਇਆ ਸੀ। ਇਸ ਤੋਂ ਬਾਅਦ ਦੋਵੇਂ ਕਮਰੇ 'ਚ ਸੌਂ ਗਏ। ਸਵੇਰੇ ਜਦੋਂ ਪਤੀ ਜਾਗਿਆ ਤਾਂ ਅਲਕਾ ਕਮਰੇ 'ਚ ਨਹੀਂ ਸੀ। ਜਦੋਂ ਉਹ ਦੂਜੇ ਕਮਰੇ 'ਚ ਗਿਆ ਤਾਂ ਅਲਕਾ ਨੇ ਪੱਖੇ ਨਾਲ ਫਾਹਾ ਲੈ ਲਿਆ ਸੀ। ਉਸ ਨੇ ਮਾਮਲੇ ਦੀ ਸੂਚਨਾ ਪੁਲਸ ਨੂੰ ਦਿੱਤੀ। ਅਲਕਾ ਦਾ 4 ਸਾਲ ਪਹਿਲਾਂ ਵਿਆਹ ਹੋਇਆ ਸੀ। ਉਹ ਨਿੱਜੀ ਕੰਪਨੀ 'ਚ ਕੰਮ ਕਰਦੀ ਸੀ ਅਤੇ ਵਰਕ ਫਰਾਮ ਹੋਮ ਚੱਲ ਰਿਹਾ ਸੀ। ਉਸ ਦੇ ਪੇਕੇ ਪਰਿਵਾਰ ਦੇ ਆਉਣ ਤੋਂ ਬਾਅਦ ਸੈਕਟਰ-34 ਥਾਣਾ ਪੁਲਸ ਕਾਰਵਾਈ ਕਰੇਗੀ।

## ਮਾਂ ਤੇ ਧੀ ਨੂੰ ਮਾਰ ਕੇ ਅਕਾਲੀ ਆਗੂ ਨੇ ਖ਼ੁਦ ਨੂੰ ਵੀ ਮਾਰੀ ਗੋਲੀ

ਬਰਨਾਲਾ 25 ਜੂਨ। ਅਕਾਲੀ ਆਗੂ ਅਤੇ ਕਾਲਾ ਮਾਹਿਰ ਸਟੇਡੀਅਮ ਦੇ ਸਾਬਕਾ ਪ੍ਰਧਾਨ ਕੁਲਵੀਰ ਸਿੰਘ ਮਾਨ ਵੱਲੋਂ ਆਪਣੀ ਧੀ, ਮਾਂ ਅਤੇ ਪਾਲਤੂ ਕੁੱਤੇ ਦਾ ਗੋਲੀ ਮਾਰ ਕੇ ਕਤਲ ਕਰਨ ਤੋਂ ਬਾਅਦ ਖੁਦ ਨੂੰ ਗੋਲੀ ਮਾਰ ਕੇ ਆਤਮ ਹੱਤਿਆ ਕਰ ਲਏ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਡੀ.ਐੱਸ.ਪੀ. ਸਤਬੀਰ ਸਿੰਘ ਤੇ ਥਾਣਾ ਸਿਟੀ ਬਰਨਾਲਾ ਦੇ ਇੰਚਾਰਜ ਬਲਜੀਤ ਸਿੰਘ ਨੇ ਮੌਕੇ 'ਤੇ ਪਹੁੰਚ ਕੇ ਘਟਨਾ ਦੀ ਜਾਂਚ ਸ਼ੁਰੂ ਕਰ ਦਿੱਤੀ। ਕੁਲਵੀਰ ਸਿੰਘ ਮਾਨ ਪਿਛਲੇ ਕਾਫੀ ਲੰਬੇ ਸਮੇਂ ਤੋਂ ਡਿਪਰੈਸ਼ਨ 'ਚ ਰਹਿੰਦਾ ਸੀ। ਉਹ ਰਾਮ ਰਾਜਿਆ ਕਾਲੋਨੀ 'ਚ ਸੀ ਅਤੇ ਉਸ ਦੀ ਪਤਨੀ ਰਮਨਦੀਪ ਕੌਰ ਦੁੱਧ ਲੈਣ ਗਈ ਸੀ। ਪਤਨੀ ਦੇ ਘਰੋਂ ਜਾਣ ਤੋਂ ਬਾਅਦ ਕੁਲਵੀਰ ਨੇ ਆਪਣੀ ਕੋਠੀ ਦੇ ਦਰਵਾਜੇ ਬੰਦ ਕਰ ਲਏ ਅਤੇ ਆਪਣੀ ਲਾਇਸੈਂਸੀ ਰਿਵਾਲਵਰ ਨਾਲ ਪਹਿਲਾਂ ਆਪਣੀ ਧੀ ਨਿਮਰਤ ਅਤੇ ਫਿਰ ਮਾਂ ਬਲਵੰਤ ਕੌਰ ਦਾ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ। ਇਸ ਤੋਂ ਬਾਅਦ ਉਸ ਨੇ ਘਰ ਦੇ ਪਾਲਤੂ ਕੁੱਤੇ ਨੂੰ ਵੀ ਗੋਲੀ ਮਾਰ ਦਿੱਤੀ। ਉਪਰੰਤ ਉਸ ਨੇ ਆਪਣੇ ਆਪ ਨੂੰ ਗੋਲੀ ਮਾਰ ਕੇ ਖੁਦਕੁਸ਼ੀ ਕਰ ਲਈ। ਜਦੋਂ ਉਸ ਦੀ ਪਤਨੀ ਰਮਨਦੀਪ ਕੌਰ ਘਰ ਆਈ ਤਾਂ ਅੰਦਰੋਂ ਦਰਵਾਜ਼ੇ ਬੰਦ ਸਨ। ਆਸੇ-ਪਾਸੇ ਦੇ ਲੋਕ ਅਤੇ ਉਸ ਦੀ ਪਤਨੀ ਦਰਵਾਜਾ ਤੋੜ ਕੇ ਘਰ 'ਚ ਦਾਖਲ ਹੋਏ ਤਾਂ ਵੱਖ-ਵੱਖ ਕਮਰਿਆਂ 'ਚ ਤਿੰਨਾਂ ਦੀਆਂ ਲਾਸ਼ਾਂ ਪਈਆਂ ਸਨ। ਅਜੇ ਤੱਕ ਘਟਨਾ ਸਬੰਧੀ ਕੋਈ ਪੁਖਤਾ ਜਾਣਕਾਰੀ ਨਹੀਂ ਹੈ ਕੀ ਕੁਲਵੀਰ ਨੇ ਇਸ ਘਟਨਾ ਨੂੰ ਕਿਉਂ ਅੰਜ਼ਾਮ ਦਿੱਤਾ। ਥਾਣਾ ਸਿਟੀ ਦੇ ਇੰਚਾਰਜ ਬਲਜੀਤ ਸਿੰਘ ਨੇ ਦੱਸਿਆ ਕਿ ਪੁਲਸ ਮਾਮਲੇ ਦੀ ਗਹਿਰਾਈ ਨਾਲ ਜਾਂਚ ਕਰ ਰਹੀ ਹੈ। ਜਾਂਚ ਤੋਂ ਬਾਅਦ ਅਗਲੀ ਕਾਰਵਾਈ ਅਮਲ 'ਚ ਲਿਆਂਦੀ ਜਾਵੇਗੀ।

# ਜਦ ਕੋਈ ਪੁਲਸ ਮੁਲਾਜਮ ਨਸ਼ੇ ਦੇ ਨਾਜਾਇਜ ਧੰਦੇ 'ਚ ਸ਼ਾਮਲ ਪਾਇਆ ਗਿਆ ਤਾਂ ਹੋਵੇਗੀ ਸਖਤ ਕਾਰਵਾਈ : ਦਯਾਮਾ

ਗੁਰਦਾਸਪੁਰ 25 ਜੂਨ। ਪੰਜਾਬ ਸਰਕਾਰ ਅਤੇ ਡਾਇਰੈਕਟਰ ਜਨਰਲ ਆਫ ਪੁਲਸ ਪੰਜਾਬ ਦੇ ਹੁਕਮਾਂ 'ਤੇ ਅੱਜ ਜ?ਿਲ੍ਹਾ ਪੁਲਸ ਗੁਰਦਾਸਪੁਰ ਵੱਲੋਂ ਨਜਾਇਜ ਸਰਾਬ ਦੇ ਧੰਦੇ ਲਈ ਬਦਨਾਮ ਪਿੰਡ ਪਨਿਆੜ ਵਿਖੇ ਵਿਸੇਸ ਸਰਚ ਅਭਿਆਨ ਚਲਾਇਆ ਗਿਆ। ਜਿਸ ਦੀ ਅਗਵਾਈ ਜ?ਿਲ੍ਹਾ ਪੁਲਸ ਮੁਖੀ ਗੁਰਦਾਸਪੁਰ ਦਯਾਮਾ ਹਰੀਸ ਕੁਮਾਰ ਨੇ ਕੀਤੀ। ਇਸ ਤਲਾਸੀ ਮੁਹਿੰਮ ਵਿੱਚ ਡੀ.ਐੱਸ.ਪੀ ਦੀਨਾਨਗਰ, ਥਾਣਾ ਇੰਚਾਰਜ ਦੀਨਾਨਗਰ ਅਤੇ ਕੁਝ ਹੋਰ ਥਾਣਿਆਂ ਦੇ ਇੰਚਾਰਜਾਂ ਅਤੇ ਪੁਲਸ ਮੁਲਾਜਮਾਂ ਨੇ ਹਿੱਸਾ ਲਿਆ। ਜਦੋਂ ਪੁਲਸ ਮੁਲਾਜਮਾਂ ਵੱਲੋਂ ਨਸਾ ਤਸਕਰਾਂ ਦੇ ਘਰਾਂ 'ਚ ਤਲਾਸੀ ਮੁਹਿੰਮ ਚਲਾਈ ਜਾ ਰਹੀ ਸੀ ਤਾਂ ਪਿੰਡ ਦੇ ਲੋਕ ਪੁਲਸ ਦੀ ਮਦਦ ਲਈ ਅੱਗੇ ਆ ਗਏ ਅਤੇ ਲੋਕਾਂ ਨੇ ਪੁਲਸ ਅਧਿਕਾਰੀਆਂ ਨੂੰ ਭਰੋਸਾ ਦਿੱਤਾ ਕਿ ਹੁਣ ਜੇਕਰ ਕੋਈ ਪਿੰਡ 'ਚ ਨਸੇ ਦਾ ਨਾਜਾਇਜ ਕਾਰੋਬਾਰ ਕਰਦਾ ਹੈ ਤਾਂ ਉਹ ਪੁਲਿਸ ਨੂੰ ਸੂਚਿਤ ਕਰਨਗੇ। ਲੋਕਾਂ ਨੇ ਦੋਸ ਲਾਇਆ ਕਿ ਕੁਝ ਪੁਲਸ ਮੁਲਾਜਮਾਂ ਨੂੰ ਨਸ?ਿਆਂ ਦੇ ਨਾਜਾਇਜ ਕਾਰੋਬਾਰ ਬਾਰੇ ਪੂਰੀ ਜਾਣਕਾਰੀ ਹੋਣ ਦੇ ਬਾਵਜੂਦ ਕੋਈ ਕਾਰਵਾਈ ਨਹੀਂ ਕੀਤੀ। ਇਸ ਮੌਕੇ ਜ?ਿਲ੍ਹਾ ਪੁਲਸ ਮੁਖੀ ਦਯਾਮਾ ਹਰੀਸ ਕੁਮਾਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਇਹ ਪਹਿਲਾ ਪਿੰਡ ਹੈ ਜਿੱਥੇ ਲੋਕਾਂ ਨੇ ਪੁਲਸ ਦੇ ਸਰਚ



ਅਭਿਆਨ ਦਾ ਸਮਰਥਨ ਕੀਤਾ ਹੈ ਅਤੇ ਲੋਕਾਂ ਨੇ ਖੁਦ ਨਸ?ਿਆਂ ਖਿਲਾਫ ਅੱਗੇ ਆਉਣ ਦੀ ਗੱਲ ਕਹੀ ਹੈ। ਉਨ੍ਹਾਂ ਕਿਹਾ ਕਿ ਜੇਕਰ ਕੋਈ ਪੁਲਸ ਮੁਲਾਜਮ ਨਸੀਲੇ ਪਦਾਰਥਾਂ ਦਾ ਧੰਦਾ ਕਰਦਾ ਪਾਇਆ ਗਿਆ ਤਾਂ ਉਸ ਵਿਰੁੱਧ ਸਖਤ ਕਾਰਵਾਈ ਕੀਤੀ ਜਾਵੇਗੀ। ਜ?ਿਲ੍ਹਾ ਪੁਲਸ ਮੁਖੀ ਨੇ ਦੱਸਿਆ ਕਿ ਜ?ਿਲ੍ਹਾ ਪੁਲਸ ਗੁਰਦਾਸਪੁਰ ਵਿੱਚ ਹੀ ਨਸੇ ਦੇ ਸੌਦਾਗਰਾਂ ਦੀ ਕਰੀਬ 25 ਕਰੋੜ ਰੁਪਏ ਦੀ ਜਾਇਦਾਦ ਜਬਤ ਕੀਤੀ ਗਈ ਹੈ ਅਤੇ ਇਹ ਸਿਲਸਿਲਾ ਲਗਾਤਾਰ ਜਾਰੀ ਹੈ। ਉਨ੍ਹਾਂ ਸਪੱਸਟ ਕੀਤਾ ਕਿ ਪੁਲਸ ਨਸ?ਿਆਂ ਦੇ ਗੈਰ-ਕਾਨੂੰਨੀ ਕਾਰੋਬਾਰ ਨੂੰ ਜੜ੍ਹੋਂ ਪੁੱਟਣ ਲਈ ਕੋਈ ਕਸਰ ਬਾਕੀ ਨਹੀਂ ਛੱਡੇਗੀ। ਉਨ੍ਹਾਂ ਕਿਹਾ ਕਿ ਜੇਕਰ ਕੋਈ ਵਿਅਕਤੀ ਨਸਾ ਵੇਚਣ ਵਾਲਿਆਂ ਬਾਰੇ ਗੁਪਤ ਸੂਚਨਾ ਦਿੰਦਾ ਹੈ ਤਾਂ ਉਸ ਦਾ ਨਾਂ ਕਿਸੇ ਵੀ ਹਾਲਤ ਵਿੱਚ ਜਨਤਕ ਨਹੀਂ ਕੀਤਾ ਜਾਵੇਗਾ। ਇੱਕ ਸਵਾਲ ਦੇ ਜਵਾਬ ਵਿੱਚ ਉਨ੍ਹਾਂ ਕਿਹਾ ਕਿ ਪਿੰਡ ਪਨਿਆੜ ਵਿੱਚ ਕੁਝ ਵਿਅਕਤੀਆਂ ਖ?ਿਲਾਫ ਕੇਸ ਦਰਜ ਕੀਤਾ ਗਿਆ ਹੈ ਅਤੇ ਉਨ੍ਹਾਂ ਖ?ਿਲਾਫ ਨਿਯਮਾਂ ਅਨੁਸਾਰ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਪਿੰਡ ਢੀਡਾ ਸਾਂਸੀਆ ਵਿੱਚ ਨਸਾ ਤਸਕਰੀ ਵਿੱਚ ਸਾਮਲ ਵਿਅਕਤੀਆਂ ਦੇ ਘਰਾਂ ਦੇ ਤਾਲੇ ਤੋੜ ਕੇ ਤਲਾਸੀ ਲਈ ਜਾ ਰਹੀ ਹੈ।

# ਅੰਮ੍ਰਿਤਸਰ ਤੋਂ ਦਰਭੰਗਾ ਤੇ ਬਿਲਾਸਪੁਰ ਵਿਚਾਲੇ ਚੱਲਣਗੀਆਂ ਸਪੈਸ਼ਲ ਰੇਲਗੱਡੀਆਂ

ਫਿਰੋਜ਼ਪੁਰ 25 ਜੂਨ। ਰੇਲਵੇ ਵਿਭਾਗ ਵੱਲੋਂ ਅੰਮ੍ਰਿਤਸਰ ਤੋਂ ਦਰਭੰਗਾ ਅਤੇ ਬਿਲਾਸਪੁਰ ਵਿਚਾਲੇ ਦੋ ਸਪੈਸ਼ਲ ਰੇਲਗੱਡੀਆਂ ਚਲਾਈਆਂ ਜਾ ਰਹੀਆਂ ਹਨ। ਵਿਭਾਗ ਵੱਲੋਂ ਜਾਰੀ ਸੂਚਨਾ ਦੇ ਅਨੁਸਾਰ ਅੰਮ੍ਰਿਤਸਰ-ਦਰਭੰਗਾ ਦੇ ਵਿਚਾਲੇ ਇਕ ਜੋੜੀ ਸਪੈਸ਼ਲ ਗੱਡੀ ਜਦ ਕਿ ਅੰਮ੍ਰਿਤਸਰ-ਬਿਲਾਸਪੁਰ ਦੇ ਵਿਚਾਲੇ 5 ਜੋੜੀ ਸਪੈਸ਼ਲ ਗੱਡੀਆਂ ਚੱਲਣਗੀਆਂ। ਗੱਡੀ ਨੰਬਰ 05561 ਦਰਭੰਗਾ ਤੋਂ 21 ਜੂਨ ਨੂੰ ਰਾਤ 8:20 ਵਜੇ ਰਵਾਨਾ ਹੋ ਕੇ ਐਤਵਾਰ ਤੜਕੇ 1:25 ਵਜੇ ਅੰਮ੍ਰਿਤਸਰ ਪਹੁੰਚੇਗੀ। ਉਥੋਂ ਵਾਪਸੀ ਦੇ ਲਈ ਗੱਡੀ ਨੰਬਰ 05562 ਐਤਵਾਰ 23 ਜੂਨ ਨੂੰ ਤੜਕੇ 4:25 ਵਜੇ ਰਵਾਨਾ ਹੋ ਕੇ ਸੋਮਵਾਰ ਸਵੇਰੇ 11 ਵਜੇ ਦਰਭੰਗਾ ਪਹੁੰਚੇਗੀ। ਇਸ ਗੱਡੀ ਦਾ ਦੋਹੇਂ ਦਿਸ਼ਾਵਾਂ 'ਚ ਠਹਿਰਾਓ



ਸਮਸਤੀਪੁਰ, ਮੁਜੱਫਰਪੁਰ, ਹਾਜ਼ੀਪੁਰ, ਛੱਪਰਾ, ਗੌਰਖਪੁਰ, ਬਸਤੀ, ਗੋਂਡਾ, ਸੀਤਾਪੁਰ, ਮੁਰਾਦਾਬਾਦ, ਗਾਜ਼ਿਆਬਾਦ, ਦਿੱਲੀ, ਅੰਬਾਲਾ, ਲੁਧਿਆਣਾ, ਜਲੰਧਰ ਸਿਟੀ ਸਟੇਸ਼ਨਾਂ 'ਤੇ ਹੋਵੇਗਾ। ਗੱਡੀ ਨੰਬਰ 08293 ਬਿਲਾਸਪੁਰ ਤੋਂ 25 ਜੂਨ ਤੋਂ ਲੈ ਕੇ 9 ਜੁਲਾਈ ਤੱਕ ਹਰ ਮੰਗਲਵਾਰ ਅਤੇ ਹਰ ਸ਼ਨੀਵਾਰ ਨੂੰ ਬਾਅਦ ਦੁਪਹਿਰ 1:30 ਵਜੇ ਰਵਾਨਾ ਹੋ ਕੇ ਹਰ ਵੀਰਵਾਰ ਅਤੇ ਮੰਗਲਵਾਰ ਨੂੰ ਸਵੇਰੇ 7:15 ਵਜੇ ਅੰਮ੍ਰਿਤਸਰ ਪਹੁੰਚਿਆ ਕਰੇਗੀ। ਇਥੋਂ ਵਾਪਸੀ ਦੇ ਲਈ ਗੱਡੀ ਨੰਬਰ 08294 ਹਰ ਸੋਮਵਾਰ ਅਤੇ ਹਰ ਵੀਰਵਾਰ ਨੂੰ ਰਾਤ 8:10 ਵਜੇ ਰਵਾਨਾ ਹੋ ਕੇ ਬੁੱਧਵਾਰ ਅਤੇ ਸ਼ਨੀਵਾਰ ਨੂੰ ਸਵੇਰੇ 11:45 ਵਜੇ ਬਿਲਾਸਪੁਰ ਪਹੁੰਚਿਆ ਕਰੇਗੀ। ਇਨ੍ਹਾਂ ਗੱਡੀਆਂ ਦਾ ਦੋਹਾਂ ਦਿਸ਼ਾਵਾਂ 'ਚ ਠਹਿਰਾਓ ਭਾਟਾਪਾੜਾ, ਰਾਏਪੁਰ, ਦੁਰਗ, ਰਾਜਨੰਦਗਾਂਵ, ਡੋਂਗਰਾਗੜ੍ਹ, ਗੋਂਡੀਆ, ਭੰਡਾਰਾ ਰੋਡ, ਨਾਗਪੁਰ, ਇਟਾਰਸੀ, ਭੋਪਾਲ, ਬੀਨਾ, ਝਾਂਸੀ, ਗਵਾਲੀਅਰ, ਆਗਰਾ ਕੈਂਟ, ਮਥੁਰਾ, ਹਜ਼ਰਤ ਨਿਜ਼ਾਮੁਦੀਨ, ਗਾਜ਼ੀਆਬਾਦ, ਮੇਰਠ ਸਿਟੀ, ਸਹਾਰਨਪੁਰ, ਅੰਬਾਲਾ ਕੈਂਟ, ਢੰਡਾਰੀ ਕਲਾਂ, ਜਲੰਧਰ ਸਟੇਸ਼ਨਾਂ 'ਤੇ ਹੋਵੇਗਾ।

## ਹਵੇਲੀ ਦਾ ਤਾਲਾ ਤੋੜ ਕੇ ਮੱਝਾਂ ਚੋਰੀ ਕਰਨ ਦੇ ਮਾਮਲੇ 'ਚ 3 ਗ੍ਰਿਫਤਾਰ

ਬਟਾਲਾ 25 ਜੂਨ। ਹਵੇਲੀ ਦਾ ਤਾਲਾ ਤੋੜ ਕੇ ਮੱਝਾਂ ਚੋਰੀ ਕਰਨ ਵਾਲੇ 3 ਵਿਅਕਤੀਆਂ ਨੂੰ ਥਾਣਾ ਫਤਿਹਗੜ੍ਹ ਚੂੜੀਆਂ ਦੀ ਪੁਲਸ ਨੇ ਗ੍ਰਿਫਤਾਰ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਏ.ਐੱਸ.ਆਈ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਸਵਰਨਜੀਤ ਸਿੰਘ ਪੁੱਤਰ ਬੂਟਾ ਸਿੰਘ ਵਾਸੀ ਪਿੰਡ ਖੋਖਰ ਨੇ




ਆਪਣੀ ਮੋਟਰ ਵਾਲੀ ਹਵੇਲੀ ਵਿਚ 10 ਪਸ਼ੂ ਰੱਖੇ ਹੋਏ ਹਨ ਅਤੇ ਬੀਤੀ 30 ਮਈ ਦੀ ਸ਼ਾਮ ਨੂੰ ਉਕਤ ਵਿਅਕਤੀ ਆਪਣੀ ਹਵੇਲੀ ਨੂੰ ਤਾਲਾ ਮਾਰ ਕੇ ਘਰ ਚਲਾ ਗਿਆ ਸੀ ਅਤੇ ਅਗਲੇ ਦਿਨ ਸਵੇਰੇ ਜਦੋਂ ਹਵੇਲੀ ਆਇਆ ਸੀ ਤਾਂ 3 ਮੱਝਾਂ ਉਥੇ ਨਹੀਂ ਸੀ। ਇਸ ਦੌਰਾਨ ਉਨ੍ਹਾਂ ਨੂੰ ਆਸ-ਪਾਸ ਪਤਾ ਕਰਨ 'ਤੇ ਪਤਾ ਨਹੀਂ ਚੱਲਿਆ, ਜੋ ਹੁਣ ਪਤਾ ਲੱਗਣ 'ਤੇ ਥਾਣਾ ਫਤਿਹਗੜ੍ਹ ਚੂੜੀਆਂ ਵਲੋਂ ਦਰਜ ਮੁਕੱਦਮਾ ਨੰ.55 ਮਿਤੀ 14.6.24 ਧਾਰਾ 4537, 380, 411 ਆਈ.ਪੀ.ਸੀ ਤਹਿਤ ਗੁਰਭੇਜ ਸਿੰਘ ਤੇ ਗਰਨਾਮ ਸਿੰਘ ਵਾਸੀਆਨ ਪਿੰਡ ਸੂਰਾਪੁਰ, ਥਾਣਾ ਅਜਨਾਲਾ ਅਤੇ ਬਿਕਰਮਜੀਤ ਸਿੰਘ ਵਾਸੀ ਭਿੰਡੀਸੈਦਾਂ, ਜ਼ਿਲਾ ਅੰਮ੍ਰਿਤਸਰ ਨੂੰ ਗ੍ਰਿਫਤਾਰ ਕੀਤਾ ਗਿਆ ਅਤੇ ਇਨ੍ਹਾਂ ਨੇ ਦੱਸਿਆ ਕਿ ਬੀਤੀ 30/31 ਮਈ ਦੀ ਦਰਮਿਆਨੀ ਰਾਤ ਨੂੰ ਉਨ੍ਹਾਂ ਵਲੋਂ ਪਿੰਡ ਖੋਖਰ ਤੋਂ ਮੱਝਾਂ ਚੋਰੀ ਕੀਤੀਆਂ ਗਈਆਂ ਸਨ।

# ਬਾਗਬਾਨੀ ਨੂੰ ਉਤਸ਼ਾਹਿਤ ਕਰਨ ਲਈ ਪੰਜਾਬ ਸਰਕਾਰ ਦਾ ਵੱਡਾ ਫੈਸਲਾ, ਪਠਾਨਕੋਟ ਦੀ ਲੀਚੀ ਨੂੰ ਭੇਜਿਆ ਜਾਵੇਗਾ ਵਿਦੇਸ਼

ਚੰਡੀਗੜ੍ਹ 25 ਜੂਨ। ਪੰਜਾਬ ਸਰਕਾਰ ਵੱਲੋਂ ਸੂਬੇ 'ਚ ਸਭ ਤੋਂ ਵਧੀਆ ਗੁਣਵੱਤਾ ਵਾਲੀ ਜ?ਿਲ੍ਹਾ ਪਠਾਨਕੋਟ ਦੀ ਲੀਚੀ ਨੂੰ ਵਿਦੇਸ਼ਾਂ 'ਚ ਭੇਜਿਆ ਜਾਵੇਗਾ। ਇਸ ਨਾਲ ਕਾਸ਼ਤਕਾਰਾਂ ਦੀ ਆਮਦਨ ਵਧਾਉਣ 'ਚ ਮਦਦ ਮਿਲੇਗੀ ਤੇ ਧਰਤੀ ਹੇਠਲੇ ਪਾਣੀ 'ਤੇ ਕਿਸਾਨਾਂ ਦੀ ਨਿਰਭਰਤਾ ਨੂੰ ਵੀ ਘਟਾਇਆ ਜਾ ਸਕੇਗਾ। ਇਹ ਐਲਾਨ ਬਾਗਬਾਨੀ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨੇ ਸੁਜਾਨਪੁਰ ਸਥਿਤ ਲੀਚੀ ਜੋਨ ਵਿਖੇ ਮਨਾਏ ਜਾ ਰਹੇ ਰਾਜ ਪੱਧਰੀ ਲੀਚੀ ਪ੍ਰਦਰਸਨੀ ਤੇ ਵਿਚਾਰ ਗੋਸ਼ਟੀ ਦੌਰਾਨ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ 'ਚ ਸਭ ਤੋਂ ਵਧੀਆ ਕੁਆਲਿਟੀ ਦੀ ਲੀਚੀ ਜ?ਿਲ੍ਹਾ ਪਠਾਨਕੋਟ 'ਚ ਮਿਲਦੀ ਹੈ ਤੇ ਪੂਰੇ ਪੰਜਾਬ 'ਚ ਕੀਤੀ ਜਾ ਰਹੀ ਲੀਚੀ ਦੀ ਪੈਦਾਵਾਰ 'ਚ 60 ਫੀਸਦੀ ਯੋਗਦਾਨ ਜ?ਿਲ੍ਹਾ ਪਠਾਨਕੋਟ ਦਾ ਹੈ। ਕਿਸਾਨਾਂ ਨੂੰ ਲੀਚੀ ਦੀ ਪੈਦਾਵਾਰ ਲਈ ਜਾਗਰੂਕ ਕਰਨ ਦੇ ਮਕਸਦ ਨਾਲ ਪੰਜਾਬ ਸਰਕਾਰ ਉਪਰਾਲਾ ਕਰੇਗੀ ਕਿ ਪਠਾਨਕੋਟ ਦੀ ਲੀਚੀ ਵਿਦੇਸਾਂ ਤੱਕ ਪਹੁੰਚੇ ਅਤੇ ਇਸ ਕਾਰਜ ਲਈ ਛੇਤੀ ਹੀ ਲੀਚੀ ਦੀ ਖੇਪ ਵਿਦੇਸ ਲਈ ਰਵਾਨਾ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਧਰਤੀ ਹੇਠਲਾ ਪਾਣੀ ਬਹੁਤ ਤੇਜੀ ਨਾਲ ਹੇਠਾਂ ਜਾ ਰਿਹਾ ਹੈ ਤੇ ਇਸ ਤੋਂ ਬਚਾਅ ਦਾ ਇਕ ਹੀ ਹੱਲ ਹੈ ਕਿ ਕਿਸਾਨਾਂ ਨੂੰ ਝੋਨੇ ਤੇ ਕਣਕ ਦੀ ਖੇਤੀ ਤੋਂ ਬਾਹਰ ਕੱਢ ਕੇ ਬਾਗਬਾਨੀ ਵੱਲ ਪ੍ਰੇਰਿਤ ਕੀਤਾ ਜਾਵੇ। ਜਿੰਨੇ ਜ?ਿਆਦਾ ਬਾਗ ਲਾਏ ਜਾਣਗੇ, ਓਨੀ ਹੀ ਤਪਸ਼ ਘੱਟ ਹੋਵੇਗੀ ਤੇ ਵਾਤਾਵਰਨ 'ਚ ਸੁਧਾਰ ਹੋਵੇਗਾ। ਉਨ੍ਹਾਂ ਨੇ ਆਪਣੀ ਤਨਖਾਹ 'ਚੋਂ ਇਕ ਲੱਖ ਰੁਪਏ ਪਠਾਨਕੋਟ ਦੀ ਲੀਚੀ ਨੂੰ ਵਿਦੇਸ ਤੱਕ ਪਹੁੰਚਾਉਣ ਲਈ ਯੋਗਦਾਨ ਵਜੋਂ ਦਿੱਤੇ। ਉਨ੍ਹਾਂ ਕਿਹਾ ਕਿ ਲੀਚੀ ਦੀ ਖੇਤੀ ਉਤਸ਼ਾਹਿਤ ਕਰਨ ਲਈ ਜ਼ਿਲੇ 'ਚ ਲੀਚੀ ਅਸਟੇਟ



ਸੁਜਾਨਪੁਰ ਵਿਖੇ ਸਥਾਪਿਤ ਕੀਤੀ ਗਈ ਹੈ, ਜਿਸ 'ਚ ਇਲਾਕੇ ਦੇ ਬਾਗਬਾਨਾਂ ਨੂੰ ਇਕ ਛੱਤ ਹੇਠ ਸਾਰੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਇਸ ਮੌਕੇ ਲੀਚੀ ਤੇ ਰੇਸ਼ਮ ਨਾਲ ਸਬੰਧਤ ਅਗਾਂਹਵਧੂ ਕਿਸਾਨਾਂ ਨੂੰ ਵੀ ਸਨਮਾਨਿਤ ਕੀਤਾ ਗਿਆ। ਇਸ ਮੌਕੇ ਖੁਰਾਕ, ਸਿਵਲ ਸਪਲਾਈ ਤੇ ਖਪਤਕਾਰ ਮਾਮਲੇ ਅਤੇ ਜੰਗਲਾਤ ਤੇ ਜੰਗਲੀ ਜੀਵ ਸੁਰੱਖਿਆ ਮੰਤਰੀ ਲਾਲ ਚੰਦ ਕਟਾਰੂਚੱਕ, ਡਾਇਰੈਕਟਰ ਬਾਗਬਾਨੀ ਸ਼ੈਲਿੰਦਰ ਕੌਰ, ਆਦਿੱਤਿਆ ਉੱਪਲ ਡੀ.ਸੀ. ਪਠਾਨਕੋਟ, ਸੁਹੇਲ ਮੀਰ ਐੱਸ.ਐੱਸ.ਪੀ. ਪਠਾਨਕੋਟ, ਅਮਿਤ ਮੰਟੂ ਹਲਕਾ ਇੰਚਾਰਜ ਸੁਜਾਨਪੁਰ, ਡਾ. ਹਰਦੀਪ ਸਿੰਘ ਡਿਪਟੀ ਡਾਇਰੈਕਟਰ ਬਾਗਬਾਨੀ ਪਠਾਨਕੋਟ, ਜਤਿੰਦਰ ਕੁਮਾਰ ਬਾਗਬਾਨੀ ਵਿਕਾਸ ਅਫਸਰ, ਸੰਯੁਕਤ ਡਾਇਰੈਕਟਰ ਬਾਗਬਾਨੀ ਵਿਭਾਗ, ਡੀ.ਜੀ. ਸਿੰਘ ਡਿਪਟੀ ਡੀ.ਈ.ਓ. ਪ੍ਰਾਇਮਰੀ ਤੇ ਹੋਰ ਵੱਖ-ਵੱਖ ਸਬੰਧਤ ਵਿਭਾਗਾਂ ਦੇ ਜ?ਿਲ੍ਹਾ ਅਧਿਕਾਰੀ, ਬਾਗਬਾਨ, ਮਧੂ ਮੱਖੀ ਪਾਲਕ ਆਦਿ ਹਾਜਰ ਸਨ।

## ਨਾਬਾਲਗਾ ਨੂੰ ਵਿਆਹ ਦਾ ਝਾਂਸਾ ਦੇ ਕੇ ਲਿਜਾਣ ਦੇ ਦੋਸ਼ 'ਚ ਨੌਜਵਾਨ ਖਿਲਾਫ ਕੇਸ ਦਰਜ

ਫਿਰੋਜ਼ਪੁਰ 25 ਜੂਨ। ਕਰੀਬ ਸਾਢੇ 17 ਸਾਲ ਦੀ ਨਾਬਾਲਗ ਕੁੜੀ ਨੂੰ ਵਰਗਲਾ ਕੇ ਵਿਆਹ ਕਰਨ ਦਾ ਝਾਂਸਾ ਦੇ ਕੇ ਭਜਾ ਲਿਜਾਣ ਦੇ ਦੋਸ਼ 'ਚ ਥਾਣਾ ਸਿਟੀ ਫਿਰੋਜ਼ਪੁਰ ਦੀ ਪੁਲਸ ਨੇ ਨੌਜਵਾਨ ਲਖਵਿੰਦਰ ਪੁੱਤਰ ਮਲਕੀਤ ਦੇ ਖ?ਿਲਾਫ ਕੇਸ ਦਰਜ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਏ. ਐੱਸ. ਆਈ. ਰਮਨ ਕੁਮਾਰ ਨੇ ਦੱਸਿਆ ਕਿ ਕੁੜੀ ਦੇ ਪਿਤਾ ਨੇ ਪੁਲਸ ਨੂੰ ਦਿੱਤੇ ਬਿਆਨਾਂ 'ਚ ਦੱਸਿਆ ਹੈ ਕਿ ਉਹ ਮਾਂ ਸਰਸਵਤੀ ਐਨਕਲੇਵ 'ਚ ਕਿਰਾਏ ਦੇ ਮਕਾਨ 'ਚ ਰਹਿੰਦਾ ਹੈ। ਬੀਤੀ ਸਵੇਰੇ 5 ਵਜੇ ਦੇ ਕਰੀਬ ਜਦੋਂ ਉਸ ਨੂੰ ਜਾਗ ਆਈ ਤਾਂ ਉਸ ਨੇ ਦੱਸਿਆ ਕਿ ਉਸ ਦੀ ਕੁੜੀ ਘਰ 'ਚ ਮੌਜੂਦ ਨਹੀਂ ਸੀ, ਜਿਸ ਦੀ ਭਾਲ ਕਰਨ 'ਤੇ ਪਤਾ ਲੱਗਾ ਕਿ ਨਾਮਜ਼ਦ ਨੌਜਵਾਨ ਉਸ ਦੀ ਕੁੜੀ ਨੂੰ ਵਰਗਲਾ ਕੇ ਆਪਣੇ ਨਾਲ ਲੈ ਗਿਆ ਸੀ।

ਕੌਮੀ ਪਤ੍ਰਿਕਾ

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689
011-23315814
Mob. : 9971359517
9312262300

E-mail address:
qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

## ਤੇਜ ਰਫਤਾਰ ਮੋਟਰਸਾਈਕਲ ਖੜ੍ਹੇ ਟਿੱਪਰ 'ਚ ਆ ਵੱਜਿਆ, ਨੌਜਵਾਨ ਦੀ ਮੌਕੇ 'ਤੇ ਹੀ ਹੋ ਗਈ ਮੌਤ

ਗੁਰਦਾਸਪੁਰ 25 ਜੂਨ। ਪਠਾਨਕੋਟ-ਅੰਮ੍ਰਿਤਸਰ ਨੈਸ਼ਨਲ ਹਾਈਵੇ 'ਤੇ ਪਿੰਡ ਜੀਵਨਵਾਲ ਬੱਬਰੀ ਦੇ ਫਲਾਈਓਵਰ 'ਤੇ ਖੜ੍ਹੇ ਇੱਕ ਰੇਤ ਨਾਲ ਭਰੇ ਟਿੱਪਰ ਵਿੱਚ ਅੰਮ੍ਰਿਤਸਰ ਸਾਈਡ ਤੋਂ ਆ ਰਿਹਾ ਮੋਟਰਸਾਈਕਲ ਆ ਵੱਜਿਆ, ਜਿਸ ਕਾਰਨ ਮੋਟਰਸਾਈਕਲ ਸਵਾਰ ਦੀ ਮੌਕੇ 'ਤੇ ਹੀ ਮੌਤ ਹੋ ਗਈ। ਮ੍ਰਿਤਕ ਦੀ ਪਛਾਣ ਨੰਦਨ ਕੁਮਾਰ ਪੁੱਤਰ ਓਮ ਪ੍ਰਕਾਸ਼ ਵਾਸੀ ਬਾਬਾ ਬਕਾਲਾ ਵਜੋਂ ਹੋਈ ਹੈ। ਜਾਣਕਾਰੀ ਦਿੰਦਿਆਂ ਮੌਕੇ 'ਤੇ ਮੌਜੂਦ ਲੋਕਾਂ ਅਤੇ ਸੜਕ ਸੁਰੱਖਿਆ ਫੋਰਸ ਦੇ ਮੁਲਾਜਮ ਨੇ ਦੱਸਿਆ ਕਿ ਜੀਵਨਵਾਲ ਬੱਬਰੀ ਫਲਾਈ ਓਵਰ 'ਤੇ ਇੱਕ ਰੇਤ ਨਾਲ ਭਰਿਆ ਟਿੱਪਰ ਖੜਾ ਸੀ ਕਿ ਅੰਮ੍ਰਿਤਸਰ ਸਾਈਡ ਤੋਂ ਆ ਰਿਹਾ ਇੱਕ ਮੋਟਰਸਾਈਕਲ ਸਵਾਰ ਸਿੱਧਾ ਟਿੱਪਰ ਦੇ ਪਿੱਛੇ ਆ ਟਕਰਾਇਆ। ਸ਼ਾਇਦ ਉਹ ਨੀਂਦ ਕਾਰਨ ਜਾਂ ਤੇਜ ਰਫਤਾਰ ਕਾਰਨ ਮੋਟਰਸਾਈਕਲ 'ਤੇ ਕਾਬੂ ਨਾ ਕਰ ਸਕਿਆ ਤੇ ਸਿੱਧਾ ਟਿੱਪਰ 'ਚ ਆ ਵੱਜਿਆ, ਜਿਸ ਕਾਰਨ ਉਸ ਦੀ ਮੌਕੇ 'ਤੇ ਹੀ ਮੌਤ ਹੋ ਗਈ। ਇਹ ਸਾਫ ਤੌਰ 'ਤੇ ਕਿਹਾ ਜਾ ਸਕਦਾ ਹੈ ਕਿ ਦੁਰਘਟਨਾ ਵਿੱਚ ਟਿੱਪਰ ਵਾਲੇ ਦਾ ਕੋਈ ਕਸੂਰ ਨਹੀਂ ਹੈ ਕਿਉਂਕਿ ਟਿੱਪਰ ਆਪਣੀ ਸਾਈਡ 'ਤੇ ਖੜ੍ਹਾ ਸੀ। ਉਨ੍ਹਾਂ ਦੱਸਿਆਆ ਰਿਹਾ ਇੱਕ ਮੋਟਰਸਾਈਕਲ ਸਵਾਰ ਸਿੱਧਾ ਟਿੱਪਰ ਦੇ ਪਿੱਛੇ ਆ ਟਕਰਾਇਆ। ਸ਼ਾਇਦ ਉਹ ਨੀਂਦ ਕਾਰਨ ਜਾਂ ਤੇਜ ਰਫਤਾਰ ਕਾਰਨ ਮੋਟਰਸਾਈਕਲ 'ਤੇ ਕਾਬੂ ਨਾ ਕਰ ਸਕਿਆ ਤੇ ਸਿੱਧਾ ਟਿੱਪਰ 'ਚ ਆ ਵੱਜਿਆ, ਕਿ ਸੂਚਨਾ ਮਿਲਣ 'ਤੇ ਮੌਕੇ 'ਤੇ ਸੜਕ ਸੁਰੱਖਿਆ ਫੋਰਸ ਦੇ ਮੁਲਾਜਮ ਪਹੁੰਚ ਗਏ ਅਤੇ ਥਾਣਾ ਸਦਰ ਵਿਖੇ ਸੂਚਨਾ ਦਿੱਤੀ, ਜਿਸ 'ਤੇ ਥਾਣਾ ਸਦਰ ਦੇ ਏ.ਐੱਸ.ਆਈ. ਤਿਲਕ ਰਾਜ ਅਤੇ ਹੋਰ ਮੁਲਾਜਮਾਂ ਨੇ ਮੌਕੇ 'ਤੇ ਪਹੁੰਚ ਕੇ ਮ੍ਰਿਤਕ ਸਰੀਰ ਨੂੰ ਸਿਵਲ ਹਸਪਤਾਲ ਪਹੁੰਚਾਇਆ। ਉਨ੍ਹਾਂ ਦੱਸਿਆ ਕਿ ਮ੍ਰਿਤਕ ਦੀ ਪਛਾਣ ਨੰਦਨ ਕੁਮਾਰ ਪੁੱਤਰ ਓਮ ਪ੍ਰਕਾਸ਼ ਵਾਸੀ ਬਾਬਾ ਬਕਾਲਾ ਵਜੋਂ ਹੋਈ ਹੈ ਜੋ ਬਾਬਾ ਬਕਾਲਾ ਤੋਂ ਗੁਰਦਾਸਪੁਰ ਜਾ ਰਿਹਾ ਸੀ। ਮ੍ਰਿਤਕ ਦੇ ਪਰਿਵਾਰ ਵਾਲਿਆਂ ਨੂੰ ਦੁਰਘਟਨਾ ਬਾਰੇ ਸੂਚਿਤ ਕਰ ਦਿੱਤਾ ਗਿਆ ਹੈ।

# ਪ੍ਰੇਮ ਸੰਬੰਧਾਂ ਦੀ ਰੰਜਿਸ਼ 'ਚ ਵੱਡੀ ਵਾਰਦਾਤ, ਵੀਡੀਓ 'ਚ ਦੇਖੋ ਕਿਵੇਂ 30-35 ਨੌਜਵਾਨਾਂ ਨੇ ਘਰ ਆ ਕੇ ਚਲਾਈਆਂ ਤਲਵਾਰਾਂ

ਫਰੀਦਕੋਟ 25 ਜੂਨ। ਫਰੀਦਕੋਟ ਵਿਚ ਪ੍ਰੇਮ ਸਬੰਧਾਂ ਕਾਰਨ ਪੈਦਾ ਹੋਈ ਰੰਜਿਸ਼ ਨੇ ਇੰਨਾਂ ਭਿਆਨਕ ਰੂਪ ਧਾਰ ਲਿਆ ਕਿ ਇਕ ਪਰਿਵਾਰ ਨੂੰ ਆਪਣੀ ਜਾਨ ਬਚਾਉਣ ਲਈ ਛੱਤ ਤੋਂ ਕਥਿਤ ਤੌਰ 'ਤੇ ਛਾਲ ਮਾਰ ਕੇ ਗੁਆਂਢੀਆਂ ਘਰ ਲੁਕਣਾਂ ਪਿਆ ਪਰ ਹਮਲਾਵਰਾਂ ਵੱਲੋਂ ਘਰ ਦਾ ਸਾਰਾ ਕੀਮਤੀ ਸਾਮਾਨ ਤਹਿਸ-ਨਹਿਸ ਕਰ ਦਿੱਤਾ ਗਿਆ। ਇਸ ਪੂਰੇ ਮਾਮਲੇ ਦੀ ਵੀਡੀਓ ਵੀ ਸੋਸ਼ਲ ਮੀਡੀਆ 'ਤੇ ਤੇਜੀ ਨਾਲ ਵਾਇਰਲ ਹੋ ਰਹੀ ਹੈ। ਵੀਡੀਓ 'ਚ ਸਾਫ ਨਜਰ ਆ ਰਿਹਾ ਹੈ ਕਿ ਵੱਡੀ ਗਿਣਤੀ 'ਚ ਨੌਜਵਾਨ ਤੇਜਧਾਰ ਹਥਿਆਰਾਂ ਨਾਲ ਲੈਸ ਹੋ ਕਿ ਇਕ ਘਰ 'ਤੇ ਹਮਲਾ ਕਰ ਕੇ ਭੰਨ-ਤੋੜ ਕਰ ਰਹੇ ਹਨ। ਹਮਲਾਵਰਾਂ ਦੇ ਇਸ ਹਮਲੇ ਵਿਚ ਮਕਾਨ ਮਾਲਕਾਂ ਦਾ ਜਾਨੀ ਨੁਕਸਾਨ ਤੋਂ ਬਚਾਅ ਹੋ ਗਿਆ ਪਰ ਨਾਲ ਲੱਗਦੇ ਘਰ ਦੀ ਛੱਤ 'ਤੇ ਸੌਂ ਰਿਹਾ ਨਾਬਾਲਗ ਹਮਲਾਵਰਾਂ ਵੱਲੋਂ ਚਲਾਈ ਇੱਟ ਨਾਲ ਬੁਰੀ ਤਰ੍ਹਾਂ ਜਖਮੀ ਹੋ ਗਿਆ। ਪੁਲਸ ਵੱਲੋਂ ਇਸ ਮਾਮਲੇ ਵਿਚ ਜਿੱਥੇ ਕੁਝ ਲੋਕਾਂ ਨੂੰ ਗ੍ਰਿਫਤਾਰ ਕਰਨ ਦੀ ਗੱਲ ਕਹੀ ਜਾ ਰਹੀ ਹੈ ਉੱਥੇ ਹੀ ਦੋਸ਼ੀਆਂ ਖ਼ਿਲਾਫ ਸਖਤ ਤੋਂ ਸਖਤ ਕਾਰਵਾਈ ਲਈ ਪੀੜਤ ਪਰਿਵਾਰ ਗੁਹਾਰ ਲਗਾ ਰਿਹਾ ਹੈ। ਜਾਣਕਾਰੀ ਮੁਤਾਬਕ ਇਹ ਮਾਮਲਾ ਮਾਮਲਾ ਫਰੀਦਕੋਟ ਦੇ ਮਹੁੱਲਾ ਮਾਹੀਖਾਨਾਂ ਦੇ ਇਕ ਘਰ ਦਾ ਹੈ। ਦੱਸਿਆ ਜਾ ਰਿਹਾ ਹੈ ਕਿ ਤਿੰਨ ਨੰਬਰ ਗਲੀ ਵਿਚ



ਰਹਿਣ ਵਾਲੇ ਇਕ ਨੌਜਵਾਨ ਦੇ ਘਰ ਕੁਝ ਲੋਕਾਂ ਨੇ ਦੇਰ ਰਾਤ ਤੇਜਧਾਰ ਹਥਿਆਰਾਂ ਨਾਲ ਹਮਲਾ ਕਰ ਕੇ ਭੰਨ-ਤੋੜ ਕੀਤੀ। ਇਸ ਸੰਬੰਧੀ ਜਦੋਂ ਮੌਕੇ 'ਤੇ ਜਾ ਕੇ ਪੀੜਤ ਪਰਿਵਾਰ ਨਾਲ ਗੱਲ ਕੀਤੀ ਗਈ ਤਾਂ ਮਕਾਨ ਮਾਲਕ ਨੌਜਵਾਨ ਨੇ ਦੱਸਿਆ ਕਿ ਉਹ ਫਾਸਟ ਫੂਡ ਦੀ ਰੇਹੜੀ ਲਗਾਉਂਦਾ ਹੈ। ਦੇਰ ਰਾਤ ਉਸ ਨੇ ਆਪਣੇ ਭਰਾ ਨੂੰ ਰੇਹੜੀ 'ਤੇ ਕਿਸੇ ਕੰਮ ਸੰਬੰਧੀ ਬੁਲਾਇਆ ਸੀ। ਇਸ ਦੌਰਾਨ ਜਦੋਂ ਉਸ ਦਾ ਭਰਾ ਉਸ ਨਾਲ ਕੰਮਕਾਰ ਕਰਵਾ ਕੇ ਜਦੋਂ ਘਰ ਆਉਣ ਲੱਗਾ ਤਾਂ ਉਸ ਨੂੰ ਕਿਸੇ ਦੋਸਤ ਦਾ ਫੋਨ ਆਇਆ ਤਾਂ ਉਹ ਆਪਣੇ ਦੋਸਤ ਕੋਲ ਚਲਾ ਗਿਆ। ਉਨ੍ਹਾਂ ਦੱਸਿਆ ਕਿ ਰਾਹ ਵਿਚ ਕੁਝ ਲੋਕਾਂ ਨੇ ਉਸ ਦੇ ਭਰਾ ਅਤੇ ਉਸ ਦੇ ਦੋਸਤ ਦੀ ਕਾਫੀ ਕੁੱਟਮਾਰ ਕੀਤੀ, ਜਿਸ ਕਾਰਨ ਉਸ ਦੇ ਭਰਾ ਦਾ ਦੋਸਤ ਹਸਪਤਾਲ ਭਰਤੀ ਹੋ ਗਿਆ ਪਰ ਉਸ ਦਾ ਭਰਾ ਦਾਖਲ ਨਹੀਂ ਹੋਇਆ। ਉਨ੍ਹਾਂ ਦੱਸਿਆ ਕਿ ਉਸ ਤੋਂ ਬਾਅਦ ਜਦੋਂ ਉਹ ਆਪਣਾ ਕੰਮ ਕਾਰ ਬੰਦ ਕਰ ਕੇ ਘਰ ਆ ਗਿਆ ਤਾਂ ਕੁਝ ਲੋਕਾਂ ਨੇ ਉਨ੍ਹਾਂ ਦੇ ਘਰ ਦੇ ਦਰਵਾਜੇ ਭੰਨਣੇ ਸ਼ੁਰੂ ਕਰ ਦਿੱਤੇ, ਜਿਸ ਕਾਰਨ ਉਸ ਨੇ ਆਪਣੇ ਬੱਚਿਆ, ਪਤਨੀ ਅਤੇ ਮਾਂ ਨੂੰ ਆਪਣੇ ਘਰ ਦੀ ਛੱਤ ਰਾਹੀਂ ਆਪਣੇ ਗੁਆਂਢੀਆਂ ਘਰ ਲੁੱਕਾ ਦਿੱਤਾ ਪਰ ਹਮਲਾਵਰਾਂ ਨੇ ਉਨ੍ਹਾਂ ਦੇ ਘਰ ਦੇ ਦਰਵਾਜੇ ਭੰਨ ਕੇ ਅੰਦਰ ਆ ਕੇ ਘਰ ਦਾ ਸਾਰਾ ਸਾਮਾਨ ਤੋੜ ਦਿੱਤਾ ਤੇ ਉਨ੍ਹਾਂ ਬਹੁਤ ਮੁਸ਼ਕਿਲ ਨਾਲ ਆਪਣੀ ਜਾਨ ਬਚਾਈ। ਜਾਣਕਾਰੀ ਮੁਤਾਬਕ ਉਸ ਦੇ ਭਰਾ ਦੀ ਮੁਹੱਲੇ ਦੇ ਕੁਝ ਲੋਕਾਂ ਨਾਲ ਪੁਰਾਣੀ ਰੰਜਿਸ਼ ਹੈ, ਜਿਸ ਕਾਰਨ ਉਹ ਉਸ ਨਾਲ ਅਕਸਰ ਲੜਦੇ-ਝਗੜਦੇ ਰਹਿੰਦੇ ਹਨ। ਇਸੇ ਰੰਜਿਸ਼ ਤਹਿਤ ਅੱਜ ਉਨ੍ਹਾਂ ਨੇ ਘਰ ਆ ਕੇ ਪਰਿਵਾਰ ਨੂੰ ਮਾਰਨ ਦੀ ਕੋਸ਼ਿਸ਼ ਕੀਤੀ। ਉਨ੍ਹਾਂ ਦੱਸਿਆ ਕਿ ਜਦੋਂ ਉਕਤ ਹਮਲਾਵਰ ਉਨ੍ਹਾਂ ਦੇ ਘਰ ਦੀ ਭੰਨ-ਤੋੜ ਕਰ ਰਹੇ ਸਨ ਤਾਂ ਉਨ੍ਹਾਂ ਕਈ ਵਾਰ ਪੁਲਸ ਨੂੰ ਫੋਨ ਕੀਤਾ ਪਰ ਕਰੀਬ ਇੱਕ ਘੰਟੇ ਬਾਅਦ ਪੁਲਸ ਮੌਕੇ 'ਤੇ ਪਹੁੰਚੀ। ਉਨ੍ਹਾਂ ਆਖਿਆ ਕਿ ਇਹ ਸ਼ਰੇਆਮ ਗੁੰਡਾਗਰਦੀ ਹੈ, ਜਿਸ ਦਾ ਇਨਸਾਫ ਮਿਲਣਾ ਚਾਹੀਦਾ ਹੈ। ਮਾਮਲੇ ਸੰਬੰਧੀ ਜਾਣਕਾਰੀ ਦਿੰਦਿਆਂ ਐੱਸ. ਐੱਸ. ਪੀ. ਫਰੀਦਕੋਟ ਹਰਜੀਤ ਸਿੰਘ ਨੇ ਦੱਸਿਆ ਨੇ ਕਿ ਜੋ ਸ਼ੋਸਲ ਮੀਡੀਆ 'ਤੇ ਵੀਡੀਓ ਵਾਇਰਲ ਹੋ ਰਹੀ ਹੈ ਉਹ ਮੁਹੱਲਾ ਮਾਹੀਖਾਨਾਂ ਦੀ ਹੈ ਜਿੱਥੇ ਦੇਰ ਰਾਤ ਕੁਝ ਲੋਕਾਂ ਨੇ ਇਕ ਪਰਿਵਾਰ ਦੇ ਘਰ 'ਤੇ ਹਮਲਾ ਕਰ ਦਿੱਤਾ ਸੀ। ਉਨ੍ਹਾਂ ਦੱਸਿਆ ਕਿ ਇਸ ਹਮਲੇ ਵਿਚ ਕਿਸੇ ਵੀ ਪਰਿਵਾਰਕ ਮੈਂਬਰ ਦੇ ਜਖਮੀ ਹੋਣ ਸਬੰਧੀ ਕੋਈ ਜਾਣਕਾਰੀ ਨਹੀਂ। ਪੁਲਸ ਨੇ ਪੀੜਤ ਪਰਿਵਾਰ ਦੇ ਬਿਆਨਾਂ 'ਤੇ 5 ਲੋਕਾਂ ਖ਼ਿਲਾਫ ਅਤੇ ਕੁਝ ਅਣਪਛਾਤਿਆਂ 'ਤੇ ਮਾਮਲਾ ਦਰਜ ਕੀਤਾ ਗਿਆ ਹੈ ਅਤੇ ਤਿੰਨ ਲੋਕਾਂ ਨੂੰ ਗ੍ਰਿਫਤਾਰ ਵੀ ਕੀਤਾ ਗਿਆ ਹੈ। ਐੱਸ. ਐੱਸ. ਪੀ. ਨੇ ਦੱਸਿਆ ਕਿ ਇਹ ਹਮਲਾ ਪੁਰਾਣੀ ਰੰਜਿਸ਼ ਤਹਿਤ ਹੋਇਆ ਹੈ ਅਤੇ ਇਹ ਰੰਜਿਸ਼ ਪ੍ਰੇਮ ਸੰਬੰਧਾਂ ਕਾਰਨ ਹੈ। ਪੁਲਸ ਵੱਲੋਂ ਹਰ ਪਹਿਲੂ ਤੋਂ ਗੰਭੀਰਤਾ ਨਾਲ ਜਾਂਚ ਕੀਤੀ ਜਾ ਰਹੀ ਹੈ ਅਤੇ ਕਿਸੇ ਨੂੰ ਵੀ ਕਾਨੂੰਨ ਹੱਥ ਵਿਚ ਲੈਣ ਦੀ ਇਜਾਜਤ ਨਹੀਂ ਦਿੱਤੀ ਜਾਵੇਗੀ।

# ਐਕਸਾਈਜ਼ ਵਿਭਾਗ ਦੀ ਟੀਮ ਨੇ ਮੰਡ ਇਲਾਕੇ ਤੋਂ ਬਰਾਮਦ ਕੀਤਾ ਨਾਜਾਇਜ਼ ਸ਼ਰਾਬ ਦਾ ਜ਼ਖੀਰਾ

ਤਰਨ ਤਾਰਨ 25 ਜੂਨ। ਨਾਜਾਇਜ਼ ਸ਼ਰਾਬ ਖ਼ਿਲਾਫ ਸ਼ੁਰੂ ਕੀਤੀ ਗਈ ਮੁਹਿੰਮ ਤਹਿਤ ਕਾਰਵਾਈ ਕਰਦੇ ਹੋਏ ਜ਼ਿਲ੍ਹਾ ਤਰਨਤਾਰਨ ਤੇ ਫਿਰੋਜ਼ਪੁਰ ਦੀ ਸਾਂਝੀ ਵਿਸ਼ੇਸ਼ ਐਕਸਾਈਜ਼ ਟੀਮਾਂ ਵਲੋਂ ਮੰਡ ਇਲਾਕੇ 'ਚ ਛਾਪੇਮਾਰੀ ਕਰਦੇ ਹੋਏ 75 ਹਜ਼ਾਰ ਲੀਟਰ ਲਾਹਣ, 215 ਲੀਟਰ ਨਾਜਾਇਜ਼ ਸ਼ਰਾਬ, 4 ਚਾਲੂ ਭੱਠੀਆਂ, 23 ਤਿਰਪਾਲਾਂ, 5 ਡਰੰਮ, 12 ਪਲਾਸਟਿਕ ਕੈਨ ਸਣੇ ਹੋਰ ਸਾਮਾਨ ਬਰਾਮਦ ਕਰਨ 'ਚ ਵੱਡੀ ਸਫ਼ਲਤਾ ਹਾਸਲ ਕੀਤੀ ਹੈ। ਜ਼ਿਕਰਯੋਗ ਹੈ ਕਿ ਇਸ ਕਾਰਵਾਈ ਉਪਰੰਤ ਥਾਣਾ ਹਰੀਕੇ ਵਿਖੇ ਤਿੰਨ ਵਿਅਕਤੀਆਂ ਖ਼ਿਲਾਫ ਮਾਮਲਾ ਦਰਜ ਕਰਦੇ ਹੋਏ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਜਾਣਕਾਰੀ ਦਿੰਦੇ ਹੋਏ ਐਕਸਾਈਜ਼ ਵਿਭਾਗ ਤਰਨਤਾਰਨ ਦੇ ਈ. ਟੀ. ਓ. ਨਵਜੋਤ ਭਾਰਤੀ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਐਕਸਾਈਜ਼ ਕਮਿਸ਼ਨਰ ਪੰਜਾਬ ਵਰੁਣ ਰੂਜ਼ਮ ਵਲੋਂ ਨਾਜਾਇਜ਼ ਸ਼ਰਾਬ ਖ਼ਿਲਾਫ ਜਾਰੀ ਕੀਤੇ ਗਏ ਸਖਤ ਹੁਕਮਾਂ ਤਹਿਤ ਉੱਪ ਕਮਿਸ਼ਨਰ ਜਲੰਧਰ ਜੋਨ ਪਰਮਜੀਤ ਸਿੰਘ ਅਤੇ ਉੱਪ ਕਮਿਸ਼ਨਰ ਫਿਰੋਜ਼ਪੁਰ ਪਵਨਜੀਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਇਕ ਵਿਸ਼ੇਸ਼ ਟੀਮ ਦਾ ਗਠਨ ਕੀਤਾ ਗਿਆ ਸੀ, ਜਿਸ 'ਚ ਅੰਮ੍ਰਿਤਸਰ ਰੇਂਜ ਦੇ ਨਵਜੀਤ ਸਿੰਘ ਅਤੇ ਫਿਰੋਜ਼ਪੁਰ ਰੇਂਜ ਦੇ ਉਮੇਸ਼ ਭੰਡਾਰੀ ਦੀ ਅਗਵਾਈ ਵਾਲੀ ਟੀਮ



ਮੌਜੂਦ ਸੀ। ਉਨ੍ਹਾਂ ਦੱਸਿਆ ਕਿ ਸ਼ਨੀਵਾਰ ਸਵੇਰੇ ਦਰਿਆ ਬਿਆਸ ਨਜ਼ਦੀਕ ਵੱਖ-ਵੱਖ ਇਲਾਕਿਆਂ, ਜਿਨ੍ਹਾਂ ਵਿਚ ਮੰਡ, ਕਿੜੀਆਂ, ਮਰੜ੍ਹ ਤੋਂ ਇਲਾਵਾ ਹੋਰ ਇਲਾਕਿਆਂ ਵਿਚ ਤਲਾਸ਼ੀ ਅਭਿਆਨ ਚਲਾਇਆ ਗਿਆ, ਜਿਸ ਤਹਿਤ ਟੀਮ ਵਲੋਂ 75 ਹਜ਼ਾਰ ਲੀਟਰ ਲਾਹਣ, 215 ਲੀਟਰ ਨਾਜਾਇਜ਼ ਸ਼ਰਾਬ, 4 ਚਾਲੂ ਭੱਠੀਆਂ, 23 ਤਿਰਪਾਲਾਂ, 5 ਡਰੰਮ, 12 ਪਲਾਸਟਿਕ ਕੈਨ ਸਮੇਤ ਹੋਰ ਸਾਮਾਨ ਬਰਾਮਦ ਕਰਨ 'ਚ ਸਫਲਤਾ ਹਾਸਲ ਹੋਈ। ਨਵਜੋਤ ਭਾਰਤੀ ਨੂੰ ਦੱਸਿਆ ਕਿ ਬਰਾਮਦ ਕੀਤੀ ਗਈ ਲਾਹਣ ਨੂੰ ਮੌਕੇ 'ਤੇ ਸੁੱਕੀ ਜਗ੍ਹਾ ਉੱਪਰ ਨਸ਼ਟ ਕਰ ਦਿੱਤਾ ਗਿਆ। ਉਨ੍ਹਾਂ ਦੱਸਿਆ ਕਿ ਇਹ ਮੁਹਿੰਮ ਤਹਿਤ ਹਰੀਕੇ ਵਿਖੇ ਤਿੰਨ ਮੁਲਜ਼ਮਾਂ ਖ਼ਿਲਾਫ ਮਾਮਲਾ ਦਰਜ ਕਰਦੇ ਹੋਏ ਪੁਲਸ ਵਲੋਂ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।

### ਵਿਆਹੁਤਾ ਨੂੰ ਤੰਗ-ਪ੍ਰੇਸ਼ਾਨ ਕਰਨ ਦੇ ਦੋਸ਼ 'ਚ ਪਤੀ, ਦਿਓਰ ਅਤੇ ਸੱਸ ਖ਼ਿਲਾਫ ਕੇਸ ਦਰਜ

ਗੁਰਦਾਸਪੁਰ 25 ਜੂਨ। ਵਿਆਹੁਤਾ ਨੂੰ ਨਾ ਵਸਾਉਣ ਅਤੇ ਦਾਜ 'ਚ ਦਿੱਤਾ ਸਾਮਾਨ ਖੁਰਦ-ਬੁਰਦ ਕਰਨ ਦੇ ਦੋਸ਼ 'ਚ ਗੁਰਦਾਸਪੁਰ ਸਦਰ ਪੁਲਸ ਨੇ ਸ਼ਿਕਾਇਤਕਰਤਾ ਦੇ ਪਤੀ, ਦਿਓਰ ਅਤੇ ਸੱਸ ਦੇ ਖ਼ਿਲਾਫ ਕੇਸ ਦਰਜ ਕੀਤਾ ਹੈ। ਇਸ ਸਬੰਧੀ ਸਬ ਇੰਸਪੈਕਟਰ ਭਗਵਾਨ ਸਿੰਘ ਨੇ ਦੱਸਿਆ ਕਿ ਪੀੜਤਾ ਜਸਬੀਰ ਕੌਰ ਪੁੱਤਰੀ ਭਗਵਾਨ ਸਿੰਘ ਨੇ ਉੱਚ ਅਧਿਕਾਰੀਆਂ ਨੂੰ ਸ਼ਿਕਾਇਤ ਦਿੱਤੀ ਸੀ ਕਿ ਉਸ ਦਾ ਵਿਆਹ 14-7-21 ਨੂੰ ਸਤਨਾਮ ਸਿੰਘ ਪੁੱਤਰ ਦਲਜੀਤ ਸਿੰਘ ਵਾਸੀ ਪਿੰਡ ਮੰਜ ਦੇ ਨਾਲ ਹੋਇਆ ਸੀ। ਵਿਆਹ ਦੇ ਬਾਅਦ ਸ਼ਿਕਾਇਤਕਰਤਾ ਦਾ ਪਤੀ ਸਤਨਾਮ ਸਿੰਘ, ਦਿਓਰ ਜਗਰੂਪ ਸਿੰਘ ਅਤੇ ਸੱਸ ਪਰਮਜੀਤ ਕੌਰ ਉਸ ਨੂੰ ਘਰ ਵਿਚ ਨਾ ਰੱਖਣ ਦੇ ਲਈ ਤੰਗ-ਪ੍ਰੇਸ਼ਾਨ ਕਰਨ ਲੱਗੇ ਅਤੇ ਉਸ ਦੇ ਮਾਂ-ਬਾਪ ਵੱਲੋਂ ਵਿਆਹ ਦੇ ਸਮੇਂ ਦਿੱਤਾ ਦਾਜ ਵੀ ਮੁਲਜਮਾਂ ਨੇ ਖੁਰਦ-ਬੁਰਦ ਕਰ ਦਿੱਤਾ। ਇਸ ਸ਼ਿਕਾਇਤ ਦੀ ਜਾਂਚ ਡੀ. ਐੱਸ. ਪੀ ਕ੍ਰਾਈਮ ਵੱਲੋਂ ਕਰਨ ਤੋਂ ਬਾਅਦ ਮੁਲਜਮਾਂ ਖ਼ਿਲਾਫ ਕੇਸ ਦਰਜ ਕੀਤਾ ਗਿਆ।

# ਸਾਥੀ ਨੂੰ ਸ਼ਿਕਾਇਤ ਦਾ ਮੌਕਾ ਨਹੀਂ ਮਿਲੇਗਾ

ਜਲੰਧਰ 25 ਜੂਨ। ਭਾਵੇਂ ਤੁਸੀਂ ਕਿੰਨੀ ਵੀ ਕਿਉਂ ਨਾ ਕੀਤੀ ਹੋਵੇ, ਜੇ ਲੰਮੇ ਸਮੇਂ ਲਈ ਮੈਦਾਨ 'ਚ ਡਟੇ ਰਹਿਣਾ ਹੈ ਤਾਂ ਇਹ ਆਰਟੀਕਲ ਕਰੇਗਾ ਤੁਹਾਡੀ ਪੂਰੀ ਮਦਦ। ਮਰਦਾਨਾ ਕਮਜੋਰੀ ਅੱਜ ਦੇ ਯੁੱਗ ਦੇ ਹਰ ਦੂਜੇ ਮਰਦ 'ਚ ਪਾਈ ਜਾਣ ਵਾਲੀ ਇਕ ਆਮ ਬੀਮਾਰੀ ਬਣਦੀ ਜਾ ਰਹੀ ਹੈ। ਉਂਝ ਤਾਂ ਮਰਦਾਨਾ ਕਮਜੋਰੀ ਕਈ ਤਰ੍ਹਾਂ ਦੀ ਹੁੰਦੀ ਹੈ ਪਰ ਇਸ ਦੀਆਂ ਦੋ ਕਿਸਮਾਂ ਬਹੁਤ ਆਮ ਹਨ ਢਿੱਲਾਪਣ ( ) ਤੇ ਸ਼ੀਘਰਪਤਨ ( )। ਮਰਦਾਨਾ ਕਮਜੋਰੀ ਦਾ ਮੁੱਖ ਕਾਰਨ ਦਿਮਾਗੀ ਤੇ ਸਰੀਰਕ ਹੁੰਦਾ ਹੈ। ਜ਼ਿਆਦਾਤਰ ਮਰਦਾਂ ਨੂੰ ਇਹੀ ਦਿੱਕਤ ਆਉਂਦੀ ਹੈ ਕਿ ਜਦੋਂ ਉਹ ਆਪਣੇ ਪਾਰਟਨਰ ਨਾਲ ਸੰਭੋਗ ( ) ਕਰਨ ਲੱਗਦੇ ਹਨ ਤਾਂ ਉਹ ਆਪਣੇ ਗੁਪਤ ਅੰਗ 'ਚ ਜੋਸ਼ ਜਾਂ ਤਾਕਤ ਮਹਿਸੂਸ ਨਹੀਂ ਕਰਦੇ। ਇਸ ਬੀਮਾਰੀ ਨੂੰ ਨਿਪੁੰਸਕਤਾ ਵੀ ਕਿਹਾ ਜਾਂਦਾ ਹੈ ਜਾਂ ਕਈ ਮਰਦਾਂ ਦੀ ਇਹ ਸ਼ਿਕਾਇਤ ਹੁੰਦੀ ਹੈ ਕਿ ਜਦੋਂ ਉਹ ਆਪਣੇ ਪਾਰਟਨਰ ਨਾਲ ਸੰਭੋਗ ( ) ਕਰਦੇ ਹਨ ਤਾਂ ਉਨ੍ਹਾਂ ਦੇ ਆਪਣੀ ਜਾਂ ਆਪਣੇ ਪਾਰਟਨਰ ਦੀ ਤਸੱਲੀ ਤੋਂ ਪਹਿਲਾਂ ਹੀ ਹੱਥ ਖੜ੍ਹੇ ਹੋ ਜਾਂਦੇ ਹਨ। ਮਰਦਾਨਾ ਕਮਜੋਰੀ ਦੇ ਕਈ ਕਾਰਨ ਹੋ ਸਕਦੇ ਹਨ, ਜਿਵੇਂ ਕਿ ਟੈਨਸ਼ਨ, ਡਿਪ੍ਰੈਸ਼ਨ, ਨੀਂਦ ਪੂਰੀ ਨਾ ਲੈਣਾ, ਸਰੀਰਕ ਕਸਰਤ ਨਾ ਕਰਨਾ, ਆਪ੍ਰੇਸ਼ਨ, ਸ਼ੂਗਰ, ਬੀ. ਪੀ., ਅੰਗਰੇਜੀ ਦਵਾਈਆਂ, ਬਚਪਨ 'ਚ ਹੋਇਆ ਸ਼ੋਸ਼ਣ ( ), ਬਚਪਨ ਦੀਆਂ ਗਲਤੀਆਂ, ਜ਼ਿਆਦਾ ਤਲਿਆ/ਖੱਟਾ ਖਾਣਾ, ਨਸ਼ਾ, ਜ਼ਿਆਦਾ ਇਲੈਕਟ੍ਰੋਨਿਕ ਗੈਜੇਟਸ ਦੀ ਵਰਤੋਂ, ਟਾਈਟ ਕੱਪੜੇ ਪਹਿਨਣਾ ਆਦਿ। ਇਨ੍ਹਾਂ ਸਾਰੇ ਕਾਰਨਾਂ ਕਰਕੇ ਅੱਜ ਦਾ ਮਰਦ ਮਰਦਾਨਾ ਤੌਰ 'ਤੇ ਬੁਰੀ ਤਰ੍ਹਾਂ ਖੱਸੀ ਹੁੰਦਾ ਜਾ ਰਿਹਾ ਹੈ। ਪੈਸਾ/ਨਾਂ ਕਮਾਉਣ 'ਚ ਰੁੱਝਿਆ ਮਰਦ ਆਪਣੇ ਸਰੀਰ ਵੱਲ ਬਿਲਕੁਲ ਵੀ ਧਿਆਨ ਨਹੀਂ ਦੇ ਰਿਹਾ, ਜਿਸ ਕਾਰਨ ਉਹ ਮਰਦਾਨਾ ਕਮਜੋਰੀ ਦਾ ਸ਼ਿਕਾਰ ਹੁੰਦਾ ਜਾ ਰਿਹਾ ਹੈ। ਇਕ ਔਰਤ ਆਪਣੇ ਪਾਰਟਨਰ ਤੋਂ ਇਕ ਚੰਗੇ ਸਰੀਰਕ ਸੁੱਖ ਦੀ ਇੱਛਾ ਰੱਖਦੀ ਤੇ ਉਸ ਦੀ ਇਹ ਇੱਛਾ ਪੂਰੀ ਨਾ ਹੋਣ 'ਤੇ ਵਿਆਹੁਤਾ ਜੀਵਨ 'ਚ ਦਰਾਰ ਆ ਸਕਦੀ ਹੈ ਜਾਂ ਇੰਝ ਕਹੀਏ ਕਿ ਵਿਆਹੁਤਾ ਜੀਵਨ ਤੋਂ ਬਾਹਰ ਜਾ ਸਕਦੀ ਹੈ। ਇਸ ਬੀਮਾਰੀ ਦਾ ਸਮੇਂ ਸਿਰ ਇਲਾਜ ਕਰਵਾਉਣਾ ਬਹੁਤ ਜਰੂਰੀ ਹੈ। ਦਿਨ-ਰਾਤ ਕਮਾਏ ਪੈਸੇ ਜਾਂ ਨਾਂ ਦਾ ਕੀ ਲਾਭ ਜੇਕਰ ਤੁਹਾਡਾ ਪਾਰਟਨਰ ਹੀ ਤੁਹਾਡੇ ਤੋਂ ਸੰਤੁਸ਼ਟ ਨਹੀਂ। ਔਰਤ ਦੀ ਸਤੁੰਸ਼ਟੀ ਪੈਸੇ ਨਾਲ ਨਹੀਂ ਸਰੀਰਕ ਸੁੱਖ ਨਾਲ ਹੁੰਦੀ ਹੈ। ਇਸ ਲਈ ਆਪਣੀ ਮਰਦਾਨਾ ਕਮਜੋਰੀ ਨੂੰ ਖਤਮ ਕਰਨ ਵਾਲੇ ਪਾਸੇ ਸੋਚਣਾ ਚਾਹੀਦਾ ਹੈ, ਨਾ ਕਿ ਇਸ ਨੂੰ ਇਗਨੋਰ ਕਰਨਾ ਚਾਹੀਦਾ ਹੈ।

### ਦਾਜ ਲਈ ਤੰਗ ਪ੍ਰੇਸ਼ਾਨ ਕਰਨ ਦੇ ਦੋਸ਼ 'ਚ ਪਤੀ ਖਿਲਾਫ ਮਾਮਲਾ ਦਰਜ

ਦਸੂਹਾ 25 ਜੂਨ। ਦਸੂਹਾ ਪੁਲਸ ਨੇ ਔਰਤ ਦੀ ਸ਼ਿਕਾਇਤ 'ਤੇ ਉਸ ਦੇ ਪਤੀ ਖ਼ਿਲਾਫ ਦਾਜ ਲਈ ਤੰਗ-ਪ੍ਰੇਸ਼ਾਨ ਕਰਨ, ਕੁੱਟਮਾਰ ਕਰਨ ਅਤੇ ਘਰੋਂ ਕੱਢਣ ਦੇ ਦੋਸਾਂ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੀ ਸ਼ਿਕਾਇਤ 'ਚ ਪਿੰਕੀ ਵਾਸੀ ਪਿੰਡ ਸੱਗਰਾਂ ਨੇ ਦੱਸਿਆ ਕਿ ਉਸ ਦਾ ਪਤੀ ਬਾਬੂ ਰਾਮ ਪੁੱਤਰ ਮਾਨ ਸਿੰਘ ਵਾਸੀ ਚੰਡੀਗੜ ਉਸ ਨੂੰ ਦਾਜ ਲਈ ਤੰਗ ਪ੍ਰੇਸ਼ਾਨ ਕਰਦਾ ਸੀ ਅਤੇ ਕਾਫੀ ਸਮੇਂ ਤੋਂ ਉਸ ਦੀ ਕੁੱਟਮਾਰ ਕਰਦਾ ਸੀ। ਇਸ ਦੇ ਨਾਲ ਹੀ ਉਸ ਨੂੰ ਘਰੋਂ ਕੱਢ ਦਿੰਦਾ ਸੀ। ਹਾਲ ਹੀ ਵਿੱਚ ਮੇਰੇ ਪਤੀ ਨੇ ਮੈਨੂੰ ਕੁੱਟਿਆ ਅਤੇ ਘਰੋਂ ਬਾਹਰ ਕੱਢ ਦਿੱਤਾ। ਜਿਸ ਤੋਂ ਬਾਅਦ ਉਹ ਅਪਣੇ ਪੇਕੇ ਪਰਿਵਾਰ ਦਸੂਹਾ ਦੇ ਪਿੰਡ ਸੱਗਰਾ ਆ ਗਈ। ਇਸ ਦੀ ਸ਼ਿਕਾਇਤ ਪੁਲਸ ਨੂੰ ਦਿੱਤੀ ਗਈ।

## ਸਰਕਾਰੀ ਨੌਕਰੀ ਦਿਵਾਉਣ ਦਾ ਝਾਂਸਾ ਦੇ ਕੇ ਮਾਰੀ ਲੱਖਾਂ ਦੀ ਠੱਗੀ, 4 ਨਾਮਜਦ

ਮੁੱਲਾਂਪੁਰ ਦਾਖਾ 25 ਜੂਨ। ਥਾਣਾ ਦਾਖਾ ਦੀ ਪੁਲਸ ਨੇ ਗੁਰਸੇਵਕ ਸਿੰਘ ਪੁੱਤਰ ਹਰਨੇਕ ਸਿੰਘ ਵਾਸੀ ਪੁੜੈਣ ਦੇ ਬਿਆਨਾਂ 'ਤੇ ਦੀਪਕ ਕੁਮਾਰ ਪੁੱਤਰ ਜਗਦੀਸ਼ ਕੁਮਾਰ ਵਾਸੀ ਮੁਹੱਲਾ ਸ਼ਾਸਤਰੀ ਨਗਰ ਜਗਰਾਓਂ, ਜਸਕਰਨ ਸਿੰਘ ਪੁੱਤਰ ਬਲਜੀਤ ਸਿੰਘ ਵਾਸੀ ਪੁੜੈਣ, ਰਾਜਵੀਰ ਸਿੰਘ ਪੁੱਤਰ ਨਾਜਰ ਸਿੰਘ ਵਾਸੀ ਚੀਤੇਵਾਲ ਅੰਮ੍ਰਿਤਸਰ ਅਤੇ ਜਗਦੀਪ ਸਿੰਘ ਉਰਫ ਕਰਨ ਵਾਸੀ ਭੀਖੀ ਵਿਰੁੱਧ ਜੇਰੇ ਧਾਰਾ 420, 467, 468, 471' 120 ਬੀ ਅਧੀਨ ਕੇਸ ਦਰਜ ਕੀਤਾ ਗਿਆ ਹੈ। ਠੱਗੀ ਦੇ ਸ਼ਿਕਾਰ ਹੋਏ ਗੁਰਸੇਵਕ ਸਿੰਘ ਵੱਲੋਂ ਦਿੱਤੀ ਦਰਖਾਸਤ ਦੀ ਪੜਤਾਲ ਕਪਤਾਨ ਪੁਲਸ ਵੱਲੋਂ ਅਮਲ 'ਚ ਲਿਆਂਦੀ ਗਈ। ਪੜਤਾਲ 'ਚ ਪਾਇਆ ਗਿਆ ਕਿ ਦੀਪਕ ਕੁਮਾਰ, ਜਸਕਰਨ ਸਿੰਘ, ਰਾਜਵੀਰ ਸਿੰਘ ਉਰਫ ਸੁਖਵੰਤ ਸਿੰਘ ਉਰਫ ਮਾਮਾ ਅਤੇ ਜਗਦੀਪ ਸਿੰਘ ਉਰਫ ਕਰਨ ਨੇ ਪੂਰੀ ਸੋਚੀ ਸਮਝੀ




ਸਾਜ਼ਿਸ਼ ਤਹਿਤ ਦਰਖਾਸਤੀ ਗੁਰਸੇਵਕ ਸਿੰਘ ਨੂੰ ਐੱਫ. ਸੀ. ਆਈ. ਮਹਿਕਮੇ ਵਿਚ ਨੌਕਰੀ ਦਿਵਾਉਣ ਦਾ ਝਾਂਸਾ ਦੇ ਕੇ 15 ਲੱਖ ਰੁਪਏ ਹਾਸਲ ਕਰਨਾ ਅਤੇ ਆਪਣੇ ਵੱਲੋਂ ਜਾਅਲੀ ਜੁਆਨਿੰਗ ਆਰਡਰ ਅਤੇ ਆਈ. ਡੀ. ਕਾਰਡ ਤਿਆਰ ਕਰਕੇ ਦੇਣ ਉਪਰੰਤ ਚਲਾਕੀ ਨਾਲ ਵਾਪਸ ਲੈ ਕੇ ਫਰਜੀ ਟ੍ਰੇਨਿੰਗ ਦੇਣਾ ਅਤੇ ਨੌਕਰੀ ਦੇਣ ਦਾ ਝਾਂਸਾ ਦੇ ਕੇ ਹਾਸਲ ਕੀਤੇ ਗਏ 15 ਲੱਖ ਰੁਪਏ 'ਚੋਂ ਸਿਰਫ 02 ਲੱਖ ਰੁਪਏ ਵਾਪਸ ਕਰਕੇ 13 ਲੱਖ ਰੁਪਏ ਠੱਗੀ ਮਾਰੀ ਗਈ ਹੈ। ਸੀਨੀਅਰ ਕਪਤਾਨ ਪੁਲਸ ਦੇ ਹੁਕਮਾਂ 'ਤੇ ਮੁਕੱਦਮਾ ਦਰਜ ਰਜਿਸਟਰ ਕੀਤਾ ਗਿਆ। ਮਾਮਲੇ ਦੀ ਜਾਂਚ ਏ. ਐੱਸ. ਆਈ. ਨਰਿੰਦਰ ਕੁਮਾਰ ਕਰ ਰਹੇ ਹਨ।

## ਸਗਨ ਸਮਾਗਮ 'ਚ ਦੋ ਧਿਰਾਂ ਦਾ ਹੋਇਆ ਝਗੜਾ, ਚੱਲੇ ਤੇਜ਼ਧਾਰ ਹਥਿਆਰ, 3 ਜਖਮੀ

ਅੰਮ੍ਰਿਤਸਰ 25 ਜੂਨ। ਪੰਜਾਬ ਵਿਚ ਇਸ ਸਮੇਂ ਲਾਅ ਐਂਡ ਆਰਡਰ ਇਸ ਕਦਰ ਡਿਗਦਾ ਜਾ ਰਿਹਾ ਹੈ ਕਿ ਕਿਸੇ ਵੀ ਵਿਅਕਤੀ ਨੂੰ ਕਾਨੂੰਨ ਦਾ ਡਰ ਨਹੀਂ ਰਿਹਾ ਅਤੇ ਨਿੱਕੀ ਗੱਲ ਤੇ ਲੋਕ ਇਕ-ਦੂਸਰੇ ਨੂੰ ਮਰਨ ਮਰਾਉਣ ਤੱਕ ਪਹੁੰਚ ਜਾਂਦੇ ਹਨ। ਇਸ ਤਰ੍ਹਾਂ ਤਾਜਾ ਮਾਮਲਾ ਅੰਮ੍ਰਿਤਸਰ ਸਿਵਲ ਲਾਈਨ ਥਾਣੇ ਅਧੀਨ ਆਉਂਦੇ ਨਿੱਜੀ ਪੈਲਸ ਦਾ ਹੈ ਜਿੱਥੇ ਕਿ ਅੱਜ ਸਗਨ ਸਮਾਗਮ ਦੌਰਾਨ ਨਿੱਕੀ ਜਿਹੀ ਗੱਲ ਨੂੰ ਲੈ ਕੇ ਕਿਰਚਾਂ ਚੱਲ ਪਈਆਂ, ਇਸ ਸਬੰਧ ਵਿਚ ਜਾਣਕਾਰੀ ਦਿੰਦੇ ਹੋਏ ਜਖਮੀ ਨੌਜਵਾਨ ਚੇਤੰਨ ਨੇ ਦੱਸਿਆ ਕਿ ਉਨ੍ਹਾਂ ਦੇ ਭਰਾ ਦਾ ਸਗਨ ਅੰਮ੍ਰਿਤਸਰ ਕਚਹਿਰੀ ਚੌਂਕ ਨਜਦੀਕ ਪਸੋਰੀਆ ਹਾਲ ਵਿਚ ਸੀ ਅਤੇ ਉਥੇ ਇਕ ਨੌਜਵਾਨ ਪਹੁੰਚਿਆ ਹੋਇਆ ਸੀ, ਜੋ ਕਿ ਈ-ਰਿਕਸਾ ਚਲਾਉਂਦਾ ਸੀ ਅਤੇ ਪਰਿਵਾਰਿਕ ਮੈਂਬਰਾਂ ਨੂੰ ਘਰ ਤੋਂ ਸਗਨ ਵਾਲੇ ਹਾਲ ਤੱਕ ਲੈ ਕੇ ਆਇਆ ਸੀ। ਉਸ ਵਿਅਕਤੀ ਵੱਲੋਂ ਲੁੱਟ ਦੀ ਨੀਅਤ ਨਾਲ ਪਰਿਵਾਰਿਕ ਮੈਂਬਰਾਂ ਤੇ ਹਮਲਾ ਕਰ ਦਿੱਤਾ ਅਤੇ ਉਨ੍ਹਾਂ ਨੇ ਆਪਣਾ ਬਚਾਅ ਕੀਤਾ ਦਾ ਤਾਂ ਉਕਤ ਆਰੋਪੀ ਨੇ ਉਨ੍ਹਾਂ ਤੇ ਕਿਰਚਾਂ ਨਾਲ ਹਮਲਾ ਕਰਕੇ ਉੱਥੋਂ ਫਰਾਰ ਹੋ ਗਿਆ ਜਿਸ 'ਚ ਕਿ ਤਿੰਨ ਨੌਜਵਾਨ ਗੰਭੀਰ ਰੂਪ ਵਿੱਚ ਜਖਮੀ ਹੋਏ ਹਨ ਅਤੇ ਹੁਣ ਪੀੜਤ ਨੌਜਵਾਨਾਂ ਵੱਲੋਂ ਇਨਸਾਫ ਦੀ ਗੁਹਾਰ ਲਗਾਈ ਜਾ ਰਹੀ ਹੈ। ਦੂਜੇ ਪਾਸੇ ਅੰਮ੍ਰਿਤਸਰ ਪ੍ਰੈਸ ਕਲੱਬ ਦੇ ਪ੍ਰਧਾਨ ਰਾਜੇਸ ਗਿੱਲ ਨੇ ਦੱਸਿਆ ਕਿ ਇਕ ਵਿਆਹ ਸਮਾਗਮ ਦੇ ਵਿਚ ਝਗੜਾ ਹੋਣ ਦੀ ਖਬਰ ਉਨ੍ਹਾਂ ਨੂੰ ਪਤਾ ਲੱਗੀ, ਜਿਸ 'ਚ ਕਿ ਦੋ ਪੱਤਰਕਾਰ ਵੀ ਜਖਮੀ ਹੋਏ ਹਨ। ਉਨ੍ਹਾਂ ਦੱਸਿਆ ਕਿ ਪੱਤਰਕਾਰਾਂ ਦੇ ਪਰਿਵਾਰਿਕ ਮੈਂਬਰ ਦਾ ਹੀ ਵਿਆਹ ਸੀ ਅਤੇ ਵਿਆਹ 'ਚ ਕਿਸੇ ਵਿਅਕਤੀ ਨਾਲ ਝਗੜਾ ਹੋਇਆ ਅਤੇ ਉਸ ਵਿਅਕਤੀ ਵੱਲੋਂ ਜਾਨੋ ਮਾਰਨ ਦੀ ਨੀਅਤ ਦੇ ਨਾਲ ਉਨ੍ਹਾਂ ਦੇ ਕਿਰਚਾ ਮਾਰ ਕੇ ਫਰਾਰ ਹੋ ਗਿਆ ਅਤੇ ਹੁਣ ਅਸੀਂ ਪੁਲਸ ਪਾਸੋਂ ਇਨਸਾਫ ਦੀ ਅਪੀਲ ਕਰ ਰਹੇ ਹਨ। ਇਸ ਮਾਮਲੇ 'ਚ ਜਦੋਂ ਪੁਲਸ ਅਧਿਕਾਰੀਆਂ ਨਾਲ ਗੱਲਬਾਤ ਕੀਤੀ ਤਾਂ ਪੁਲਸ ਅਧਿਕਾਰੀਆਂ ਨੇ ਦੱਸਿਆ ਕਿ ਸਗਨ ਸਮਾਗਮ ਦੌਰਾਨ ਦੋ ਧਿਰਾਂ ਵਿਚਾਲੇ ਝਗੜਾ ਹੋਣ ਦੀ ਖਬਰ ਸਾਹਮਣੇ ਆਈ ਹੈ, ਜਿਸ 'ਚ ਤਿੰਨ ਨੌਜਵਾਨ ਗੰਭੀਰ ਜਖਮੀ ਹੋਏ ਹਨ ਅਤੇ ਜਿਨ੍ਹਾਂ ਵੱਲੋਂ ਇਨ੍ਹਾਂ ਨੌਜਵਾਨਾਂ ਨੂੰ ਜਖਮੀ ਕੀਤਾ ਗਿਆ ਹੈ, ਮੌਕੇ ਤੇ ਹੀ ਫਰਾਰ ਹੋ ਗਏ।

## ਲੁਧਿਆਣਾ ਵਿਖੇ ਪੁਲਸ ਐਨਕਾਊਂਟਰ 'ਚ ਮਾਰਿਆ ਗਿਆ ਸੁਖਦੇਵ ਇੰਝ ਛੋਟੇ ਚੋਰ ਤੋਂ ਬਣਿਆ ਸੀ ਗੈਂਗਸਟਰ

ਮਾਛੀਵਾੜਾ ਸਾਹਿਬ 25 ਜੂਨ। ਮਾਛੀਵਾੜਾ ਕੁਹਾੜਾ ਰੋਡ 'ਤੇ ਪਿੰਡ ਪੰਜੇਟਾ ਨੇੜੇ ਲੁਧਿਆਣਾ ਪੁਲਸ ਨਾਲ ਮੁਕਾਬਲੇ 'ਚ ਮਾਰਿਆ ਗਿਆ ਮਾਛੀਵਾੜਾ ਦਾ ਰਹਿਣ ਵਾਲਾ ਸੁਖਦੇਵ ਸਿੰਘ ਉਰਫ਼ ਵਿੱਕੀ ਨੇ 16 ਸਾਲ ਪਹਿਲਾਂ ਜ਼ੁਰਮ ਦੀ ਦੁਨੀਆ ਵਿਚ ਪੈਰ ਧਰਿਆ ਸੀ। ਉਸ ਨੇ ਅਨੇਕਾਂ ਅਪਰਾਧਿਕ ਘਟਨਾਵਾਂ ਨੂੰ ਅੰਜ਼ਾਮ ਦਿੱਤਾ ਅਤੇ ਗੈਂਗਸਟਰ ਬਣ ਗਿਆ। ਮਾਛੀਵਾੜਾ ਇੰਦਰਾ ਕਾਲੋਨੀ ਦੇ ਵਾਸੀ ਅਤੇ ਗਰੀਬ ਪਰਿਵਾਰ ਵਿਚ ਬਲਵਿੰਦਰ ਸਿੰਘ ਘਰ ਜਨਮੇ ਸੁਖਦੇਵ ਸਿੰਘ ਉਰਫ਼ ਵਿੱਕੀ 7 ਭਰਾਵਾਂ ਵਿਚ ਸਭ ਤੋਂ ਵੱਡਾ ਸੀ ਅਤੇ 21 ਸਤੰਬਰ 2007 ਵਿਚ ਸਭ ਤੋਂ ਪਹਿਲਾਂ ਉਸ ਉੱਪਰ ਮਾਛੀਵਾੜਾ ਥਾਣਾ ਵਿਚ ਚੋਰੀ ਦਾ ਮਾਮਲਾ ਦਰਜ ਹੋਇਆ ਸੀ। 2008 ਵਿਚ ਉਸ ਕੋਲੋਂ ਨਸ਼ੀਲਾ ਪਦਾਰਥ ਭੁੱਕੀ ਬਰਾਮਦ ਹੋਈ ਅਤੇ ਦੋਵੇਂ ਹੀ ਮਾਮਲਿਆਂ ਵਿਚ ਉਹ ਗ੍ਰਿਫ਼ਤਾਰ ਹੋਇਆ ਅਤੇ ਜਮਾਨਤ 'ਤੇ ਬਾਹਰ ਆ ਗਿਆ। 2012 ਵਿਚ ਉਸ ਖ਼ਿਲਾਫ਼ ਫਿਰ ਚੋਰੀ ਦਾ ਮਾਮਲਾ ਦਰਜ ਹੋਇਆ, ਜਿਸ 'ਤੇ ਉਸ ਨੂੰ 1 ਸਾਲ ਦੀ ਸਜ਼ਾ ਵੀ ਹੋਈ ਅਤੇ ਫਿਰ 2012 ਵਿਚ ਉਸ 'ਤੇ ਲੜਾਈ-ਝਗੜੇ ਦਾ ਮਾਮਲਾ ਦਰਜ ਹੋਇਆ, ਜਿਸ ਵਿਚ ਉਹ ਬਰੀ ਹੋ ਗਿਆ। 29 ਅਕਤੂਬਰ 2012 ਨੂੰ ਉਸ ਖ਼ਿਲਾਫ਼ ਚੋਰੀ ਦਾ ਮਾਮਲਾ ਦਰਜ ਹੋਇਆ ਅਤੇ ਫਿਰ 11 ਦਸੰਬਰ 2012 ਵਿਚ ਉਸ ਨੇ ਮੁੜ ਚੋਰੀ ਦੀ ਘਟਨਾ ਨੂੰ ਅੰਜ਼ਾਮ ਦਿੱਤਾ। 2018 ਵਿਚ ਉਹ ਕਿਸੇ ਮਾਮਲੇ ਵਿਚ ਅਦਾਲਤ ਵੱਲੋਂ ਭਗੌੜਾ ਕਰਾਰ ਦਿੱਤਾ ਗਿਆ ਅਤੇ ਉਸ ਖ਼ਿਲਾਫ਼ ਇੱਕ ਹੋਰ ਮਾਮਲਾ ਦਰਜ ਹੋਇਆ। ਮਾਛੀਵਾੜਾ ਪੁਲਸ ਵੱਲੋਂ ਜਿੰਨੇ ਵੀ ਉਸ ਖ਼ਿਲਾਫ਼ ਮਾਮਲੇ ਦਰਜ ਕੀਤੇ ਗਏ, ਉਸ ਵਿਚ ਉਹ ਗ੍ਰਿਫ਼ਤਾਰ ਕਰ ਲਿਆ ਗਿਆ ਸੀ। ਸੁਖਦੇਵ ਸਿੰਘ ਉਰਫ਼ ਵਿੱਕੀ ਨੇ ਆਪਣੇ 16 ਸਾਲਾਂ ਦੇ ਅਪਰਾਧਿਕ ਸਫ਼ਰ ਵਿਚ ਮਾਛੀਵਾੜਾ ਹੀ ਨਹੀਂ ਲੁਧਿਆਣਾ, ਖੰਨਾ ਅਤੇ ਹੋਰ ਕਈ ਸ਼ਹਿਰਾਂ ਵਿਚ ਲੁੱਟਖੋਹ ਅਤੇ ਕਾਤਲਾਨਾ ਹਮਲੇ ਦੀਆਂ ਵਾਰਦਾਤਾਂ ਨੂੰ ਅੰਜ਼ਾਮ ਦਿੱਤਾ


**NAME CHANGE**
I, MUSKAN D/O VIJAY residing at H NO-15, UGF, STREET NO-4, PARAS APARTMENT, J&K EXTN, LAXMI NAGAR, DELHI-110092 have changed my name to MUSKAN UPADHYAY for all future purpose.

**NAME CHANGE**
I, SANAL S/O SATISH KUMAR R/O HOUSE ON 5A, BLOCK -B, SULTAN GARDEN MAIN, NANGLOI ROAD, NAJAFGARH, NEW DELHI -110043 HAVE CHANGED MY NAME FROM SANAL TO SANAL KUMAR FOR ALL FUTURE PURPOSE.

**NAME CHANGE**
I, Sonam D/O Chattar Singh R/O Satyam Enclave, House No-104,Gali No-02, Chhapraula, Gautam Buddha Nagar, Uttar Pradesh -201009 have changed my name from Sonam to Sonam Singh for all future purpose.

**NAME CHANGE**
I, No-16013615M Rank-NK Name-NARENDRA SINGH S/o KAMPOTAR SINGH residing at VILL-KATAILA PURA, PO-GOPI, TEH-AMBAH, DIST-MORENA, MADHYA PRADESH-476554 have changed my minor daughter's name from KUMARI JANAK NANDANI to JANAK NANDANI for all future purposes vide Affidavit dated 13/03/2024 before Notary Public, Delhi.

**PUBLIC NOTICE**
I Sameena D/o Mobin Ahmed R/O T-84 Basti Hazrat Nizamuddin West Delhi 110013 now my new address T-8A Nala Pusta Basti Hazrat Nizamuddin 108 R B House New Delhi 110013 for all future purposes.

**NAME CHANGE**
It is for general information that I, RAJEEV KUMAR SHARMA S/o R.D. SHARMA R/o A-7, Kewal Park Ext., Guru Nanak Road, Near Panchwati, Azad Pur New Sabji Mandi, North West Delhi-110033, declare that name of mine has been wrongly written as RAJEEV SHARMA in my minor son's namely RAGHAV SHARMA aged about 16 years in his CBSE 10th class Marksheet cum Certificate. The actual name of mine is RAJEEV KUMAR SHARMA.

**NAME CHANGE**
I, Vipin Kumar Rastogi S/o Om Prakash Rastogi R/o House No-1411, Sector-19, Kheri Kalan(113), Faridabad, Haryana-121002, I Have Changed My Name To Vipin Rastogi For All Purpose

**NAME CHANGE**
I, Javed Akhter s/o Raees Ahmed R/o D-7, Fourth Floor, Block-D, Okhla Vihar, Jamia Nagar, New Delhi-110025 have changed my name to Javed Akthar for all future purposes.

**NAME CHANGE**
I, Archana spouse of service No-GS185566X, Rank:- JE (Civ), Name Amit Kumar permanent resident of V.P.O-Tana, District- Shamli, Uttar Pradesh- 247773 and presently posted at HQ DGBR, New Delhi-10, have changed my name from Archana to Archana Panwar for all future purpose. Vide affidavit dated 12.03.2024 Delhi.

**PUBLIC NOTICE**
Information is given to general public at large that Our client Mr. Abhimanyu Kushavaha S/o Mr. Ram Chander is intending to purchase the property i.e. Plot No. 105, Khasra No. 19K, area measuring 65 Sq. Yards, Situated at Village Noor Nagar, Pargana Loni, Tehsil & District Ghaziabad, U.P. from Mr. Durgesh Kumar S/o Mr. Jai Shankar owner vide Sale Deed dated 01.11.2023 executed by Mr. Manoj Kumar Rai & Vinod Kumar Rai vide Doc No. 11634 and said property to be financed by Can Fin Homes Ltd. having its Branch Address at DP-11, First Floor, LSC Market, Pitampura Delhi-110034. That, Sale Deed dated 14.11.2019 executed by Mr. Brijesh Kumar in favour of Mr. Vijay Kumar in respect of Portion of Plot of land area measuring 65 Square Yards, out of Khasra No. 19K, Situated at Noor Nagar, Pargana Loni, Tehsil & District Ghaziabad, U.P., vide Doc No. 14162, Volume No. 16258, in Book No. 1, on Page No. 1-32, registered on 14.11.2019, SRO-II, Ghaziabad has been lost/misplaced and FIR for the same has been lodged through Online FIR dated 12.03.2024 vide L.R. No. 1538870/2024 registered in Crime Branch, Delhi Police. If any person(s) objection for subject property, then kindly may contact the undersigned along with original property document, within 7 days from date of this notice on below mentioned address, failing which, the claim as per aforesaid shall be treated as null and void in respect of the subject property.
**[ASHWANI KUMAR] Advocate**
Chamber No. 122,
Tehsil Compound, Ghaziabad, U.P.

**NAME CHANGE**
I, SINDHU MUKALEL KARUNAKARAN W/O JAJ MON T G residing 8C/7 THIRD FLOOR GANDHI PARK HAUZ RANI MALVIYA NAGAR DELHI-110017 have changed my name to SINDHU M K for all future purpose.

**NAME CHANGE**
It is for general information that I, ARUN KUMAR VOHRA S/o SHRI-NARAYAN VOHRA, R/o H. No- 42 A, Near Nirankari Satsang Bhawan, Radhey Puri Extn. 1, Krishna Nagar, Delhi-110051 declare that name of mine and my father has been wrongly written as ARUN VOHRA and SHREE NARAYAN VOHRA in my Passport No. J5838948. The actual name of mine and my father is ARUN KUMAR VOHRA and SHRINARAYAN VOHRA respectively, which may be amended accordingly

**PUBLIC NOTICE**
Be it known to all that my client Devi Ram S/o Thawaria R/o F-92, Balmiki Mohalla, Lado Sarai, New Delhi-110030, have debarred, Disowned his Son Anup from his all movable, immovable properties and severed all his relations with him. In case any body deals with him in any matter shall do so at their own risks and responsibility..
**SANDEEP SHARMA**
ADVOCATE
Chamber No.505,
Patiala House Court,
New Delhi-110002

**NAME CHANGE**
I, Lilla W/O Dhiraj Singh Chauhan, Plot No 48 (B), Kh No. 854, Block X, Shyam Vihar Phase 1, Najafgarh New Delhi 110043 Have Changed My Name Lilla To Leela Devi for All Future Purposes.

**NAME CHANGE**
It is for general information that I, HARI KISHAN YADAV S/o ROOP RAM YADAV, R/o RZ-9B, Somesh Vihar, Chhawla, South West Delhi-110071 declare that name of mine has been wrongly written as HARI KRISHAN YADAV in my 10th and 12th Educational Documents. The actual name of mine is HARI KISHAN YADAV, which may be amended accordingly

**NAME CHANGE**
I SHAKTI UPADHYAY S/O AJAYKUMAR UPADHYAY R/O H-104 PIONEER PARK GOLF COURSE EXTENSION ROAD, SECTOR-61 GURGAON-122011 HAVE CHANGE MY NAME TO SHAKTI KUMAR UPADHYAY FOR ALL PURPOSE.

**NAME CHANGE**
I VIBHA KOHLI / VIBHA SHAKTI UPADHYAY W/O SHAKTI KUMAR UPADHYAY R/O H-104 PIONEER PARK GOLF COURSE EXTENSION ROAD, SECTOR-61 GURGAON-122011 HAVE CHANGE MY NAME TO VIBHA UPADHYAY FOR ALL PURPOSE.

**NAME CHANGE**
I AJAY S/o SUKHBIR, Residing Village-Seman (115), Rohtak - 124112 have changed my name from AJAY to AJAY SIWACH for all future purposes.

**DATE OF BIRTH CHANGE**
I, No-15795258P HAV SHIVEBHAKT DARSHAN TRIPATHI S/o PREM SHANKER TRIPATHI R/o VILL-MAHARAJPUR, PO-KODRA, TEH-LALGANJ, DIST-RAEBARELI, UTTAR PRADESH-229202, in my service records my son's (ANIRUDDH TRIPATHI), date of birth wrongly mentioned as 01/01/2022 instead of his correct date of birth as 21/01/2021 vide affidavit dated 07/03/2024 before Executive Magistrate, Delhi.

**NAME CHANGE**
I, Ram Shohade s/o Lacchhi Ram R/o 651, B Block, Phase-2, Metro Vihar, Holambi Kalan, Delhi-110082 have changed my name to Ram Sahodar for all future purposes.

**NAME CHANGE**
I, KHUSBOO Wife of No. 14686322K Rank-HAV Name-KESH KUMAR YADAV presently residing at VILL-MATURI MARIYAM, PO-SIDDHA AHILASPUR, TEH-MADHUBAN, DIST-MAU, UTTAR PRADESH-221603 have changed my name from KHUSBOO to KHUSHBU KESHKUMAR YADAV for all future purposes vide affidavit dated 13/03/2024 before Notary Public, Delhi.

**NAME CHANGE**
I, Vikash Sharma s/o Ram Pal Sharma R/o House No.228, Model Town, Ram Nagar, Pathankot-145001, Punjab have changed my name to Vikas Sharma for all future purposes.

**NAME CHANGE**
It is for general information that I, SHEESH RAM S/o LATE SHRI JAI KARAN, R/o H. No. WZ-348, Jatav Mohalla, Basai Darapur, Ramesh Nagar, West Delhi-110002 declare that name of mine has been wrongly written as SHISH RAM in my service record. The actual name of mine is SHEESH RAM, which may be amended accordingly

**NAME CHANGE**
I, SAVITA spouse of No. 2808283P Rank HAV Name JADHAV SURESH SHIVAJI presently residing Vill-KUMBHARI, Po-KUMBHARI, Teh- JATH D, Dist-SANGLI, State- Maharashtra, Pin-416403, have changed my name from SAVITA to SAVITA SURESH JADHAV for all future purpose. Vide affidavit dated 12.03.2024 public Notary Delhi.

**PUBLIC NOTICE**
I, Mumin Khan S/o Sh. Mahomood Khan R/o A-1, Near 990 Bus Stand, Sec-24 JJ Colony, Rohini, Delhi-110085 want to declare that in some of my documents my name is mentioned as Mumin only and in some of my documents my name is mentioned as Mumin Khan. The both name are mine and belongs to me and I am known by both my names.

**NAME CHANGE**
I, REKHA spouse of No 2815425K Rank NK Name PANDHARE KRUSHNA RAMBHAU presently residing Vill-DAHIGAON, Po-AVHANA, Teh-SILLOD, Dist- AURANGABAD, State-Maharashtra, Pin-431112,have changed my name from REKHA to REKHA KRUSHNA PANDHARE for all future purposes. Vide affidavit dated 12.03.2024 public Notary Delhi.

**NAME CHANGE**
I, hitherto known as UPENDRA SAH S/o BHAGWAN LAL SAH residing at C-77, C-Block, Paryavaran Complex, Saidul Azaib, South Delhi, Delhi - 110030 have changed my name and shall hereafter be known as UPENDRA PRASAD GUPTA.

**PUBLIC NOTICE**
Information is given to general public at large that our client Mr. Gaffar purchasing Freehold Commercial Garage No. 7, measuring 13.125 Sq Yards, on Ground Floor without roof rights (Portion) of the Plot Bearing No. 203, Block-B, in the Residential Colony Shalimar Garden, Village Pasonda Pargana Loni, Tehsil and District Ghaziabad, U.P. from Mrs Samina, Mohd Imran, Mr Irfan, Mrs Nabiha and Mrs Sana Khatoon, legal heirs of Late Mr Ikram, died on 19.07.2018 Was died & and he was purchased said property, vide Sale deed dated 23.08.2017, Document No. 5086, Book No1, Volume No. 12902, Page No. 267-306, registered on 23.08.2017 by SR III Ghaziabad. Our client is declaring that any other Person does not have any right over the said property, which is to be financed by Piramal Capital & Housing Finance Ltd. (Formerly Piramal Housing Finance Limited) Branch: Shahdara, Delhi. If any person(s) have any objection(s) or claim(s) with respect to the` right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained
**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

**NAME CHANGE**
It is for general information that I, ARUNA W/o NITESH VED R/o House No. 256 A, LIG Flat, GTB Enclave, Nand Nagri, North East Delhi, Delhi-110093, declare that name of mine has been wrongly written as SONIA in my minor daughter's namely AARYA VED aged 13 years in his Birth Registration Certificate No. B20110404551. The actual name of mine is ARUNA.

**NAME CHANGE**
It is for general information that I, Poonam Chawla W/O Susheel Chawla R/O H.No. 57/14, Friends Colony, Near DAV College, Grain Market, Jalandhar-I, Jalandhar, Punjab-144008, declare that name of my husband has been wrongly written as Sushil Chawla, in my Passport No. U9043306. The actual name of my husband is Susheel Chawla.

**PUBLIC NOTICE**
This is to bring to the notice of the general public that one ID Card of Mr Md Sajid. issued by ICICI Bank ltd. having ID card no. 2211557. has been found missing and/or lost on 01/12/2022. Anyone, who finds the said ID card, is requested to return the said ID card to the Manager Debt Services & Management Group, ICICI Bank Limited, 1st floor, SD Tower Rohini sec 08 Delhi 110085. Therefore, all the customers of ICICI Bank Limited are hereby notified not to make any payment to any unauthorised person holding the said ID card no -2211557. Please take further notice that anybody making payment to any person holding the said ID card shall do so at his/her own costs, risk and peril and ICICI Bank shall not be bound and/or responsible for any payment.

**PUBLIC NOTICE**
Information is given to general public at large that our clients Mrs. Kirti Menhdiratta is the owner of Freehold Residential First Floor (Front Side) built up on Plot no. 1-J-104, admeasuring 231 Sq. Yards., Situated at New Town Ship, Faridabad, Haryana. From Transfer Deed in Blood Relation dated 30.11.2022 as Doc. No. 5860, in SRO- Badkhal. In the chain document below mentioned documents are not available i.e. Death Certificate & SMC of Late Mr. Mehar Chand, & Probate Order of Will dated 22.03.2000 are not available now Our client is declaring that that any other Person does not have any right over the said property, and same property sold to be Mr. Arjun Aggarwal, Which is to be financed by Piramal Capital & Housing Finance Ltd. Branch: Faridabad Haryana. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained.
**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

**PUBLIC NOTICE**
Information is given to general public at large that my clients Mr. Shankar Singh and Mrs. Mamta Devi intending to purchase the Flat No. 104, 2BHK, First Floor, Back Right Hand Side, area measuring 585 Sq. Ft., built on Residential Plot No. B-52 (part), land area measuring 100 Sq. Yards i.e. 83.61 Sq. Meters, bearing Khasra No. 351, situated at Vandana Vihar, Khoda Colony, Pargana Loni, Tehsil and Dist. Ghaziabad, U.P. from Mr. Radhey Shyam Gupta owner vide Sale Deed dated 26.04.2023 vide Doc. No.4211 executed by Mr. Shiv Kumar Bansal and same property to be financed by Hinduja Housing Finance Ltd. having its Office Address at H-73, Office No.204, Sector-63, Noida, U.P.-201301. That, Mr. Jagat Narayan Gupta S/o Mr. Chandrabhan Gupta died on 16.09.2008 leaving behind his legal heirs namely Mrs. Sushila Gupta (Wife). But, Death Certificate & Legal Heirs Certificate of Late Mr. Jagat Narayan Gupta are not available in the records.If any person(s) objection for subject property, then kindly may contact the undersigned along with original property document, within a week from the date of this notice on below mentioned address, falling which the claim as per aforesaid shall be treated as null and void in respect of the subject property.
**[ASHWANI KUMAR] Advocate**
Chamber No. 122,
Tehsil Compound, Ghaziabad, U.P.

# ਦੁਨੀਆਂ ਦਾ ਅਨੋਖਾ ਯੂਰਪੀਅਨ ਦੇਸ਼ 'ਆਸਟਰੀਆ'

– ਹਰਦੀਪ ਸਿੰਘ ਮਾਨ



ਆਓ ਇਕ ਅਜਿਹੇ ਦੇਸ਼ ਦੀ ਕਲਪਨਾ ਕਰੀਏ ਜਿਸ ਵਿਚ ਧਰਮ-ਨਿਰਪੱਖਤਾ, ਇਨਸਾਨੀ-ਬਰਾਬਰੀ, ਕਾਨੂੰਨ ਦੀ ਪਾਲਣਾਂ, ਮਨੁੱਖੀ ਅਜ਼ਾਦੀ ਅਤੇ ਹਰ ਅਦਾਰੇ ਤੇ ਨਿਯੰਤਰਣ ਹੋਵੇ, ਜਿੱਥੇ ਸਰਕਾਰੀ ਜਾਂ ਗ਼ੈਰ-ਸਰਕਾਰੀ ਅਦਾਰੇ ਰੰਗ, ਨਸਲ, ਮਜ਼੍ਹਬ ਅਤੇ ਵੱਖਰੀ ਦਿੱਖ ਦੇ ਆਧਾਰ ਤੋਂ ਬਿਨਾਂ ਕੰਮ ਕਰਨ। ਜੇ ਦੂਜੇ ਸ਼ਬਦਾਂ ਵਿਚ ਕਹੀਏ, ਇਕ ਆਮ ਨਾਗਰਿਕ ਆਪਣੇ ਦੇਸ਼ ਜਾਂ ਸ਼ਹਿਰ ਤੋਂ ਸ਼ੁੱਧ ਹਵਾ-ਪਾਣੀ, ਸੁਰੱਖਿਅਤ-ਜੀਵਨ, ਰੋਜ਼ਗਾਰ, ਸਰਕਾਰੀ ਸਹੂਲਤਾਂ, ਬੁਨਿਆਦੀ ਹੱਕ, ਸ਼ਾਂਤੀ ਅਤੇ ਇਨਸਾਫ਼ ਦੀ ਉਮੀਦ ਰੱਖਦਾ ਹੈ। ਹੁਣ ਦੇਖਦੇ ਹਾਂ, ਕੀ ਇਹ ਸਾਰੀਆਂ ਖ਼ੂਬੀਆਂ ਆਸਟਰੀਆ ਦੇਸ਼ ਵਿਚ ਹਨ?

ਆਸਟਰੀਆ:

ਆਸਟਰੀਆ, ਸੰਸਾਰ ਦੇ ਨਕਸ਼ੇ ਉੱਪਰ ਇਕ ਛੋਟਾ ਜਿਹਾ ਦਿਸਣ ਵਾਲਾ ਦੇਸ਼ ਅੱਜ ਤੋਂ 92 ਸਾਲ ਪਹਿਲਾਂ ਬਹੁਤ ਵੱਡਾ ਹੁੰਦਾ ਸੀ। ਪੂਰੇ ਦੇ ਪੂਰੇ ਦੇਸ਼ ਚੈਕੋ, ਸਲਾਵਾਕੀਆ, ਹੰਗਰੀ, ਸਲਵੇਨੀਆ, ਲਿਖਤਨਸਟਾਈਨ ਅਤੇ ਕੁਝ ਇਲਾਕੇ ਰੁਮਾਨੀਆ, ਇਟਲੀ, ਪੌਲੈਂਡ ਅਤੇ ਯੂਕਰੇਨ ਦੇ ਆਸਟਰੀਆ ਵਿਚ ਸ਼ਾਮਲ ਸਨ। ਆਸਟਰੀਆ ਵਾਰੇ ਬਹੁਤੇ ਲੋਕਾਂ ਨੂੰ ਜਾਣਕਾਰੀ ਨਾ ਹੋਣ ਕਰਕੇ ਉਹ ਇਸ ਨੂੰ ਆਸਟਰੇਲੀਆ ਨਾਂਵ ਤੇ ਬਦਲ ਦਿੰਦੇ ਹਨ। ਆਸਟਰੀਆ ਦਾ ਖ਼ੇਤਰਫਲ 83,858 ਵਰਗ ਕਿਲੋਮੀਟਰ ਹੈ, ਭਾਵ ਭਾਰਤ ਦਾ ਇਕ ਰਾਜ 'ਅਰੁਣਾਚਲ ਪ੍ਰਦੇਸ਼' ਪੂਰੇ ਆਸਟਰੀਆ ਦੇ ਬਰਾਬਰ ਹੈ। ਆਸਟਰੀਆ ਦੇ 9 ਰਾਜ ਹਨ। 'ਵਿਆਨਾ' ਆਸਟਰੀਆ ਦੀ ਰਾਜਧਾਨੀ ਹੈ। ਆਸਟਰੀਆ ਦੇ ਅੱਠ ਗੁਆਢੀ ਦੇਸ਼ਾਂ ਦੇ ਨਾਮ ਜਰਮਨੀ, ਸਵਿਟਜ਼ਰਲੈਂਡ, ਲਿਖਤਨਸਟਾਈਨ, ਇਟਲੀ, ਸਲਵੇਨੀਆ, ਹੰਗਰੀ, ਸਲਾਵਾਕੀਆ ਅਤੇ ਚੈਕੋ ਹਨ। ਇਸ ਦੇਸ਼ ਦਾ ਕਾਨੂੰਨੀ ਕੋਈ ਧਰਮ ਨਹੀਂ। ਵੈਸੇ, ਆਸਟਰੀਆ ਵਿਚ 78% ਕੈਥੋਲਿਕ, 5% ਪ੍ਰੋਟੈਸਟੈਂਟ, 2% ਮੁਸਲਮ ਧਰਮ ਦੇ ਲੋਕ ਰਹਿੰਦੇ ਹਨ। ਇੱਥੋਂ ਦੀ ਬੋਲੀ ਨੂੰ ਅੰਗ੍ਰੇਜ਼ੀ ਵਿਚ 'ਜਰਮਨ' ਅਤੇ ਜਰਮਨ ਵਿਚ 'ਡੁਚ' ਕਹਿੰਦੇ ਹਨ, ਭਾਵ ਇਸ ਦੇਸ਼ ਨੂੰ ਅੰਗ੍ਰੇਜ਼ੀ ਵਿਚ 'ਆਸਟਰੀਆ' ਅਤੇ ਜਰਮਨ ਜਾਂ ਡੁਚ ਵਿਚ 'ਉਸਟਰਾਹੀਖ਼' ਕਹਿੰਦੇ ਹਨ, ਇਸੇ ਤਰ੍ਹਾਂ ਹੀ ਰਾਜਧਾਨੀ ਨੂੰ ਅੰਗ੍ਰੇਜ਼ੀ ਵਿਚ 'ਵਿਆਨਾ' ਅਤੇ ਜਰਮਨ ਜਾਂ ਡੁਚ ਵਿਚ 'ਵੀਨ' ਕਹਿੰਦੇ ਹਨ।

ਸਰਵੇਖਣਾਂ ਅਨੁਸਾਰ ਆਸਟਰੀਆ ਵਿਚ ਜ਼ਿਆਦਾਤਰ ਮਰਦ 75 ਸਾਲ ਅਤੇ ਔਰਤਾਂ 81 ਸਾਲ ਤੱਕ ਉਮਰ ਭੋਗਦੀਆਂ ਹਨ। ਆਸਟਰੀਆ ਵਿਚ ਸਿਰਫ਼ ਚਾਰ ਰਾਜਨੀਤਿਕ ਪਾਰਟੀਆਂ ਤਾਕਤ ਵਿਚ ਹਨ। ਆਸਟਰੀਅਨ ਨਾਗਰਿਕ ਨੂੰ ਆਮ ਤੌਰ ਤੇ 20% ਟੈਕਸ ਦੇਣਾਂ ਪੈਂਦਾ ਹੈ। ਆਸਟਰੀਆ ਦੀ ਤਰੱਕੀ ਦਾ ਰਾਜ ਇੱਥੇ ਵੱਡੀ ਗਿਣਤੀ ਵਿਚ ਸੈਲਾਨੀਆਂ ਦਾ ਆਉਣਾਂ ਹੈ। ਸਾਲ ਦੇ 1.5 ਮਿਲੀਅਨ ਸੈਲਾਨੀ ਇੱਕਲੇ ਵਿਆਨਾ




ਨੂੰ ਦੇਖਣ ਆਉਂਦੇ ਹਨ ਅਤੇ ਇਹ ਗਿਣਤੀ ਹਰ ਸਾਲ ਵੱਧ ਵੀ ਜਾਂਦੀ ਹੈ। ਆਸਟਰੀਆ ਵੀ ਦੇਸ਼ ਬਾਰੇ ਮਸ਼ਹੂਰੀ ਅਤੇ ਸੈਲਾਨੀਆਂ ਦੀ ਮੰਗਾਂ ਨੂੰ ਪੂਰੀਆਂ ਕਰਨ ਵਿਚ ਕੋਈ ਕਸਰ ਨਹੀਂ ਛੱਡਦਾ। ਇਸ ਦੇਸ਼ ਨੇ ਹਰ ਤਰ੍ਹਾਂ ਦੇ ਮਹਾਨ ਵਿਅਕਤੀ ਪੈਦਾ ਕੀਤੇ ਜਿਵੇਂ ਅਭਿਨੇਤਾ, ਖਿਡਾਰੀ, ਲੇਖਕ, ਸੰਗੀਤਕਾਰ ਵਗੈਰਾ ਵਗੈਰਾ, ਜਿਨ੍ਹਾਂ ਨੇ ਸੰਸਾਰ ਭਰ ਵਿਚ ਆਸਟਰੀਆ ਦਾ ਨਾਮ ਉੱਚਾ ਕੀਤਾ ਅਤੇ ਕਰ ਰਹੇ ਹਨ। ਮਸ਼ਹੂਰ ਅਭਿਨੇਤਾ 'ਆਰਨੋਲਡ ਸਵਾਰਚੇਨੀਗਰ', ਜਿਸ ਨੇ 'ਕਮਾਡੋ' ਅਤੇ 'ਦਾ ਟਰਮੀਨੇਟਰ' ਵਰਗੀਆਂ ਅੰਗ੍ਰੇਜ਼ੀ ਫਿਲਮਾਂ ਵਿਚ ਕੰਮ ਕੀਤਾ ਅਤੇ ਹੁਣ ਵੀ ਉਸ ਦੀਆਂ ਨਵੀਆਂ ਫਿਲਮਾਂ ਆ ਰਹੀਆਂ ਹਨ, ਉਸ ਦਾ ਜਨਮ ਆਸਟਰੀਆ ਦੇ ਇਕ ਸ਼ਹਿਰ 'ਗਰਾਸ' ਵਿਚ ਹੀ ਹੋਇਆ ਹੈ। ਆਸਟਰੀਆ ਦੇ ਇਕ ਸੰਸਾਰ ਪ੍ਰਸਿੱਧ ਖਿਡਾਰੀ ਦਾ ਨਾਮ 'ਹਰਮਨ ਮਾਅਰ' ਹੈ, ਜਿਸ ਨੇ ਸਰਦੀ-ਰੁੱਤ ਦੀਆਂ ਖੇਡਾਂ ਵਿਚ ਆਸਟਰੀਆ ਲਈ ਕਈ ਸੋਨੇ ਦੇ ਤਮਗੇ ਜਿੱਤੇ। ਜਿਸ ਤਰ੍ਹਾਂ ਆਰਨੋਲਡ ਨੂੰ ਲੋਕੀਂ ਪਿਆਰ ਨਾਲ 'ਟਰਮੀਨੇਟਰ' ਕਹਿੰਦੇ ਹਨ, ਉਸੇ ਤਰ੍ਹਾਂ ਹਰਮਨ ਨੂੰ 'ਹਰਮੀਨੇਟਰ' ਕਹਿੰਦੇ ਹਨ।

ਆਬਾਦੀ ਘੱਟ ਹੋਣ ਕਰਕੇ ਹਰ ਆਸਟਰੀਅਨ ਨਾਗਰਿਕਤਾ ਪ੍ਰਾਪਤ ਮਰਦ ਨੂੰ 18 ਤੋਂ 35 ਸਾਲ ਦੀ ਉਮਰ ਦੇ ਵਿਚ 8 ਮਹੀਨੇ ਫ਼ੌਜ ਦੀ ਸਿਖਲਾਈ ਲਈ ਜਾਣਾਂ ਪੈਂਦਾ ਹੈ, ਤਾਂਕਿ ਲੜਾਈ ਲੱਗਣ ਤੇ ਸਾਰੇ ਮਰਦ ਆਪਣੇ ਕੰਮ-ਕਾਰ ਛੱਡ ਕੇ ਦੇਸ਼ ਲਈ ਲੜਨ ਲਈ ਪਹਿਲਾਂ ਤੋਂ ਹੀ ਤਿਆਰ ਰਹਿਣ। ਔਰਤਾਂ ਫ਼ੌਜੀ ਸਿਖਲਾਈ ਜਾਂ ਫ਼ੌਜ ਵਿਚ ਭਰਤੀ ਹੋਣ ਲਈ ਸਵੈ-ਇਛੁਕ ਜਾ ਸਕਦੀਆਂ ਹਨ, ਪਰ ਸਰੀਰਕ ਅਤੇ ਮਾਨਸਿਕ ਤੌਰ ਤੇ ਸੰਪੂਰਨ ਮਰਦਾਂ ਨੂੰ ਕਾਨੂੰਨੀ ਜਾਣਾਂ ਪੈਂਦਾ ਹੈ। ਫ਼ੌਜੀ ਸਿਖਲਾਈ ਦੌਰਾਨ ਸਰਕਾਰੀ ਬਿੱਲ ਮਾਫ਼ ਕਰ ਦਿੱਤੇ ਜਾਂਦੇ ਹਨ ਅਤੇ ਫ਼ੌਜੀ ਦੇ ਖਰਚਿਆਂ ਅਨੁਸਾਰ ਮਾਲੀ ਮਦਦ ਵੀ ਦਿੱਤੀ ਜਾਂਦੀ ਹੈ। ਆਸਟਰੀਆ ਵਿਚ 6 ਤੋਂ 15 ਸਾਲ ਦੀ ਉਮਰ ਦੇ ਬੱਚਿਆਂ ਦਾ ਸਕੂਲੇ ਜਾਣਾਂ ਜ਼ਰੂਰੀ ਹੈ। ਇੱਥੇ ਸਰਕਾਰੀ ਸਕੂਲਾਂ ਦੀ ਪੜ੍ਹਾਈ ਮੁਫ਼ਤ ਹੈ, ਸਿਰਫ਼ ਕਿਤਾਬਾਂ ਦੀ 10% ਕੀਮਤ ਦੇਣੀ ਪੈਂਦੀ ਹੈ, ਪਰ ਉਨੀ ਕੁ ਸਰਕਾਰ ਵਲੋਂ ਵੀ ਮਾਲੀ ਮਦਦ ਮਿਲ ਜਾਂਦੀ ਹੈ। ਯੂਨੀਵਰਸਿਟੀ ਵਿਚ ਪੜ੍ਹਨਾਂ ਵੀ ਇਸੇ ਤਰ੍ਹਾਂ ਹੀ ਹੈ, ਸਰਕਾਰ ਪੜ੍ਹਾਈ ਦਾ ਖ਼ਰਚਾ ਇਕ ਹੱਥ ਦੇ ਕੇ ਦੂਜੇ ਹੱਥ ਲੈ ਲੈਂਦੀ ਹੈ। ਵਿਦਿਆਰਥੀਆਂ ਨੂੰ ਹੋਰ ਬਹੁਤ ਸਾਰੀਆਂ ਸਹੂਲਤਾਂ ਮਿਲਦੀਆਂ ਹਨ, ਜਿਵੇਂ ਜਨਤਕ ਗੱਡੀਆਂ ਦੇ ਪਾਸ ਵਿਚ ਛੋਟ।

ਆਸਟਰੀਆ ਵਿਚ ਪਿਛਲੇ ਕੁਝ ਸਾਲਾਂ ਤੋਂ ਬਹੁਤ ਘੱਟ ਬੱਚੇ ਪੈਦਾ ਕੀਤੇ ਜਾ ਰਹੇ ਹਨ, ਸਾਲ 2001 ਵਿਚ ਪਿਛਲੇ ਸਾਲ ਨਾਲੋਂ 3000 ਬੱਚੇ ਘੱਟ ਪੈਦਾ ਹੋਏ, ਇਸ ਲਈ ਸਰਕਾਰ ਦੇਸ਼ ਦੇ ਭਵਿੱਖ ਲਈ ਬਹੁਤ ਚਿੰਤਕ ਹੈ। ਕਿਉਂਕਿ ਜੇ ਦੇਸ਼ ਦੀ ਆਬਾਦੀ ਵਿਚ ਵਾਧਾ ਨਹੀਂ ਹੁੰਦਾ ਜਾਂ ਬਹੁਤ ਹੌਲੀ ਹੁੰਦਾ ਹੈ ਤਾਂ ਪੈਨਸ਼ਨਾਂ ਕੌਣ ਭਰੇਗਾ? ਚਿੰਤਕਾਂ ਨੂੰ ਡਰ ਹੈ ਕਿ ਜੇ ਆਬਾਦੀ ਵਿਚ ਵਾਧਾ ਨਹੀਂ ਹੋਇਆ ਤਾਂ ਸਾਲ 2035 ਵਿਚ ਪੈਨਸ਼ਨਾਂ ਦੇਣੀਆਂ ਅਸੰਭਵ ਹੋ ਜਾਣਗੀਆਂ। ਇਸੇ ਕਰਕੇ ਵੱਧ ਤੋਂ ਵੱਧ ਬੱਚੇ ਪੈਦਾ ਕਰਨ ਦਾ ਲਾਲਚ ਦਿੱਤਾ ਜਾ ਰਿਹਾ ਹੈ, ਜਿਵੇਂ ਸਰਕਾਰ ਵਲੋਂ ਬੱਚਿਆਂ ਦੇ ਪਾਲਣ-ਪੋਸ਼ਣ ਲਈ ਮਾਲੀ ਮਦਦ ਦੇਣੀ, ਮਾਂ ਕੋਲੋਂ ਬੱਚੇ ਦੇ ਬਾਪ ਦਾ ਨਾਮ ਨਾ ਪੁੱਛਣਾਂ। ਹੋਰ ਵਿਕਸਿਤ ਦੇਸ਼ ਵਾਂਗ ਇੱਥੇ ਵੀ ਬੱਚਿਆਂ ਨੂੰ ਮਾਰਨਾ-ਕੁੱਟਣਾਂ ਕਾਨੂੰਨੀ ਜ਼ੁਲਮ ਹੈ। ਸਕੂਲਾਂ ਵਿਚ ਸਮੇਂ ਸਮੇਂ ਤੇ ਬੱਚਿਆਂ ਦੀ ਸਰੀਰਕ ਅਤੇ ਮਾਨਸਿਕ ਜਾਂਚ ਕੀਤੀ ਜਾਂਦੀ ਹੈ। ਮਾਂ-ਬਾਪ ਨੂੰ ਵੀ ਬੱਚੇ ਦੇ ਪਾਲਣ-ਪੋਸ਼ਣ ਲਈ ਸਰਕਾਰ ਵਲੋਂ ਵੀ ਮਾਲੀ ਮਦਦ ਦੇ ਨਾਲ ਨਾਲ ਸਖ਼ਤ ਹਦਾਇਤਾਂ ਵੀ ਦਿੱਤੀਆਂ ਜਾਂਦੀਆਂ ਹਨ। ਰਾਤਾਂ ਨੂੰ ਛੋਟੀ ਉਮਰ ਦੇ ਬੱਚਿਆਂ ਨੂੰ ਨਾਲ ਲੈ ਕੇ ਘੁੰਮਣਾਂ ਮਨ੍ਹਾਂ ਹੈ। ਹੋਰ ਜੋ ਸਭ ਕੁਝ ਬਾਕੀ ਵਿਕਸਿਤ ਦੇਸ਼ਾਂ ਵਿਚ ਹੁੰਦਾ ਹੈ, ਉਹ ਇੱਥੇ ਵੀ ਹੁੰਦਾ ਹੈ। ਇੱਥੇ ਵੀ ਜਵਾਨ ਮੁੰਡੇ-ਕੁੜੀਆਂ ਨੂੰ ਹੱਦੋਂ ਵੱਧ ਆਜ਼ਾਦੀ ਹੈ। ਸੜਕਾਂ ਤੇ ਨੰਗੇਜ਼ਵਾਦ ਅਤੇ ਮੁੰਡੇ-ਕੁੜੀਆਂ ਦੀਆਂ ਅਸ਼ਲੀਲ ਹਰਕਤਾਂ ਆਮ ਦੇਖਣ 'ਚ ਆਉਂਦੀਆਂ ਹਨ। ਕੁੜੀਆਂ 22 ਸਾਲਾਂ ਦੀਆਂ ਹੋ ਕੇ ਪਰਿਵਾਰ ਨਾਲੋਂ ਵੱਖ ਹੋ ਕੇ ਰਹਿਣ ਲੱਗ ਪੈਂਦੀਆਂ ਹਨ ਅਤੇ ਮੁੰਡੇ 24 ਸਾਲ ਦੇ। ਵਿਆਨਾ ਵਿਚ 44.5% ਲੋਕ ਇੱਕਲੇ ਰਹਿ ਰਹੇ ਹਨ। ਇੱਥੇ ਵੀ ਬੰਦੇ ਬੰਦਿਆਂ ਨਾਲ ਵਿਆਹ ਕਰਵਾਈ ਜਾ ਰਹੇ ਹਨ ਅਤੇ ਔਰਤਾਂ ਔਰਤਾਂ ਨਾਲ। ਅਣ-ਵਿਆਹੇ ਇੱਕਠਿਆਂ ਰਹਿਣ ਦਾ ਰੁਝਾਨ ਵੱਧ ਰਿਹਾ ਹੈ। ਆਸਟਰੀਆ ਵਿਚ ਸਾਲ 2001 ਪੈਦਾ ਹੋਏ ਹਰ ਤੀਜੇ ਬੱਚੇ ਦੇ ਮਾਂ-ਬਾਪ ਅਣ-ਵਿਆਹੇ ਹਨ।



ਆਬਾਦੀ: ਇਸ ਦੇਸ਼ ਦੀ ਜਨਸੰਖਿਆ ਸਾਲ 2001 ਦੇ ਸਰਕਾਰੀ ਅੰਕੜਿਆਂ ਅਨੁਸਾਰ 80,65,465 ਸੀ। ਹੈਰਾਨੀ ਦੀ ਗੱਲ ਹੈ ਕਿ ਇਸ ਦੇ ਸਾਰੇ ਹੀ ਰਾਜਾਂ ਵਿਚ ਔਰਤਾਂ ਦੀ ਗਿਣਤੀ ਜ਼ਿਆਦਾ ਹੈ। ਇਕੱਲੇ ਵਿਆਨਾ ਸ਼ਹਿਰ ਵਿਚ ਮਰਦਾਂ ਨਾਲੋਂ 86,000 ਜ਼ਿਆਦਾ ਔਰਤਾਂ ਰਹਿ ਰਹੀਆਂ ਹਨ, ਕੁਝ ਲੋਕਾਂ ਲਈ ਸ਼ਾਇਦ ਇਹ ਸਵਰਗ ਦੀ ਕਲਪਨਾ ਹੋਵੇਗੀ। ਮਰਦਾਂ ਅਤੇ ਔਰਤਾਂ ਦਾ ਵੱਡੀ ਗਿਣਤੀ ਵਿਚ ਇਹ ਅੰਤਰ ਸੰਸਾਰ ਯੁੱਧਾਂ ਵਿਚ ਬਹੁਤੇ ਮਰਦਾਂ ਦਾ ਮਾਰੇ ਜਾਣਾ ਅਤੇ ਵਿਕਸਿਤ ਸਮਾਜ ਵਿਚ ਧੀ-ਪੁੱਤਰ ਨੂੰ ਇਕ ਬਰਾਬਰ ਸਮਝਣਾਂ ਹੈ। ਪਿਛਲੇ ਦਸ ਸਾਲਾਂ ਵਿਚ ਆਸਟਰੀਆ ਦੀ ਆਬਾਦੀ 3.5% ਵਧੀ ਹੈ। ਸਾਰੇ ਆਸਟਰੀਆ ਵਿਚ 9.3% ਲੋਕਾਂ ਕੋਲ ਆਸਟਰੀਅਨ ਨਾਗਰਿਕਤਾ ਨਹੀਂ ਹੈ, ਜੋ ਕਿ ਯੂਰਪੀਅਨ ਯੂਨੀਅਨ ਦੇਸ਼ਾਂ ਨਾਲੋਂ ਸਭ ਤੋਂ ਵੱਧ ਹੈ। ਪ੍ਰਵਾਸੀਆਂ ਵਿਚ ਜ਼ਿਆਦਾ ਯੂਗੋ, ਸਲਾਵੀਅਨ, ਟੁਰਕੀ ਅਤੇ ਪੋਲੈਂਡੀਅਨ ਹਨ।

ਅਖ਼ਬਾਰਾਂ ਵੇਚਣ ਦੇ ਕੰਮ ਲਈ ਵਿਸ਼ੇਸ਼ ਵੀਜ਼ੇ ਖੁਲ੍ਹਣ ਕਰਕੇ ਸਾਲ 1980 ਵਿਚ ਭਾਰਤੀਆ ਨੇ ਆਸਟਰੀਆ ਆਉਣਾਂ ਸ਼ੁਰੂ ਕੀਤਾ। ਆਸਟਰੀਆ ਵਿਚ ਸਾਲ 2001 ਵਿਚ 5127 ਭਾਰਤੀ ਨਾਗਰਿਕਤਾ ਵਾਲੇ ਦਰਜ ਸਨ। ਪਿਛਲੇ ਸਾਲ 91 ਭਾਰਤੀ ਬੱਚਿਆਂ ਨੇ ਆਸਟਰੀਆ ਵਿਚ ਜਨਮ ਲਿਆ। 678 ਭਾਰਤੀਆਂ ਨੇ ਸਾਲ 2001 ਵਿਚ ਆਸਟਰੀਅਨ ਪਾਸਪੋਰਟ ਲਏ, ਜਿਨ੍ਹਾਂ ਵਿਚੋਂ ਜ਼ਿਆਦਾਤਰ ਔਰਤਾਂ ਅਤੇ ਬੱਚੇ ਸਨ। ਸਰਕਾਰੀ ਅੰਕੜਿਆਂ ਤੋਂ ਪਤਾ ਲੱਗਦਾ ਹੈ ਕਿ ਆਸਟਰੀਆ ਦੇ ਸਾਰੇ ਰਾਜਾਂ ਵਿਚ ਆਪਣੇ ਭਾਰਤੀ ਹਨ, ਪਰ ਵੱਡੀ ਗਿਣਤੀ, ਸਾਲ 2001 ਵਿਚ 3756 ਭਾਰਤੀ ਨਾਗਰਿਕਤਾ ਵਾਲੇ, ਵਿਆਨਾ ਵਿਚ ਹੀ ਹੈ। ਜੇ ਸਾਰੇ ਆਸਟਰੀਆ ਵਿਚ ਸਾਲ 1979 ਤੋਂ ਲੈ ਕੇ ਸਾਲ 2001 ਤੱਕ ਭਾਰਤੀ ਪਾਸਪੋਰਟਾਂ ਨੂੰ ਦੇ ਕੇ ਆਸਟਰੀਅਨ ਪਾਸਪੋਰਟ ਲੈਣ ਵਾਲਿਆਂ ਦੀ ਗਿਣਤੀ ਦਾ ਕੁਲ ਜੋੜ ਲਾਈਏ ਤਾਂ ਇਹ 5670 ਬਣਦੀ ਹੈ। ਜ਼ਿਆਦਾਤਰ ਪੰਜਾਬ ਅਤੇ ਕੇਰਲਾ ਤੋਂ ਭਾਰਤੀ ਆਸਟਰੀਆ ਵਿਚ ਹਨ। ਦੇਖਣ ਵਿਚ ਆਇਆ ਹੈ ਕਿ ਇੱਥੇ ਹੋਰ ਦੇਸ਼ਾਂ ਦੇ ਨਾਗਰਿਕਾਂ ਨਾਲੋਂ ਭਾਰਤੀਆਂ ਨੂੰ ਵੀਜ਼ੇ ਅਤੇ ਆਸਟਰੀਅਨ ਪਾਸਪੋਰਟ ਸੌਖੇ ਅਤੇ ਛੇਤੀ ਮਿਲ ਜਾਂਦੇ ਹਨ। ਸ਼ਾਇਦ ਇਨ੍ਹਾਂ ਨੂੰ ਭਾਰਤੀਆਂ ਦੇ ਮਿਹਨਤੀ, ਅਮਨਪਸੰਦ ਅਤੇ ਖੁਲ੍ਹੇ ਸੁਭਾਅ ਵਾਰੇ ਪਤਾ ਹੈ। ਸਾਲ 2001 ਵਿਚ 429 ਭਾਰਤੀ ਆਸਟਰੀਆ ਛੱਡ ਕੇ ਚਲੇ ਗਏ। ਸਰਕਾਰੀ ਅੰਕੜਿਆਂ ਅਨੁਸਾਰ ਸਾਲ 1978 ਵਿਚ ਪਹਿਲੀ ਬਾਰ 8 ਭਾਰਤੀਆਂ ਨੇ ਆਸਟਰੀਅਨ ਸਿਆਸੀ-ਪਨਾਹ ਲਈ ਸੀ, ਪਰ ਸਾਲ 2000 ਵਿਚ ਇਹ ਵਧ ਕੇ 2441 ਹੋ ਗਈ। ਸਾਲ 2001 ਵਿਚ 1804 ਭਾਰਤੀ ਸਿਆਸੀ ਪਨਾਹਗੀਰ ਸਨ। ਸਭ ਤੋਂ ਵੱਧ ਇੱਥੇ ਅਫ਼ਗਾਨਿਸਤਾਨ ਅਤੇ ਇਰਾਨ ਤੋਂ ਲੋਕ ਸਿਆਸੀ ਪਨਾਹ ਲਈ ਆਉਂਦੇ ਹਨ।

ਵਿਆਨਾ: ਕਿਉਂਕਿ ਹਰ ਦੇਸ਼ ਦੀ ਰਾਜਧਾਨੀ ਉਸ ਦੇਸ਼ ਦਾ ਕੇਂਦਰੀ ਧੁਰਾ ਹੁੰਦਾ ਹੈ, ਇਸ ਕਰਕੇ 'ਵਿਆਨਾ' ਬਾਰੇ ਵਿਸਥਾਰਪੂਰਕ ਦੱਸਦੇ ਹਾਂ। ਵਿਆਨਾ ਵਿਚ ਰੋਜ਼ਗਾਰ ਦੇ ਸਾਧਨ ਜ਼ਿਆਦਾ ਹੋਣ ਕਰਕੇ ਇੱਥੇ ਸੰਸਾਰ ਦੇ ਸਾਰੇ ਦੇਸ਼ਾਂ ਦੇ ਲੋਕ ਰਹਿੰਦੇ ਹਨ। ਸਾਲ 2001 ਵਿਚ ਸਿਰਫ਼ 6.1% ਨਾਗਰਿਕ ਆਸਟਰੀਆ ਵਿਚ ਬੇਰੁਜ਼ਗਾਰ ਸਨ। ਭਾਵੇਂ ਵਿਆਨਾ ਆਸਟਰੀਆ ਦੇ ਬਾਕੀ ਰਾਜਾਂ ਨਾਲੋਂ ਸਭ ਤੋਂ ਛੋਟਾ ਹੈ, ਪਰ ਰਾਜਧਾਨੀ ਹੋਣ ਕਰਕੇ ਇਸ ਦੀ ਆਬਾਦੀ (15,62,482) ਬਾਕੀ ਰਾਜਾਂ ਨਾਲੋਂ ਜ਼ਿਆਦਾ ਹੈ, ਇਸੇ ਕਰਕੇ ਹੀ ਸਾਰੇ ਰਾਜਾਂ ਨਾਲੋਂ ਵੱਧ ਵਿਆਨਾ ਦੇ 17.7% ਲੋਕਾਂ ਕੋਲ ਆਸਟਰੀਅਨ ਨਾਗਰਿਕਤਾ ਨਹੀਂ ਹੈ।

ਵਿਆਨਾ ਵਿਚ ਜਗ੍ਹਾ ਥੋੜ੍ਹੀ ਅਤੇ ਆਬਾਦੀ ਜ਼ਿਆਦਾ ਹੋਣ ਕਰਕੇ ਜ਼ਿਆਦਾਤਰ ਲੋਕ ਫਲੈਟਾਂ (ਬਿਲਡਿੰਗਾਂ) ਵਿਚ ਰਹਿੰਦੇ ਹਨ, ਸਿਰਫ਼ 8.1% ਲੋਕ ਆਪਣੇ ਘਰਾਂ (ਹਾਊਸ) ਵਿਚ ਰਹਿੰਦੇ ਹਨ। ਵਿਆਨਾ ਦੇ ਫਲੈਟਾਂ ਦੀ ਕੀਮਤ ਲਗਪਗ ਇੰਗਲੈਂਡ ਦੇ ਘਰਾਂ ਜਿੰਨੀ ਹੈ। ਆਸਟਰੀਆ ਵਿਚ ਕੰਮ ਕਰਨ ਵਾਲਿਆਂ ਨੂੰ ਸਾਲ ਦੀਆਂ ਚੌਦਾਂ ਤਨਖ਼ਾਹਾਂ ਮਿਲਦੀਆਂ ਹਨ ਅਤੇ ਸਾਲ ਦੀਆਂ 15 ਸਰਕਾਰੀ ਛੁੱਟੀਆਂ ਹੁੰਦੀਆਂ ਹਨ। ਵਧੇਰੇ ਸਰਕਾਰੀ ਛੁੱਟੀਆਂ ਦੀ ਗਿਣਤੀ ਵਿਚ ਵੀ ਆਸਟਰੀਆ ਮੋਹਰੀ ਦੇਸ਼ਾਂ ਵਿਚ ਆਉਂਦਾ ਹੈ। ਇਸ ਤੋਂ ਇਲਾਵਾ ਕਾਮਾਂ ਤਨਖ਼ਾਹ ਤੇ ਸਾਲ ਵਿਚ ਪੰਜ ਹਫ਼ਤੇ ਦੀਆਂ ਛੁੱਟੀਆਂ ਲੈ ਸਕਦਾ ਹੈ। ਵਿਆਨਾ ਦੀ ਸਫ਼ਾਈ ਦੀ ਗੱਲ ਕਰੀਏ ਤਾਂ ਇੱਥੇ ਹਰ ਤਰ੍ਹਾਂ ਦੇ ਕੂੜੇ ਲਈ ਵੱਖਰਾ ਕੂੜੇਦਾਨ ਹੈ। ਜ਼ਿਆਦਾਤਰ ਬਹੁ-ਮੰਜ਼ਿਲੀ ਇਮਾਰਤਾਂ ਵਿਚ ਦੋ ਤਰ੍ਹਾਂ ਦੇ ਕੂੜੇਦਾਨ ਹੁੰਦੇ ਹਨ।

ਇਕ ਵਿਚ ਕਾਗਜ਼ ਅਤੇ ਦੂਸਰੇ ਵਿਚ ਸਭ ਕੁਝ ਸੁੱਟ ਸਕਦੇ ਹੋ। ਬਿਲਡਿੰਗਾਂ ਤੋਂ ਕੁਝ ਦੂਰੀ ਤੇ ਛੇ ਤਰ੍ਹਾਂ ਦੇ ਕੂੜੇਦਾਨ ਰੱਖੇ ਹੁੰਦੇ ਹਨ, ਜਿਨ੍ਹਾਂ ਵਿਚ ਪਲਾਸਟਿਕ, ਫੁੱਲ-ਬੂਟੇ, ਰੰਗੀਨ ਕੱਚ, ਚਿੱਟਾ ਕੱਚ, ਲੋਹਾ ਅਤੇ ਕੱਪੜੇ ਸੁੱਟੇ ਜਾਂਦੇ ਹਨ।

---

ਕਥਾ ਪ੍ਰਵਾਹ

# ਤਿੰਨ ਬਹਾਦਰ

-ਬਲਦੇਵ ਸਿੰਘ ਸਿੱਧੂ

ਜੇ ਅਸੀਂ ਵਿਸ਼ਵ ਦੇ ਇਤਿਹਾਸ ਦੇ ਪੰਨੇ ਵੇਖੀਏ-ਪੜ੍ਹੀਏ ਤਾਂ ਹਰੇਕ ਦੇਸ਼ ਅਤੇ ਕੌਮ ਦਾ ਇਤਿਹਾਸ ਵੀਰਾਂ-ਬਹਾਦਰਾਂ ਦੀਆਂ ਕਹਾਣੀਆਂ ਨਾਲ ਭਰਿਆ ਹੋਇਆ ਹੈ। ਹਰ ਕਾਲ ਤੇ ਯੁੱਗ ਵਿੱਚ ਅਜਿਹੇ ਸੂਰਮੇ ਹੋਏ ਹਨ ਜਿਨ੍ਹਾਂ ਨੇ ਆਪਣੇ ਸਾਹਸ ਭਰੇ ਕਾਰਨਾਮਿਆਂ ਨਾਲ ਲੋਕਾਂ 'ਚ ਉਤਸ਼ਾਹ ਪੈਦਾ ਕਰ ਕੇ ਉਨ੍ਹਾਂ ਨੂੰ ਪ੍ਰੇਰਨਾ ਦਿੱਤੀ। ਇਹ ਕਹਾਣੀ ਹਜ਼ਾਰਾਂ ਸਾਲ ਪੁਰਾਣੀ ਹੈ। ਕਹਿੰਦੇ ਹਨ ਕਿ ਰੋਮ 'ਤੇ ਟਾਰਕਿਵਨ ਨਾਂ ਦਾ ਰਾਜਾ ਰਾਜ ਕਰਦਾ ਸੀ। ਉਹ ਬਹੁਤ ਹੀ ਜ਼ਾਲਮ ਪ੍ਰਵਿਰਤੀ ਦਾ ਸ਼ਾਸਕ ਸੀ ਜੋ ਜਨਤਾ ਤੋਂ ਭਾਰੀ ਟੈਕਸ ਵਸੂਲ ਕਰਦਾ ਅਤੇ ਉਸ ਆਮਦਨ ਆਮਦਨ ਨੂੰ ਆਪਣੀ ਐਸ਼ੋ-ਇਸ਼ਰਤ 'ਤੇ ਅੰਨ੍ਹੇਵਾਹ ਖਰਚ ਕਰਦਾ ਸੀ। ਲੋਕ ਭਲਾਈ ਨਾਲ ਉਸ ਦਾ ਦੂਰ ਨੇੜੇ ਦਾ ਵਾਸਤਾ ਨਹੀਂ ਸੀ। ਇਸ ਕਰਕੇ ਪਰਜਾ ਉਸ ਦੇ ਤਾਨਾਸ਼ਾਹੀ ਰਵੱਈਏ ਤੋਂ ਪੂਰੀ ਤਰ੍ਹਾਂ ਤੰਗ ਹੋ ਗਈ। ਅੰਤ ਲੋਕਾਂ ਨੇ ਰਾਜੇ ਵਿਰੁੱਧ ਬਗ਼ਾਵਤ ਕਰ ਦਿੱਤੀ। ਰਾਜ ਪਲਟੇ ਤੋਂ ਬਾਅਦ ਪਰਜਾ ਨੇ ਫ਼ੈਸਲਾ ਕੀਤਾ ਕਿ ਦੇਸ਼ ਦਾ ਸ਼ਾਸਨ ਕਿਸੇ ਬਾਦਸ਼ਾਹ ਦੇ ਅਧੀਨ ਨਹੀਂ ਸਗੋਂ ਵਿਦਵਾਨ ਅਤੇ ਬੁੱਧੀਮਾਨ ਲੋਕਾਂ ਦੀ ਇੱਕ ਸਭਾ ਰਾਜ ਦਾ ਪ੍ਰਬੰਧ ਕਰੇਗੀ। ਬਾਦਸ਼ਾਹ ਟਾਰਕਿਵਨ ਦੇ ਮਨ 'ਚ ਰਾਜ ਦੇ ਖੋਹੇ ਜਾਣ ਦਾ ਬਹੁਤ ਦੁੱਖ ਸੀ ਪਰ ਉਹ ਐਨੀ ਆਸਾਨੀ ਨਾਲ ਹਾਰ ਮੰਨਣ ਵਾਲਾ ਨਹੀਂ ਸੀ। ਉਹ ਰਾਜਗੱਦੀ ਦਾ ਬਹੁਤ ਭੁੱਖਾ ਸੀ ਤੇ ਉਸ ਨੂੰ ਪ੍ਰਾਪਤ ਕਰਨ ਲਈ ਕਿਸੇ ਵੀ ਹੱਦ ਤਕ ਜਾ ਸਕਦਾ ਸੀ। ਉਸ ਨੇ ਗੁਆਂਢੀ ਰਾਜੇ ਲਾਰਸ ਪ੍ਰੋਸੇਨ ਤੋਂ ਸਹਾਇਤਾ ਮੰਗੀ। ਟਾਰਕਿਵਨ ਨੇ ਉਸ ਨੂੰ ਭੜਕਾਇਆ ਕਿ ਜਿਵੇਂ ਅੱਜ ਮੇਰਾ ਰਾਜ ਖੋਹ ਲਿਆ ਗਿਆ ਹੈ, ਉਸ ਪ੍ਰਕਾਰ ਹੀ ਦੇਸ਼ ਦੀ ਜਨਤਾ ਕੱਲ੍ਹ ਨੂੰ ਤੈਨੂੰ ਵੀ ਗੱਦੀ ਤੋਂ ਲਾਹ ਸਕਦੀ ਹੈ। ਇਸ ਪ੍ਰਵਿਰਤੀ ਨੂੰ ਰੋਕਣ ਲਈ ਜ਼ਰੂਰੀ ਹੈ ਕਿ ਰੋਮ ਦੀ ਜਨਤਾ ਨੂੰ ਸਬਕ ਸਿਖਾਇਆ ਜਾਵੇ। ਲਾਰਸ ਪ੍ਰੋਸੇਨ ਇਸ ਗੱਲ ਤੋਂ ਬਹੁਤ ਡਰ ਗਿਆ ਅਤੇ ਉਸ ਨੇ ਟਾਰਕਿਵਨ ਦੀ ਸਹਾਇਤਾ ਲਈ ਵਿਸ਼ਾਲ ਸੈਨਾ ਭੇਜ ਦਿੱਤੀ। ਸੈਨਿਕਾਂ ਦੇ ਹੱਥਾਂ 'ਚ ਤਲਵਾਰਾਂ ਅਤੇ ਬਰਛੇ ਚਮਕ ਰਹੇ ਸਨ ਤੇ ਉਨ੍ਹਾਂ ਦੇ ਕਦਮਾਂ ਦੀ ਧੂੜ ਅਸਮਾਨ ਵੱਲ ਉੱਡਦੀ ਸਾਫ਼ ਵਿਖਾਈ ਦੇ ਰਹੀ ਸੀ। ਉਹ ਰਸਤੇ 'ਚ ਆਉਂਦੇ ਪਿੰਡ ਨੂੰ ਲੁੱਟਣ ਤੋਂ ਬਾਅਦ ਅੱਗ ਲਾ ਦਿੰਦੇ ਸਨ। ਇਸ ਤਰ੍ਹਾਂ ਪਿੰਡਾਂ ਦੇ ਲੋਕ ਡਰਦੇ ਹੋਏ ਜਿੰਨਾ ਵੀ ਸਾਮਾਨ ਲਿਜਾ ਸਕਦੇ ਸਨ, ਉਸ ਨੂੰ ਲੈ ਕੇ ਰੋਮ ਵੱਲ ਭੱਜਣ ਲੱਗੇ। ਸਭ ਦੀਆਂ ਅੱਖਾਂ 'ਚ ਡਰ ਸਾਫ਼ ਦਿਖਾਈ ਦੇ ਰਿਹਾ ਸੀ। ਉਹ ਡਿੱਗਦੇ-ਢਹਿੰਦੇ ਰੋਮ ਵੱਲ ਭੱਜ ਰਹੇ ਸਨ। ਰੋਮ ਦਾ ਸੁੰਦਰ ਸ਼ਹਿਰ ਟਾਈਬਰ, ਟਾਈਬਰ ਨਦੀ ਦੇ ਕਿਨਾਰੇ ਵਸਿਆ ਹੋਇਆ ਸੀ ਅਤੇ ਸ਼ਹਿਰ ਵਿੱਚ ਪ੍ਰਵੇਸ਼ ਹੋਣ ਲਈ ਨਦੀ 'ਤੇ ਇੱਕ ਲੱਕੜ ਦਾ ਜ਼ਬਰਦਸਤ ਪੁਲ਼ ਬਣਿਆ ਹੋਇਆ ਸੀ। ਉਹ ਪੁਲ਼ ਆਪਣੇ ਸਮੇਂ ਦਾ ਕਲਾ ਦਾ ਉੱਤਮ ਨਮੂਨਾ ਸੀ ਤੇ ਲੋਕ ਦੂਰੋਂ-ਦੂਰੋਂ ਉਸ ਨੂੰ ਵੇਖਣ ਲਈ ਆਉਂਦੇ ਸਨ। ਉਸ ਪੁਲ਼ ਦੀ ਇੱਕ ਖ਼ਾਸੀਅਤ ਇਹ ਸੀ ਕਿ ਉਹ ਐਨਾ ਤੰਗ ਸੀ ਕਿ ਉਸ ਉੱਤੇ ਇੱਕ ਵਾਰ ਜ਼ਿਆਦਾ ਤੋਂ ਜ਼ਿਆਦਾ ਤਿੰਨ ਆਦਮੀ 'ਕੱਠੇ ਖੜ੍ਹੇ ਹੋ ਸਕਦੇ ਸਨ। ਨਦੀ ਦੇ ਇੱਕ ਪਾਸੇ ਰੋਮ ਅਤੇ ਦੂਜੇ ਪਾਸੇ ਜੈਨਿਕੁਲਮ ਦਾ ਕਿਲ੍ਹਾ ਸੀ। ਉਹ ਕਿਲ੍ਹਾ ਵੈਰੀਆਂ ਨੂੰ ਰੋਕਣ ਲਈ ਬਣਾਇਆ ਗਿਆ ਸੀ। ਕਿਲ੍ਹੇ ਦੇ ਸੈਨਿਕਾਂ ਨੇ ਸ਼ੋਰ ਦੀ ਆਵਾਜ਼ ਸੁਣੀ ਤਾਂ ਉਹ ਬਾਹਰ ਆ ਗਏ। ਹਜ਼ਾਰਾਂ ਦੀ ਗਿਣਤੀ 'ਚ ਲੋਕਾਂ ਨੇ ਰੋ-ਰੋ ਕੇ ਸਾਰਾ ਹਾਲ ਸੁਣਾਇਆ ਕਿ ਕਿਸ ਤਰ੍ਹਾਂ ਉਨ੍ਹਾਂ ਨੂੰ ਲੁੱਟਿਆ ਗਿਆ ਤੇ ਸੰਪਤੀ ਮਚਾ ਦਿੱਤੀ ਗਈ। ਉਨ੍ਹਾਂ ਨੇ ਸੈਨਿਕਾਂ ਤੋਂ ਸੁਰੱਖਿਆ ਲਈ ਬੇਨਤੀ ਕੀਤੀ। ਇਹ ਸਾਰਾ ਹਾਲ ਸੁਣ ਕੇ ਕਿਲ੍ਹੇ ਦੇ ਸੈਨਾਪਤੀ ਨੇ ਕਿਹਾ, "ਹੁਣ ਤੁਹਾਨੂੰ ਡਰਨ ਦੀ ਕੋਈ ਲੋੜ ਨਹੀਂ ਹੈ। ਪੁਲ਼ ਨੂੰ ਪਾਰ ਕਰਦੇ ਹੋਏ ਸ਼ਹਿਰ 'ਚ ਚਲੇ ਜਾਓ। ਸ਼ਹਿਰ ਦੇ ਚਾਰੇ ਪਾਸੇ ਘੇਰਾਬੰਦੀ ਬਹੁਤ ਮਜ਼ਬੂਤ ਹੈ। ਤੁਸੀਂ ਲੋਕ ਅੰਦਰ ਜਾ ਕੇ ਪੂਰੀ ਤਰ੍ਹਾਂ ਸੁਰੱਖਿਅਤ ਰਹੋਗੇ। ਅਸੀਂ ਵੈਰੀਆਂ ਨਾਲ ਮੁਕਾਬਲਾ ਕਰਾਂਗੇ।"

ਇਸ ਤਰ੍ਹਾਂ ਪਿੰਡਾਂ ਦੇ ਲੋਕ ਬੇਫ਼ਿਕਰ ਹੋ ਕੇ ਪੁਅ ਰਾਹੀਂ ਰੋਮ ਦੀ ਮਜ਼ਬੂਤ ਬਣੀ ਹੋਈ ਚਾਰਦੀਵਾਰੀ 'ਚ ਪਹੁੰਚ ਗਏ ਤੇ ਉੱਥੋਂ ਦੇ ਲੋਕਾਂ ਨੂੰ ਹੱਡ-ਬੀਤੀ ਸੁਣਾਉਣ ਲੱਗੇ। ਇਸ ਦੇ ਦੂਜੇ ਪਾਸੇ ਜੈਨਿਕੁਲਮ ਕਿਲ੍ਹੇ ਦੇ ਸੈਨਿਕਾਂ ਨੇ ਜਦੋਂ ਦੁਸ਼ਮਣਾਂ ਦੇ ਕਦਮਾਂ ਨਾਲ ਆਸਮਾਨ ਵੱਲ ਉੱਡਦੀ ਹੋਈ ਧੂੜ ਵੇਖੀ ਤਾਂ ਖ਼ਤਰੇ ਦਾ ਅਲਾਰਮ ਵਜਾਉਂਦੇ ਹੋਏ ਸਭ ਨੂੰ ਸੁਚੇਤ ਰਹਿਣ ਦੇ ਨਿਰਦੇਸ਼ ਦੇ ਦਿੱਤੇ।

ਰੋਮ ਦੇ ਨਿਵਾਸੀ ਆਪਣੀਆਂ ਛੱਤਾਂ ਉੱਪਰ ਖੜ੍ਹੇ ਹੋ ਕੇ ਦੁਸ਼ਮਣ ਦੀ ਸੈਨਾ ਨੂੰ ਵੇਖਣ ਲੱਗੇ। ਜ਼ਿਆਦਾਤਰ ਲੋਕਾਂ ਦੀਆਂ ਅੱਖਾਂ 'ਚ ਦਹਿਸ਼ਤ ਦੇ ਚਿੰਨ੍ਹ ਸਾਫ਼ ਦਿਖਾਈ ਦੇ ਰਹੇ ਸਨ ਤੇ ਕੁਝ ਕੁ ਪੂਰੇ ਜੋਸ਼ ਨਾਲ ਗੱਲਾਂ ਕਰਨ ਲੱਗੇ।

ਦੁਸ਼ਮਣ ਦੀ ਸੈਨਾ ਨਜ਼ਦੀਕ ਪਹੁੰਚਣ 'ਤੇ ਕਿਲ੍ਹੇ ਦੇ ਸੈਨਿਕਾਂ ਨੇ ਉਨ੍ਹਾਂ 'ਤੇ ਹਮਲਾ ਬੋਲ ਦਿੱਤਾ। ਦੋਵਾਂ ਵਿਚਕਾਰ ਘਮਸਾਨ ਯੁੱਧ ਛਿੜ ਪਿਆ। ਇਹ ਕਹਾਣੀ ਸੁਣ ਕੇ ਪ੍ਰਧਾਨ ਮੰਤਰੀ ਕੁਝ ਸਮਾਂ ਚਿੰਤਾ ਦੀ ਸਥਿਤੀ 'ਚ ਘੁੰਮਦੇ ਰਹੇ ਅਤੇ ਫਿਰ ਯਕਦਮ ਬੋਲ ਪਏ, "ਰੋਮ ਵਿੱਚ ਪ੍ਰਵੇਸ਼ ਹੋਣ ਲਈ ਇੱਕ ਹੀ ਰਸਤਾ ਹੈ ਤੇ ਉਹ ਲੱਕੜ ਦਾ ਪੁਲ਼ ਹੈ। ਜੇ ਉਸ ਪੁਲ਼ ਨੂੰ ਕਿਸੇ ਤਰੀਕੇ ਨਾਲ ਕੱਟ ਦਿੱਤਾ ਜਾਵੇ ਤਾਂ ਵੈਰੀ ਸ਼ਹਿਰ 'ਚ ਨਹੀਂ ਆ ਸਕਦਾ।" ਸਾਰੇ ਇਸ ਦਲੀਲ ਨਾਲ ਸਹਿਮਤ ਹੋ ਗਏ ਪਰ ਇਹ ਕੰਮ ਇੰਨਾ ਆਸਾਨ ਨਹੀਂ ਸੀ। ਸਿਰ 'ਤੇ ਕਫ਼ਨ ਬੰਨ੍ਹ ਕੇ ਹੀ ਇਹ ਕੰਮ ਹੋ ਸਕਦਾ ਸੀ। ਇਸ ਲਈ ਸਭ ਤੋਂ ਵੱਡੀ ਮੁਸ਼ਕਲ ਇਹ ਸੀ ਕਿ ਪੁਲ਼ ਨੂੰ ਕੱਟਦੇ ਸਮੇਂ ਵੈਰੀ ਸੈਨਾ ਨੂੰ ਬਾਹਰ ਰੋਕਣਾ ਬਹੁਤ ਜ਼ਰੂਰੀ ਸੀ ਅਤੇ ਇਹ ਕੰਮ ਕਹਿਣ ਨਾਲੋਂ ਕਰਨਾ ਬਹੁਤ ਔਖਾ ਸੀ। ਵੈਰੀ ਦੀ ਵਿਸ਼ਾਲ ਸੈਨਾ ਨੂੰ ਪੁਲ਼ ਕੱਟਣ ਤਕ ਬਾਹਰ ਰੋਕ ਕੇ ਕਿਵੇਂ ਰੱਖਿਆ ਜਾ ਸਕਦਾ ਹੈ? ਇੱਕ ਤਰ੍ਹਾਂ ਇਹ ਸੂਲੀ ਦੀ ਉਹ ਛਾਲ ਸੀ ਜਿਸ ਨਾਲ ਕੁਰਬਾਨ ਹੋਣਾ ਬਿਲਕੁਲ ਤੈਅ ਸੀ। ਉਸ ਸਮੇਂ ਹੀ ਅਚਾਨਕ ਸਭਾ 'ਚੋਂ ਇੱਕ ਸ਼ੇਰ ਵਾਂਗ ਗਰਜਵੀਂ ਆਵਾਜ਼ ਆਈ ਕਿ 'ਦੁਸ਼ਮਣਾਂ ਨੂੰ ਮੈਂ ਰੋਕਾਂਗਾ'। ਭੀੜ ਨੂੰ ਚੀਰ ਕੇ ਜੋ ਆਦਮੀ ਬਾਹਰ ਆਇਆ, ਉਸ ਦਾ ਨਾਂ ਹੋਰੇਸ਼ਸ ਸੀ। ਉਹ ਬਹੁਤ ਹੀ ਕੱਦਾਵਰ ਤੇ ਸੋਹਣਾ ਨੌਜਵਾਨ ਸੀ। ਉਸ ਨੇ ਕਈ ਲੜਾਈਆਂ ਵਿੱਚ ਬੜੀ ਬਹਾਦਰੀ ਵਿਖਾਈ ਸੀ ਤੇ ਭਾਰੀ ਤੋਂ ਭਾਰੀ ਆਫ਼ਤ ਆਉਣ 'ਤੇ ਵੀ ਨਹੀਂ ਸੀ ਘਬਰਾਉਂਦਾ। ਇਸ ਤਰ੍ਹਾਂ ਉਸ ਨੌਜਵਾਨ ਦਾ ਹੌਸਲਾ ਵੇਖਦੇ ਹੋਏ ਪ੍ਰਧਾਨ ਮੰਤਰੀ ਨੇ ਬੜੀ ਹੈਰਾਨੀ ਨਾਲ ਪੁੱਛਿਆ, "ਨੌਜਵਾਨ। ਤੁਸੀਂ ਇਹ ਕੰਮ ਇਕੱਲੇ ਕਿਵੇਂ ਕਰੋਗੇ?"

"ਮੈਨੂੰ ਦੋ ਹੋਰ ਅਜਿਹੇ ਬਹਾਦਰਾਂ ਦੀ ਲੋੜ ਹੈ ਜਿਨ੍ਹਾਂ ਨੂੰ ਜ਼ਿੰਦਗੀ ਦੀ ਪਰਵਾਹ ਨਾ ਹੋਵੇ। ਇਸ ਲਈ ਕਿਉਂਕਿ ਪੁਲ਼ 'ਤੇ ਇੱਕ ਬਰਾਬਰ ਸਿਰਫ਼ ਤਿੰਨ ਹੀ ਸੈਨਿਕ ਖੜ੍ਹੇ ਹੋ ਸਕਦੇ ਹਨ। ਅਸੀਂ ਤਿੰਨ ਪੁਲ਼ ਦੇ ਕਿਨਾਰੇ 'ਤੇ ਖੜ੍ਹੇ ਹੋਏ ਵੈਰੀਆਂ ਨੂੰ ਰੋਕਾਂਗੇ ਅਤੇ ਇਧਰ ਆਪ ਪੁਲ਼ ਨੂੰ ਕੱਟਣਾ ਸ਼ੁਰੂ ਕਰ ਦੇਣਾ।" ਉਸ ਨੌਜਵਾਨ ਨੇ ਬੜੀ ਵਜ਼ਨਦਾਰ ਦਲੀਲ ਦਿੱਤੀ।

ਇਸ ਤੋਂ ਕੁਝ ਸਮੇਂ ਬਾਅਦ ਹੀ ਜੈਨਿਕੁਲਮ ਦਾ ਕਿਲ੍ਹਾ ਢਹਿ-ਢੇਰੀ ਹੋ ਗਿਆ ਅਤੇ ਵੈਰੀ ਦੀ ਸੈਨਾ ਰੋਮ ਵਿੱਚ ਦਾਖ਼ਲ ਹੋਣ ਲਈ ਅੱਗੇ ਵਧਣ ਲੱਗੀ। ਦੁਸ਼ਮਣ ਦੇ ਸੈਨਾਪਤੀ ਨੂੰ ਉਸ ਸਮੇਂ ਬੜੀ ਹੈਰਾਨੀ ਹੋਈ, ਜਦੋਂ ਉਸ ਨੇ ਵੇਖਿਆ ਕਿ ਸਿਰਫ਼ ਤਿੰਨ ਸੈਨਿਕ ਐਨੀ ਵਿਸ਼ਾਲ ਸੈਨਾ ਨੂੰ ਰੋਕਣ ਲਈ ਖੜ੍ਹੇ ਹਨ। ਥੋੜ੍ਹਾ ਜਿਹਾ ਅੱਗੇ ਵਧਣ 'ਤੇ ਉਸ ਨੂੰ ਅਸਲੀ ਗੱਲ ਸਮਝ ਆਈ ਕਿ ਹਜ਼ਾਰਾਂ ਰੋਮ ਵਾਸੀ ਪੁਲ਼ ਨੂੰ ਕੱਟਣ ਲੱਗੇ ਹੋਏ ਹਨ। ਉਸ ਨੇ ਆਪਣੇ ਸੈਨਿਕਾਂ ਨੂੰ ਆਦੇਸ਼ ਦਿੱਤਾ ਕਿ ਪੁਲ਼ 'ਤੇ ਖੜ੍ਹੇ ਤਿੰਨਾਂ ਸੈਨਿਕਾਂ ਨੂੰ ਛੇਤੀ ਤੋਂ ਛੇਤੀ ਮਾਰ ਕੇ ਪੁਲ਼ ਨੂੰ ਟੁੱਟਣ ਤੋਂ ਬਚਾਓ। ਉਨ੍ਹਾਂ ਦੇ ਤਿੰਨ ਸੈਨਿਕ ਅੱਗੇ ਵਧੇ। ਹੋਰੇਸ਼ਸ ਅਤੇ ਉਸ ਦੇ ਸਾਥੀਆਂ ਦੇ ਬਰਛੇ ਚਮਕੇ ਅਤੇ ਸੈਨਾ ਦੇ ਤਿੰਨ ਸੈਨਿਕ ਤੜਫਦੇ ਹੋਏ ਹੇਠਾਂ ਡਿੱਗ ਪਏ। ਲੋਕ ਛੱਤਾਂ 'ਤੇ ਦੂਰ ਖੜ੍ਹੇ ਸ਼ੋਰ ਮਚਾ-ਮਚਾ ਕੇ ਆਪਣੇ ਬਹਾਦਰਾਂ ਦਾ ਹੌਸਲਾ ਵਧਾ ਰਹੇ ਸਨ। ਇੱਕ ਵਾਰ ਫਿਰ ਵੈਰੀ ਦੀ ਸੈਨਾ ਦੇ ਤਿੰਨ ਸੈਨਿਕ ਅੱਗੇ ਆਏ ਅਤੇ ਹੋਰੇਸ਼ਸ ਨੇ ਜਾਨ ਦੀ ਬਾਜ਼ੀ ਲਾ ਕੇ ਇੱਕ ਨੂੰ ਨਦੀ ਵਿੱਚ ਸੁੱਟ ਦਿੱਤਾ ਅਤੇ ਬਾਕੀ ਦੋਵਾਂ ਨੂੰ ਮਾਰ ਮੁਕਾਇਆ। ਪੁਲ਼ ਦੇ ਕੱਟੇ ਜਾਣ ਕਾਰਨ ਪਿੱਛੇ ਭਾਰੀ ਸ਼ੋਰ ਸੁਣਾਈ ਦੇ ਰਿਹਾ ਸੀ। ਦੁਸ਼ਮਣ ਦੇ ਸੈਨਾਪਤੀ ਦੀ ਬੁਖਲਾਹਟ ਪਲ-ਪਲ ਵਧਦੀ ਜਾ ਰਹੀ ਸੀ ਕਿਉਂਕਿ ਤਦ ਤਕ ਪੁਲ਼ ਦਾ ਬਹੁਤ ਸਾਰਾ ਹਿੱਸਾ ਵੱਢਿਆ ਜਾ ਚੁੱਕਾ ਸੀ।

ਰੋਮ ਦੇ ਸੈਨਾਪਤੀ ਨੇ ਬਹਾਦਰ ਸੈਨਿਕਾਂ ਨੂੰ ਕਿਹਾ, "ਹੁਣ ਤੁਸੀਂ ਵਾਪਸ ਪਰਤ ਆਓ ਕਿਉਂਕਿ ਪੁਲ਼ ਟੁੱਟ ਕੇ ਡਿੱਗਣ ਵਾਲਾ ਹੈ।"

ਇਹ ਆਵਾਜ਼ ਸੁਣਦੇ ਹੀ ਹਰਮੀ ਨਿਯਸ ਅਤੇ ਸਪੂ ਰਿਯਸ ਦੌੜ ਕੇ ਪੁਲ਼ ਦੇ ਦੂਜੇ ਪਾਸੇ ਪਹੁੰਚ ਗਏ। ਹੋਰੇਸ਼ਸ 'ਕੱਲਾ ਰਹਿ ਗਿਆ ਸੀ। ਲੋਕਾਂ ਨੇ ਸ਼ੋਰ ਮਚਾਉਂਦੇ ਹੋਏ ਕਿਹਾ, "ਹੋਰੇਸ਼ਸ! ਤੁਸੀਂ ਵੀ ਵਾਪਸ ਆ ਜਾਓ। ਹੁਣ ਅਸੀਂ ਖਤਰੇ ਤੋਂ ਬਾਹਰ ਹੋ ਗਏ ਹਾਂ।" ਹੋਰੇਸ਼ਸ ਕਿੱਥੇ ਮੰਨਣ ਵਾਲਾ ਸੀ? ਉਸ ਨੇ ਜਵਾਬ ਦਿੰਦੇ ਹੋਏ ਕਿਹਾ, "ਜਦੋਂ ਤਕ ਪੁਲ਼ ਦਾ ਆਖ਼ਰੀ ਟੁੱਕੜਾ ਟੁੱਟ ਕੇ ਨਦੀ 'ਚ ਨਹੀਂ ਡਿੱਗਦਾ, ਤਦ ਤਕ ਮੈਂ ਪਿੱਛੇ ਨਹੀਂ ਹਟਾਂਗਾ।"

ਹੁਣ ਉਹ ਇਕੱਲਾ ਹੀ ਤਿੰਨ-ਤਿੰਨ ਸੈਨਿਕਾਂ ਦਾ ਮੁਕਾਬਲਾ ਕਰ ਰਿਹਾ ਸੀ। ਦੁਸ਼ਮਣ ਦਾ ਸੈਨਾਪਤੀ ਹੋਰੇਸ਼ਸ ਦਾ ਇਹ ਬਹਾਦਰੀ ਭਰਿਆ ਕਾਰਨਾਮਾ ਵੇਖਦੇ ਹੋਏ ਦੰਦਾਂ ਹੇਠਾਂ ਉਂਗਲ ਦੇ ਕੇ ਖੜ੍ਹਾ ਸੀ। ਰੋਮ ਦੀ ਪਰਜਾ ਨਾਅਰੇ ਲਾ ਰਹੀ ਸੀ, "ਹੋਰੇਸ਼ਸ ਜ਼ਿੰਦਾਬਾਦ! ਹੋਰੇਸ਼ਸ ਜ਼ਿੰਦਾਬਾਦ!" ਤਦ ਉਸ ਸਮੇਂ ਭਾਰੀ ਹਿਲਜੁਲ ਨਾਲ ਪੁਲ਼ ਟੁੱਟ ਕੇ ਨਦੀ 'ਚ ਡਿੱਗ ਪਿਆ। ਇਹ ਵੇਖਦੇ ਹੋਏ ਹੋਰੇਸ਼ਸ ਨੇ ਨਦੀ ਵਿੱਚ ਛਾਲ ਮਾਰ ਦਿੱਤੀ। ਰੋਮ ਦੇ ਨਿਵਾਸੀ ਅਸਮਾਨ ਵੱਲ ਨਜ਼ਰਾਂ ਕਰਕੇ ਹੋਰੇਸ਼ਸ ਦੀ ਜ਼ਿੰਦਗੀ ਦੀ ਸਲਾਮਤੀ ਲਈ ਪ੍ਰਾਰਥਨਾ ਕਰ ਰਹੇ ਸਨ। ਇੱਥੋਂ ਤਕ ਕਿ ਪ੍ਰਧਾਨ ਮੰਤਰੀ ਤੇ ਸੈਨਾਪਤੀ ਨੇ ਵੀ ਉਸ ਬਹਾਦਰ ਦੇ ਪ੍ਰਾਣ ਰੱਖਿਆ ਲਈ ਪ੍ਰਾਰਥਨਾ ਕੀਤੀ। ਹੋਰੇਸ਼ਸ ਨੇ ਸਰੀਰ 'ਤੇ ਲੋਹੇ ਦਾ ਭਾਰੀ ਕਵਚ ਪਹਿਨਿਆ ਹੋਇਆ ਸੀ। ਉਸ ਨੂੰ ਤੈਰਨ 'ਚ ਤਕਲੀਫ਼ ਹੋ ਰਹੀ ਸੀ। ਅਚਾਨਕ ਉਹ ਪਾਣੀ 'ਚ ਗੁੰਮ ਹੋ ਗਿਆ। ਰੋਮਨ ਚਿੰਤਾ 'ਚ ਡੁੱਬ ਗਏ। ਕੀ ਟਾਈਬਰ ਨਦੀ ਨੇ ਰੋਮ ਦੇ ਬਹਾਦਰ ਯੋਧੇ ਦੀ ਕੀਮਤ ਵਸੂਲ ਕਰ ਲਈ? ਕੀ ਦੇਸ਼ ਦੇ ਰੱਖਿਅਕ ਦੀ ਰੱਖਿਆ ਟਾਈਬਰ ਨਦੀ ਨਹੀਂ ਕਰੇਗੀ?

ਤਦ ਸਭ ਨੇ ਵੇਖਿਆ ਕਿ ਅਚਾਨਕ ਹੋਰੇਸ਼ਸ ਨਦੀ ਦੇ ਕਿਨਾਰੇ 'ਤੇ ਬਾਹਰ ਆ ਗਿਆ। ਲੋਕਾਂ ਦੀਆਂ ਖ਼ੁਸ਼ੀ ਦਾ ਕੋਈ ਟਿਕਾਣਾ ਨਾ ਰਿਹਾ। ਉਨ੍ਹਾਂ ਨੇ ਹੋਰੇਸ਼ਸ ਨੂੰ ਮੋਢਿਆਂ ਉੱਤੇ ਚੁੱਕ ਲਿਆ ਅਤੇ ਉਸ ਦੀ ਜੈ, ਜੈਕਾਰ ਕਰਨ ਲੱਗੇ।

---

# ਤੁਹਾਡੀ ਰਸੋਈ

## ਸ਼ਕਰਕੰਦੀ ਦੇ ਗੁਲਾਬ ਜਾਮੁਨ



### ਸਮੱਗਰੀ

- ਸ਼ਕਰਕੰਦੀ ਅੱਧਾ ਕਿੱਲੋ
- ਖੰਡ 500 ਗ੍ਰਾਮ
- ਮੈਦਾ ਅੱਧਾ ਕੱਪ
- ਸੋਡਾ ਬਾਈਕਾਰਬ ਅੱਧਾ ਛੋਟਾ ਚੱਮਚ
- ਦੇਸੀ ਘਿਓ 1 ਵੱਡਾ ਚੱਮਚ
- ਸੌਂਗੀ (ਕਿਸ਼ਮਿਸ਼) ਥੋੜ੍ਹੀ ਜਿਹੀ
- ਤੇਲ ਤਲਣ ਲਈ

### ਵਿਧੀ

ਸ਼ਕਰਕੰਦੀ ਨੂੰ ਘੱਟ ਪਾਣੀ ਪਾ ਕੇ ਪ੍ਰੈਸ਼ਰ ਕੁੱਕਰ 'ਚ ਉਬਾਲ ਕੇ ਛਿੱਲ ਲਓ। ਕਿਸੇ ਭਾਂਡੇ 'ਚ ਪਾਣੀ ਤੇ ਖੰਡ ਮਿਲਾ ਕੇ ਇਕ ਤਾਰ ਦੀ ਚਾਸ਼ਨੀ ਬਣਾਓ। ਸੋਡੇ ਤੇ ਮੈਦੇ ਨੂੰ ਇਕੱਠਿਆਂ ਛਾਣ ਲਓ ਤੇ ਥੋੜ੍ਹਾ ਜਿਹਾ ਘਿਓ ਪਾ ਕੇ ਉਸ ਨੂੰ ਉੱਬਲੀ ਸ਼ਕਰਕੰਦੀ ਨਾਲ ਗੁੰਨ੍ਹ ਲਓ। ਹੁਣ ਇਸ ਦੇ ਛੋਟੇ-ਛੋਟੇ ਪੇੜੇ ਬਣਾਓ ਤੇ ਹਰ ਪੇੜੇ 'ਚ ਇਕ-ਇਕ ਸੌਂਗੀ (ਕਿਸ਼ਮਿਸ਼) ਰੱਖ ਦਿਓ। ਕੜਾਹੀ 'ਚ ਤੇਲ ਗਰਮ ਕੇ ਇਨ੍ਹਾਂ ਨੂੰ ਸੁਨਹਿਰਾ ਭੂਰਾ ਹੋਣ ਤਕ ਤਲ ਲਓ ਤੇ ਇਕ ਤਾਰ ਦੀ ਚਾਸ਼ਨੀ 'ਚ ਪਾਉਂਦੇ ਜਾਓ। ਸ਼ਕਰਕੰਦੀ ਦੇ ਗੁਲਾਬ ਜਾਮੁਨ ਤਿਆਰ ਹਨ, ਤੁਸੀਂ ਇਨ੍ਹਾਂ ਨੂੰ ਗਰਮ ਤੇ ਠੰਡਾ ਦੋਵੇਂ ਤਰੀਕੇ ਨਾਲ ਪਰੋਸ ਸਕਦੇ ਹੋ।

## ਅਦਰਕ ਅਤੇ ਗਾਜਰ ਦਾ ਸੂਪ

### ਸਮੱਗਰੀ

- 5 ਗਾਜਰਾਂ
- 2 ਇੰਚ ਲੰਬਾ ਅਦਰਕ ਦਾ ਟੁਕੜਾ
- 2 ਪਿਆਜ਼
- 1 ਕੱਪ ਸਬਜ਼ੀਆਂ ਦਾ ਸ਼ੋਰਬਾ
- ਇਕ ਤਿਹਾਈ ਕੱਪ ਸੰਤਰੇ ਦਾ ਰਸ
- ਨਮਕ ਸਵਾਦ ਅਨੁਸਾਰ
- 2 ਚਮਚ ਪੀਸੀ ਕਾਲੀ ਮਿਰਚ
- 2 ਚਮਚ ਆਲਿਵ ਆਇਲ

### ਵਿਧੀ



ਪੈਨ ਲਓ ਅਤੇ ਉਸ 'ਚ ਤੇਲ ਗਰਮ ਕਰੋ। ਇਸ 'ਚ ਕੱਟੇ ਹੋਏ ਪਿਆਜ਼ ਅਤੇ ਪੀਸਿਆ ਅਦਰਕ ਪਾ ਕੇ ਦੋ ਮਿੰਟ ਦੇ ਲਈ ਮੱਧਮ ਅੱਗ 'ਤੇ ਪਕਾ ਲਓ। ਇਸ 'ਚ ਸਬਜ਼ੀਆਂ ਦਾ ਸ਼ੋਰਬਾ ਪਾਓ ਅਤੇ ਅੱਗ ਨੂੰ ਮੱਧਮ ਕਰ ਦਿਓ, ਇਸ ਨੂੰ 25-30 ਮਿੰਟ ਦੇ ਲਈ ਪੱਕਣ ਦਿਓ ਤਾਂ ਕਿ ਸੂਪ ਗਾੜ੍ਹਾ ਹੋ ਜਾਏ। ਇਸ ਦੇ ਬਾਅਦ ਇਸ 'ਚ ਸੰਤਰੇ ਦਾ ਰਸ ਪਾਓ ਅਤੇ 2-3 ਮਿੰਟ ਦੇ ਲਈ ਮੱਧਮ ਅੱਗ 'ਤੇ ਪਕਾਓ ਅਤੇ ਫਿਰ ਗੈਸ ਬੰਦ ਕਰ ਦਿਓ। ਹੁਣ ਇਸ ਤਿਆਰ ਸੂਪ ਨੂੰ ਇਕ ਬਾਊਲ 'ਚ ਪਾਓ ਅਤੇ ਉਸ 'ਚ ਨਮਕ ਅਤੇ ਕਾਲੀ ਮਿਰਚ ਛਿੜਕ ਕੇ ਪਰੋਸੋ।

---

## ਘਰੇਲੂ ਟਿਪਸ

ਮਾਹਵਾਰੀ ਤਕਲੀਫ ਤੇ ਦਰਦ ਨਾਲ ਆਉਣੀ : 2 ਚਮਚ ਅਜਵਾਇਣ 2 ਕੱਪ ਪਾਣੀ ਵਿਚ ਪਾ ਕੇ ਉਬਾਲੋ। ਇਕ ਕੱਪ ਬਾਕੀ ਰੱਖ ਲਵੋ। ਇਸ ਵਿਚ ਗੁੜ ਮਿਲਾ ਕੇ ਸਵੇਰੇ ਖਾਲੀ ਪੇਟ ਚਾਹ ਵਾਂਗ ਪੀਓ। ਇਹ ਨੁਸਖਾ ਰੋਜ਼ਾਨਾ ਸਵੇਰੇ-ਸ਼ਾਮ 3 ਦਿਨ ਕਰੋ। ਆਮ ਤੌਰ 'ਤੇ 3 ਮਾਹਵਾਰੀਆਂ ਤਕ ਇਹ ਤਜਰਬਾ ਕਰਨਾ ਠੀਕ ਰਹਿੰਦਾ ਹੈ। ਮਾਹਵਾਰੀ ਆਉਣ ਤੋਂ 3 ਦਿਨ ਪਹਿਲਾਂ ਇਹ ਤਜਰਬਾ ਕਰਨ ਨਾਲ ਮਾਹਵਾਰੀ ਸਮੇਂ 'ਤੇ ਖੁੱਲ੍ਹ ਕੇ ਆਉਂਦੀ ਹੈ।

ਪੇਟ 'ਚ ਗੈਸ : ਅਜਵਾਇਣ ਦੇ ਨਾਲ ਹਰੜ ਤੇ ਕਾਲਾ ਲੂਣ ਲੈਣ ਨਾਲ ਪੇਟ ਫੁੱਲਣ, ਪੇਟ ਦਰਦ, ਡਕਾਰਾਂ ਆਦਿ ਤੋਂ ਤੁਰੰਤ ਆਰਾਮ ਮਿਲਦਾ ਹੈ।

## ਘਰੇਲੂ ਟਿਪਸ

ਸਿਰ ਦੇ ਵਾਲ ਝੜਨੇ : ਬੋਹੜ ਦੇ ਪੱਤਿਆਂ ਨੂੰ ਪੀਸ ਲਵੋ ਅਤੇ ਅਲਸੀ ਦੇ ਤੇਲ ਵਿਚ ਪਕਾਓ। ਪੱਤਿਆਂ ਦੇ ਸੜ ਜਾਣ 'ਤੇ ਤੇਲ ਛਾਣ ਕੇ ਰੱਖ ਲਵੋ। ਇਸ ਤੇਲ ਦੀ ਮਾਲਿਸ਼ ਕਰਨ ਨਾਲ ਕੁਝ ਹੀ ਦਿਨਾਂ ਵਿਚ ਵਾਲ ਝੜਨੇ ਰੁਕ ਜਾਣਗੇ ਅਤੇ ਝੜੇ ਹੋਏ ਵਾਲਾਂ ਦੀ ਥਾਂ 'ਤੇ ਨਵੇਂ ਵਾਲ ਉੱਗਣ ਲੱਗਣਗੇ। ਦੇਸੀ ਘਿਓ ਵਿਚ ਬਾਦਾਮ ਦੀਆਂ 4-5 ਗਿਰੀਆਂ ਪੀਸ ਕੇ ਪਾਓ ਅਤੇ ਇੰਨੀਆਂ ਉਬਾਲੋ ਕਿ ਗਿਰੀਆਂ ਦੇ ਟੁਕੜੇ ਸੜ ਜਾਣ। ਹੁਣ ਘਿਓ ਨੂੰ ਛਾਣ ਕੇ ਸ਼ੀਸ਼ੀ ਵਿਚ ਭਰ ਲਵੋ। ਇਸ ਘਿਓ ਨੂੰ ਕੋਸਾ ਕਰਕੇ ਸਿਰ 'ਤੇ ਮਾਲਿਸ਼ ਕਰਨ ਨਾਲ ਵਾਲਾਂ ਦਾ ਝੜਨਾ ਰੁਕਦਾ ਹੈ ਅਤੇ ਦਿਮਾਗੀ ਕਮਜ਼ੋਰੀ ਵੀ ਦੂਰ ਹੁੰਦੀ ਹੈ।

# ਬਾਜਵਾ ਦਾ ਸਰੀਰ ਕਾਂਗਰਸ 'ਚ ਹੈ, ਪਰ ਦਿਲ ਭਾਜਪਾ ਲਈ ਧੜਕਦਾ ਹੈ, ਉਹ ਕਾਂਗਰਸ 'ਚ ਭਾਜਪਾ ਦੇ ਇੰਪੈਕਟ ਪਲੇਅਰ ਹਨ: ਹਰਪਾਲ ਸਿੰਘ ਚੀਮਾ

**ਚੰਡੀਗੜ੍ਹ, 25 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਆਮ ਆਦਮੀ ਪਾਰਟੀ (ਆਪ) ਨੇ ਕਾਂਗਰਸ ਆਗੂ ਅਤੇ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਦੇ ਉਸ ਬਿਆਨ 'ਤੇ ਤਿੱਖੀ ਪ੍ਰਤੀਕਿਰਿਆ ਦਿੱਤੀ ਹੈ, ਜਿਸ ਵਿੱਚ ਉਨ੍ਹਾਂ ਕਿਹਾ ਹੈ ਕਿ 'ਆਪ' ਪੰਜਾਬ ਦੇ 45 ਵਿਧਾਇਕ ਭਾਜਪਾ ਦੇ ਸੰਪਰਕ ਵਿੱਚ ਹਨ।



ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਪੰਜਾਬ ਸਰਕਾਰ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਪ੍ਰਤਾਪ ਬਾਜਵਾ ਨੂੰ ਭਾਜਪਾ ਦਾ ਏਜੰਟ ਕਰਾਰ ਦਿੰਦਿਆਂ ਕਿਹਾ ਕਿ ਉਨ੍ਹਾਂ ਦੇ ਬਿਆਨ ਤੋਂ ਸਾਫ਼ ਜ਼ਾਹਿਰ ਹੁੰਦਾ ਹੈ ਕਿ ਬਾਜਵਾ ਕਾਂਗਰਸ ਵਿੱਚ ਰਹਿੰਦਿਆਂ ਭਾਜਪਾ ਲਈ ਕੰਮ ਕਰ ਰਹੇ ਹਨ।

ਉਨ੍ਹਾਂ ਕਿਹਾ ਕਿ ਬਾਜਵਾ ਖੁਦ ਆਪਣੇ ਘਰ ਦੀਆਂ 12 ਪੌੜੀਆਂ ਚੜ੍ਹ ਕੇ ਕਿਸੇ ਵੀ ਸਮੇਂ ਭਾਜਪਾ 'ਚ ਸ਼ਾਮਲ ਹੋ ਸਕਦੇ ਹਨ। ਉਨ੍ਹਾਂ ਦੇ ਘਰ 'ਤੇ ਭਾਜਪਾ ਦਾ ਝੰਡਾ ਪਹਿਲਾਂ ਹੀ ਮੌਜੂਦ ਹੈ। ਚੀਮਾ ਨੇ ਕਿਹਾ ਕਿ ਬਾਜਵਾ ਦੇ ਬਿਆਨ ਤੋਂ ਲੱਗਦਾ ਹੈ ਕਿ ਉਨ੍ਹਾਂ ਦਾ ਸਰੀਰ ਕਾਂਗਰਸ 'ਚ ਹੈ, ਪਰ ਉਨ੍ਹਾਂ ਦਾ ਦਿਲ ਭਾਜਪਾ ਲਈ ਧੜਕਦਾ ਹੈ। ਉਹ ਕਾਂਗਰਸ ਵਿੱਚ ਭਾਜਪਾ ਦੇ ਇੰਪੈਕਟ ਪਲੇਅਰ ਵਾਂਗ ਹਨ।

ਹਰਪਾਲ ਚੀਮਾ ਨੇ ਕਿਹਾ ਕਿ ਇਕ ਪਾਸੇ ਕਾਂਗਰਸ ਦੀ ਕੇਂਦਰੀ ਲੀਡਰਸ਼ਿਪ ਕਹਿੰਦੀ ਹੈ ਕਿ ਭਾਜਪਾ ਲੋਕਤੰਤਰ ਅਤੇ ਸੰਵਿਧਾਨ ਦੇ ਖਿਲਾਫ ਕੰਮ ਕਰ ਰਹੀ ਹੈ। ਭਾਜਪਾ ਨੇ ਸੱਤਾ ਦੀ ਦੁਰਵਰਤੋਂ ਕਰਕੇ, ਉਸਨੇ ਪਿਛਲੇ 10 ਸਾਲਾਂ ਵਿੱਚ ਅੱਧੀ ਦਰਜਨ ਤੋਂ ਵੱਧ ਚੁਣੀਆਂ ਹੋਈਆਂ ਵਿਰੋਧੀ ਪਾਰਟੀਆਂ ਦੀਆਂ ਸਰਕਾਰਾਂ ਨੂੰ ਡੇਗ ਦਿੱਤਾ। ਜਦਕਿ ਪ੍ਰਤਾਪ ਬਾਜਵਾ ਪੰਜਾਬ ਵਿੱਚ ਭਾਜਪਾ ਦੀਆਂ ਇਨ੍ਹਾਂ ਸੰਵਿਧਾਨ ਵਿਰੋਧੀ ਕਾਰਵਾਈਆਂ ਦਾ ਸਮਰਥਨ ਕਰ ਰਹੇ ਹਨ।

ਉਨ੍ਹਾਂ ਕਿਹਾ ਕਿ ਅਸੀਂ ਬਾਜਵਾ ਦੇ ਇਸ ਬਿਆਨ ਤੋਂ ਕਾਂਗਰਸ ਦੀ ਕੇਂਦਰੀ ਲੀਡਰਸ਼ਿਪ ਨੂੰ ਜਾਣੂ ਕਰਵਾਵਾਂਗੇ ਅਤੇ ਉਨ੍ਹਾਂ ਨੂੰ ਪ੍ਰਤਾਪ ਸਿੰਘ ਬਾਜਵਾ ਵਰਗੇ ਆਗੂਆਂ ਤੋਂ ਸੁਚੇਤ ਰਹਿਣ ਦੀ ਬੇਨਤੀ ਵੀ ਕਰਾਂਗੇ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਨੂੰ ਭਾਜਪਾ ਤੋਂ ਘੱਟ ਪ੍ਰਤਾਪ ਬਾਜਵਾ ਵਰਗੇ ਭਾਜਪਾ ਦੇ ਏਜੰਟਾਂ ਤੋਂ ਜਿਆਦਾ ਖਤਰਾ ਹੈ, ਜੋ ਕਾਂਗਰਸ ਵਿੱਚ ਰਹਿ ਕੇ ਪਾਰਟੀ ਨੂੰ ਡੁਬੋਣ ਦਾ ਕੰਮ ਕਰਦੇ ਹਨ।

ਭਾਜਪਾ ਨੂੰ ਨਸੀਹਤ ਦਿੰਦਿਆਂ ਹਰਪਾਲ ਚੀਮਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਸਾਰੇ ਵਿਧਾਇਕ ਅਰਵਿੰਦ ਕੇਜਰੀਵਾਲ ਦੇ ਸੱਚੇ ਸਿਪਾਹੀ ਹਨ। ਉਨ੍ਹਾਂ ਨੂੰ ਨਾ ਤਾਂ ਭਾਜਪਾ ਦਾ ਕੋਈ ਡਰ ਹੈ ਅਤੇ ਨਾ ਹੀ ਭਾਜਪਾ ਦਾ ਅਪਰੇਸ਼ਨ ਲੋਟਸ ਉਨ੍ਹਾਂ ਨੂੰ ਤੋੜ ਸਕਦਾ ਹੈ। ਉਨ੍ਹਾਂ ਕਿਹਾ ਕਿ ਭਾਜਪਾ ਨੂੰ ਪਤਾ ਹੋਣਾ ਚਾਹੀਦਾ ਹੈ ਕਿ ਸਾਡੇ ਵਿਧਾਇਕ ਪੰਜਾਬ ਦੇ ਲੋਕਾਂ ਅਤੇ ਉਨ੍ਹਾਂ ਦੀ ਪਾਰਟੀ ਪ੍ਰਤੀ ਵਫ਼ਾਦਾਰ ਹਨ। ਉਨ੍ਹਾਂ ਨੂੰ ਕੋਈ ਵੀ ਖਰੀਦ ਜਾਂ ਤੋੜ ਨਹੀਂ ਸਕਦਾ।

# 5 ਪੰਜਾਬ ਬਟਾਲਹਨੀਅਨ NCC ਪਟਿਆਲਾ ਦੇ ਵੱਲੋਂ ਰੂਪਨਗਰ 'ਚ ਕੈਂਪ ਆਯੋਜਿਤ

5 PUNJAB BN NCC, PATIALA



**ਪਟਿਆਲਾ, 25 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

5 ਪੰਜਾਬ ਬਟਾਲਹਨੀਅਨ NCC ਪਟਿਆਲਾ ਦੇ ਵੱਲੋਂ ਕਮਾਂਡਿੰਗ ਅਫ਼ਸਰ ਕਰਨਲ ਸੰਦੀਪ ਰਾਏ ਜੀ ਦੀ ਅਗਵਾਈ ਵਿੱਚ ਬਟਾਲੀਅਨ ਵੱਲੋਂ ਟ੍ਰੇਨਿੰਗ ਕੈਂਪ 86 ਦਾ ਸਾਲਾਨਾ ਐਨ.ਸੀ. ਅਕੈਡਮੀ ਰੂਪਨਗਰ ਮਿਤੀ 17 ਤੋਂ 26 ਜੂਨ 2024 ਤੱਕ ਆਯੋਜਿਤ ਕੀਤਾ ਜਾ ਰਿਹਾ ਹੈ। ਇਸ ਕੈਂਪ ਵਿੱਚ ਵੱਖ-ਵੱਖ ਸਕੂਲਾਂ ਅਤੇ ਕਾਲਜਾਂ ਤੋਂ ਆਏ 520 ਕੈਡੇਟਸ ( ਲੜਕੇ ਅਤੇ ਲੜਕੀਆਂ ) ਭਾਗ ਲਿਆ। ਕੈਂਪ ਦੇ ਸ਼ੁਰੂਆਤੀ ਭਾਸ਼ਣ ਵਿੱਚ ਕੈਂਪ ਕਮਾਂਡੈਂਟ ਕਰਨਲ ਸੰਦੀਪ ਰਾਏ ਨੇ ਕੈਂਪ ਵਿੱਚ ਵੱਖ-ਵੱਖ ਐਨਸੀਸੀ ਅਫਸਰਾਂ ਅਤੇ ਕੈਡੇਟਸ ਦਾ ਸੁਆਗਤ ਕੀਤਾ ਜਦੋਂ ਕਿ ਇਸ ਗਰਮੀ ਦੇ ਮੌਸਮ ਵਿੱਚ ਕੈਡੇਟਸ ਦੇ ਜਜ਼ਬੇ ਨੂੰ ਉਤਸ਼ਾਹਤ ਕੀਤਾ ਗਿਆ ਅਤੇ ਹੌਸਲਾ ਵਧਾਇਆ ਗਿਆ।

ਕੈਂਪ ਦੀ ਵੱਖ-ਵੱਖ ਗਤੀਵਿਧੀਆਂ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਕੈਂਪ ਵਿੱਚ ਡਿਪਟੀ ਕੈਂਪ ਕਮਾਂਡੈਂਟ ਕਰਨਲ ਸ਼੍ਰੀਨਿਵਾਸਨ ,ਸੂਬੇਦਾਰ ਮੇਜਰ ਦਵਿੰਦਰ ਸਿੰਘ ,ਸੂਬੇਦਾਰ ਕਦਮ ਸਿੰਘ, ਬੀ ਐਚ ਐਮ ਅਮਿਤ ਕੁਮਾਰ,ਹਵਲਦਾਰ ਕੁਲਵਿੰਦਰ ਸਿੰਘ। ਇਸ ਕੈਂਪ ਵਿੱਚ ਆਏ ਵੱਖ-ਵੱਖ ਸਕੂਲਾਂ ਦੇ ਕਾਲਜ ਅਤੇ ਸਕੂਲਾਂ ਤੋਂ ਆਏ ਲੈਫਟੀਨੈਂਟ ਜਗਦੀਪ ਸਿੰਘ ਜੋਸ਼ੀ,ਲੈਫਟੀਨੈਂਟ ਜਸਵਿੰਦਰ ਸਿੰਘ, ਲੈਫਟੀਨੈਂਟ ਅਮਿਤ ਕੁਮਾਰ,ਲੈਫਟੀਨੈਂਟ ਤਲਵਿੰਦਰ ਸਿੰਘ,ਲੈਫਟੀਨੈਂਟ ਇਕਬਾਲ ਪ੍ਰੀਤ ਸਿੰਘ, ਲੈਫਟੀਨੈਂਟ ਨੀਰਜ ਭਾਰਦਵਾਜ,ਲੈਫਟੀਨੈਂਟ ਸੁਮਨ, ਲੈਫਟੀਨੈਂਟ ਜਗਦੀਪ ਸਿੰਘ ਜੋਸ਼ੀ, ਗਰਲ਼ ਕੈਡੇਟ ਇੰਸਟਰਕਟਰ ਅਨਾਮਿਕਾ ਚੌਧਰੀ ਬੱਚਿਆਂ ਨੂੰ ਕੈਂਪ ਵਿੱਚ ਵਧੀਆ ਟਰੇਨਿੰਗ ਦੇ ਰਹੇ ਹਨ।

# 11 ਪੰਜਾਬ ਬਟਾਲੀਅਨ ਐਨ ਸੀ ਸੀ. ਅੰਮ੍ਰਿਤਸਰ ਵਲੋਂ ਮਿਤੀ ਲਗਾਏ ਜਾ ਰਹੇ ਕੈਂਪ



**ਅੰਮ੍ਰਿਤਸਰ, 25 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਅੰਮ੍ਰਿਤਸਰ ਐਨ ਸੀ ਸੀ ਗਰੁੱਪ ਦੇ ਗਰੁੱਪ ਕਮਾਂਡਰ ਬ੍ਰਿਗੇਡੀਅਰ ਕੁਲਪ੍ਰੀਤ ਸਿੰਘ ਬਾਵਾ ਦੇ ਅਦੇਸ਼ ਤੇ 11 ਪੰਜਾਬ ਬਟਾਲੀਅਨ ਐਨ ਸੀ ਸੀ. ਅੰਮ੍ਰਿਤਸਰ ਵਲੋਂ ਮਿਤੀ 19 ਜੂਨ 2024 ਤੋਂ 28 ਜੂਨ 2024 ਤੱਕ ਲਗਾਏ ਜਾ ਰਹੇ 31 ਤੀਂ 3-05 ਕੈਂਪ ਦੇ ਕਮਾਂਡਿੰਗ ਅਫਸਰ ਕਰਨਲ ਬਰਿੰਦਰ ਕੁਮਾਰ ਦੀ ਦੇਖ-ਰੇਖ ਹੇਠ ਭਗਵਾਨ ਵਾਲਮੀਕ ਸਰਕਾਰੀ ਆਈ ਟੀ ਆਈ ਵਿਖੇ ਚੱਲ ਰਿਹਾ ਹੈ ਕੈਂਪ ਦੇ ਤੀਸਰੇ ਦਿਨ ਕੈਂਪ ਵਿੱਚ ਕੈਡਿਟਾਂ ਨੂੰ ਡਰਿਲ, ਫਾਇਰਿੰਗ ਖੇਡਾਂ,ਸਭਿਆਚਾਰਕ ਗਤੀਵਿਧੀਆਂ ਤੋਂ ਇਲਾਵਾ ਯੋਗਾ ਡੇ ਕੈਂਪ ਵਿਚ ਮਨਾਇਆ ਗਿਆ

ਕੈਂਪ ਦੀ ਜਾਣਕਾਰੀ ਦਿੰਦੇ ਹੋਏ ਡਿਪਟੀ ਕੈਂਪ ਕਮਾਂਡੈਂਟ ਕਰਨਲ ਡੀ ਕੇ ਉਪਾਧਿਆ ਅਤੇ ਕੈਂਪ ਮੀਡੀਆ ਇਨਚਾਰਜ ਰਮਨ ਕੁਮਾਰ ਨੇ ਦੱਸਿਆ ਕਿ ਇਸ ਕੈਂਪ ਨੂੰ ਯੋਗ ਤਰੀਕੇ ਨਾਲ ਚਲਾਉਣ ਲਈ ਸੂਬੇਦਾਰ ਮੇਜਰ ਤਰਸੇਮ ਸਿੰਘ ਤੇ ਇਲਾਵਾ ਸੁਪਰਡੰਟ ਸ੍ਰੀ ਵਿਨੇ ਕੁਮਾਰ, ਸ੍ਰੀ ਮਨਜਿੰਦਰ ਸਿੰਘ, ਮੁਨਿਸ ਅਬਰੋਲ, ਕਰਮਜੀਤ ਕੌਰ ਅਤੇ ਸਰਵਨ ਕਲਰਕ, ਸਿਵਲ ਸਟਾਫ ਦੇ 16 ਮੈਂਬਰ, ਐਨ ਸੀ ਸੀ ਅਫਸਰ ਮਨਮੀਤ ਸਿੰਘ, ਹਰਦੇਵ ਸਿੰਘ, ਮੈਡਮ ਅੰਜੂ ਸ਼ਰਮਾ ਕੈਂਪ ਦੇ ਪ੍ਰਬੰਧਾਂ ਦੀ ਦੇਖ ਰੇਖ ਕਰਨਗੇ ਤੇ ਬੱਚਿਆਂ ਦੀ ਓਵਰਆਲ ਡਿਵੈਲਪਮੈਂਟ ਲਈ ਇੰਟਰਨੈਸ਼ਨਲ ਯੋਗਾ ਦਿਵਸ ਵਾਲੀਵਾਲ, ਬਾਸਕਟਬਾਲ, ਗਨ ਆਫ ਵਾਰ, ਖੋ-ਖੋ ਅਤੇ ਦੌੜਾਂ ਦਾ ਪ੍ਰਬੰਧ ਕੀਤਾ ਜਾਂ ਰਿਹਾ ਹੈ।

# ਏਐੱਸਆਈ ਨੇ ਪੀਸੀਆਰ ਟੀਮ 'ਤੇ ਕਾਰ ਚੜ੍ਹਾਈ

**ਲੁਧਿਆਣਾ, 25 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਬੀਤੀ ਦੇਰ ਰਾਤ ਨਸ਼ੇ ਵਿੱਚ ਧੁੱਤ ਇੱਕ ਏਐੱਸਆਈ ਨੇ ਕਾਰ ਪੀਸੀਆਰ ਮੁਲਾਜ਼ਮਾਂ 'ਤੇ ਚੜ੍ਹਾ ਦਿੱਤੀ ਜਿਸ ਨਾਲ ਹੈੱਡ ਕਾਂਸਟੇਬਲ ਦੀ ਮੌਤ ਹੋ ਗਈ ਜਦਕਿ ਉਸ ਦਾ ਸਾਥੀ ਏਐੱਸਆਈ ਸਖ਼ਤ ਜ਼ਖ਼ਮੀ ਹੋ ਗਿਆ। ਜ਼ਖ਼ਮੀ ਨੂੰ ਹਸਪਤਾਲ ਦਾਖਲ ਕਰਾਇਆ ਗਿਆ। ਮ੍ਰਿਤਕ ਮੁਲਾਜ਼ਮ ਦੀ ਪਛਾਣ ਹੈੱਡ ਕਾਂਸਟੇਬਲ ਆਕਾਸ਼ਦੀਪ ਸਿੰਘ ਵਜੋਂ ਹੋਈ ਹੈ ਜਦਕਿ ਉਸ ਦਾ ਸਾਥੀ ਏਐੱਸਆਈ ਸਤਨਾਮ ਸਿੰਘ ਜ਼ਖ਼ਮੀ ਹੋ ਗਿਆ ਹੈ।

ਘਟਨਾ ਮਗਰੋਂ ਦੋਵਾਂ ਨੂੰ ਸਿਵਲ ਹਸਪਤਾਲ ਲਿਜਾਇਆ ਗਿਆ ਜਿੱਥੇ ਆਕਾਸ਼ਦੀਪ ਨੂੰ ਡਾਕਟਰਾਂ ਨੇ ਮ੍ਰਿਤਕ ਕਰਾਰ ਦੇ ਦਿੱਤਾ ਜਦਕਿ ਏਐੱਸਆਈ ਸਤਨਾਮ ਸਿੰਘ ਨੂੰ ਡੀਐੱਮਸੀ ਹਸਪਤਾਲ ਭੇਜ ਦਿੱਤਾ। ਘਟਨਾ ਤੋਂ ਬਾਅਦ ਕਾਰ ਡਰਾਈਵਰ ਏਐੱਸਆਈ ਨੇ ਭੱਜਣ ਦੀ ਕੋਸ਼ਿਸ਼ ਕੀਤੀ ਪਰ ਲੋਕਾਂ ਨੇ ਉਸ ਨੂੰ ਕਾਬੂ ਕਰ ਲਿਆ।ਥਾਣਾ ਸਲੇਮ ਟਾਬਰੀ ਦੀ ਪੁਲੀਸ ਨੇ ਮੌਕੇ 'ਤੇ ਪਹੁੰਚ ਕੇ ਕਾਰ ਚਾਲਕ ਬਲਵਿੰਦਰ ਸਿੰਘ ਏਐੱਸਆਈ ਨੂੰ ਗ੍ਰਿਫ਼ਤਾਰ ਕਰ ਲਿਆ। ਉਹ ਥਾਣਾ ਡਿਵੀਜ਼ਨ ਨੰਬਰ ਦੋ ਵਿੱਚ ਤਾਇਨਾਤ ਹੈ। ਉਹ ਜਲੰਧਰ ਬਾਈਪਾਸ ਵੱਲੋਂ ਨਸ਼ੇ ਵਿੱਚ ਕਾਰ ਚਲਾ ਕੇ ਆ ਰਿਹਾ ਸੀ ਕਿ ਉਸ ਦੀ ਕਾਰ ਪੀਸੀਆਰ ਮੁਲਾਜ਼ਮਾਂ ਉੱਪਰ ਚੜ੍ਹ ਗਈ ਜੋ ਸਲੇਮ ਟਾਬਰੀ ਦੀ ਸਰਵਿਸ ਲਾਈਨ 'ਤੇ ਮੋਟਰਸਾਈਕਲ ਸਣੇ ਖੜ੍ਹੇ ਸਨ।

ਥਾਣਾ ਸਲੇਮ ਟਾਬਰੀ ਦੇ ਅਧਿਕਾਰੀ ਜਗਦੀਪ ਜਾਖੜ ਨੇ ਦੱਸਿਆ ਹੈ ਕਿ ਪੁਲੀਸ ਵੱਲੋਂ ਏਐੱਸਆਈ ਬਲਵਿੰਦਰ ਸਿੰਘ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ ਜਦਕਿ ਆਕਾਸ਼ਦੀਪ ਸਿੰਘ ਦੀ ਲਾਸ਼ ਪੋਸਟਮਾਰਟਮ ਉਪਰੰਤ ਵਾਰਸਾਂ ਹਵਾਲੇ ਕਰ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਜ਼ਖ਼ਮੀ ਸਤਨਾਮ ਸਿੰਘ ਦੀ ਹਾਲਤ ਖਤਰੇ ਵਾਲੀ ਬਣੀ ਹੋਈ ਹੈ। ਉਸ ਦੀਆਂ ਲੱਤਾਂ ਟੁੱਟ ਗਈਆਂ ਹਨ। ਪੁਲੀਸ ਅਧਿਕਾਰੀ ਨੇ ਦੱਸਿਆ ਕਿ ਮ੍ਰਿਤਕ ਆਕਾਸ਼ਦੀਪ ਸਿੰਘ ਦੇ ਦੋ ਬੱਚੇ ਹਨ। ਉਹ 2009 ਵਿੱਚ ਭਰਤੀ ਹੋਇਆ ਸੀ।

# ਮੁੱਖ ਮੰਤਰੀ ਕਿਰਾਏ ਦਾ ਮਕਾਨ ਲੱਭਣ ਦੀ ਥਾਂ ਆਪਣੀ ਕੁਰਸੀ ਬਚਾਉਣ: ਚੰਨੀ



**ਜਲੰਧਰ, 25 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਨਵੇਂ ਬਣੇ ਸੰਸਦ ਮੈਂਬਰ ਅਤੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਇਥੇ 'ਆਪ' ਸਰਕਾਰ 'ਤੇ ਤਿੱਖੇ ਹਮਲੇ ਕੀਤੇ। ਉਨ੍ਹਾਂ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਕੁਰਸੀ ਡਾਵਾਂਡੋਲ ਹੈ ਤੇ ਉਹ ਕਿਸੇ ਸਮੇਂ ਵੀ ਜਾ ਸਕਦੀ ਹੈ। ਉਨ੍ਹਾਂ ਮੁੱਖ ਮੰਤਰੀ ਨੂੰ ਸਲਾਹ ਦਿੰਦਿਆਂ ਕਿਹਾ ਕਿ ਉਹ ਜਲੰਧਰ ਵਿੱਚ ਕਿਰਾਏ ਦਾ ਮਕਾਨ ਲੱਭਣ ਦੀ ਥਾਂ ਚੰਡੀਗੜ੍ਹ ਬੈਠ ਕੇ ਆਪਣੀ ਸਰਕਾਰ ਬਚਾਉਣ ਵੱਲ ਧਿਆਨ ਦੇਣ।

ਇਥੇ ਅੱਜ ਭਾਜਪਾ ਆਗੂ ਡਾ. ਸ਼ਿਵਦਿਆਲ ਮਾਲੀ ਨੂੰ ਕਾਂਗਰਸ ਵਿੱਚ ਸ਼ਾਮਿਲ ਕਰਦਿਆਂ ਉਨ੍ਹਾਂ ਦਾਅਵਾ ਕੀਤਾ ਕਿ ਜਲੰਧਰ ਪੱਛਮੀ ਦੀ ਸੀਟ ਕਾਂਗਰਸ ਵੱਡੇ ਫਰਕ ਨਾਲ ਜਿੱਤੇਗੀ। ਉਨ੍ਹਾਂ ਡਾ. ਸ਼ਿਵਦਿਆਲ ਮਾਲੀ ਦਾ ਸਵਾਗਤ ਕਰਦਿਆਂ ਕਿਹਾ ਕਿ ਕਾਂਗਰਸ ਨੇ ਲੋਕ ਸਭਾ ਚੋਣਾਂ ਵਿੱਚ ਵੀ ਇਸ ਹਲਕੇ ਤੋਂ ਜਿੱਤ ਪ੍ਰਾਪਤ ਕੀਤੀ ਸੀ ਤੇ ਲੋਕ ਹੁਣ ਇਸ ਜਿੱਤ ਨੂੰ ਹੋਰ ਵੱਡੀ ਕਰਕੇ 'ਆਪ' ਸਰਕਾਰ ਨੂੰ ਚੱਲਦਾ ਕਰਨ ਦਾ ਮੁੱਢ ਬੰਨ੍ਹਣਗੇ।

ਜ਼ਿਕਰਯੋਗ ਹੈ ਕਿ ਡਾ. ਸ਼ਿਵਦਿਆਲ ਮਾਲੀ 'ਆਪ' ਦੇ ਜ਼ਿਲ੍ਹਾ ਪ੍ਰਧਾਨ ਸਨ ਤੇ ਉਹ 2022 ਦੀਆਂ ਚੋਣਾਂ ਸਮੇਂ ਭਾਜਪਾ ਵਿੱਚੋਂ ਆਏ ਸ਼ੀਤਲ ਅੰਗੁਰਾਲ ਨੂੰ ਟਿਕਟ ਦੇਣ ਵਿਰੁੱਧ ਭਾਜਪਾ ਵਿੱਚ ਸ਼ਾਮਲ ਹੋ ਗਏ ਸਨ। ਹੁਣ ਜਦੋਂ ਸ਼ੀਤਲ ਅੰਗੁਰਾਲ ਭਾਜਪਾ ਵਿੱਚ ਸ਼ਾਮਿਲ ਹੋ ਕੇ ਇੱਕ ਵਾਰ ਫਿਰ ਉਮੀਦਵਾਰ ਬਣ ਗਏ ਹਨ ਤਾਂ ਡਾ. ਮਾਲੀ ਨੇ ਭਾਜਪਾ ਨੂੰ ਛੱਡ ਕੇ ਕਾਂਗਰਸ ਵਿੱਚ ਸ਼ਮੂਲੀਅਤ ਕਰ ਲਈ ਹੈ।

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਚੰਨੀ ਨੇ ਕਿਹਾ ਕਿ ਹੁਣ ਜਦੋਂ ਆਪ ਦੀ ਸਰਕਾਰ ਜਾਣ ਵਾਲੀ ਹੈ ਤਾਂ ਮੁੱਖ ਮੰਤਰੀ ਜ਼ਿਮਨੀ ਚੋਣ ਜਿੱਤਣ ਲਈ ਜਲੰਧਰ ਆ ਰਹੇ ਹਨ। ਉਨ੍ਹਾਂ ਕਿਹਾ ਕਿ ਆਪ ਦਾ ਉਮੀਦਵਾਰ ਜਿਤਾ ਕੇ ਲੋਕਾਂ ਨੂੰ ਕੋਈ ਫਾਇਦਾ ਨਹੀਂ ਹੋਣਾ ਕਿਉਂ ਕਿ ਸਰਕਾਰ ਤਾਂ ਆਪਸੀ ਕਾਟੋ ਕਲੇਸ਼ ਦੇ ਚੱਲਦਿਆਂ ਡਿੱਗਣ ਵਾਲੀ ਹੈ। ਚਰਨਜੀਤ ਸਿੰਘ ਚੰਨੀ ਨੇ ਕਿਹਾ ਕਿ ਆਪ ਵਾਲੇ 2022 ਵਿਚ ਬਦਲਾਅ ਦਾ ਨਾਅਰਾ ਲਾ ਕੇ ਵੱਡੇ ਬਹੁਮਤ ਨਾਲ ਆਏ ਸਨ ਪਰ ਦੋ ਸਾਲਾਂ ਵਿੱਚ ਸਰਕਾਰ ਦੀ ਹਾਲਤ ਏਨੀ ਮਾੜੀ ਹੋ ਜਾਵੇਗੀ ਇਹ ਕਿਸੇ ਪੰਜਾਬੀ ਨੇ ਕਿਆਸਿਆ ਨਹੀਂ ਸੀ।

ਪੰਜਾਬ ਦੇ ਲੋਕ ਤਰਾਹ-ਤਰਾਹ ਕਰ ਰਹੇ ਹਨ। ਛੋਟੇ-ਵੱਡੇ ਕਾਰੋਬਾਰੀਆਂ ਨੂੰ ਗੈਂਗਸਟਰਾਂ ਦੇ ਫੋਨ ਆ ਰਹੇ ਹਨ ਕਿ ਫਿਰੌਤੀ ਦੇਵੋ ਨਹੀਂ ਤਾਂ ਤੁਹਾਡੇ ਸਕੂਲ ਜਾਂਦੇ ਬੱਚੇ ਘਰ ਨਹੀਂ ਮੁੜਨਗੇ। ਕਾਰੋਬਾਰੀਆਂ ਨੂੰ ਧਮਕੀਆਂ ਮਿਲਣ ਨਾਲ ਲੋਕ ਡਰੇ ਹੋਏ ਹਨ। ਕਾਰੋਬਾਰੀ ਪੰਜਾਬ ਛੱਡ ਕੇ ਜਾਣ ਨੂੰ ਤਿਆਰ ਬੈਠੇ ਹਨ। ਚੰਨੀ ਨੇ ਕਿਹਾ ਕਿ ਪੰਜਾਬ ਨੇ ਅਜਿਹਾ ਸਮਾਂ ਕਦੇ ਨਹੀਂ ਸੀ ਦੇਖਿਆ।

# ਤਿੰਨ ਏਕੜਾਂ ਦੇ ਇਕ ਕਿਆਰੇ 'ਤੇ ਚੱਲਦੀ ਹੈ ਬਿਨਾਂ ਰੁਕੇ ਮੋਟਰ

**ਪਟਿਆਲਾ, 25 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਕਿਸਾਨਾਂ ਨੂੰ ਮੁਫਤ ਮਿਲਦੀ ਬਿਜਲੀ ਦੀ ਮੰਗ 16000 ਮੈਗਾਵਾਟ ਟੱਪ ਗਈ ਹੈ ਪਰ ਕਿਸਾਨਾਂ ਵੱਲੋਂ ਕੀਤੀ ਜਾ ਰਹੀ ਪਾਣੀ ਦੀ ਦੁਰਵਰਤੋਂ ਦਾ ਇਕ ਨਵਾਂ ਤਰੀਕਾ ਸਾਹਮਣੇ ਆਇਆ ਹੈ। ਹੁਣ ਪੰਜਾਬ ਦੇ ਕਿਸਾਨ ਨੱਕੇ ਤੋੜਨ ਦੀ ਥਾਂ ਦੋ ਤੋਂ ਲੈ ਕੇ ਚਾਰ ਏਕੜ ਦਾ ਇਕ ਹੀ ਕਿਆਰਾ ਬਣਾ ਕੇ ਮੋਟਰ ਚਲਾ ਕੇ ਪਾਣੀ ਖੁੱਲ੍ਹਾ ਛੱਡ ਦਿੰਦੇ ਹਨ। ਖੇਤਾਂ ਨੂੰ ਪਾਣੀ ਦੀ ਅਜੇ ਲੋੜ ਨਾ ਹੋਣ ਦੇ ਬਾਵਜੂਦ 8 ਘੰਟੇ ਮੋਟਰ ਚੱਲਦੀ ਰਹਿੰਦੀ ਹੈ।

ਪੰਜਾਬ ਦੇ ਵੱਖ-ਵੱਖ ਇਲਾਕਿਆਂ ਤੋਂ ਕੀਤੇ ਸਰਵੇ ਅਨੁਸਾਰ ਸਾਹਮਣੇ ਆਇਆ ਕਿ ਚਮਕੌਰ ਸਾਹਿਬ ਦੇ ਇਲਾਕੇ ਵਿੱਚ ਗੰਨਾ ਜ਼ਿਆਦਾ ਹੋਣ ਕਰਕੇ ਖੇਤਾਂ ਦੇ ਕਿਆਰੇ 1 ਤੋਂ 2 ਏਕੜ ਦੇ ਮਿਲਦੇ ਹਨ। ਸੰਗਰੂਰ ਵਿੱਚ ਕਿਆਰੇ 2 ਤੋਂ 3 ਏਕੜ ਦੇ ਮਿਲਦੇ ਹਨ, ਚਮਕੌਰ ਸਾਹਿਬ ਕੋਲ ਰੁੜਕੀ ਪਿੰਡ ਦੇ ਕਿਸਾਨ ਆਗੂ ਗੁਰਿੰਦਰ ਸਿੰਘ ਭੰਗੂ ਨੇ ਕਿਹਾ ਕਿ ਅਸੀਂ ਕਿਆਰੇ ਇੱਕ ਏਕੜ ਦੇ ਕਰਦੇ ਹਾਂ। ਇਸੇ ਤਰ੍ਹਾਂ ਫ਼ਤਹਿਗੜ੍ਹ ਸਾਹਿਬ, ਮਾਲੇਰਕੋਟਲਾ ਇਲਾਕਿਆਂ ਵਿੱਚ ਵੀ ਦੇਖਿਆ ਗਿਆ।



ਪਟਿਆਲਾ ਤੋਂ ਰੋੜੇਵਾਲ ਰੋਡ 'ਤੇ ਸੰਧੂਆਂ ਦੇ ਪਿੰਡ ਰੌਂਗਲਾ ਵਿਚ ਸ੍ਰੀ ਗੁਰੂ ਗੋਬਿੰਦ ਸਿੰਘ ਰਾਈਸ ਮਿੱਲ ਦੇ ਸਾਹਮਣੇ ਇਕ ਮੋਟਰ ਚੱਲ ਰਹੀ ਸੀ, ਜਿਸ ਦਾ ਕਿਆਰਾ ਤਿੰਨ ਏਕੜ ਦਾ ਕੀਤਾ ਹੋਇਆ ਹੈ।

ਉੱਥੇ ਬੈਠੇ ਦੋ ਵਿਅਕਤੀਆਂ ਨੂੰ ਪੁੱਛਿਆ ਕਿ ਇਹ ਮੋਟਰ ਕਦੋਂ ਤੋਂ ਚੱਲ ਰਹੀ ਹੈ ਤਾਂ ਉਨ੍ਹਾਂ ਕਿਹਾ ਕਿ ਜਦੋਂ ਤੋਂ ਬਿਜਲੀ ਆਈ ਹੈ। ਝੋਨਾ ਕਦੋਂ ਲਾਉਣਾ ਹੈ ਬਾਰੇ ਉਨ੍ਹਾਂ ਕੁਝ ਨਹੀਂ ਦੱਸਿਆ। ਉਸ ਤੋਂ ਅੱਗੇ ਸ਼ਮਸ਼ੇਰ ਸਿੰਘ ਪਿੰਡ ਰੌਂਗਲਾ ਖੇਤਾਂ ਵਿੱਚ ਆਪਣੀ ਚੱਲਦੀ ਮੋਟਰ 'ਤੇ ਬੈਠਾ ਸੀ।

ਉਸ ਦੇ ਖੇਤ ਵਿੱਚ ਅਜੇ ਵੀ ਕਣਕ ਦੇ ਕਰਚੇ ਖੜ੍ਹੇ ਸਨ ਤੇ ਮੋਟਰ ਦਾ ਪਾਣੀ ਚੱਲ ਰਿਹਾ ਹੈ। ਉਸ ਨੇ ਕਿਹਾ ਕਿ ਅਸੀਂ ਅਜੇ ਝੋਨਾ ਨਹੀਂ ਲਾਉਣਾ ਕਿਉਂਕਿ ਪਨੀਰੀ ਛੋਟੀ ਹੈ। ਇਹ ਤਾਂ ਅਸੀਂ ਆਪਣਾ ਖੇਤ ਵਾਹੁਣ ਲਈ ਪਾਣੀ ਚਲਾ ਰੱਖਿਆ ਹੈ। ਉਸ ਤੋਂ ਅੱਗੇ ਗਏ ਮਲਕੀਤ ਸਿੰਘ ਪਿੰਡ ਲੰਗ ਦੀ ਮੋਟਰ ਚੱਲ ਰਹੀ ਸੀ। ਨੇੜੇ ਹੀ ਖੜ੍ਹੇ ਸੁਖਵਿੰਦਰ ਸਿੰਘ ਨੇ ਕਿਹਾ ਕਿ ਝੋਨਾ ਲਾਉਣਾ ਸ਼ੁਰੂ ਕਰ ਰਹੇ ਹਾਂ ਇਸੇ ਕਰਕੇ ਮੋਟਰ ਚਲਾਈ ਹੋਈ ਹੈ।

ਮਲਕੀਤ ਸਿੰਘ ਨੂੰ ਜਦੋਂ ਪੁੱਛਿਆ ਕਿ ਤੁਸੀਂ ਕਈ ਏਕੜਾਂ ਦਾ ਇਕ ਹੀ ਕਿਆਰਾ ਕਰਕੇ ਪਾਣੀ ਚਲਾ ਰਹੇ ਹੋ। ਉਨ੍ਹਾਂ ਕਿਹਾ ਕਿ ਨੱਕੇ ਤੋੜਨ ਵਾਲਾ ਝੰਜਟ ਉਹ ਨਹੀਂ ਕਰਦੇ ਕਿਉਂਕਿ ਮੁੰਡੇ ਬਾਹਰ ਹਨ ਤੇ ਬਿਜਲੀ ਆ ਰਹੀ ਹੈ ਕੌਣ ਵਾਰ ਵਾਰ ਖੇਤਾਂ ਵਿੱਚ ਜਾ ਕੇ ਨੱਕੇ ਤੋੜਦਾ ਫਿਰੇ।

ਇਸੇ ਤਰ੍ਹਾਂ ਰੌਂਗਲਾ ਦੇ ਸ਼ਮਸ਼ੇਰ ਸਿੰਘ ਨੇ ਕਿਹਾ ਕਿ ਉਸ ਦੀ ਉਮਰ 70 ਸਾਲਾਂ ਤੋਂ ਟੱਪ ਗਈ ਹੈ, ਪਹਿਲਾਂ ਕਿਆਰੇ ਛੋਟੇ ਹੁੰਦੇ ਸਨ।

ਇਕ ਏਕੜ ਦੇ ਘੱਟੋ ਘੱਟ 5 ਤੋਂ 10 ਕਿਆਰਿਆਂ ਨਾਲ ਸਿੰਜਾਈ ਹੁੰਦੀ ਸੀ। ਉਸ ਨਾਲ ਜੇ ਬਿਜਲੀ ਕੱਟ ਲੱਗਦਾ ਸੀ ਤਾਂ ਪਾਣੀ ਦੇ ਛੋਟੇ ਕਿਆਰੇ ਵਿੱਚ ਹੀ ਦੁਬਾਰਾ ਸਿੰਜਾਈ ਕਰਨੀ ਪੈਂਦੀ ਸੀ, ਉਦੋਂ ਪਾਣੀ ਦੀ ਬੱਚਤ ਹੁੰਦੀ ਸੀ, ਪਰ ਹੁਣ ਤਾਂ 3-4 ਏਕੜ ਦਾ ਇਕ ਕਿਆਰਾ ਹੀ ਹੁੰਦਾ ਹੈ ਬਿਜਲੀ ਕੱਟ ਲੱਗ ਜਾਵੇ ਤਾਂ ਸਾਰੇ ਏਕੜਾਂ ਦੀ ਦੁਬਾਰਾ ਫੇਰ ਸਿੰਜਾਈ ਕਰਨੀ ਪੈਂਦੀ ਹੈ। ਨੱਕੇ ਤੋੜਨ ਦਾ ਸਭਿਆਚਾਰ ਹੀ ਖ਼ਤਮ ਕਰ ਦਿੱਤਾ ਹੈ।

ਕਈ ਪਿੰਡਾਂ ਵਿੱਚ ਦੇਖਿਆ ਗਿਆ ਕਿ ਵੱਡੇ ਵੱਡੇ ਕਈ ਕਈ ਏਕੜਾਂ ਦੇ ਬਣੇ ਕਿਆਰਿਆਂ ਦੀਆਂ ਟਰੈਕਟਰ ਨਾਲ ਵੱਟਾਂ ਪਾਈਆਂ ਜਾ ਰਹੀਆਂ ਹਨ ਤੇ ਮੋਟਰਾਂ ਚੱਲ ਰਹੀਆਂ ਹਨ।

ਸ਼ੇਰੇ ਪੰਜਾਬ ਕਿਸਾਨ ਯੂਨੀਅਨ ਦੇ ਆਗੂ ਗੁਰਿੰਦਰ ਸਿੰਘ ਭੰਗੂ ਨੇ ਕਿਹਾ ਕਿ ਕਿਸਾਨ ਮਜਬੂਰੀਵੱਸ ਹੀ ਵੱਡੇ ਕਿਆਰੇ ਕਰਦਾ ਹੈ, ਤਾਂ ਕਿ ਉਹ 'ਵਾਈਟ ਕਾਲਰ' ਖੇਤੀ ਕਰ ਸਕੇ। ਕਿਸਾਨ ਆਗੂ ਡਾ. ਦਰਸ਼ਨਪਾਲ ਨੇ ਕਿਹਾ ਹੈ ਕਿ ਪਹਿਲਾਂ ਕਿਆਰੇ ਹੁੰਦੇ ਸਨ ਤਾਂ ਸਿੰਜਾਈ ਬੜੇ ਸਲੀਕੇ ਨਾਲ ਹੁੰਦੀ ਸੀ, ਪਰ ਅੱਜ ਵੀ ਕਿਸਾਨਾਂ ਨੂੰ ਇਸ ਤਰ੍ਹਾਂ ਕਿਆਰਿਆਂ ਵਿੱਚ ਸਿੰਜਾਈ ਕਰਨੀ ਚਾਹੀਦੀ ਹੈ। ਪੰਜਾਬ ਦੇ ਸਾਰੇ ਵਰਗਾਂ ਨੂੰ ਪਾਣੀ ਬਚਾਉਣਾ ਚਾਹੀਦਾ ਹੈ, ਉਹ ਭਾਵੇਂ ਕਿਸਾਨ ਹੋਵੇ ਜਾਂ ਆਮ ਸ਼ਹਿਰੀ ਹੋਵੇ।

# ਸ਼ੰਭੂ ਬਾਰਡਰ 'ਤੇ ਕਿਸਾਨ ਧਰਨੇ ਵਿੱਚ ਤਣਾਅ ਦਾ ਮਾਹੌਲ

**ਪਟਿਆਲਾ, 25 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਨੈਸ਼ਨਲ ਹਾਈਵੇਅ ਨੰਬਰ 1 ਸ਼ੰਭੂ ਬਾਰਡਰ 'ਤੇ ਕਿਸਾਨ ਜਥੇਬੰਦੀ ਵੱਲੋਂ ਲਗਾਏ ਧਰਨੇ ਵਿੱਚ ਮਾਹੌਲ ਉਸ ਵੇਲੇ ਤਣਾਅਪੂਰਨ ਬਣ ਗਿਆ ਜਦੋਂ ਸ਼ੰਭੂ ਬਾਰਡਰ ਦੇ ਨੇੜੇ ਲਗਦੇ 20-25 ਪਿੰਡਾਂ ਦੇ ਲੋਕਾਂ ਅਤੇ ਵਪਾਰੀਆਂ ਵੱਲੋਂ ਇਕੱਠੇ ਹੋ ਕੇ ਧਰਨੇ ਵਾਲੀ ਸਟੇਜ 'ਤੇ ਪਹੁੰਚ ਕੇ ਸ਼ੰਭੂ ਬਾਰਡਰ ਨੂੰ ਖੋਲ੍ਹਣ ਦੀ ਮੰਗ ਕੀਤੀ ਗਈ। ਇਸ ਮੌਕੇ ਸਟੇਜ 'ਤੇ ਬੈਠੇ ਕਿਸਾਨ ਜਥੇਬੰਦੀਆਂ ਅਤੇ ਪਿੰਡਾਂ ਦੇ ਲੋਕਾਂ ਵਿੱਚ ਜ਼ਬਰਦਸਤ ਬਹਿਸ ਹੋਈ। ਧਰਨੇ ਦੇ ਆਗੂਆਂ ਨੇ ਲੋਕਾਂ ਨੂੰ ਸਰਕਾਰ ਅਤੇ ਭਾਜਪਾ ਦੇ ਹਮਾਇਤੀਆਂ ਤੱਕ ਆਖ ਦਿੱਤਾ, ਜਿਸ ਤੋਂ ਮਾਹੌਲ ਗਰਮਾ ਗਿਆ। ਪਿੰਡ ਵਾਸੀਆਂ ਨੇ ਕੁੱਝ ਸਮੇਂ ਲਈ ਤੇਪਲਾ ਰੋਡ 'ਤੇ ਜਾਮ ਲਗਾ ਕੇ ਰੋਸ ਪ੍ਰਦਰਸ਼ਨ ਵੀ ਕੀਤਾ। ਇਸ ਮੌਕੇ ਕਰਨੈਲ ਸਿੰਘ ਸਾਬਕਾ ਸਰਪੰਚ ਘੱਗਰ ਸਰਾਏ, ਕੁਲਬੀਰ ਸਿੰਘ ਰਾਜਗੜ੍ਹ ਅਤੇ ਹੋਰਨਾਂ ਨੇ ਦੱਸਿਆ ਕਿ ਉਹ ਵੀ ਕਿਸਾਨ ਹਨ। ਉਨ੍ਹਾਂ ਨੇ ਕਿਸਾਨ ਆਗੂਆਂ ਨੂੰ ਦੋਪਹੀਆ ਵਾਹਨਾਂ ਲਈ ਰਸਤਾ ਖੋਲ੍ਹਣ ਲਈ ਮੰਗ ਪੱਤਰ ਦਿੱਤਾ ਸੀ। ਇਸ ਦਾ ਅੱਜ ਤੱਕ ਕੋਈ ਜਵਾਬ ਨਹੀਂ ਆਇਆ। ਅੱਜ ਸ਼ੰਭੂ ਬਾਰਡਰ ਖੁਲ੍ਹਵਾਉਣ ਦੀ ਮੰਗ ਨੂੰ ਲੈ ਕੇ ਪਿੰਡਾਂ ਦੇ ਲੋਕ ਅਤੇ ਵਪਾਰੀ ਇਕੱਠੇ ਹੋਏ ਸਨ। ਕਿਸਾਨਾਂ ਨੇ ਉਨ੍ਹਾਂ 'ਤੇ ਭਾਜਪਾ ਨਾਲ ਰਲੇ ਹੋਏ ਹੋਣ ਦਾ ਦੋਸ਼ ਲਗਾ ਦਿੱਤਾ ਜੋ ਸਰਾਸਰ ਗ਼ਲਤ ਹੈ। ਕਰਨੈਲ ਸਿੰਘ ਨੇ ਦੱਸਿਆ ਕਿ ਅੰਬਾਲਾ ਜਾਣ ਲਈ 15 ਮਿੰਟ ਦਾ ਰਸਤਾ ਹੈ ਜੋ ਕਿ ਹੁਣ ਡੇਢ ਘੰਟੇ ਤੋਂ ਵੀ ਵੱਧ ਸਮੇਂ ਦਾ ਹੋ ਗਿਆ ਹੈ। ਇਸ ਕਾਰਨ ਮਰੀਜ਼ਾਂ ਅਤੇ ਹੋਰ ਲੋੜਵੰਦਾਂ ਨੂੰ ਅੰਬਾਲਾ ਜਾਣ ਲਈ ਕਾਫ਼ੀ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਪਿੰਡਾਂ ਦੇ ਲੋਕਾਂ ਨੇ ਚਿਤਾਵਨੀ ਦਿੱਤੀ ਕਿ ਜੇ ਜਲਦੀ ਸ਼ੰਭੂ ਬਾਰਡਰ ਨਹੀਂ ਖੋਲ੍ਹਿਆ ਤਾਂ ਉਹ ਆਉਣ ਵਾਲੇ ਦਿਨਾਂ ਵਿੱਚ ਸ਼ੰਭੂ ਬਾਰਡਰ ਦੇ ਆਲੇ ਦੁਆਲੇ ਦੇ ਸਾਰੇ ਰਸਤੇ ਜਾਮ ਕਰ ਦੇਣਗੇ। ਉੱਧਰ, ਕਿਸਾਨ ਆਗੂਆਂ ਦਾ ਕਹਿਣਾ ਹੈ ਕਿ ਸ਼ੰਭੂ ਬਾਰਡਰ 'ਤੇ ਕਿਸਾਨੀ ਮੰਗਾਂ ਨੂੰ ਲੈ ਕੇ ਸ਼ਾਂਤਮਈ 131 ਦਿਨਾਂ ਤੋਂ ਚੱਲ ਰਹੇ ਕਿਸਾਨ ਅੰਦੋਲਨ-2 ਦੀ ਸਟੇਜ 'ਤੇ ਭਾਜਪਾ ਤੇ ਲੋਕਲ ਆਮ ਆਦਮੀ ਪਾਰਟੀ ਦੇ ਵਿਧਾਇਕ ਦੇ ਕਰੀਬੀ ਬੰਦਿਆਂ ਨੇ ਇਕੱਠੇ ਹੋ ਕੇ ਹਮਲਾ ਕਰਨ ਦੀ ਕੋਸ਼ਿਸ਼ ਕੀਤੀ। ਕਿਸਾਨ ਆਗੂਆਂ ਵੱਲੋਂ ਉਨ੍ਹਾਂ ਨੂੰ ਬੈਠ ਕੇ ਗੱਲ ਕਰਨ ਲਈ ਆਖਿਆ ਗਿਆ ਜਿਸ 'ਤੇ ਸਬੰਧਤ ਵਿਅਕਤੀ ਹੱਥੋਪਾਈ 'ਤੇ ਉਤਰ ਆਏ। ਹਮਲਾ ਕਰਨ ਵਾਲੇ ਰੋਡ ਬੰਦ ਹੋਣ ਦਾ ਦੋਸ਼ ਕਿਸਾਨਾਂ ਸਿਰ ਲਾ ਰਹੇ ਸਨ ਜਦੋਂਕਿ ਕਿਸਾਨ ਆਗੂਆਂ ਨੇ ਸਾਫ਼ ਕੀਤਾ ਕਿ ਰੋਡ ਸਰਕਾਰ ਨੇ 8 ਫਰਵਰੀ ਤੋਂ ਜਾਮ ਕੀਤਾ ਹੋਇਆ ਹੈ। ਕਿਸਾਨ ਤਾਂ ਬਾਰਡਰ 'ਤੇ 13 ਫਰਵਰੀ ਨੂੰ ਪਹੁੰਚੇ। ਆਗੂਆਂ ਨੇ ਦੱਸਿਆ ਕਿ ਹਮਲਾਵਰਾਂ ਵਿੱਚ ਆਗੂ ਬਣ ਕੇ ਆਏ ਵਿਅਕਤੀ ਮਾਈਨਿੰਗ ਦਾ ਧੰਦਾ ਕਰਦੇ ਹਨ ਤੇ ਘੱਗਰ ਵਿੱਚੋਂ ਰੇਤਾ ਕੱਢ ਕੇ ਕਾਲਾਬਾਜ਼ਾਰੀ ਕਰਦੇ ਹਨ। ਮੋਰਚਾ ਲੱਗਿਆ ਹੋਣ ਕਾਰਨ ਕਾਲਾਬਾਜ਼ਾਰੀ ਦਾ ਧੰਦਾ ਬਿਲਕੁਲ ਬੰਦ ਹੈ। ਕਿਸਾਨ ਆਗੂਆਂ ਨੇ ਪੰਜਾਬ ਸਰਕਾਰ ਅਤੇ ਪ੍ਰਸ਼ਾਸਨ ਨੂੰ ਚਿਤਾਵਨੀ ਦਿੱਤੀ ਕਿ ਜੇ ਭਵਿੱਖ ਵਿੱਚ ਇਸ ਤਰ੍ਹਾਂ ਦੀ ਕੋਈ ਘਟਨਾ ਵਾਪਰਦੀ ਹੈ ਤਾਂ ਉਸ ਦੇ ਸਿੱਟੇ ਚੰਗੇ ਨਹੀਂ ਹੋਣਗੇ। ਇਸ ਵੇਲੇ ਇਕ ਵੀਡੀਓ ਦਿਖਾ ਕੇ ਸੰਯੁਕਤ ਕਿਸਾਨ ਮੋਰਚੇ ਗੈਰ ਰਾਜਨੀਤਿਕ ਦੇ ਮੁੱਖ ਆਗੂ ਜਗਜੀਤ ਸਿੰਘ ਡੱਲੇਵਾਲ ਨੇ ਕਿਹਾ ਕਿ ਭਾਜਪਾ ਤੇ 'ਆਪ' ਸਰਕਾਰਾਂ ਹੁਣ ਹੁੱਲੜਬਾਜ਼ਾਂ ਨੂੰ ਭੇਜ ਕੇ ਸਾਡੇ ਸੰਘਰਸ਼ ਨੂੰ ਤਾਰਪੀਡੋ ਕਰਨਾ ਚਾਹੁੰਦੀਆਂ ਹਨ। ਇੱਥੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਬੀਕੇਯੂ ਏਕਤਾ ਸਿੱਧੂਪੁਰ ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਜਸਬੀਰ ਸਿੰਘ ਸਿੱਧੂਪੁਰ ਨੇ ਕਿਹਾ ਕਿ ਅੱਜ ਇੱਥੇ ਸਵੇਰੇ ਤੋਂ ਹੀ ਆਮ ਦੀ ਤਰ੍ਹਾਂ ਸਟੇਜ ਦੀ ਕਾਰਵਾਈ ਚੱਲ ਰਹੀ ਸੀ। ਅਚਾਨਕ ਇੱਥੇ ਆਮ ਆਦਮੀ ਪਾਰਟੀ ਦੇ ਮਿੰਟੂ, ਭਾਜਪਾ ਦੇ ਸੋਨੂੰ ਰਾਜਗੜ੍ਹ ਦੀ ਅਗਵਾਈ ਵਿੱਚ ਆਏ ਹੁੱਲੜਬਾਜ਼ਾਂ ਨੇ ਇੱਥੇ ਆ ਕੇ ਬੋਲਣਾ ਸ਼ੁਰੂ ਕਰ ਦਿੱਤਾ।ਅੰਬਾਲਾ ਦੇ ਕੱਪੜਾ ਮਾਰਕੀਟ ਦੇ ਪ੍ਰਧਾਨ ਵਿਸ਼ਾਲ ਬੱਤਰਾ ਨੇ ਕਿਹਾ ਕਿ ਵਪਾਰ ਵਿੱਚ ਦਿੱਕਤਾਂ ਆਉਣ ਕਾਰਨ ਉਹ ਰਸਤੇ ਨੂੰ ਸ਼ਾਂਤੀਪੂਰਵਕ ਖੁਲ੍ਹਵਾਉਣ ਲਈ ਕਿਸਾਨਾਂ ਕੋਲ ਗਏ ਸਨ। ਸਾਨੂੰ ਸਟੇਜ 'ਤੇ ਬੁਲਾਇਆ ਗਿਆ। ਜਦੋਂ ਅਸੀਂ ਸਟੇਜ 'ਤੇ ਜਾਣ ਲੱਗੇ ਤਾਂ ਸਾਡੇ ਖ਼ਿਲਾਫ਼ ਘੁਸਰ ਮੁਸਰ ਹੋਣ ਲੱਗ ਪਈ। ਇਸ ਕਾਰਨ ਉਹ ਸਟੇਜ ਤੋਂ ਹੇਠਾਂ ਉਤਰ ਆਏ। ਉਨ੍ਹਾਂ ਕਿਹਾ ਕਿ ਉਨ੍ਹਾਂ ਨਾ ਤਾਂ ਸਟੇਜ 'ਤੇ ਨਾ ਹੀ ਹੇਠਾਂ ਕੋਈ ਹੁੱਲੜਬਾਜ਼ੀ ਕੀਤੀ, ਸਾਡੇ 'ਤੇ ਲਗਾਏ ਜਾ ਰਹੇ ਦੋਸ਼ ਝੂਠੇ ਹਨ।



# ਕਿਸਾਨ ਦੀ ਨਿਸ਼ਾਨਦੇਹੀ ਤੇ ਡ੍ਰੋਨ ਸਮੇਤ ਇੱਕ ਪੈਕਟ ਹੈਰੋਇਨ ਬਰਾਮਦ



**ਫਾਜ਼ਿਲਕਾ, 25 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪਾਕਿਸਤਾਨ ਆਪਣੀਆਂ ਕੋਝੀਆਂ ਹਰਕਤਾਂ ਤੋਂ ਬਾਜ਼ ਨਹੀਂ ਆ ਰਿਹਾ।ਉਹ ਲਗਾਤਾਰ ਸਰਹੱਦੋਂ ਪਾਰ ਭਾਰਤ ਵਾਲੇ ਪਾਸੇ ਡਰੋਨਾਂ ਰਾਹੀਂ ਹੈਰੋਇਨ ਦੀਆ ਖੇਪਾਂ ਭੇਜ ਰਿਹਾ ਹੈ। ਬੀਤੀ ਰਾਤ ਵੀ ਅਜਿਹੀ ਹੀ ਨਾਪਾਕ ਕੋਸ਼ਿਸ਼ ਪਾਕਿਸਤਾਨ ਵਾਲੇ ਪਾਸੇ ਤੋਂ ਕੀਤੀ ਗਈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਬਾਰਡਰ ਏਰੀਆ ਕਿਸਾਨ ਯੂਨੀਅਨ ਜ਼ਿਲ੍ਹਾ ਫਾਜ਼ਿਲਕਾ ਦੇ ਪ੍ਰਧਾਨ ਸਰਦਾਰ ਸੁਖਦੇਵ ਸਿੰਘ ਸੰਧੂ ਨੇ ਦੱਸਿਆ ਕਿ ਅੱਜ ਸਵੇਰੇ ਪਿੰਡ ਗਹਿਲੇ ਵਾਲਾ ਦੇ ਇੱਕ ਕਿਸਾਨ ਜੋ ਕਿ ਉਹਨਾਂ ਦੀ ਯੂਨੀਅਨ ਦਾ ਮੈਂਬਰ ਹੈ। ਆਪਣੇ ਖੇਤ ਫ਼ਸਲ ਨੂੰ ਵੇਖਣ ਗਿਆਂ ਤਾਂ ਉਸ ਨੇ ਵੇਖਿਆ ਕਿ ਉਸ ਦੇ ਖੇਤ ਵਿੱਚ ਇੱਕ ਡ੍ਰੋਨ ਪਿਆ ਸੀ।ਉਸ ਦੇ ਨਾਲ ਹੀ ਇੱਕ ਸ਼ੱਕੀ ਚੀਜ਼ ਬੰਨੀਂ ਹੋਈ ਸੀ।ਉਸ ਨੇ ਤੁਰੰਤ ਹੀ ਇਸ ਬਾਰੇ ਮੈਨੂੰ ਦੱਸਿਆ। ਇਸ ਤੋਂ ਬਾਅਦ ਅਸੀਂ ਬੀ ਐੱਸ ਐੱਫ 52 ਬਟਾਲੀਅਨ ਜੋਧਾਂ ਵਾਲੀ ਦੇ ਕੰਪਨੀ ਕਮਾਂਡਰ ਬਲਵੀਰ ਸਿੰਘ ਬੀ ਐੱਸ ਐੱਫ ਅਧਿਕਾਰੀਆਂ ,ਜੀ ਬ੍ਰਾਂਚ ਦੇ ਅਫਸਰਾਂ ਅਤੇ ਸੀ ਓ ਸ੍ਰੀ ਸੁਸ਼ੀਲ ਕੁਮਾਰ ਨੂੰ ਜਾਣਕਾਰੀ ਦਿੱਤੀ।ਬੀ ਐੱਸ ਐੱਫ ਦੇ ਅਧਿਕਾਰੀਆਂ ਨੇ ਮੌਕੇ ਤੇ ਪਹੁੰਚ ਕੇ। ਡ੍ਰੋਨ ਨੂੰ ਆਪਣੇ ਕਬਜ਼ੇ ਵਿੱਚ ਲੈ ਲਿਆ। ਸਰਦਾਰ ਸੁਖਦੇਵ ਸਿੰਘ ਸੰਧੂ ਨੇ ਦੱਸਿਆ ਕਿ ਇਸ ਤਰ੍ਹਾਂ ਕਰਨ ਨਾਲ ਕਿਸਾਨ ਨੇ ਬਹੁਤ ਵਧੀਆ ਕੰਮ ਕੀਤਾ ਹੈ। ਸਾਡੀ ਯੂਨੀਅਨ ਨਸ਼ਿਆਂ ਦੇ ਖਿਲਾਫ ਲੜ ਰਹੀ ਹੈ।ਉਹ ਬੀ ਐੱਸ ਐੱਫ ਅਤੇ ਪੰਜਾਬ ਪੁਲਿਸ ਦਾ ਪੂਰਨ ਸਹਿਯੋਗ ਕਰ ਰਹੀ ਹੈ।ਇਸ ਸਮੇਂ ਉਹਨਾਂ ਦੇ ਨਾਲ, ਹੁਸ਼ਿਆਰ ਸਿੰਘ ਸਰਪੰਚ,ਪੂਰਨ ਸਿੰਘ,ਅਨਬੀਰ ਸਿੰਘ ,ਸੁੱਖਾ ਸਿੰਘ ਅਤੇ ਹੋਰ ਕਿਸਾਨ ਹਾਜ਼ਰ ਸਨ।

# ਸੂਬਾ ਸਰਕਾਰ ਜਲਦ ਹੀ ਹੁਨਰ ਵਿਕਾਸ ਪ੍ਰੋਗਰਾਮ ਕਰੇਗੀ ਸ਼ੁਰੂ

**ਚੰਡੀਗੜ੍ਹ, 25 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਅੱਜ ਫ਼ਰੀਦਕੋਟ ਦੇ ਆਬਜ਼ਰਵੇਸ਼ਨ ਹੋਮ ਅਤੇ ਪਲੇਸ ਆਫ਼ ਸੇਫਟੀ ਦਾ ਦੌਰਾ ਕੀਤਾ ਅਤੇ ਉੱਥੇ ਰਹਿੰਦੇ ਲੜਕਿਆਂ ਦੇ ਸਸ਼ਕਤੀਕਰਨ ਲਈ ਕਈ ਨਵੀਆਂ ਪਹਿਲਕਦਮੀਆਂ ਦੀ ਸ਼ੁਰੂਆਤ ਕੀਤੀ।

ਆਪਣੀ ਫੇਰੀ ਦੌਰਾਨ ਡਾ. ਕੌਰ ਨੇ ਉੱਥੇ ਰਹਿੰਦੇ ਲੜਕਿਆ ਦੇ ਹੁਨਰ ਨੂੰ ਹੋਰ ਨਿਖਾਰਨ ਅਤੇ ਉਨ੍ਹਾਂ ਨੂੰ ਬਿਹਤਰ ਭਵਿੱਖ ਲਈ ਤਿਆਰ ਕਰਨ ਵਾਸਤੇ ਹੁਨਰ ਵਿਕਾਸ ਪ੍ਰੋਗਰਾਮ ਸ਼ੁਰੂ ਕਰਨ ਦਾ ਐਲਾਨ ਕੀਤਾ। ਉਨ੍ਹਾਂ ਨੇ ਮੁਹੱਈਆ ਕਰਵਾਈਆਂ ਜਾਣ ਵਾਲੀਆਂ ਮੌਜੂਦਾ ਸਹੂਲਤਾਂ ਦਾ ਜਾਇਜ਼ਾ ਲਿਆ ਅਤੇ ਸਟਾਫ਼ ਨੂੰ ਅਗਲੇ 15 ਦਿਨਾਂ ਦੇ ਅੰਦਰ-ਅੰਦਰ ਕਿਸੇ ਵੀ ਕਮੀ ਨੂੰ ਦੂਰ ਕਰਨ ਦੇ ਨਿਰਦੇਸ਼ ਦਿੱਤੇ। ਇਸ ਦੇ ਨਾਲ ਹੀ ਉਹਨਾਂ ਨੇ ਮਨੋਰੰਜਕ ਗਤੀਵਿਧੀਆਂ ਨੂੰ ਉਤਸ਼ਾਹਿਤ ਕਰਨ, ਇੱਕ ਵਿਆਪਕ ਸਿਹਤ ਜਾਂਚ ਕੈਂਪ ਲਗਾਉਣ ਅਤੇ ਸੱਭਿਆਚਾਰਕ ਪ੍ਰੋਗਰਾਮਾਂ ਨੂੰ ਸ਼ਾਮਲ ਕਰਨ ਲਈ ਵੀ ਕਿਹਾ।

ਮੰਤਰੀ ਨੇ ਦੱਸਿਆ ਕਿ ਮੌਜੂਦਾ ਸਮੇਂ ਆਬਜ਼ਰਵੇਸ਼ਨ ਹੋਮ ਵਿੱਚ ਵੱਖ-ਵੱਖ ਜ਼ਿਲ੍ਹਿਆਂ ਦੇ 60 ਤੋਂ ਵੱਧ ਲੜਕੇ ਰਹਿ ਰਹੇ ਹਨ, ਜਿਨ੍ਹਾਂ ਵਿੱਚ 18 ਸਾਲ ਤੋਂ ਘੱਟ ਉਮਰ ਦੇ ਲੜਕੇ ਵੀ ਸ਼ਾਮਲ ਹਨ ਜਿਨ੍ਹਾਂ 'ਤੇ ਕਾਨੂੰਨੀ ਅਪਰਾਧਾਂ ਦੇ ਮਾਮਲਿਆਂ ਵਿੱਚ ਦੋਸ਼ ਲਗਾਇਆ ਗਿਆ ਹੈ ਅਤੇ 18 ਤੋਂ 21 ਸਾਲ ਦੀ ਉਮਰ ਵਰਗ ਦੇ ਪਲੇਸ ਆਫ਼ ਸੇਫਟੀ ਵਿਖੇ ਰਹਿ ਰਹੇ ਹਨ। ਇਹਨਾਂ ਨਵੀਆਂ ਪਹਿਲਕਦਮੀਆਂ ਨਾਲ ਉਨ੍ਹਾਂ ਦੇ ਜੀਵਨ ਦੀ ਗੁਣਵੱਤਾ ਅਤੇ ਭਵਿੱਖ ਦੀਆਂ ਸੰਭਾਵਨਾਵਾਂ ਵਿੱਚ ਮਹੱਤਵਪੂਰਨ ਸੁਧਾਰ ਹੋਣ ਦੀ ਉਮੀਦ ਹੈ।

ਡਾ. ਕੌਰ ਨੇ ਅਬਜਰਵੇਸ਼ਨ ਹੋਮ ਦੇ ਸਟਾਫ਼ ਤੋਂ ਕੰਮ ਸਬੰਧੀ ਜਾਣਿਆ ਅਤੇ ਸਟਾਫ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ 'ਤੇ ਤਸੱਲੀ ਪ੍ਰਗਟਾਈ। ਉਹਨਾਂ ਨੇ ਸੁਪਰਡੈਂਟ ਨੂੰ ਬੈੱਡਾਂ ਦੀ ਸਥਿਤੀ ਬਾਰੇ ਇੱਕ ਹਫ਼ਤੇ ਅੰਦਰ ਰਿਪੋਰਟ ਦੇਣ ਅਤੇ ਲੜਕਿਆਂ ਦੀ ਸਿਹਤ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਮੈਡੀਕਲ ਕੈਂਪ ਲਗਾਉਣ ਦੇ ਆਦੇਸ਼ ਵੀ ਦਿੱਤੇ।

ਮੰਤਰੀ ਨੇ ਦੱਸਿਆ ਕਿ ਸ਼ੁਰੂ ਵਿੱਚ ਇਹ ਹੋਮ 50 ਲੜਕਿਆਂ ਦੇ ਰਹਿਣ ਲਈ ਬਣਾਇਆ ਗਿਆ ਸੀ ਪਰ ਇਸਦੀ ਸਮਰੱਥਾ ਨੂੰ 100 ਲੜਕਿਆਂ ਤੱਕ ਵਧਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਭਰੋਸਾ ਦਿਵਾਇਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਇਸ ਪਹਿਲਕਦਮੀ ਲਈ ਲੋੜੀਂਦਾ ਬਜਟ ਅਤੇ ਸਟਾਫ਼ ਮੁਹੱਈਆ ਕਰਵਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

ਜ਼ਿਕਰਯੋਗ ਹੈ ਕਿ ਇਨ੍ਹਾਂ ਯਤਨਾਂ ਦਾ ਉਦੇਸ਼ ਫ਼ਰੀਦਕੋਟ ਦੇ ਆਬਜ਼ਰਵੇਸ਼ਨ ਹੋਮ ਵਿਖੇ ਰਹਿਣ ਵਾਲੇ ਮੁੰਡਿਆਂ ਦੇ ਜੀਵਨ ਨੂੰ ਸੁਧਾਰ ਕੇ ਸਕਾਰਾਤਮਕ ਤਬਦੀਲੀਆਂ ਲਿਆਉਣਾ ਹੈ।ਇਸ ਦੌਰੇ ਦੌਰਾਨ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਫ਼ਰੀਦਕੋਟ ਨਵੀਨ ਗਡਵਾਲ ਵੀ ਹਾਜ਼ਰ ਸਨ।

# ਨਸ਼ਿਆਂ ਵਿਰੁੱਧ ਫੈਸਲਾਕੁਨ ਜੰਗ: ਪਟਿਆਲਾ ਪੁਲਿਸ ਵੱਲੋਂ ਨਸ਼ਿਆਂ ਵਿਰੁੱਧ ਜੰਗ ਨੂੰ ਹੋਰ ਮਜ਼ਬੂਤ ਕਰਨ ਲਈ 'ਮਿਸ਼ਨ ਸਹਿਯੋਗ' ਦੀ ਸ਼ੁਰੂਆਤ

- ਮਿਸ਼ਨ 'ਸਹਿਯੋਗ'- ਹੈ ਇੱਕ ਅੰਦੋਲਨ, ਜਿਸਦਾ ਉਦੇਸ਼ ਪੁਲਿਸ-ਜਨਸਮੂਹ ਨੂੰ ਨਸ਼ਿਆਂ ਦਾ ਟਾਕਰਾ ਕਰਨ ਲਈ ਇੱਕਜੁੱਟ ਕਰਨਾ : ਡੀਆਈਜੀ ਹਰਚਰਨ ਸਿੰਘ ਭੁੱਲਰ
- ਜੇਕਰ ਕਿਸੇ ਵੱਲੋਂ ਦਿੱਤੀ ਇਤਲਾਹ 'ਤੇ ਹੁੰਦਾ ਹੈ ਨਸ਼ਾ ਬਰਾਮਦ ਤਾਂ ਪਟਿਆਲਾ ਪੁਲਿਸ ਦੇਵੇਗੀ ਇਤਲਾਹਕਾਰ ਨੂੰ ਇਨਾਮ : ਐਸਐਸਪੀ ਵਰੁਣ ਸ਼ਰਮਾ

**ਪਟਿਆਲਾ, 25 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ 'ਤੇ ਚਲਾਈ ਜਾ ਰਹੀ ਨਸ਼ਾ ਵਿਰੋਧੀ ਜਾਗਰੂਕਤਾ ਮੁਹਿੰਮ ਤਹਿਤ ਖੇਤਰ ਵਿੱਚੋਂ ਨਸ਼ਿਆਂ ਨੂੰ ਜੜ੍ਹੋਂ ਖਤਮ ਕਰਨ ਵੱਲ ਇੱਕ ਅਹਿਮ ਕਦਮ ਚੁੱਕਦਿਆਂ, ਪਟਿਆਲਾ ਪੁਲਿਸ ਨੇ ਐਤਵਾਰ ਨੂੰ ਪੁਲਿਸ ਅਤੇ ਜਨਸਮੂਹ ਦਰਮਿਆਨ ਤਾਲਮੇਲ ਨੂੰ ਹੋਰ ਬਿਹਤਰ ਕਰਨ ਅਤੇ ਨਸ਼ਿਆਂ ਨਾਲ ਨਜਿੱਠਣ ਦੇ ਉਦੇਸ਼ ਨਾਲ ਇੱਕ ਨਿਵੇਕਲੀ ਪਹਿਲਕਦਮੀ 'ਮਿਸ਼ਨ ਸਹਿਯੋਗ' ਦੀ ਸ਼ੁਰੂਆਤ ਕੀਤੀ।

ਪਟਿਆਲਾ ਰੇਂਜ ਦੇ ਡਿਪਟੀ ਇੰਸਪੈਕਟਰ ਜਨਰਲ (ਡੀ.ਆਈ.ਜੀ.) ਹਰਚਰਨ ਸਿੰਘ ਭੁੱਲਰ ਨੇ ਸੀਨੀਅਰ ਪੁਲਿਸ ਕਪਤਾਨ (ਐਸ.ਐਸ.ਪੀ.) ਪਟਿਆਲਾ ਵਰੁਣ ਸ਼ਰਮਾ ਸਮੇਤ ਕਮੇਟੀ ਮੈਂਬਰਾਂ- ਜਿਨ੍ਹਾਂ ਨੂੰ ਪੁਲਿਸ ਸਹਿਯੋਗੀ ਵੀ ਕਿਹਾ ਜਾਂਦਾ ਹੈ , ਜਿਨ੍ਹਾਂ ਵਿੱਚ ਵੱਖ-ਵੱਖ ਪਿੰਡਾਂ ਦੇ ਸਰਪੰਚ ਅਤੇ ਹੋਰ ਸਮਰਪਤ ਸਮਾਜ ਪ੍ਰੇਮੀਆਂ ਨਾਲ ਮੀਟਿੰਗ ਕੀਤੀ । ਇਸ ਮੀਟਿੰਗ ਵਿੱਚ ਸਬ-ਡਵੀਜ਼ਨਲ ਪੁਲਿਸ ਅਫਸਰ ਅਤੇ ਸਟੇਸ਼ਨ ਹਾਊਸ ਅਫਸਰ (ਐਸਐਚਓਜ਼) ਵੀ ਸ਼ਾਮਲ ਸਨ।

ਜ਼ਿਕਰਯੋਗ ਹੈ ਕਿ ਰਾਜ ਸਰਕਾਰ ਨੇ ਸੂਬੇ ਚੋਂ ਨਸ਼ਿਆਂ ਨੂੰ ਜੜ੍ਹੋਂ ਪੁੱਟਣ ਲਈ ਤਿੰਨ-ਨੁਕਾਤੀ ਰਣਨੀਤੀ- ਇਨਫੋਰਸਮੈਂਟ, ਡੈੱਡਡੀਕਸ਼ਨ ਐਂਡ ਪ੍ਰੀਵੈਨਸ਼ਨ (ਈਡੀਪੀ) ਲਾਗੂ ਕੀਤੀ ਹੋਈ ਹੈ।

ਇਸ ਸਬੰਧੀ ਹੋਰ ਜਾਣਕਾਰੀ ਦਿੰਦੇ ਹੋਏ ਡੀਆਈਜੀ ਹਰਚਰਨ ਸਿੰਘ ਭੁੱਲਰ ਨੇ ਕਿਹਾ ਕਿ 'ਮਿਸ਼ਨ ਸਹਿਯੋਗ' ਪੁਲਿਸ-ਪਬਲਿਕ ਕੋਆਰਡੀਨੇਸ਼ਨ ਕਮੇਟੀ ਨੂੰ ਅਜਿਹੀਆਂ ਗਤੀਵਿਧੀਆਂ ਵਿੱਚ ਸ਼ਾਮਲ ਕਰਨ ਲਈ ਇੱਕ ਗਤੀਸ਼ੀਲ ਪਲੇਟਫਾਰਮ ਪ੍ਰਦਾਨ ਕਰਦਾ ਹੈ, ਜੋ ਨਸ਼ਿਆਂ ਨਾਲ ਸਬੰਧਤ ਮਸਲਿਆਂ ਵਿਰੁੱਧ ਸਹਿਯੋਗ ਅਤੇ ਸਮੂਹਿਕ ਕਾਰਵਾਈ ਨੂੰ ਉਤਸ਼ਾਹਿਤ ਕਰਦੀਆਂ ਹਨ।




ਉਨਾਂ ਅੱਗੇ ਕਿਹਾ, "ਇਹ ਪਹਿਲਕਦਮੀ ਇਸ ਗੰਭੀਰ ਚੁਣੌਤੀ ਨਾਲ ਨਜਿੱਠਣ ਲਈ ਲੋਕਾਂ ਦੀ ਸ਼ਮੂਲੀਅਤ ਦੇ ਮਹੱਤਵ ਨੂੰ ਦਰਸਾਉਂਦੀ ਹੈ ਅਤੇ ਨਸ਼ਾ ਮੁਕਤ ਮਾਹੌਲ ਸਿਰਜਣ ਲਈ ਪੁਲਿਸ ਬਲ ਅਤੇ ਜਨਤਾ ਦੀ ਸਮੂਹਿਕ ਤਾਕਤ ਨੂੰ ਸੁਚੱਜੇ ਢੰਗ ਨਾਲ ਵਰਤਣ 'ਤੇ ਜ਼ੋਰ ਦਿੰਦੀ ਹੈ। "

ਡੀਆਈਜੀ ਨੇ ਕਿਹਾ ਕਿ ਮਿਸ਼ਨ ਸਹਿਯੋਗ ਸਿਰਫ਼ ਇੱਕ ਪ੍ਰੋਗਰਾਮ ਨਹੀਂ ਹੈ, ਸਗੋਂ ਇੱਕ ਅੰਦੋਲਨ ਹੈ ,ਜਿਸਦਾ ਉਦੇਸ਼ ਪੁਲਿਸ ਅਤੇ ਜਨਤਾ ਨੂੰ ਨਸ਼ਿਆਂ ਵਿਰੁੱਧ ਇੱਕਜੁੱਟ ਮੋਰਚੇ ਵਿੱਚ ਲਿਆਉਣਾ ਹੈ। ਉਨ੍ਹਾਂ ਕਿਹਾ," ਸਾਡਾ ਵਿਸ਼ਵਾਸ ਹੈ ਕਿ ਮਜ਼ਬੂਤ ਭਾਈਚਾਰਕ ਸ਼ਮੂਲੀਅਤ ਨਾਲ, ਅਸੀਂ ਆਪਣੇ ਮਿਸ਼ਨ ਵਿੱਚ ਭਰਪੂਰ ਤਰੱਕੀ ਕਰ ਸਕਦੇ ਹਾਂ।"

ਐਸਐਸਪੀ ਵਰੁਣ ਸ਼ਰਮਾ ਨੇ ਦੱਸਿਆ ਕਿ ਕਾਨਫਰੰਸ ਦੌਰਾਨ 360-ਡਿਗਰੀ ਫੀਡਬੈਕ ਸੈਸ਼ਨ ਕਰਵਾਇਆ ਗਿਆ , ਜਿਸ ਦੌਰਾਨ ਭਾਈਵਾਲਾਂ ਨੇ ਆਪਣੀ ਜਾਣਕਾਰੀ ਅਤੇ ਸੁਝਾਅ ਸਾਂਝੇ ਕੀਤੇ। ਉਨ੍ਹਾਂ ਅੱਗੇ ਕਿਹਾ ਕਿ 'ਮਿਸ਼ਨ ਸਹਿਯੋਗ' ਦੇ ਦ੍ਰਿਸ਼ਟੀਕੋਣ ਨੂੰ ਸਪਸ਼ਟ ਕੀਤਾ ਜਾ ਰਿਹਾ ਹੈ ਤਾਂ ਜੋ ਸਮਾਜ ਦਾ ਹਰ ਮੈਂਬਰ ਇਸ ਪਹਿਲਕਦਮੀ ਦੀ ਸਫਲਤਾ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਸਕੇ।

ਐਸ.ਐਸ.ਪੀ. ਨੇ ਕਿਹਾ ਕਿ ਪਟਿਆਲਾ ਵਿੱਚ ਫੀਡਬੈਕ ਸਿਸਟਮ ਪਹਿਲਾਂ ਹੀ ਮੌਜੂਦ ਹੈ ਅਤੇ ਕੋਈ ਵੀ ਵਿਅਕਤੀ ਪਟਿਆਲਾ ਪੁਲਿਸ ਨੂੰ ਬੇਝਿਜਕ ਜਾਣਕਾਰੀ ਦੇ ਸਕਦਾ ਹੈ। ਉਨ੍ਹਾਂ ਕਿਹਾ, ਜੇਕਰ ਕੋਈ ਵੀ ਵਿਅਕਤੀ ਕਿਸੇ ਵੀ ਕਿਸਮ ਦੀ ਜਾਣਕਾਰੀ ਜਾਂ ਟਿਪ ਪ੍ਰਦਾਨ ਕਰਦਾ ਹੈ ਤਾਂ ਉਸਦਾ ਨਾਮ ਗੁਪਤ ਰੱਖਿਆ ਜਾਵੇਗਾ ਅਤੇ ਜੇਕਰ ਉਸ ਦੀ ਸੂਚਨਾ ਤੋਂ ਕੋਈ ਨਸ਼ਾ ਬਰਾਮਦ ਹੁੰਦਾ ਹੈ ਤਾਂ ਪਟਿਆਲਾ ਪੁਲਿਸ ਉਸ ਵਿਅਕਤੀ ਨੂੰ ਇਨਾਮ ਵੀ ਦੇਵੇਗੀ।"

ਜ਼ਿਕਰਯੋਗ ਹੈ ਕਿ ਮੀਟਿੰਗ ਵਿੱਚ ਹਾਜ਼ਰ ਸਾਰੇ ਅਧਿਕਾਰੀਆਂ ਨੇ ਨਸ਼ਿਆਂ ਦੇ ਖਾਤਮੇ ਲਈ ਜਨਤਕ ਭਾਗੀਦਾਰੀ ਦੇ ਰਣਨੀਤਕ ਮਹੱਤਵ ਨੂੰ ਉਜਾਗਰ ਕੀਤਾ ਅਤੇ ਕਮਿਊਨਿਟੀ ਮੈਂਬਰਾਂ ਦੇ ਸਹਿਯੋਗ ਅਤੇ ਇੱਕਜੁਟ ਹੋ ਕੇ ਕੰਮ ਕਰਨ ਲਈ ਪੁਲਿਸ ਦੀ ਵਚਨਬੱਧਤਾ ਨੂੰ ਦੁਹਰਾਇਆ।

ਇਹ ਕਾਨਫਰੰਸ, ਸਾਰੇ ਭਾਈਵਾਲਾਂ ਵੱਲੋਂ ਪਟਿਆਲਾ ਨੂੰ ਇੱਕ ਸੁਰੱਖਿਅਤ ਅਤੇ ਨਸ਼ਾ ਮੁਕਤ ਜ਼ਿਲ੍ਹਾ ਬਣਾਉਣ ਦੇ ਅਹਿਦ ਲਈ ਨਿਰੰਤਰ ਯਤਨਸ਼ੀਲ ਰਹਿਣ ਦੇ ਨਵੇਂ ਵਾਅਦੇ ਨਾਲ ਸਮਾਪਤ ਹੋਈ।

# ਸੰਪਾਦਕੀ

## ਗੁਆਂਢੀ ਦੇਸ਼ਾਂ ਪ੍ਰਤੀ ਭਾਰਤੀ ਰਣਨੀਤੀ

ਨਰਿੰਦਰ ਮੋਦੀ ਨੇ ਪ੍ਰਧਾਨ ਮੰਤਰੀ ਵਜੋਂ ਆਪਣੇ ਸਹੁੰ ਚੁੱਕ ਸਮਾਗਮ ਮੌਕੇ ਪਹੁੰਚੇ ਗੁਆਂਢੀ ਮੁਲਕਾਂ ਤੇ ਹਿੰਦ ਮਹਾਸਾਗਰ ਖੇਤਰ–ਬੰਗਲਾਦੇਸ਼, ਭੂਟਾਨ, ਮਾਲਦੀਵ, ਮੌਰੀਸ਼ਸ, ਨੇਪਾਲ, ਸੈਸ਼ਲਜ਼, ਸ੍ਰੀਲੰਕਾ ਦੇ ਆਗੂਆਂ ਨਾਲ ਹਾਲੀਆ ਮੁਲਾਕਾਤਾਂ ਵਿੱਚ 'ਨੇਬਰਹੁੱਡ ਫਸਟ' (ਗੁਆਂਢ ਨੂੰ ਪਰਮ ਅਗੇਤ) ਨੀਤੀ ਦੀ ਮੁੜ ਤਸਦੀਕ ਕੀਤੀ ਹੈ। ਇਸ ਨੀਤੀ ਦੀ ਗੱਲ ਉਨ੍ਹਾਂ ਪਹਿਲੀ ਵਾਰ 2014 'ਚ ਪ੍ਰਧਾਨ ਮੰਤਰੀ ਬਣਨ ਮੌਕੇ ਕੀਤੀ ਸੀ। ਵਿਦੇਸ਼ ਮੰਤਰਾਲੇ ਵੱਲੋਂ ਜਾਰੀ ਪ੍ਰੈੱਸ ਬਿਆਨ ਮੁਤਾਬਿਕ, ਮੋਦੀ ਨੇ ਗੁਆਂਢੀਆਂ ਨਾਲ ਨੇੜਿਉਂ ਤਾਲਮੇਲ ਕਰ ਕੇ ਖੇਤਰੀ ਸ਼ਾਂਤੀ, ਤਰੱਕੀ ਅਤੇ ਖੁਸ਼ਹਾਲੀ ਲਈ ਕੰਮ ਕਰਨ ਦਾ ਵਾਅਦਾ ਕੀਤਾ ਹੈ। ਉਨ੍ਹਾਂ ਲੋਕਾਂ ਦਰਮਿਆਨ ਸਬੰਧ ਗਹਿਰੇ ਕਰਨ ਤੇ ਸੰਪਰਕ 'ਚ ਵਾਧਾ ਕਰਨ ਦਾ ਸੱਦਾ ਵੀ ਦਿੱਤਾ ਹੈ। ਅਸਲ ਵਿੱਚ ਰਾਬਤਾ ਹੀ ਖੇਤਰੀ ਸਹਿਯੋਗ ਤੇ ਏਕੀਕਰਨ ਦਾ ਆਧਾਰ ਹੈ ਕਿਉਂਕਿ ਇਹ ਕਿਸੇ ਖੇਤਰ 'ਚ ਸਥਾਈ ਤੇ ਇਕਸਾਰ ਤਰੱਕੀ ਦਾ ਮੁੱਢ ਬੰਨ੍ਹਦਾ ਹੈ। ਇਸ ਦੇ ਘੇਰੇ 'ਚ ਕਈ ਜਨਤਕ ਚੀਜ਼ਾਂ ਆਉਂਦੀਆਂ ਹਨ ਜਿਸ ਵਿੱਚ ਅੰਤਰ–ਖੇਤਰੀ ਤੇ ਖੇਤਰ ਅੰਦਰਲੇ ਪ੍ਰਾਜੈਕਟਾਂ ਵਿੱਚ ਨਿਵੇਸ਼ ਵੀ ਸ਼ਾਮਿਲ ਹੈ, ਜੋ ਵਪਾਰ, ਢੋਆ–ਢੁਆਈ, ਸੂਚਨਾ ਤੇ ਸੰਚਾਰ ਤਕਨੀਕਾਂ, ਊਰਜਾ ਤੇ ਲੋਕਾਂ ਲਈ ਹੁੰਦਾ ਹੈ। ਇੱਕ ਢੁੱਕਵਾਂ ਢਾਂਚਾ ਇਸ 'ਚ ਸਹਾਈ ਹੁੰਦਾ ਹੈ, ਉਤਪਾਦਾਂ, ਸੇਵਾਵਾਂ, ਨਿਵੇਸ਼, ਵਿਅਕਤੀਆਂ, ਤਰਕੀਬਾਂ ਤੇ ਤਕਨੀਕ ਦਾ ਸੁਤੰਤਰ ਪ੍ਰਵਾਹ ਸਰਲ ਬਣਾਉਂਦਾ ਹੈ। ਭਾਰਤ ਦੀਆਂ ਜ਼ਮੀਨੀ ਤੇ ਸਾਗਰੀ ਸੀਮਾਵਾਂ ਚੀਨ, ਭਾਰਤੀ ਉਪ ਮਹਾਦੀਪ ਦੇ ਦੱਖਣ ਏਸ਼ਿਆਈ ਮੁਲਕਾਂ ਤੇ ਮਿਆਂਮਾਰ, ਥਾਈਲੈਂਡ ਅਤੇ ਇੰਡੋਨੇਸ਼ੀਆ ਨਾਲ ਲੱਗਦੀਆਂ ਹਨ। ਇਸ ਦਾ ਗੁਆਂਢ ਇਸ ਦੀਆਂ ਜ਼ਮੀਨੀ ਸਰਹੱਦਾਂ 'ਤੇ ਪੱਛਮ ਵਿੱਚ ਹਿੰਦੂਕੁਸ਼ ਤੋਂ ਲੈ ਕੇ ਪੂਰਬ ਵਿੱਚ ਇਰਾਵਦੀ ਤੱਕ ਫੈਲਿਆ ਹੋਇਆ ਹੈ। ਸਮੁੰਦਰ 'ਚ ਇਹ ਪੱਛਮ ਵਿੱਚ ਸੁਏਜ਼ ਤੋਂ ਲੈ ਕੇ ਪੂਰਬ ਵਿੱਚ ਸ਼ੰਘਾਈ ਤੱਕ ਫੈਲਿਆ ਹੋਇਆ ਹੈ। ਆਪਣੇ ਬਿਲਕੁਲ ਨਾਲ ਦੇ ਘੇਰੇ ਤੋਂ ਅੱਗੇ ਭਾਰਤ ਦਾ ਵਾਹ ਹਿੰਦ ਮਹਾਸਾਗਰ ਕਿਨਾਰੇ ਦੇ ਜ਼ਿਆਦਾਤਰ ਖੇਤਰ ਨਾਲ ਪੈਂਦਾ ਹੈ ਜਿਸ 'ਚ ਅਦਨ ਤੋਂ ਲੈ ਕੇ ਸਿੰਗਾਪੁਰ ਅਤੇ ਸੈਸ਼ਲਜ਼, ਮੌਰੀਸ਼ਸ ਤੇ ਮੈਡਗਾਸਕਰ; ਇਰਾਨ, 'ਟਰਾਂਸਔਕਸਿਆਨਾ' ਕੇਂਦਰੀ ਏਸ਼ਿਆਈ ਗਣਰਾਜ ਤੇ ਖਾੜੀ ਮੁਲਕ; ਅਤੇ ਦੱਖਣ ਪੂਰਬੀ ਏਸ਼ਿਆਈ ਦੇਸ਼ ਦੇ ਸੰਗਠਨ 'ਚ ਸ਼ਾਮਿਲ ਮੁਲਕਾਂ ਤੱਕ ਦਾ ਇਲਾਕਾ ਸ਼ਾਮਿਲ ਹੈ। ਭਾਰਤ ਦੇ ਘੇਰੇ ਵਿੱਚ ਹੁਣ ਹਿੰਦ–ਪ੍ਰਸ਼ਾਂਤ ਦਾ ਪਸਾਰਾ ਵੀ ਹੈ, ਜੋ ਪੂਰਬੀ ਅਫਰੀਕੀ ਸਮੁੰਦਰ ਤੱਟ ਦੇ ਮੁਲਕਾਂ ਤੋਂ ਲੈ ਕੇ ਉੱਤਰੀ ਤੇ ਦੱਖਣੀ ਅਮਰੀਕਾ ਦੇ ਪ੍ਰਸ਼ਾਂਤ ਸਾਗਰ ਦੇ ਤੱਟਾਂ ਤੱਕ ਹੈ। ਗੁਆਂਢੀਆਂ ਨਾਲ ਚੰਗੇ ਰਿਸ਼ਤੇ ਭਾਰਤੀ ਵਿਦੇਸ਼ ਨੀਤੀ ਦੀ ਤਰਜੀਹ ਹਨ। ਥਿੜਕਵੀਂ ਨੇੜਤਾ ਧਿਆਨ ਭੰਗ ਕਰਦੀ ਹੈ ਤੇ ਕਾਰੋਬਾਰ ਲਈ ਮਾੜੀ ਹੈ ਅਤੇ ਇਹ ਬਾਹਰਲੀਆਂ ਤਾਕਤਾਂ ਨੂੰ ਦਖ਼ਲਅੰਦਾਜ਼ੀ ਦਾ ਮੌਕਾ ਵੀ ਦਿੰਦੀ ਹੈ। ਮੋਦੀ ਨੇ ਦਸੰਬਰ 2015 'ਚ ਕਮਾਂਡਰਾਂ ਦੀ ਸਾਂਝੀ ਕਾਨਫਰੰਸ ਵਿੱਚ ਕਿਹਾ ਸੀ, 'ਇਹ ਸਾਡਾ ਗੁਆਂਢ ਹੀ ਹੈ ਜੋ ਸਾਡੇ ਭਵਿੱਖ ਤੇ ਦੁਨੀਆ 'ਚ ਸਾਡੇ ਮੁਕਾਮ ਲਈ ਸਭ ਤੋਂ ਵੱਧ ਮਹੱਤਵਪੂਰਨ ਹੈ।" ਭਾਰਤ ਵੱਲੋਂ 'ਨੇਬਰਹੁੱਡ ਫਸਟ', 'ਐਕਟ ਈਸਟ', 'ਕੁਨੈਕਟ ਸੈਂਟਰਲ ਏਸ਼ੀਆ', 'ਲਿੰਕ ਵੈਸਟ' ਨੀਤੀਆਂ ਦੀ ਸਰਗਰਮ ਪੈਰਵੀ; ਚਹੁੰਕੋਣੇ ਸੁਰੱਖਿਆ ਸੰਵਾਦ, ਆਈ2ਯੂ2 ਗਰੁੱਪ ਤੇ ਭਾਰਤ–ਮੱਧ ਪੂਰਬ–ਯੂਰੋਪ ਲਾਂਘੇ ਦੀ ਕਲਪਨਾ 'ਚ ਇਸ ਦੀ ਸ਼ਮੂਲੀਅਤ; ਅਤੇ ਹਿੰਦ ਮਹਾਸਾਗਰ ਵਿੱਚ ਸੁਰੱਖਿਆ ਤੇ ਸਥਾਈ ਵਿਕਾਸ ਪ੍ਰਤੀ ਵਚਨਬੱਧ ਹੋਣ ਦੀ ਦ੍ਰਿੜ੍ਹਤਾ ਵਿੱਚੋਂ ਇਹ ਜ਼ਾਹਿਰ ਵੀ ਹੋਇਆ ਹੈ। ਮੋਦੀ ਨੇ ਕਾਠਮੰਡੂ ਤੇ ਕੋਲੰਬੋ ਦੇ ਦੁਵੱਲੇ ਦੌਰੇ ਕੀਤੇ, ਜਿੱਥੇ ਉਨ੍ਹਾਂ ਤੋਂ ਪਹਿਲੇ ਪ੍ਰਧਾਨ ਮੰਤਰੀ ਕ੍ਰਮਵਾਰ 17 ਤੇ 28 ਸਾਲ ਤੱਕ ਨਹੀਂ ਗਏ। ਉਨ੍ਹਾਂ ਦਾ ਪਹਿਲਾ ਦੌਰਾ ਭੂਟਾਨ ਦਾ ਸੀ ਅਤੇ 2015 ਦੇ ਅੱਧ ਤੱਕ, ਉਨ੍ਹਾਂ ਹਿੰਦ ਮਹਾਸਾਗਰ ਦੇ ਕੁਝ ਮੁਲਕਾਂ ਤੇ ਕੇਂਦਰੀ ਏਸ਼ੀਆ ਦੇ ਸਾਰੇ ਗਣਰਾਜਾਂ ਦੇ ਦੌਰੇ ਮੁਕੰਮਲ ਕਰ ਲਏ ਸਨ। ਫੇਰ ਵੀ, ਪ੍ਰਧਾਨ ਮੰਤਰੀ ਵਜੋਂ ਮੋਦੀ ਦੇ ਕਾਰਜਕਾਲ ਦੌਰਾਨ, ਮਹਾਸ਼ਕਤੀਆਂ ਨਾਲ ਭਾਰਤ ਦੇ ਰਿਸ਼ਤਿਆਂ ਤੇ ਗਲੋਬਲ ਸਾਊਥ 'ਚ ਇਸ ਦੀ ਅਗਵਾਈ ਤੋਂ ਉਲਟ ਬਿਲਕੁਲ ਨਾਲ ਲੱਗਦੇ ਗੁਆਂਢੀਆਂ ਨਾਲ ਭਾਰਤ ਦੇ ਰਿਸ਼ਤਿਆਂ 'ਚ ਸਮੁੱਚੇ ਤੌਰ 'ਤੇ ਗਿਰਾਵਟ ਦੇਖੀ ਗਈ ਹੈ। ਨਵੀਂ ਦਿੱਲੀ ਵੱਲੋਂ ਨਿਰੰਤਰ ਵਿਕਾਸ ਭਾਈਵਾਲੀਆਂ ਜਾਰੀ ਰੱਖਣ, ਪ੍ਰਾਜੈਕਟਾਂ ਨੂੰ ਰਫ਼ਤਾਰ ਦੇਣ, ਗਰਾਂਟਾਂ ਤੇ ਕਰਜ਼ੇ ਉਪਲਬਧ ਕਰਾਉਣ, ਮਾਨਵੀ ਤੇ ਤਕਨੀਕੀ ਸਹਾਇਤਾ ਦੇਣ ਦੇ ਬਾਵਜੂਦ ਅਜਿਹਾ ਵਾਪਰਿਆ ਹੈ। ਦੱਖਣੀ ਏਸ਼ੀਆ ਦੀ ਸਭਿਆਚਾਰਕ ਨੇੜਤਾ– ਭਾਰਤੀ ਸੀਮਾਵਾਂ ਦੇ ਦੋਵੇਂ ਪਾਸੇ ਲੋਕਾਂ ਵੱਲੋਂ ਇੱਕੋ ਭਾਸ਼ਾ ਬੋਲਣ ਜਾਂ ਇੱਕੋ ਨਸਲ ਜਾਂ ਧਰਮ ਨਾਲ ਸਬੰਧਿਤ ਹੋਣ ਨੇ ਉਮੀਦ ਤੋਂ ਉਲਟ ਗੁਆਂਢੀ ਮੁਲਕਾਂ ਦੇ ਲੋਕਾਂ 'ਚ ਭਾਰਤ ਤੋਂ ਵੱਖਰੇ ਹੋਣ ਦੇ ਅਹਿਸਾਸ ਨੂੰ ਪਕੇਰਾ ਕੀਤਾ ਹੈ। ਧਾਰਨਾ ਤੇ ਪਛਾਣ ਦੀਆਂ ਮਨੋਵਿਗਿਆਨਕ ਵੰਡਾਂ ਨੇ ਦੱਖਣ ਏਸ਼ੀਆ ਵਿੱਚ ਜਿਸਮਾਨੀ ਦਰਾਰਾਂ ਨੂੰ ਵੀ ਚੌੜਾ ਹੀ ਕੀਤਾ ਹੈ। ਆਪਣੀਆਂ ਹੱਦਾਂ 'ਤੇ ਉਪ ਮਹਾਦੀਪ ਅਤਿਵਾਦ ਤੇ ਬਗ਼ਾਵਤਾਂ ਦੀ ਮਾਰ ਝੱਲ ਰਿਹਾ ਹੈ। ਭਾਰਤ ਦੇ ਗੁਆਂਢੀ ਮੁਲਕ ਕਈ ਤਰੀਕਿਆਂ ਨਾਲ ਅਲੱਗ–ਥਲੱਗ ਹੋਏ ਪਏ ਹਨ: ਭੂਗੋਲਿਕ, ਸਮਾਜਿਕ, ਆਰਥਿਕ, ਆਬਾਦੀ ਦੀ ਬਣਤਰ ਅਤੇ ਸਭ ਤੋਂ ਵੱਧ ਸਿਆਸੀ ਤੌਰ 'ਤੇ। ਇਨ੍ਹਾਂ ਵਿੱਚੋਂ ਬਹੁਤੇ ਮੁਕਾਮੀ ਸਮਾਜੀ ਸੰਘਰਸ਼ ਤੇ ਸਿਆਸੀ ਅਸਥਿਰਤਾ ਦਾ ਸ਼ਿਕਾਰ ਹਨ। ਇਹ ਕੋਈ ਲਾਹੇਵੰਦ ਗੱਲ ਨਹੀਂ ਹੈ ਕਿ ਤਰੱਕੀ, ਸਾਧਨਾਂ, ਆਬਾਦੀ ਤੇ ਆਕਾਰ ਦੇ ਪੱਖ ਤੋਂ ਇਹ ਦੁਨੀਆ ਦੇ ਹੋਰ ਕਿਸੇ ਵੀ ਹਿੱਸੇ ਦੇ ਗੁਆਂਢੀ ਮੁਲਕਾਂ ਨਾਲੋਂ ਕਾਫ਼ੀ ਜ਼ਿਆਦਾ ਅਸਮਾਨ ਹਨ। ਭਾਵੇਂ ਮੋਦੀ 3.0 ਦੀਆਂ ਵਿਦੇਸ਼ ਤੇ ਸੁਰੱਖਿਆ ਨੀਤੀਆਂ ਦੇ ਮੂਲ ਅਤੇ ਅੰਦਾਜ਼ ਵਿੱਚ ਤਬਦੀਲੀ ਦੀ ਥਾਂ ਹੋਰ ਨਿਰੰਤਰਤਾ ਆਉਣ ਦੀ ਸੰਭਾਵਨਾ ਹੈ ਪਰ ਦੱਖਣੀ ਏਸ਼ੀਆ ਨਾਲ ਸਬੰਧਿਤ ਮੁੱਦਿਆਂ 'ਚ ਸੁਧਾਰ ਦੀ ਗੁੰਜਾਇਸ਼ ਹੈ। ਗੁਆਂਢੀਆਂ ਨਾਲ ਭਾਰਤ ਦੇ ਰਿਸ਼ਤਿਆਂ ਨੂੰ ਸੰਭਾਲਦਿਆਂ ਵੱਧ ਸੰਵੇਦਨਸ਼ੀਲਤਾ ਵਰਤਣ ਦੇ ਨਾਲ, ਉਨ੍ਹਾਂ ਨਾਲ ਸਾਡੀ ਮਿੱਤਰਤਾ ਬਿਹਤਰ ਹੋਵੇਗੀ। ਗੱਠਜੋੜ ਦੀ ਰਾਜਨੀਤੀ ਸ਼ਾਇਦ ਭਾਜਪਾ ਨੂੰ 'ਹਿੰਦੂਤਵ' ਦੇ ਏਜੰਡੇ ਨੂੰ ਨਰਮ ਕਰਨ ਲਈ ਮਜਬੂਰ ਕਰ ਦੇਵੇ ਜਿਸ ਨੇ ਦੱਖਣ ਏਸ਼ੀਆ ਦੇ ਕਈ ਹਿੱਸਿਆਂ ਜਿਵੇਂ ਕਿ ਬੰਗਲਾਦੇਸ਼, ਮਾਲਦੀਵ, ਪਾਕਿਸਤਾਨ ਤੇ ਨੇਪਾਲ ਵਿੱਚ ਬੇਭਰੋਸਗੀ ਪੈਦਾ ਕੀਤੀ ਹੈ। ਕੌਮੀ ਜਮਹੂਰੀ ਗੱਠਜੋੜ (ਐੱਨਡੀਏ) ਦੀ ਸਥਿਰਤਾ ਦੋ ਕੱਟੜ ਧਰਮ ਨਿਰਪੱਖ ਆਗੂਆਂ ਉੱਤੇ ਨਿਰਭਰ ਕਰਦੀ ਹੈ, ਚੰਦਰਬਾਬੂ ਨਾਇਡੂ ਤੇ ਨਿਤੀਸ਼ ਕੁਮਾਰ ਜਿਨ੍ਹਾਂ ਦਾ ਮੁਸਲਮਾਨਾਂ ਵਿੱਚ ਭਰਵਾਂ ਆਧਾਰ ਹੈ। ਭਾਵੇਂ ਭਾਰਤ ਸਰਕਾਰ 'ਚ ਮੁੱਖ ਖਿਡਾਰੀ ਪੁਰਾਣੇ ਹੀ ਹਨ ਤੇ ਭਾਜਪਾ ਦੇ ਭਾਈਵਾਲਾਂ ਦਾ ਵਿਦੇਸ਼ ਨੀਤੀ ਦੇ ਮੁੱਦਿਆਂ 'ਚ ਕੋਈ ਦਖ਼ਲ ਨਹੀਂ ਹੈ, ਪਰ ਲੋਕਾਂ ਦੀਆਂ ਨਜ਼ਰਾਂ ਤੋਂ ਦੇਖਿਆ ਜਾਵੇ ਤਾਂ ਐੱਨਡੀਏ ਗੱਠਜੋੜ ਆਂਢ–ਗੁਆਂਢ 'ਚ ਭਾਰਤ ਦੀ ਸਾਖ਼ ਨੂੰ ਬਿਹਤਰ ਕਰੇਗਾ।

ਸਰਗਰਮੀ ਨਾਲ ਪਾਕਿਸਤਾਨ ਪ੍ਰਤੀ ਸਨੇਹ ਦਿਖਾਏ ਬਿਨਾਂ, ਐੱਨਡੀਏ ਸਰਕਾਰ ਸ਼ਾਇਦ ਦੋਸਤਾਨਾ ਪ੍ਰਸਤਾਵ ਦਾ ਹੁੰਗਾਰਾ ਭਰ ਸਕਦੀ ਹੈ ਅਤੇ ਇਸ ਸ਼ਰਤ 'ਤੇ ਮੁੜ ਰਾਬਤਾ ਕਾਇਮ ਕਰ ਸਕਦੀ ਹੈ ਕਿ ਅਣਸੁਲਝੇ ਦੁਵੱਲੇ ਮੁੱਦਿਆਂ ਨੂੰ ਕੇਵਲ ਆਪਸੀ ਅਨੁਭਵ ਤੇ ਰਿਸ਼ਤੇ ਬਿਹਤਰ ਕਰ ਕੇ ਸੁਲਝਾਇਆ ਜਾ ਸਕਦਾ ਹੈ, ਹੋਰ ਕੋਈ ਰਾਹ ਵੀ ਨਹੀਂ ਬਚਿਆ। ਨਵਾਜ਼ ਸ਼ਰੀਫ ਵੱਲੋਂ ਮੋਦੀ ਨੂੰ ਭੇਜਿਆ ਵਧਾਈ ਸੰਦੇਸ਼ ਜਿਸ ਵਿੱਚ 'ਨਫ਼ਰਤ ਨੂੰ ਉਮੀਦ ਵਿੱਚ ਬਦਲਣ' ਦੀ ਅਪੀਲ ਹੈ, ਇੱਕ ਸਕਾਰਾਤਮਕ ਸੰਕੇਤ ਹੈ।

ਭਾਰਤ ਤੇ ਚੀਨ ਦਰਮਿਆਨ ਰਿਸ਼ਤੇ ਵਿਰੋਧੀ ਬਣੇ ਰਹਿਣ ਦੀ ਸੰਭਾਵਨਾ ਹੈ ਕਿਉਂਕਿ ਪੇਈਚਿੰਗ ਪੂਰਬੀ ਲੱਦਾਖ 'ਚ ਪਹਿਲਾਂ ਵਾਲੀ ਸਥਿਤੀ ਜਲਦੀ ਬਹਾਲ ਕਰਨ ਦੇ ਰੌਂਅ ਵਿੱਚ ਆਉਂਦਾ ਨਹੀਂ ਜਾਪਦਾ। ਇਸ ਦੇ ਬਾਵਜੂਦ ਚੀਨ ਨੂੰ ਭਾਰਤ ਅਜਿਹੇ ਦੁਸ਼ਮਣ ਵਜੋਂ ਨਹੀਂ ਦੇਖੇਗਾ ਜਿਸ ਨਾਲ ਫ਼ੌਜੀ ਦ੍ਰਿਸ਼ਟੀ ਤੋਂ ਲੜਿਆ ਜਾ ਸਕੇ। ਭਾਰਤ ਆਪਣੇ ਮਿੱਤਰਾਂ ਦੇ ਨਾਲ ਚੀਨ ਦੀ ਹੱਠਧਰਮੀ 'ਤੇ ਕਾਬੂ ਰੱਖਣ ਦੀ ਕੋਸ਼ਿਸ਼ ਕਰੇਗਾ ਤੇ ਇਸ ਨੂੰ ਕੌਮਾਂਤਰੀ ਨੇਮਾਂ ਦੀ ਪਾਲਣਾ ਅਤੇ ਰਿਸ਼ਤਿਆਂ 'ਚ ਸ਼ਾਂਤੀਪੂਰਨ ਸੰਤੁਲਨ ਮੁੜ ਕਾਇਮ ਕਰਨ ਲਈ ਮਨਾਏਗਾ। ਖੇਤਰੀ ਸਹਿਯੋਗ ਬਾਰੇ ਦੱਖਣ ਏਸ਼ਿਆਈ ਸੰਗਠਨ (ਸਾਰਕ) ਨੂੰ ਮੁੜ ਸੁਰਜੀਤ ਕਰਨ ਦਾ ਵਕਤ ਆ ਗਿਆ ਹੈ ਜਿਸ ਦੇ ਸਿਰਫ਼ 18 ਸੰਮੇਲਨ ਹੋਏ ਹਨ, ਜਿਨ੍ਹਾਂ ਵਿੱਚੋਂ ਆਖਰੀ ਦਹਾਕਾ ਪਹਿਲਾਂ ਕਾਠਮੰਡੂ ਵਿੱਚ ਹੋਇਆ ਸੀ। ਇਸ ਸੰਮੇਲਨ ਨੇ ਰਾਸ਼ਟਰੀ, ਖੇਤਰੀ ਤੇ ਉਪ–ਖੇਤਰੀ ਉੱਦਮਾਂ ਤੇ ਪ੍ਰਬੰਧਾਂ ਨੂੰ ਮਨਜ਼ੂਰੀ ਦਿੱਤੀ ਸੀ। ਬਹੁ–ਖੇਤਰੀ ਤਕਨੀਕੀ ਤੇ ਆਰਥਿਕ ਸਹਿਯੋਗ ਲਈ ਕੀਤੇ ਗਏ ਬੰਗਲਾਦੇਸ਼–ਭੂਟਾਨ–ਭਾਰਤ–ਨੇਪਾਲ ਅਤੇ ਬੰਗਾਲ ਦੀ ਖਾੜੀ ਦੇ ਉੱਦਮਾਂ 'ਚ ਮੁੜ ਰੂਹ ਫੂਕਣ ਦੀ ਲੋੜ ਹੈ। ਮੋਦੀ ਦੀ 'ਨੇਬਰਹੁੱਡ ਫਸਟ' ਨੀਤੀ ਵਿੱਚ ਰੱਖੇ ਗਏ ਟੀਚੇ ਉਤਸ਼ਾਹੀ ਹਨ ਤੇ ਰੁਕਾਵਟਾਂ ਵੀ ਕਈ ਹਨ। ਗੁਆਂਢੀਆਂ ਨਾਲ ਚੀਜ਼ਾਂ ਬਿਹਤਰ ਕਰਨਾ ਇੱਕ ਔਖੀ ਪ੍ਰਕਿਰਿਆ ਹੈ, ਅਕਸਰ ਇਸ ਦੇ ਨਤੀਜੇ ਅਨਿਸ਼ਚਿਤ ਹੁੰਦੇ ਹਨ। ਹਾਲਾਂਕਿ, ਕੋਸ਼ਿਸ਼ ਦਾ ਕੋਈ ਬਦਲ ਨਹੀਂ ਹੈ। ਆਪਣੇ ਗੁਆਂਢ 'ਚ ਰਿਸ਼ਤੇ ਬਿਹਤਰ ਕੀਤੇ ਬਿਨਾਂ ਭਾਰਤ ਆਲਮੀ ਮੰਚ 'ਤੇ ਬੰਧਨਮੁਕਤ ਹੋ ਕੇ ਅੱਗੇ ਨਹੀਂ ਵਧ ਸਕਦਾ।

# ਆਰਥਿਕ ਵਿਕਾਸ ਦੇ ਰੋੜੇ ਨਾਬਰਾਬਰੀ ਤੇ ਬੇਰੁਜ਼ਗਾਰੀ

**ਸੁੱਚਾ ਸਿੰਘ ਗਿੱਲ**



ਭਾਰਤੀ ਵਿਕਾਸ ਪੰਧ ਦੇ ਅੜਿੱਕੇ ਇਸ ਦੀਆਂ ਆਰਥਿਕ ਸੰਭਾਵਨਾਵਾਂ ਨੂੰ ਪੂਰੀ ਤਰ੍ਹਾਂ ਸਾਕਾਰ ਨਹੀਂ ਹੋਣ ਦੇ ਰਹੇ। ਨਤੀਜਤਨ, ਕੋਵਿਡ ਦੇ ਸਾਲਾਂ (2020–21 ਅਤੇ 2021–22) ਨੂੰ ਛੱਡ ਕੇ 2011–12 ਤੋਂ ਲੈ ਕੇ ਇਕ ਦਹਾਕੇ ਤੋਂ ਵੱਧ ਅਰਸੇ ਦੌਰਾਨ ਦਰਜ ਕੀਤੀ ਗਈ ਅਰਥਚਾਰੇ ਦੀ ਵਿਕਾਸ ਦਰ ਇਸ ਦੀ ਸੰਭਾਵੀ ਦਰ ਨਾਲੋਂ ਕਾਫ਼ੀ ਘੱਟ ਚੱਲ ਰਹੀ ਹੈ। ਵੀਹਵੀਂ ਸਦੀ ਦੇ ਪਹਿਲੇ ਅੱਧ ਵਿੱਚ ਭਾਰਤ ਦੀ ਕੁੱਲ ਘਰੇਲੂ ਪੈਦਾਵਾਰ (ਜੀਡੀਪੀ) ਵਿੱਚ ਵਾਧੇ ਦੀ ਦਰ ਕਰੀਬ ਇਕ ਫ਼ੀਸਦ ਰਹੀ ਜੋ ਆਬਾਦੀ ਵਿੱਚ ਵਾਧੇ ਦੀ ਦਰ ਦੇ ਆਸ ਪਾਸ ਹੀ ਸੀ ਜਿਸ ਕਰ ਕੇ ਇਸ ਦੀ ਪ੍ਰਤੀ ਜੀਅ ਆਮਦਨ ਸਥਿਰ ਜਾਂ ਕਾਫ਼ੀ ਘੱਟ ਬਣੀ ਰਹੀ। ਆਜ਼ਾਦੀ ਤੋਂ ਬਾਅਦ ਤਿੰਨ ਦਹਾਕਿਆਂ (1950–51 ਤੋਂ 1980–81) ਦੌਰਾਨ ਜੀਡੀਪੀ ਵਿਚ ਵਾਧੇ ਦੀ ਔਸਤਨ ਸਾਲਾਨਾ ਦਰ 3.5 ਫ਼ੀਸਦ ਸੀ ਜਦਕਿ ਆਬਾਦੀ ਵਿਚ ਵਾਧੇ ਦੀ ਦਰ 2 ਫ਼ੀਸਦ ਜਾਂ ਇਸ ਤੋਂ ਜ਼ਿਆਦਾ ਰਹੀ ਅਤੇ ਜੋ ਪ੍ਰਤੀ ਜੀਅ ਆਮਦਨ ਵਿੱਚ ਮੱਠੀ ਰਫ਼ਤਾਰ ਨੂੰ ਦਰਸਾਉਂਦੀ ਹੈ। ਪਰ 1980ਵਿਆਂ ਦੇ ਦਹਾਕੇ ਵਿੱਚ ਜੀਡੀਪੀ ਵਿੱਚ ਸਾਲਾਨਾ ਵਾਧੇ ਦੀ ਦਰ 3.5 ਫ਼ੀਸਦ ਤੋਂ ਵਧ ਕੇ 5.5 ਫ਼ੀਸਦ ਹੋ ਗਈ। 1990ਵਿਆਂ ਵਿਚ ਆਰਥਿਕ ਸੁਧਾਰਾਂ ਦੇ ਰੂਪ ਵਿੱਚ ਇਕ ਵੱਡਾ ਮੋੜ ਆਇਆ ਜਿਸ ਨੇ ਵਿਕਾਸ ਦੀਆਂ ਸੰਭਾਵਨਾਵਾਂ ਨੂੰ ਖੋਲ੍ਹ ਦਿੱਤਾ। ਸਾਲ 2003–04 ਤੋਂ 2010–11 ਦੇ ਅੱਠ ਸਾਲਾਂ ਵਿੱਚ ਆਰਥਿਕ ਵਿਕਾਸ ਦਰ 8 ਫ਼ੀਸਦ ਜਾਂ ਇਸ ਤੋਂ ਜ਼ਿਆਦਾ ਦਰਜ ਕੀਤੀ ਗਈ। ਉੱਚੀ ਵਿਕਾਸ ਦਰ ਦੀ ਪਰਵਾਜ਼ ਨੇ ਬਹੁਤ ਸਾਰੇ ਅਰਥਸ਼ਾਸਤਰੀਆਂ ਨੂੰ ਅਰਥਚਾਰੇ ਦੀ ਸੰਭਾਵੀ ਵਿਕਾਸ ਦਰ ਦਾ ਖਾਕਾ ਤਿਆਰ ਕਰਨ ਲਈ ਪ੍ਰੇਰਿਤ ਕੀਤਾ। ਡੈਨੀ ਰੌਡ੍ਰਿਕ ਅਤੇ ਅਰਵਿੰਦ ਸੁਬਰਾਮਨੀਅਨ (2004) ਨੇ 2025 ਤੱਕ ਸੰਭਾਵੀ ਆਰਥਿਕ ਵਿਕਾਸ ਦਰ 7 ਫ਼ੀਸਦ ਤੋਂ ਉਪਰ ਰਹਿਣ ਦਾ ਅਨੁਮਾਨ ਲਾਇਆ ਸੀ। ਤੁਸ਼ਾਰ ਪੋਦਾਰ ਅਤੇ ਏਵਾ ਯੀ (2007) ਨੇ 2020 ਤੱਕ ਸੰਭਾਵੀ ਆਰਥਿਕ ਵਿਕਾਸ ਦਰ 8 ਫ਼ੀਸਦ ਤੋਂ ਉਪਰ ਰਹਿਣ ਦਾ ਅਨੁਮਾਨ ਲਾਇਆ ਸੀ। ਸੀ. ਰੰਗਰਾਜਨ ਅਤੇ ਡੀਕੇ ਸ੍ਰੀਵਾਸਤਵ (2017) ਨੇ 2029–30 ਤੱਕ ਸੰਭਾਵੀ ਆਰਥਿਕ ਵਿਕਾਸ ਦਰ 8 ਫ਼ੀਸਦ ਤੋਂ 8.1 ਫ਼ੀਸਦ ਰਹਿਣ ਦਾ ਕਿਆਸ ਲਾਇਆ ਸੀ। ਇਨ੍ਹਾਂ ਅਨੁਮਾਨਾਂ ਤੋਂ ਸੰਕੇਤ ਮਿਲਦਾ ਹੈ ਕਿ ਭਾਰਤੀ ਅਰਥਚਾਰੇ ਦੀ ਸੰਭਾਵੀ ਵਿਕਾਸ ਦਰ ਦਰਮਿਆਨੀ ਅਤੇ ਲੰਮੀ ਮਿਆਦ ਲਈ 8 ਫ਼ੀਸਦ ਦੇ ਆਸ–ਪਾਸ ਰਹਿਣ ਦੀ ਸੰਭਾਵਨਾ ਹੈ ਪਰ 2003 ਤੋਂ 2010–11 ਤੱਕ ਸਿਰਫ਼ ਅੱਠ ਸਾਲਾਂ ਵਿੱਚ ਹੀ ਇਹ ਸੰਭਾਵੀ ਵਿਕਾਸ ਦਰ ਹਾਸਲ ਕੀਤੀ ਜਾ ਸਕੀ। ਹਾਲਾਂਕਿ ਸਰਕਾਰ ਦਾ ਦਾਅਵਾ ਹੈ ਕਿ ਭਾਰਤ 2047 ਤੱਕ 25 ਖਰਬ (ਟ੍ਰਿਲੀਅਨ) ਡਾਲਰ ਦਾ ਅਰਥਚਾਰਾ ਬਣ ਸਕਦਾ ਹੈ ਪਰ ਸ਼ਾਇਦ ਇਸ ਨੇ ਇਸ ਤੱਥ ਨੂੰ ਨਜ਼ਰਅੰਦਾਜ਼ ਕੀਤਾ ਹੈ ਕਿ ਅਰਥਚਾਰੇ ਦੀ ਕਾਰਗੁਜ਼ਾਰੀ ਇਸ ਦੇ ਸੰਭਾਵੀ ਪੱਧਰ ਤੋਂ ਕਾਫ਼ੀ ਨੀਵੀਂ ਬਣੀ ਹੋਈ ਹੈ। ਇਸੇ ਲਈ ਇਸ ਰੁਝਾਨ ਪਿਛਲੇ ਕਾਰਨਾਂ ਦੀ ਸ਼ਨਾਖਤ ਕਰਨ ਦੀ ਜ਼ਹਿਮਤ ਨਹੀਂ ਕੀਤੀ ਗਈ। ਇਸ ਨੂੰ ਸਮਝਣ ਦੀ ਲੋੜ ਹੈ ਤਾਂ ਕਿ ਭਾਰਤ ਇਕ ਵਿਕਸਤ ਮੁਲਕ ਬਣਨ ਵੱਲ ਆਪਣਾ ਸਫ਼ਰ ਤੈਅ ਕਰਨ ਦੇ ਯੋਗ ਬਣ ਸਕੇ। 2010–11 ਤੋਂ ਬਾਅਦ ਦੇ ਅਰਸੇ ਦੌਰਾਨ ਸਾਡੇ ਅਰਥਚਾਰੇ ਦੇ ਆਪਣੀ ਸੰਭਾਵੀ ਵਿਕਾਸ ਦਰ ਹਾਸਲ ਕਰਨ ਦੇ ਰਾਹ ਵਿੱਚ ਦਰਪੇਸ਼ ਅੌਕੜਾਂ ਮੁਤੱਲਕ ਕਾਫ਼ੀ ਅੰਕੜਾਗਤ ਸਬੂਤ ਸਾਹਮਣੇ ਆਏ ਹਨ। ਸਭ ਤੋਂ ਜਬਰਦਸਤ ਚੁਣੌਤੀ ਦੇਸ਼ ਅੰਦਰ ਵਧ ਰਹੀ ਬੇਰੁਜ਼ਗਾਰੀ ਦੇ ਰੂਪ ਵਿੱਚ ਸਾਹਮਣੇ ਆਈ ਹੈ। ਹਾਲੀਆ ਵਕਤੀ ਕਿਰਤ ਸ਼ਕਤੀ ਬਾਰੇ ਹੋਏ ਸਰਵੇਖਣਾਂ ਤੋਂ ਪਤਾ ਚੱਲਿਆ ਹੈ ਕਿ ਸਾਲ 2022 ਵਿਚ ਬੇਰੁਜ਼ਗਾਰੀ ਦੀ ਦਰ 6.4 ਫ਼ੀਸਦ ਰਹੀ ਜੋ ਭਾਰਤ ਵਿਚ ਪਿਛਲੇ 40 ਸਾਲਾਂ ਵਿੱਚ ਸਭ ਤੋਂ ਉੱਚੀ ਦਰ ਸੀ। ਇਹ ਇਸ ਤੱਥ ਕਰ ਕੇ ਰਹੀ ਹੈ ਕਿਉਂਕਿ 2003–04 ਵਿੱਚ ਰੁਜ਼ਗਾਰ ਰਹਿਤ ਵਿਕਾਸ ਅਤੇ 2012–13 ਤੋਂ ਬਾਅਦ ਰੁਜ਼ਗਾਰ ਮਾਰੂ ਵਿਕਾਸ ਹੁੰਦਾ ਰਿਹਾ ਹੈ। ਮਸ਼ੀਨੀਕਰਨ ਕਰ ਕੇ ਖੇਤੀਬਾੜੀ ਤੋਂ ਫਾਰਗ ਹੋਣ ਵਾਲੀ ਕਿਰਤ ਸ਼ਕਤੀ ਨੂੰ ਸਨਅਤੀ ਜਾਂ ਸੇਵਾ ਖੇਤਰਾਂ ਵਿਚ ਸਮੋਇਆ ਨਹੀਂ ਗਿਆ। ਪੱਕੀ ਨੌਕਰੀ ਦੀ ਥਾਂ ਠੇਕੇ 'ਤੇ ਨੌਕਰੀਆਂ ਦੇਣ ਦੀ ਪ੍ਰਥਾ ਨਾਲ ਰੁਜ਼ਗਾਰ ਦੀ ਗੁਣਵਤਾ ਵਿੱਚ ਗਿਰਾਵਟ ਆਈ ਹੈ।

ਇਸ ਨੇ ਖੇਤੀਬਾੜੀ ਦੇ ਸੰਕਟ ਨੂੰ ਹੋਰ ਡੂੰਘਾ ਕੀਤਾ ਹੈ ਅਤੇ ਸਿੱਟੇ ਵਜੋਂ ਭਾਰਤ ਵਿੱਚ ਦਿਹਾਤੀ ਖੇਤਰ ਵਿਚ ਬੇਚੈਨੀ ਬਹੁਤ ਵਧ ਗਈ ਹੈ। ਕੁੱਲ ਕਿਰਤ ਸ਼ਕਤੀ ਦਾ 44 ਫ਼ੀਸਦ ਹਿੱਸਾ ਖੇਤੀਬਾੜੀ ਵਿਚ ਲੱਗਿਆ ਹੋਇਆ ਹੈ ਜਿਸ 'ਚੋਂ 84 ਫ਼ੀਸਦ ਕਿਸਾਨ ਹੋਂਦ ਕਾਇਮ ਰੱਖਣ ਦੇ ਸੰਕਟ ਦਾ ਸਾਹਮਣਾ ਕਰ ਰਹੇ ਹਨ। ਮੰਦੇਭਾਗੀਂ ਦੇਸ਼ ਵਿਚ ਕੋਈ ਰੁਜ਼ਗਾਰ ਨੀਤੀ ਹੀ ਨਹੀਂ ਹੈ। ਰਾਸ਼ਟਰੀ ਪੱਧਰ 'ਤੇ ਬੇਰੁਜ਼ਗਾਰੀ ਦੀ ਦਰ 22.84 ਫ਼ੀਸਦ ਹੈ ਪਰ ਪੰਜਾਬ ਅਤੇ ਕੇਰਲਾ ਜਿਹੇ ਸੂਬਿਆਂ ਵਿੱਚ ਇਹ ਦਰ 30 ਫ਼ੀਸਦ ਦੇ ਨੇੜੇ ਪਹੁੰਚ ਗਈ ਹੈ। ਇਸ ਕਰ ਕੇ ਇਸ ਮੁਲਕ ਦੇ ਨੌਜਵਾਨ ਧੜਾਧੜ ਪਰਵਾਸ ਕਰ ਰਹੇ ਹਨ ਅਤੇ ਕਈ ਤਾਂ ਪੂਰਬੀ ਯੂਰਪ ਅਤੇ ਪੱਛਮੀ ਏਸ਼ੀਆ ਦੇ ਯੁੱਧਗ੍ਰਸਤ ਖੇਤਰਾਂ ਵਿਚ ਜਾ ਰਹੇ ਹਨ। ਨੌਜਵਾਨਾਂ ਨੂੰ ਰੁਜ਼ਗਾਰ ਦਿੱਤੇ ਬਗ਼ੈਰ ਦੇਸ਼ ਯੁਵਾ ਆਬਾਦੀ ਦਾ ਲਾਭ ਨਹੀਂ ਉਠਾ ਸਕੇਗਾ। ਅਰਥਚਾਰੇ ਲਈ ਇਕ ਹੋਰ ਰੁਕਾਵਟ ਆਮਦਨ ਵਿਚ ਲਗਾਤਾਰ ਵਧ ਰਹੇ ਪਾੜੇ ਅਤੇ ਗ਼ੈਰਬਰਾਬਰੀ ਦੌਲਤ ਨੇ ਪੈਦਾ ਕੀਤੀ ਹੈ। ਇਕ ਫ਼ੀਸਦ ਤੋਂ ਘੱਟ ਕੁਝ ਲੋਕਾਂ ਕੋਲ ਸਮੁੱਚੇ ਦੇਸ਼ ਦੀ 40 ਫ਼ੀਸਦ ਆਮਦਨ ਜਾ ਰਹੀ ਹੈ ਜਦਕਿ ਹੇਠਲੀ ਪੰਜਾਹ ਫ਼ੀਸਦ ਆਬਾਦੀ ਦੇ ਹਿੱਸੇ ਮਹਿਜ਼ 13.1 ਫ਼ੀਸਦ ਆਮਦਨ ਰਹਿ ਗਈ ਹੈ। ਦੌਲਤ ਦੀ ਵੰਡ ਆਮਦਨ ਦੇ ਫ਼ਰਕ ਨਾਲੋਂ ਜ਼ਿਆਦਾ ਕਾਣੀ ਹੈ। ਘੱਟ ਆਮਦਨੀ ਵਾਲੀ 50 ਫ਼ੀਸਦ ਆਬਾਦੀ ਕੋਲ ਦੇਸ਼ ਦੀ ਸਮੁੱਚੀ ਦੌਲਤ ਦਾ ਮਹਿਜ਼ 5.9 ਫ਼ੀਸਦ ਹਿੱਸਾ ਹੈ ਜਦਕਿ ਚੋਟੀ ਦੇ ਇਕ ਫ਼ੀਸਦ ਲੋਕਾਂ ਕੋਲ 40.5 ਫ਼ੀਸਦ ਹਿੱਸਾ ਚਲਿਆ ਗਿਆ ਹੈ। ਆਰਥਿਕ ਸੁਧਾਰਾਂ ਤੋਂ ਬਾਅਦ ਦੇ ਕੁਝ ਸਾਲਾਂ ਵਿਚ ਦੇਸ਼ ਦੇ ਮੱਧਵਰਗ ਦਾ ਦਾਇਰਾ ਤੇਜ਼ੀ ਨਾਲ ਫੈਲਿਆ ਸੀ ਪਰ ਫਿਰ ਪ੍ਰਾਈਵੇਟ ਸਿੱਖਿਆ ਅਤੇ ਕਾਰਪੋਰੇਟ ਹਸਪਤਾਲਾਂ ਦੀਆਂ ਫੀਸਾਂ ਅਤੇ ਖਰਚਿਆਂ ਨੇ ਮੱਧਵਰਗ ਨੂੰ ਸੁੰਗੇੜਨਾ ਸ਼ੁਰੂ ਕਰ ਦਿੱਤਾ। ਕੰਮਕਾਜੀ ਗ਼ਰੀਬਾਂ ਦੀ ਹਾਲਤ ਬਹੁਤ ਮਾੜੀ ਹੈ ਅਤੇ ਉਹ ਮਿਆਰੀ ਸਿੱਖਿਆ ਅਤੇ ਰਿਆਇਤੀ ਸਿਹਤ ਸੰਭਾਲ ਸੇਵਾਵਾਂ ਤੋਂ ਵਿਰਵੇ ਹਨ। 80 ਕਰੋੜ ਗ਼ਰੀਬ ਲੋਕਾਂ ਨੂੰ ਮੁਫ਼ਤ ਅਨਾਜ ਦੇਣ ਦਾ ਸਰਕਾਰ ਦਾ ਵਾਅਦਾ ਆਰਥਿਕ ਹਾਲਾਤ ਦੀ ਬਹੁਤ ਹੀ ਮਾੜੀ ਸਥਿਤੀ ਦਾ ਸੰਕੇਤ ਹੈ। ਇਸ ਨਾਲ ਖਪਤ ਡਿੱਗਣ ਅਤੇ ਨਾਕਾਫ਼ੀ ਮੰਗ ਦਾ ਸੰਕਟ ਪੈਦਾ ਹੋਣ ਜਾ ਰਿਹਾ ਹੈ ਜਿਸ ਨਾਲ ਅਰਥਚਾਰਾ ਮੰਦੀ ਦੇ ਦੌਰ ਵਿਚ ਦਾਖ਼ਲ ਹੋ ਸਕਦਾ ਹੈ। ਸਰਕਾਰ ਦੀ ਆਰਥਿਕ ਅਤੇ ਵਿੱਤੀ ਨੀਤੀ ਨੇ ਆਮਦਨ ਅਤੇ ਦੌਲਤ ਦੀ ਅਸਾਵੀਂ ਵੰਡ ਵਿੱਚ ਹਿੱਸਾ ਪਾਇਆ ਹੈ। ਜੀਐੱਸਟੀ ਰਾਹੀਂ ਟੈਕਸਾਂ ਦਾ ਵੱਡਾ ਬੋਝ ਆਮ ਲੋਕਾਂ ਦੇ ਮੋਢਿਆਂ 'ਤੇ ਆ ਗਿਆ ਹੈ ਜਦਕਿ ਕਾਰਪੋਰੇਟ ਕੰਪਨੀਆਂ ਦਾ ਮੁਨਾਫ਼ਾ ਟੈਕਸ 35 ਫ਼ੀਸਦ ਤੋਂ ਘਟਾ ਕੇ 25 ਫ਼ੀਸਦ ਕਰ ਦਿੱਤਾ ਗਿਆ ਹੈ। ਕਾਰੋਬਾਰੀ ਕੰਪਨੀਆਂ ਨੂੰ ਪ੍ਰੇਰਕਾਂ ਦੇ ਨਾਂ 'ਤੇ ਭਾਰੀ ਸਬਸਿਡੀਆਂ ਦਿੱਤੀਆਂ ਜਾਂਦੀਆਂ ਹਨ। ਜਦੋਂ ਕਾਰਪੋਰੇਟ ਕੰਪਨੀਆਂ ਆਪਣੇ ਮੁਨਾਫ਼ੇ ਆਪਣੇ ਮੁਲਾਜ਼ਮਾਂ ਨਾਲ ਵੀ ਵੰਡਣ ਤੋਂ ਇਨਕਾਰੀ ਹਨ ਤਾਂ ਉਨ੍ਹਾਂ ਤੋਂ ਆਮ ਲੋਕਾਂ ਨਾਲ ਵੰਡਣ ਦੀ ਉਮੀਦ ਕਿਵੇਂ ਕੀਤੀ ਜਾ ਸਕਦੀ ਹੈ ਜਿਵੇਂ ਕਿ ਕਾਰਪੋਰੇਟ ਸਮਾਜਿਕ ਜ਼ਿੰਮੇਵਾਰੀ (ਸੀਐੱਸਆਰ) ਦੇ ਨੇਮਾਂ ਦੀ ਉਲੰਘਣਾ ਤੋਂ ਹੀ ਸਾਫ਼ ਜ਼ਾਹਿਰ ਹੋ ਜਾਂਦਾ ਹੈ? ਇਸ ਦੀ ਬੱਜਰ ਮਿਸਾਲ ਕੋਵਿਡ ਦੇ ਅਰਸੇ ਦੌਰਾਨ ਸਾਹਮਣੇ ਆਈ ਸੀ ਜਦੋਂ ਕੰਪਨੀਆਂ ਨੇ ਲੌਕਡਾਊਨ ਦੌਰਾਨ ਆਪਣੇ ਮੁਲਾਜ਼ਮਾਂ ਨੂੰ ਤਨਖ਼ਾਹਾਂ ਦੇਣ ਤੋਂ ਮਨ੍ਹਾਂ ਕਰ ਦਿੱਤਾ ਸੀ। ਅਤੇ ਲੱਖਾਂ ਮਜ਼ਦੂਰਾਂ ਨੂੰ ਹਜ਼ਾਰਾਂ ਕਿਲੋਮੀਟਰ ਦਾ ਸਫ਼ਰ ਤੈਅ ਕਰ ਕੇ ਯੂਪੀ ਤੇ ਬਿਹਾਰ ਆਦਿ ਸੂਬਿਆਂ ਵਿਚਲੇ ਆਪਣੇ ਪਿੰਡਾਂ ਵਿਚ ਵਾਪਸ ਜਾਣਾ ਪਿਆ ਸੀ। ਉਨ੍ਹਾਂ 'ਚੋਂ ਕਈ ਤਾਂ ਰਾਹ ਵਿਚ ਹੀ ਦਮ ਤੋੜ ਗਏ ਸਨ। ਤੇਜ਼ੀ ਨਾਲ ਵਧ ਰਹੀ ਬੇਰੁਜ਼ਗਾਰੀ ਅਤੇ ਆਮਦਨ ਦੇ ਪਾੜੇ ਤੇ ਦੌਲਤ ਦੀ ਗ਼ੈਰਬਰਾਬਰੀ ਤੋਂ ਇਲਾਵਾ ਜਲਵਾਯੂ ਤਬਦੀਲੀ ਨਾਲ ਜੁੜੀਆਂ ਵਾਤਾਵਰਨ ਦੀਆਂ ਸਮੱਸਿਆਵਾਂ ਬਹੁਤ ਤੇਜ਼ੀ ਨਾਲ ਮੰਜ਼ਰ 'ਤੇ ਉਭਰ ਰਹੀਆਂ ਹਨ। ਬੇਮੌਸਮੇ ਮੀਂਹ ਤੇ ਹੜ੍ਹ ਆਮ ਵਰਤਾਰਾ ਹੋ ਗਏ ਹਨ। ਇਸ ਦੇ ਨਾਲ ਹੀ ਗਰਮੀ ਅਤੇ ਲੂ ਦੀ ਸ਼ਿੱਦਤ ਵਿੱਚ ਵਾਧਾ ਹੋ ਰਿਹਾ ਹੈ ਅਤੇ ਪੀਣ ਵਾਲੇ ਅਤੇ ਸਿੰਜਾਈ ਆਦਿ ਕੰਮਾਂ ਲਈ ਪਾਣੀ ਦੀ ਭਾਰੀ ਘਾਟ ਪੈਦਾ ਹੋ ਰਹੀ ਹੈ। ਪ੍ਰਦੂਸ਼ਣ ਅਤੇ ਪਾਣੀ ਦੀ ਕਿੱਲਤ ਜਿਹੇ ਸੰਕਟਾਂ ਨਾਲ ਸਿੱਝਣ ਲਈ ਵਿਉਂਤਬੰਦੀ ਕਰਨ ਵੱਲ ਕਿਸੇ ਦਾ ਧਿਆਨ ਨਹੀਂ ਜਾ ਰਿਹਾ। ਇਸ ਕਰ ਕੇ ਕਈ ਪ੍ਰਭਾਵਿਤ ਖਿੱਤਿਆਂ ਅੰਦਰ ਖੇਤੀਬਾੜੀ ਲਈ ਘਾਤਕ ਸਿੱਟੇ ਨਿਕਲਣ ਦਾ ਖ਼ਤਰਾ ਵਧਦਾ ਜਾ ਰਿਹਾ ਹੈ। ਹਾਲੇ ਵੀ ਸਮਾਂ ਹੈ ਕਿ ਬੇਰੁਜ਼ਗਾਰੀ (ਖ਼ਾਸਕਰ ਨੌਜਵਾਨਾਂ ਅੰਦਰ), ਆਮਦਨ ਤੇ ਦੌਲਤ ਦੀ ਨਾਬਰਾਬਰੀ ਅਤੇ ਵਾਤਾਵਰਨ ਦੀ ਬਰਬਾਦੀ ਦੀਆਂ ਸਮੱਸਿਆਵਾਂ ਦੀ ਸੰਗੀਨਤਾ ਨੂੰ ਪ੍ਰਵਾਨ ਕੀਤਾ ਜਾਵੇ। ਇਨ੍ਹਾਂ ਮੁੱਦਿਆਂ ਵੱਲ ਢੁਕਵਾਂ ਧਿਆਨ ਨਾ ਦਿੱਤੇ ਜਾਣ ਕਰ ਕੇ ਅਰਥਚਾਰੇ ਦੇ ਵਾਧੇ ਦੇ ਰਾਹ ਵਿੱਚ ਔਕੜਾਂ ਖੜ੍ਹੀਆਂ ਹੋਣਗੀਆਂ ਅਤੇ ਵਿਕਾਸ ਦੇ ਵਾਧੇ ਬਾਰੇ ਮਿੱਥੇ ਗਏ ਟੀਚੇ ਮਹਿਜ਼ ਮਿਰਗਜਾਲ ਬਣ ਕੇ ਰਹਿ ਜਾਣਗੇ।

*** ਲੇਖਕ ਕਰਿੱਡ, ਚੰਡੀਗੜ੍ਹ ਦੇ ਸਾਬਕਾ ਡਾਇਰੈਕਟਰ ਜਨਰਲ ਹਨ।**

# ਪੰਜਾਬ 'ਚੋਂ ਨਸ਼ਿਆਂ ਨੂੰ ਜੜ੍ਹੋਂ ਖ਼ਤਮ ਕਰਨ ਲਈ ਸਖ਼ਤ ਕਾਰਵਾਈ ਅਤੇ ਜਾਗਰੂਕਤਾ ਮੁਹਿੰਮਾਂ ਚਲਾਉਣਾ ਪੰਜਾਬ ਪੁਲਿਸ ਦੀ ਮੁੱਖ ਤਰਜੀਹ

**➣ ਲੁਧਿਆਣਾ ਦਿਹਾਤੀ ਪੁਲਿਸ ਨੇ ਨਸ਼ਿਆਂ ਵਿਰੁੱਧ ਜਾਗਰੂਕਤਾ ਫੈਲਾਉਣ ਲਈ ਕਰਵਾਇਆ ਬਾਸਕਟਬਾਲ ਟੂਰਨਾਮੈਂਟ ➣ ਡੀਆਈਜੀ ਲੁਧਿਆਣਾ ਰੇਂਜ ਧਨਪ੍ਰੀਤ ਕੌਰ ਨੇ ਐਸਐਸਪੀ ਲੁਧਿਆਣਾ ਦਿਹਾਤੀ ਨਵਨੀਤ ਬੈਂਸ ਨਾਲ ਟੂਰਨਾਮੈਂਟ ਦੇ ਜੇਤੂਆਂ ਦਾ ਕੀਤਾ ਸਨਮਾਨ**

**ਚੰਡੀਗੜ੍ਹ, 25 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ–ਨਿਰਦੇਸ਼ਾਂ ਅਨੁਸਾਰ ਚਲਾਈ ਜਾ ਰਹੀ ਵਿਸ਼ੇਸ਼ ਨਸ਼ਾ ਵਿਰੋਧੀ ਜਾਗਰੂਕਤਾ ਮੁਹਿੰਮ ਦੇ ਹਿੱਸੇ ਵਜੋਂ, ਲੁਧਿਆਣਾ ਦਿਹਾਤੀ ਪੁਲਿਸ ਵੱਲੋਂ ਨੌਜਵਾਨਾਂ ਨੂੰ ਨਸ਼ਿਆਂ ਦੇ ਮਾਰੂ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਅਤੇ ਉਨ੍ਹਾਂ ਦੀ ਊਰਜਾ ਨੂੰ ਸਹੀ ਦਿਸ਼ਾ ਵੱਲ ਸੇਧ ਦੇਣ ਦੇ ਮੱਦੇਨਜ਼ਰ ਜ਼ਿਲ੍ਹਾ ਪੱਧਰੀ ਬਾਸਕਟਬਾਲ ਟੂਰਨਾਮੈਂਟ ਕਰਵਾਇਆ ਗਿਆ।

ਇਹ ਟੂਰਨਾਮੈਂਟ , ਐਸਐਸਪੀ ਲੁਧਿਆਣਾ (ਦਿਹਾਤੀ ) ਨਵਨੀਤ ਸਿੰਘ ਬੈਂਸ ਦੀ ਦੇਖ–ਰੇਖ ਹੇਠ ਅਰਜੁਨਾ ਐਵਾਰਡੀ ਗੁਰਦਿਆਲ ਸਿੰਘ ਮੱਲ੍ਹੀ ਦੇ ਪਿੰਡ ਗੁੜੇ, ਮੁੱਲਾਂਪੁਰ ਦਾਖਾ ਵਿਖੇ ਕਰਵਾਇਆ ਗਿਆ।

ਜ਼ਿਕਰਯੋਗ ਹੈ ਕਿ ਨਸ਼ਾ ਤਸਕਰਾਂ ਵਿਰੁੱਧ ਚੱਲ ਰਹੀ ਕਾਰਵਾਈ ਤਹਿਤ ਪੰਜਾਬ ਪੁਲਿਸ ਵੱਲੋਂ 'ਰੋਕਥਾਮ' ਦੇ ਹਿੱਸੇ ਵਜੋਂ ਨਸ਼ਿਆਂ ਦੇ ਮਾਰੂ ਪ੍ਰਭਾਵਾਂ ਬਾਰੇ ਲੋਕਾਂ ਵਿੱਚ ਜਾਗਰੂਕਤਾ ਫੈਲਾਉਣ ਅਤੇ ਨਸ਼ਿਆਂ ਵਿਰੁੱਧ ਜੰਗ ਵਿੱਚ ਆਮ ਲੋਕਾਂ ਦਾ ਸਹਿਯੋਗ ਲੈਣ ਲਈ ਵੱਖ–ਵੱਖ ਸਮਾਗਮਾਂ ਦਾ ਆਯੋਜਨ ਕੀਤਾ ਜਾ ਰਿਹਾ ਹੈ। ਸਾਰੇ 28 ਪੁਲਿਸ ਜ਼ਿਲ੍ਹਿਆਂ ਵਿੱਚ ਬਾਸਕਟਬਾਲ ਟੂਰਨਾਮੈਂਟ, ਕਬੱਡੀ, ਕ੍ਰਿਕਟ ਮੈਚ, ਵਾਲੀਬਾਲ, ਫੁੱਟਬਾਲ, ਸਾਈਕਲੋਥੌਨ, ਜਾਗਰੂਕਤਾ ਕੈਂਪ, ਨਾਟਕ, ਨੁੱਕੜ ਨਾਟਕ, ਮੈਰਾਥਨ, ਸੈਮੀਨਾਰ ਅਤੇ ਜਨਤਕ ਮੀਟਿੰਗਾਂ ਸਮੇਤ ਸਮਾਗਮ ਕਰਵਾਏ ਜਾ ਰਹੇ ਹਨ।

ਰਾਜ ਸਰਕਾਰ ਨੇ ਸੂਬੇ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਤਿੰਨ–ਨੁਕਾਤੀ ਰਣਨੀਤੀ–ਇਨਫੋਰਸਮੈਂਟ, ਡੀਡਿਕਸ਼ਨ ਐਂਡ ਪ੍ਰੀਵੈਨਸ਼ਨ (ਈਡੀਪੀ) ਨੂੰ ਲਾਗੂ ਕੀਤਾ ਹੈ।

ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਡਿਪਟੀ ਇੰਸਪੈਕਟਰ ਜਨਰਲ ਆਫ਼ ਪੁਲਿਸ (ਡੀ.ਆਈ.ਜੀ.) ਲੁਧਿਆਣਾ ਰੇਂਜ ਧਨਪ੍ਰੀਤ ਕੌਰ ਨੇ ਕਿਹਾ ਕਿ ਅਜਿਹੇ ਸਮਾਗਮ ਕਰਵਾਉਣ ਦਾ ਮੁੱਖ ਮਕਸਦ ਸਮਾਜ, ਖਾਸ ਕਰਕੇ ਨੌਜਵਾਨਾਂ, ਨੂੰ ਇੱਕਜੁਟ ਕਰਨਾ ਅਤੇ ਖੇਡਾਂ ਜ਼ਰੀਏ ਟੀਮ ਵਰਕ, ਅਨੁਸ਼ਾਸਨ ਅਤੇ ਸਿਹਤਮੰਦ ਜੀਵਨ ਵੱਲ ਸੇਧਿਤ ਕਰਨਾ ਹੈ।

ਉਹਨਾਂ ਕਿਹਾ ਕਿ ਟੂਰਨਾਮੈਂਟ ਨੇ ਨਾ ਕੇਵਲ ਇੱਕ ਮੁਕਾਬਲੇ ਦੇ ਪਲੇਟਫਾਰਮ ਵਜੋਂ ਕੰਮ ਕੀਤਾ ਹੈ ਬਲਕਿ ਨਸ਼ਿਆਂ ਦੇ ਖ਼ਤਰਿਆਂ ਬਾਰੇ ਜਾਗਰੂਕਤਾ ਫੈਲਾਉਣ ਵਿੱਚ ਇੱਕ ਅਹਿਮ ਪੇਸ਼ਕਦਮੀ ਵੀ ਸਾਬਤ ਹੋਇਆ ਹੈ। ਉਹਨਾਂ ਅੱਗੇ ਕਿਹਾ ਕਿ ਇਸ ਪਹਿਲਕਦਮੀ ਰਾਹੀਂ ਲੁਧਿਆਣਾ ਦਿਹਾਤੀ ਪੁਲਿਸ ਨੇ ਸੂਬੇ ਦੇ ਲੋਕਾਂ ਦੀ ਭਲਾਈ ਲਈ ਆਪਣੇ ਸਮਰਪਣ ਨੂੰ ਹੋਰ ਮਜ਼ਬੂਤ ਕੀਤਾ ਹੈ।

ਇਹ ਸਮਾਗਮ ਬਹੁਤ ਪ੍ਰਭਾਵਸ਼ਾਲੀ ਰਿਹਾ, ਜਿਸ ਵਿੱਚ ਲੜਕਿਆਂ ਦੀਆਂ ਛੇ ਟੀਮਾਂ ਅਤੇ ਲੜਕੀਆਂ ਦੀਆਂ ਦੋ ਟੀਮਾਂ ਸਮੇਤ ਕੁੱਲ ਅੱਠ ਟੀਮਾਂ ਨੇ ਭਾਗ ਲਿਆ। ਪੁਰਸ਼ ਵਰਗ ਵਿੱਚ ਲੁਧਿਆਣਾ ਬਾਸਕਟਬਾਲ ਅਕੈਡਮੀ ਨੇ ਪਹਿਲਾ ਸਥਾਨ ਹਾਸਲ ਕੀਤਾ, ਜਦਕਿ ਜ਼ਿਲ੍ਹਾ ਲੁਧਿਆਣਾ ਦੀ ਟੀਮ ਦੂਜੇ ਸਥਾਨ 'ਤੇ ਰਹੀ। ਇਸੇ ਤਰ੍ਹਾਂ ਮਹਿਲਾ ਵਰਗ ਵਿੱਚ ਲੁਧਿਆਣਾ ਬਾਸਕਟਬਾਲ ਅਕੈਡਮੀ ਪਹਿਲੇ ਅਤੇ ਲੁਧਿਆਣਾ ਬਾਸਕਟਬਾਲ ਕਲੱਬ ਦੂਜੇ ਸਥਾਨ 'ਤੇ ਰਿਹਾ।

ਇਸ ਮੌਕੇ ਡੀਆਈਜੀ ਧਨਪ੍ਰੀਤ ਕੌਰ ਦੇ ਨਾਲ ਐਸਐਸਪੀ ਨਵਨੀਤ ਸਿੰਘ ਬੈਂਸ ਨੇ ਜੇਤੂਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਨੂੰ ਨਕਦ ਇਨਾਮ, ਟਰਾਫੀਆਂ ਅਤੇ ਮੈਡਲ ਦੇ ਕੇ ਸਨਮਾਨਿਤ ਕੀਤਾ।

ਪਿੰਡ ਵਾਸੀਆਂ ਨੇ ਨਸ਼ਾ ਤਸਕਰਾਂ ਖਿਲਾਫ਼ ਕਾਰਵਾਈ ਕਰਨ ਲਈ ਪੰਜਾਬ ਪੁਲਿਸ ਦੀ ਕੀਤੀ ਸ਼ਲਾਘਾ

ਬਾਸਕਟਬਾਲ ਟੂਰਨਾਮੈਂਟ ਦੇਖਣ ਆਏ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਅਤੇ ਪੰਜਾਬ ਪੁਲਿਸ ਵੱਲੋਂ ਨਸ਼ਿਆਂ ਵਿਰੁੱਧ ਫੈਸਲਾਕੁੰਨ ਜੰਗ ਸ਼ੁਰੂ ਕਰਨ ਅਤੇ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਲਈ ਅਜਿਹੇ ਜਾਗਰੂਕਤਾ ਸਮਾਗਮ ਕਰਵਾਉਣ ਅਤੇ ਇਸ ਦੇ ਨਾਲ ਹੀ ਨਸ਼ਿਆਂ ਦੇ ਆਦੀ ਹੋਏ ਨੌਜਵਾਨਾਂ ਨੂੰ ਮੁੱਖ ਧਾਰਾ ਵਿੱਚ ਵਾਪਸ ਲਿਆਉਣ ਲਈ ਨਸ਼ਾ ਛੁਡਾਊ ਅਤੇ ਪੁਨਰਵਾਸ ਕੇਂਦਰਾਂ ਵਿੱਚ ਭੇਜ ਕੇ ਉਨ੍ਹਾਂ ਦੀ ਮਦਦ ਕਰਨ ਬਾਰੇ ਸ ਕੀਤੀ।

ਇਸ ਟੂਰਨਾਮੈਂਟ ਨੂੰ ਨਸ਼ਿਆਂ ਵਿਰੁੱਧ ਜਾਗਰੂਕਤਾ ਫੈਲਾਉਣ ਲਈ ਇੱਕ ਵਧੀਆ ਉਪਰਾਲਾ ਕਰਾਰ ਦਿੰਦਿਆਂ ਸਾਬਕਾ ਪੰਚਾਇਤ ਮੈਂਬਰ ਪਿੰਡ ਗੁਰੇਹ ,ਵੀਰਪਾਲ ਸਿੰਘ ਨੇ ਪੰਜਾਬ ਪੁਲਿਸ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਨੌਜਵਾਨਾਂ ਵਿੱਚ ਖੇਡਾਂ ਨੂੰ ਪ੍ਰਫੁੱਲਿਤ ਕਰਨ ਵਿੱਚ ਸਹਾਈ ਹੋਣਗੀਆਂ।

ਪਿੰਡ ਨਵਾਂ ਡੱਲਾ ਦੇ ਵਾਸੀ ਗੁਰਦੀਪ ਸਿੰਘ ਨੇ ਕਿਹਾ ਕਿ ਉਹ ਨਸ਼ਿਆਂ ਵਿਰੁੱਧ ਲੜਾਈ ਵਿੱਚ ਪੰਜਾਬ ਪੁਲਿਸ ਨੂੰ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ।

# ਪਾਰਟੀ ਉਮੀਦਵਾਰ ਦੀ ਜਿੱਤ ਯਕੀਨੀ ਬਣਾਉਣ ਲਈ ਜਲੰਧਰ ਵਿੱਚ ਪੱਕੇ ਡੇਰੇ ਲਾਉਣਗੇ ਮੁੱਖ ਮੰਤਰੀ

**ਹੁਸ਼ਿਆਰਪੁਰ, 25 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**



ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ਼ਵਿੱਚਰਵਾਰ ਨੂੰ ਐਲਾਨ ਕੀਤਾ ਕਿ ਉਹ ਜਲੰਧਰ (ਪੱਛਮੀ) ਵਿਧਾਨ ਸਭਾ ਹਲਕੇ ਦੀ ਜ਼ਿਮਨੀ ਚੋਣ ਦੌਰਾਨ ਪ੍ਰਚਾਰ ਦੀ ਅਗਵਾਈ ਕਰਨਗੇ ਅਤੇ ਪਾਰਟੀ ਉਮੀਦਵਾਰ ਦੀ ਸ਼ਾਨਦਾਰ ਜਿੱਤ ਯਕੀਨੀ ਬਣਾਉਣਗੇ।

ਮੁੱਖ ਮੰਤਰੀ ਨੇ ਕਿਹਾ ਕਿ ਉਹ ਸੂਬਾ ਸਰਕਾਰ ਦੀਆਂ ਲੋਕ ਪੱਖੀ ਅਤੇ ਵਿਕਾਸ ਪੱਖੀ ਨੀਤੀਆਂ ਬਾਰੇ ਦੱਸ ਕੇ ਪਾਰਟੀ ਉਮੀਦਵਾਰ ਲਈ ਨਿੱਜੀ ਤੌਰ 'ਤੇ ਵੋਟਾਂ ਮੰਗਣਗੇ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਕਈ ਇਤਿਹਾਸਕ ਪਹਿਲਕਦਮੀਆਂ ਕੀਤੀਆਂ ਹਨ, ਜਿਸ ਕਾਰਨ ਲੋਕ ਜ਼ਿਮਨੀ ਚੋਣ ਵਿੱਚ ਪਾਰਟੀ ਨੂੰ ਵੋਟਾਂ ਪਾਉਣਗੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਹ ਜ਼ਿਮਨੀ ਚੋਣ ਵਿਚ ਪਾਰਟੀ ਉਮੀਦਵਾਰ ਦੀ ਜ਼ਬਰਦਸਤ ਜਿੱਤ ਯਕੀਨੀ ਬਣਾਉਣਗੇ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਉਹ ਆਉਣ ਵਾਲੇ ਦਿਨਾਂ ਵਿੱਚ ਜਲੰਧਰ ਪੱਕੇ ਡੇਰੇ ਲਾਉਣਗੇ ਤਾਂ ਜੋ ਪਾਰਟੀ ਇਸ ਸੀਟ ਨੂੰ ਇਤਿਹਾਸਕ ਫ਼ਰਕ ਨਾਲ ਜਿੱਤ ਸਕੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਹ ਜਲੰਧਰ ਸ਼ਹਿਰ ਵਿੱਚ ਕਿਰਾਏ ਦੇ ਮਕਾਨ ਤੋਂ ਪਾਰਟੀ ਦੀ ਚੋਣ ਮੁਹਿੰਮ ਦੀ ਰਣਨੀਤੀ ਬਣਾਉਣਗੇ। ਉਨ੍ਹਾਂ ਕਿਹਾ ਕਿ ਉਹ ਹਫ਼ਤੇ ਵਿੱਚ ਘੱਟੋ–ਘੱਟ ਦੋ ਤੋਂ ਤਿੰਨ ਦਿਨ ਇਸ ਘਰ ਵਿੱਚ ਰਹਿਣਗੇ ਅਤੇ ਪਾਰਟੀ ਦੀ ਜਿੱਤ ਯਕੀਨੀ ਬਣਾਉਣਗੇ।

ਮੁੱਖ ਮੰਤਰੀ ਨੇ ਕਿਹਾ ਕਿ ਚੋਣਾਂ ਤੋਂ ਬਾਅਦ ਵੀ ਇਹ ਘਰ ਦੋਆਬਾ ਅਤੇ ਮਾਝਾ ਖੇਤਰ ਦੇ ਵਾਸੀਆਂ ਲਈ ਮੁੱਖ ਮੰਤਰੀ ਦੇ ਕੈਂਪ ਦਫ਼ਤਰ ਵਜੋਂ ਕੰਮ ਕਰੇਗਾ। ਉਨ੍ਹਾਂ ਕਿਹਾ ਕਿ ਇਨ੍ਹਾਂ ਦੋਵਾਂ ਖੇਤਰਾਂ ਦੇ ਵਸਨੀਕ ਆਪਣੇ ਰੁਟੀਨ ਦੇ ਕੰਮ ਕਰਵਾਉਣ ਲਈ ਇਸ ਕੈਂਪ ਦਫ਼ਤਰ ਵਿਖੇ ਆ ਸਕਦੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਹ ਲੋਕਾਂ ਦੀਆਂ ਸ਼ਿਕਾਇਤਾਂ ਦੇ ਪ੍ਰਭਾਵਸ਼ਾਲੀ ਅਤੇ ਫੌਰੀ ਨਿਪਟਾਰੇ ਲਈ ਇਸ ਕੈਂਪ ਹਾਊਸ ਵਿਖੇ ਲੋਕਾਂ ਨਾਲ ਨਿੱਜੀ ਤੌਰ 'ਤੇ ਹਾਜ਼ਰ ਰਹਿਣਗੇ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਹਰ ਜ਼ਿਲ੍ਹੇ ਵਿੱਚ ਮੁੱਖ ਮੰਤਰੀ ਸਹਾਇਤਾ ਕੇਂਦਰ ਸਥਾਪਤ ਕਰਨ ਜਾ ਰਹੀ ਹੈ ਤਾਂ ਜੋ ਲੋਕ ਇਨ੍ਹਾਂ ਰਾਹੀਂ ਸਰਕਾਰੀ ਸੇਵਾਵਾਂ ਦਾ ਲਾਭ ਲੈ ਸਕਣ। ਭਗਵੰਤ ਸਿੰਘ ਮਾਨ ਨੇ ਦੱਸਿਆ ਕਿ ਇਸ ਕੇਂਦਰ ਵਿੱਚ ਇੱਕ ਸਮਰਪਿਤ ਅਧਿਕਾਰੀ ਬੈਠ ਕੇ ਆਮ ਲੋਕਾਂ ਤੋਂ ਉਨ੍ਹਾਂ ਦੇ ਰੋਜ਼ਾਨਾ ਦੇ ਪ੍ਰਸ਼ਾਸਨਿਕ ਕੰਮਾਂ ਲਈ ਦਰਖਾਸਤਾਂ ਪ੍ਰਾਪਤ ਕਰੇਗਾ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਨਾਲ ਸਬੰਧਤ ਪ੍ਰਸ਼ਾਸਨਿਕ ਕੰਮਾਂ ਬਾਰੇ ਦਰਖਾਸਤਾਂ ਸਬੰਧਤ ਵਿਭਾਗਾਂ ਨੂੰ ਭੇਜੀਆਂ ਜਾਣਗੀਆਂ ਤਾਂ ਜੋ ਕੰਮ ਨੂੰ ਤੁਰੰਤ ਨੇਪਰੇ ਚਾੜ੍ਹਿਆ ਜਾ ਸਕੇ। ਸੂਬਾ ਸਰਕਾਰ ਨਾਲ ਸਬੰਧਤ ਕੰਮਾਂ ਬਾਰੇ ਅਰਜ਼ੀਆਂ ਮੁੱਖ ਮੰਤਰੀ ਨੂੰ ਭੇਜੀਆਂ ਜਾਣਗੀਆਂ, ਜਿੱਥੋਂ ਛੇਤੀ ਹੱਲ ਲਈ ਇਨ੍ਹਾਂ ਨੂੰ ਅੱਗੇ ਪ੍ਰਸ਼ਾਸਨਿਕ ਵਿਭਾਗਾਂ ਨੂੰ ਭੇਜਿਆ ਜਾਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ 'ਮੁੱਖ ਮੰਤਰੀ ਡੈਸ਼ਬੋਰਡ' ਜ਼ਿਲ੍ਹਿਆਂ ਵਿੱਚ ਆਮ ਲੋਕਾਂ ਤੋਂ ਉਨ੍ਹਾਂ ਦੀਆਂ ਅਰਜ਼ੀਆਂ ਅਤੇ ਬਕਾਇਆ ਕੰਮਾਂ ਬਾਰੇ ਫੀਡਬੈਕ ਲੈਣ ਦੇ ਨਾਲ–ਨਾਲ ਸਮੁੱਚੀ ਗਤੀਵਿਧੀ ਦੀ ਨਿਰੰਤਰ ਨਿਗਰਾਨੀ ਕਰੇਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਆਮ ਜਨਤਾ ਦੇ ਨਿੱਤ ਦੇ ਕੰਮਾਂ ਨੂੰ ਸਮਾਂਬੱਧ ਢੰਗ ਨਾਲ ਨੇਪਰੇ ਚਾੜ੍ਹਨ ਨੂੰ ਯਕੀਨੀ ਬਣਾਏਗਾ। ਉਨ੍ਹਾਂ ਕਿਹਾ ਕਿ ਅਧਿਕਾਰੀ ਇਸ ਡੈਸ਼ਬੋਰਡ ਦੀ ਨਿਯਮਤ ਤੌਰ 'ਤੇ ਨਿਗਰਾਨੀ ਰੱਖਣਗੇ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਲੋਕਾਂ ਨੂੰ ਆਪਣੇ ਆਮ ਪ੍ਰਸ਼ਾਸਕੀ ਕੰਮ ਕਰਵਾਉਣ ਦੌਰਾਨ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।

# ਐਚਡੀਐਫਸੀ ਬੈਂਕ ਦੇ 'ਵਿਜਿਲ ਆਂਟੀ-ਐਂਡ ਆਫ ਸਕੈਮ ਸੇਲ' ਮੁਹਿੰਮ ਨੇ ਕਾਂਸ ਲਾਯਾਂਸ ਵਿੱਚ ਸਿਲਵਰ ਜੀਤਾ

**ਜਲੰਧਰ, 25 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤ ਦੇ ਪ੍ਰਮੁੱਖ ਪ੍ਰਾਈਵੇਟ ਖੇਤਰ ਦੀ ਬੈਂਕ ਐਚਡੀਐਫਸੀ ਬੈਂਕ ਨੇ ਆਪਣੀ 'ਜਿਲ ਆਂਟੀ–ਐਂਡ ਆਫ ਸਕੈਮ ਸੇਲ' (ਈਓਐਸਐਸ) ਅਭਿਆਨ ਲਈ ਕਾਂਸ ਲਾਇੰਸ 2024 ਵਿੱਚ ਸਿਲਵਰ ਜਿੱਤਣ ਦੀ ਘੋਸ਼ਣਾ ਕੀਤੀ ਹੈ। ਇਸ ਸੋਸ਼ਲ ਮੀਡੀਆ ਅਭਿਆਨ ਨੇ ਹੁਣ ਤੱਕ 28 ਲੋਕਾਂ ਤੱਕ ਪਹੁੰਚ ਕੀਤੀ ਹੈ ਅਤੇ 22 ਲੋਕਾਂ ਤੱਕ ਪਹੁੰਚ ਕੀਤੀ ਹੈ ਅਤੇ 22 ਟੀਚਿਆਂ ਤੋਂ ਵੱਧ ਵਿਊ ਪ੍ਰਾਪਤ ਕੀਤਾ ਹੈ। ਵਿਜਿਲਅੰਟੀ ਇੱਕ ਕਲਪਨਿਕ ਸੋਸ਼ਲ ਮੀਡੀਆ ਦਾ ਕਿਰਦਾਰ ਹੈ ਐਚਡੀਐਫਸੀ ਬੈਂਕ ਨੇ ਡਿਜੀਟਲ ਧੋਖਾਧੜੀ ਬਾਰੇ ਜਾਣਕਾਰੀ ਫੈਲਾਉਣ ਲਈ ਬਣਾਈ ਹੈ। ਐੱਚ.ਡੀ.ਐੱਫ.ਸੀ. ਬੈਂਕ ਨੇ ਆਪਣੇ ਈਓਐੱਸਐੱਸ ਅਭਿਆਨ ਦੇ ਫ਼ਲ ਦੇ ਰੂਪ ਵਿੱਚ ਬਹੁਤ ਵਧੀਆ ਗੱਲਾਂ ਕਰਨ ਵਾਲੇ ਨੌਰਾਤੇ ਵੀ ਕੀ ਸਟਾਰ ਪਾਵਰ ਦੀ ਵਰਤੋਂ ਧੋਖੇਬਾਜ਼ਾਂ ਦੇ ਤੌਰ–ਤਰੀਕੇ ਨਾਲ ਕਰਨ ਵਾਲੇ ਅਤੇ ਲੋਕਾਂ ਨੂੰ ਇਸ ਅਵਗਤੀ ਸਹਿਣ ਲਈ ਕਰਦੇ ਹਨ ਕਿ ਕਿਵੇਂ ਕੋਈ ਵੀ ਆਸਾਨੀ ਨਾਲ ਡੀਪਫੇਕ ਅਤੇ ਖਾਧੜੀ ਨਾਲ ਧੋਖਾਧੜੀ ਹੋ ਸਕਦੀ ਹੈ। ਹੈ। ਬੈਂਕ ਨੇ ਇੱਕ ਨਕਲ ਦੀ ਤਰ੍ਹਾਂ ਲਗੀ ਬ੍ਰਾਂਡ ਤਿਆਰ ਕੀਤਾ ਅਤੇ ਦਰਸ਼ਕਾਂ ਨੂੰ 'ਲੁਲੁਮੇਲੋਨ' ਲਈ ਇੱਕ ਇੰਸਟਾਗ੍ਰਾਮ ਪੇਜ ਬਣਾਉ ਇਸਦੇ ਲਈ ਪ੍ਰਮਾਣਿਕਤਾ ਪ੍ਰਦਾਨ ਕਰੋ, ਇਸ ਦਾ ਸਮਰਥਨ ਕਰੋ ਅਤੇ ਇੱਕ ਅਸਲੀ ਬ੍ਰਾਂਡ ਦੇ ਨਾਲ ਡੀਲ ਦਾ ਸਮਰਥਨ ਕਰੋ। ਇਹ ਅਭਿਆਨ 'ਇਵੈਂਟਸ ਐਂਡ ਸਟੈਂਟਸ' ਦੇ ਸਰਵੋਤਮ ਉਪਯੋਗ ਲਈ ਪ੍ਰਤੀਸ਼ਠਿਤ ਕਾਨਸ ਲਾਇੰਸ ਵਿੱਚ ਪ੍ਰਮਾਣਿਤ ਕੀਤਾ ਗਿਆ ਹੈ। ਐਚਡੀਐਫਸੀ ਕੇ ਗਰੁੱਪ ਹੇਡ, ਚੀਫ ਮਾਰਕੀਟਿੰਗ ਆਫਿਸਰ ਅਤੇ ਹੇਡ – ਡਾਇਰੈਕਟ ਟੂ ਕੰਜ਼ਿਊਮਰ ਬੈਂਕ ਬਿਜ਼ਨਸ, ਰਵਿ ਸੰਥਮ ਨੇ ਕਿਹਾ, ÷ਹਮਾਰੇਖਾਧੜੀ ਜਨਤਾ ਅਭਿਆਨ ਦੇ ਲਈ ਕਾਂਸ ਲਾਯੰਸ ਜਿੱਤਨਾ ਇਸ ਦੇ ਬਾਰੇ ਵਿੱਚ ਵਿਕਾਸ ਦੀ ਸਮਰੱਥਾ ਨੂੰ ਵਧਾਉਣਾ ਹੈ, ਅਤੇ ਗਾਹਕ ਡਿਜੀਟਲ ਹੈ। ਧੋਖਾੜੀ ਦਾ ਸ਼ਿਕਾਰ ਹੋਣ ਤੋਂ ਬਚਣ ਲਈ ਇਹ ਪ੍ਰਮਾਣਿਤ ਸਾਡੇ ਨੇਤਾਵਾਂ, ਐਫਸੀਬੀਕਨੈਕਟ (FCBKinnect) ਦੀ ਅਸਾਧਾਰਨ ਰਚਨਾਤਮਕ ਪ੍ਰਤਿਭਾ ਦਾ ਪ੍ਰਮਾਣ ਹੈ , ਇੱਕ ਕਾਰਨ ਕਰਕੇ ਸ਼ਕਤੀਸ਼ਾਲੀ ਸੁਣਨਾ ਸੰਤੁਸ਼ਟ ਹੈ ਅਤੇ ਅਸੀਂ ਇਸ ਬਾਰੇ ਵਧੇਰੇ ਜਾਣਕਾਰੀ ਦਿੰਦੇ ਹਾਂ। ਅਵਾਰਡਕੇਂਸ ਲਾਇੰਸ ਦੇ ਖਿਡਾਰੀ ਸ਼ਾਮਲ ਹੋਣ ਲਈ ਖੁਸ਼ੀ ਹੈ। ਐਫਸੀਬੀਕਨੈਕਟ (FCBKinnect) ਤੁਹਾਡੇ ਸਾਂਝੇਦਾਰਾਂ ਦੇ ਨਾਲ, ਸਾਡੇ ਡਿਜੀਟਲ ਧੋਖਾਧੜੀ ਨੂੰ ਅਭਿਨਵ ਲਈ 'ਲੁਲੁਮੇਲਨ– ਐਂਡ ਆਫ ਸਕੈਮ ਸੇਲ' ਅਭਿਆਨ 'ਤੇ ਮਾਣ ਪੈਦਾ ਕਰਦਾ ਹੈ, ਜੋ ਉਮੀਦਵਾਦੀ ਪੂਰਵ ਗ੍ਰਹਿ ਦੀ ਛੋਟੀ ਜਿਹੀ ਸਥਿਤੀ ਦਾ ਲਾਭ ਉਠਾਉਂਦਾ ਹੈ। ਧੋਖਾਧੜੀ ਦੀ ਰੋਕਥਾਮ ਲਈ ਇਸ ਪ੍ਰਭਾਵਸ਼ਾਲੀ ਅਭਿਆਨ ਨੂੰ ਸ਼ੁਰੂ ਕਰਨ ਅਤੇ ਅੱਗੇ ਵਧਾਉਣ ਲਈ ਸਾਨੂੰ ਮਾਣ ਹੈ। ਇਹ ਮੁਹਿੰਮ ਸੁਰੱਖਿਅਤ ਬੈਂਕਿੰਗਤਾ ਨੂੰ ਦੇਣ ਅਤੇ ਧੋਖੇਬਾਜ਼ਾਂ ਦੁਆਰਾ ਵਰਤਣ ਵਾਲੇ ਵੱਖ–ਵੱਖ ਡਿਜੀਟਲ ਧੋਖਾਧੜੀ ਤਕਨੀਕਾਂ ਬਾਰੇ ਜਨਤਾ ਨੂੰ ਸਿਖਾਉਣ ਲਈ ਸਹਾਇਕ ਹੈ ਸ਼ਰਧਾਲੂਆਂ ਦਾ ਆਧਾਰ ਪ੍ਰਾਪਤ ਕੀਤਾ ਗਿਆ ਹੈ, ਵੱਖ–ਵੱਖ ਕਿਸਮਾਂ ਦੀ ਧੋਖਾਧੜੀ ਦੇ ਵਿਰੁੱਧ ਨਿਵਾਰਕ ਉਪਾਵਾਂ 'ਤੇ ਗਾਹਕਾਂ ਨੂੰ ਸਿੱਖਿਅਕ ਕਰਨ ਲਈ 60 ਤੋਂ ਵੱਧ ਕਾਰਜਪ੍ਰਣਾਲੀ ਸ਼ਾਮਲ ਹਨ। ਇਨਾਮ ਅਤੇ ਦੋ ਕਾਂਸੀ ਪੁਰਸਕਾਰ ਜੀਤੇ, ਨਾਲ ਹੀ ਕਯੂਰੀਅਸ ਵਿੱਚ ਦੋ ਬੇਬੀ ਅਲੀਫੈਂਟ ਇਨਾਮ ਅਤੇ ਦੋ ਈਟੀ ਟ੍ਰੇਂਡਿਜ ਪੁਰਸਕਾਰ ਵੀ ਜੀਤੇ ਹਨ।

# ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਨੂੰ ਸਮਰਪਿਤ ਠੰਡੇ ਮਿੱਠੇ ਜਲ ਸੇਵਾਦਾਰਾਂ ਵੱਲੋਂ ਲਗਾਈ ਗਈ




**ਨਾਭਾ, 25 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਨੂੰ ਸਮਰਪਿਤ ਕਰਦੇ ਹੋਇਆ ਕੁਝ ਛੋਟੇ ਛੋਟੇ ਬੱਚਿਆਂ ਵੱਲੋਂ ਅਤੇ ਨਾਲ ਰਲ ਕੇ ਠੰਡੇ ਮਿੱਠੇ ਜਲ ਦੀ ਸ਼ਬੀਲ ਲਗਾਈ ਗਈ ਗਿਰਾਇਆ ,ਤੇ ਬਾਕੀ ਸਮੂਹ ਸੰਗਤ ਵੱਲੋਂ ਅੱਜ ਮਿੱਠਾ ਪਾਣੀ ਛਬੀਲ ਜਲਜੀਰਾ ਸਿਕੰਜਮੀ ਤੇ ਸਤਨਾਮ ਸਿੰਘ ਧਰਮਸੋਤ ਨਾਭਾ, ਜਸਨ ਕੁਮਾਰ, ਜਸਕਰਨ ਰਾਮ, ਪਵਨ ਸਿੰਘ,ਕਰਨ ਸਿੰਘ, ਨਵਜੋਤ ਸਿੰਘ, ਹਰਮਨ, ਰਣਜੀਤ ਸਿੰਘ,ਰਮੇਸ਼ ਰਾਮ,ਯੂਵੀ ਸਿੰਘ, ਨਿਸਮ ਸਿੰਘ, ਸਰੈਣ ਦਾਸ ਕਲੋਨੀ ਚੌਧਰੀ ਮਾਜਰਾ ਪੁਲੀ ਨਾਭਾ ਸੇਵਾ ਕੀਤੀ ਗਈ ਤੜਕੇ 9 ਵਜੇ ਤੋਂ ਲੈ ਕੇ ਸ਼ਾਮ 7 ਵਜੇ ਤੱਕ ਸੇਵਾ ਚੱਲੀ।

## ਤੁਹਾਡੀ ਸਿਹਤ

# ਕੁਦਰਤ ਦਾ ਵਰਦਾਨ ਮੇਥੀ



- ਡਾ. ਹਰਸ਼ਿੰਦਰ ਕੌਰ

ਇੱਕ ਮੈਡੀਕਲ ਕਾਨਫਰੰਸ ਵਿੱਚ ਇੱਕ ਨਵੀਂ ਦਵਾਈ ਬਾਰੇ ਦੱਸਿਆ ਗਿਆ ਕਿ ਇਹ ਸ਼ੱਕਰ ਰੋਗੀਆਂ ਲਈ ਬਹੁਤ ਫ਼ਾਇਦੇਮੰਦ ਸਾਬਤ ਹੋ ਰਹੀ ਹੈ। ਉਸ ਦਵਾਈ ਦਾ ਨਾਂ ਸੀ 'ਫੈਨਫਿਊਰੋ'। ਕਾਨਫਰੰਸ ਦੇ ਅੰਤ ਵਿੱਚ ਦੱਸਿਆ ਗਿਆ ਕਿ ਇਹ ਦਵਾਈ ਮੇਥੀ ਤੋਂ ਬਣਾਈ ਗਈ ਹੈ, ਜਿਸਨੂੰ ਸੁਣ ਕੇ ਸਾਰੇ ਜਣੇ ਹੈਰਾਨ ਰਹਿ ਗਏ ਕਿ ਇਹ ਨਿੱਕੀਆਂ ਜਿਹੀਆਂ ਹਰੀਆਂ ਪੱਤੀਆਂ ਏਨੀਆਂ ਲਾਹੇਵੰਦ ਕਿਵੇਂ ਹੋ ਸਕਦੀਆਂ ਹਨ? ਉਸ ਕਾਨਫਰੰਸ ਤੋਂ ਬਾਅਦ ਅਮਰੀਕਾ ਵਿੱਚ ਵਰਤੇ ਜਾ ਰਹੇ 'ਫੇਸ ਪੈਕ' ਵਿਖਾਏ ਗਏ, ਜੋ ਮੂੰਹ ਉੱਤੇ ਬਣ ਰਹੇ ਬਲੈਕ ਹੈੱਡਜ਼, ਫਿੰਸੀਆਂ, ਕਿਲ, ਝੁਰੜੀਆਂ ਆਦਿ ਲਈ ਕਮਾਲ ਦਾ ਅਸਰ ਵਿਖਾ ਰਹੇ ਸਨ ਤੇ ਅਮਰੀਕੀ ਔਰਤਾਂ ਦੀ ਪਹਿਲੀ ਪਸੰਦ ਬਣ ਚੁੱਕੇ ਸਨ। ਉਨ੍ਹਾਂ ਵਿੱਚ ਅਸਲ ਚੀਜ਼ 'ਮੇਥੀ' ਸੀ! ਉੱਥੋਂ ਦੇ ਕਈ ਬਿਊਟੀ ਕਲੀਨਿਕ ਮੇਥੀ ਦੇ ਬੀਜ (ਮੇਥਰੇ) ਪਾਣੀ ਵਿੱਚ ਉਬਾਲ ਕੇ ਉਸ ਨਾਲ ਆਪਣੀਆਂ ਗਾਹਕ ਔਰਤਾਂ ਦਾ ਮੂੰਹ ਚੰਗੀ ਤਰ੍ਹਾਂ ਧੋ ਕੇ, ਤਾਜ਼ੀ ਮੇਥੀ ਦਾ ਲੇਪ ਵੀਹ ਮਿੰਟ ਲਈ ਮੂੰਹ ਉੱਤੇ ਲਾ ਦਿੰਦੇ ਹਨ। ਇਹ ਝੁਰੜੀਆਂ ਅਤੇ ਮੁਹਾਸਿਆਂ ਵਾਸਤੇ ਕਮਾਲ ਦਾ ਅਸਰ ਵਿਖਾਉਂਦੀ ਹੈ। ਵਾਲਾਂ ਲਈ ਵੀ ਮੇਥੀ ਤੋਂ ਬਣੇ ਸ਼ੈਂਪੂ ਸਭ ਤੋਂ ਮਹਿੰਗੇ ਵਿਕਦੇ ਹਨ। ਸਿਕਰੀ ਅਤੇ ਵਾਲ ਝੜਨ ਤੋਂ ਰੋਕਣ ਲਈ ਮੇਥੀ ਦੀ ਵਰਤੋਂ ਜ਼ੋਰਾਂ ਉੱਤੇ ਹੈ। ਭਾਵੇਂ ਰੋਜ਼ ਖਾਧੀ ਜਾਵੇ ਅਤੇ ਭਾਵੇਂ ਵਾਲਾਂ ਉੱਤੇ ਪੇਸਟ ਬਣਾ ਕੇ ਲਾ ਲਈ ਜਾਵੇ, ਇਸ ਨਾਲ ਹੌਲੀ-ਹੌਲੀ ਵਾਲ ਲਿਸ਼ਕਵੇਂ ਤੇ ਕਾਲੇ ਹੋਣ ਲੱਗ ਪੈਂਦੇ ਹਨ। ਵਾਲਾਂ ਅਤੇ ਚਮੜੀ ਵਿੱਚ ਮੇਥੀ ਦੀ ਏਨੀ ਜ਼ਿਆਦਾ ਵਰਤੋਂ ਕਈ ਵਾਰ ਤਾਂ ਸ਼ੱਕ ਹੀ ਪਾ ਦਿੰਦੀ ਹੈ ਕਿ ਇਹ ਖਾਣ ਦੀ ਚੀਜ਼ ਹੈ ਵੀ ਕਿ ਸਿਰਫ਼ ਲਾਉਣ ਵਾਲੀ ਹੀ ਹੈ। ਮੇਥੀ ਦੇ ਲਾਭ ਇੰਜ ਹਨ:

➢ ਮੇਥੀ ਦੇ ਬੀਜ ਪਾਣੀ ਵਿੱਚ ਉਬਾਲ ਕੇ ਅਤੇ ਰਾਤ ਭਰ ਖੋਪੇ ਦੇ ਤੇਲ ਵਿੱਚ ਭਿਉਂ ਕੇ ਰੱਖ ਕੇ ਉਸ ਨਾਲ ਰੋਜ਼ ਹਲਕੀ ਹਲਕੀ ਸਿਰ ਦੀ ਮਾਲਿਸ਼ ਕਰਨ ਨਾਲ ਵਾਲ ਝੜਨੇ ਵੀ ਰੁਕਦੇ ਹਨ ਤੇ ਸਿਕਰੀ ਵੀ ਠੀਕ ਹੋ ਜਾਂਦੀ ਹੈ।

➢ ਜਿਹੜੇ ਜਣੇ ਭਾਰ ਘਟਾਉਣ ਬਾਰੇ ਸੋਚ ਰਹੇ ਹੋਣ, ਉਹ ਤਾਂ ਅੱਜ ਤੋਂ ਹੀ ਮੇਥੀ ਖਾਣੀ ਸ਼ੁਰੂ ਕਰ ਦੇਣ ਕਿਉਂਕਿ ਇਸ ਤੋਂ ਵਧੀਆ ਕੁਦਰਤੀ ਦਵਾਈ ਮਿਲਣੀ ਔਖੀ ਹੀ ਹੈ। ਜੇ ਕਿਸੇ ਦੀ ਚਮੜੀ ਉੱਤੇ ਦਾਗ਼ ਹਨ ਜਾਂ ਸੜਨ ਦੇ ਤਾਜ਼ੇ ਦਾਗ਼, ਛਾਲੇ, ਐਗਜ਼ੀਮਾ ਆਦਿ ਹਨ ਤਾਂ ਵੀ ਮੇਥੀ ਦੇ ਬੀਜਾਂ ਨੂੰ ਰਗੜ ਕੇ ਪਤਲਾ ਪੇਸਟ ਬਣਾ ਕੇ ਚਮੜੀ ਉੱਤੇ ਲੇਪ ਵਾਂਗ ਲਾ ਕੇ ਉੱਤੇ ਸਾਫ਼ ਕੱਪੜੇ ਨਾਲ ਢਕ ਕੇ ਰੱਖਣ ਨਾਲ ਹੌਲੀ-ਹੌਲੀ ਕੁਝ ਆਰਾਮ ਪੈ ਜਾਂਦਾ ਹੈ। ਅੰਤੜੀਆਂ ਦੇ ਕੈਂਸਰ (ਕੋਲਨ ਕੈਂਸਰ) ਵਿੱਚ ਵੀ ਮੇਥੀ ਵਿਚਲੇ ਭਰਵੇਂ ਫਾਈਬਰ ਦੇ ਸਦਕਾ ਫ਼ਾਇਦਾ ਲਿਆ ਜਾ ਸਕਦਾ ਹੈ ਕਿਉਂਕਿ ਇਹ ਖਾਣੇ ਵਿਚਲੇ ਮਾੜੇ ਤੱਤਾਂ ਨੂੰ ਅੰਤੜੀਆਂ ਦੀ ਨਰਮ ਪਰਤ ਉੱਤੇ ਵਾਰ ਨਹੀਂ ਕਰਨ ਦਿੰਦੀ ਤੇ ਕੈਂਸਰ ਹੋਣ ਤੋਂ ਬਚਾਅ ਕਰ ਸਕਦੀ ਹੈ।

➢ ਮੇਥੀ ਸਿਰਫ਼ ਫਾਈਬਰ ਸਦਕਾ ਹੀ ਗੁਣਕਾਰੀ ਨਹੀਂ ਬਲਕਿ ਇਸ ਵਿਚਲੇ ਪ੍ਰੋਟੀਨ, ਵਿਟਾਮਿਨ- ਸੀ, ਨਾਇਆਸਿਨ, ਪੋਟਾਸ਼ੀਅਮ, ਲੋਹ ਕਣ, ਐਲਕਾਲੌਇਡ ਤੇ ਡਾਇਓਸਜੈਨਿਨ ਵੀ ਰਲ ਕੇ ਸਰੀਰ ਵਿੱਚ ਕਮਾਲ ਦਾ ਅਸਰ ਵਿਖਾਉਂਦੇ ਹਨ।

# ਕੁਪੋਸ਼ਣ ਤੋਂ ਬਚਣ ਲਈ ਪ੍ਰੋਟੀਨ ਜ਼ਰੂਰੀ



*ਇਹ ਜ਼ਿਆਦਾਤਰ ਵਿਕਾਸਸ਼ੀਲ ਅਤੇ ਅਵਿਕਸਿਤ ਦੇਸ਼ਾਂ ਵਿੱਚ ਪਾਈ ਜਾਂਦੀ ਹੈ। ਸਾਡੇ ਦੇਸ਼ ਵਿਚ ਖ਼ੁਰਾਕ ਵਿੱਚ ਪ੍ਰੋਟੀਨ ਦੀ ਕਮੀ ਦੇ ਮੁੱਖ ਕਾਰਨ ਗ਼ਰੀਬੀ, ਅਨਪੜ੍ਹਤਾ, ਲਿੰਗ ਭੇਦਭਾਵ, ਕੁਦਰਤੀ ਸੰਕਟ ਜਿਵੇਂ ਭੁੱਖਮਰੀ, ਸੋਕਾ ਆਦਿ ਹਨ।*

ਇੱਕ ਸਿਹਤਮੰਦ ਸਰੀਰ ਲਈ ਮੁੱਖ ਤੌਰ 'ਤੇ ਛੇ ਤੱਤਾਂ ਦੀ ਲੋੜ ਹੁੰਦੀ ਹੈ ਜਿਵੇਂ ਪ੍ਰੋਟੀਨ, ਕਾਰਬੋਹਾਈਡ੍ਰੇਟਸ, ਚਰਬੀ, ਵਿਟਾਮਿਨ, ਖਣਿਜ ਪਦਾਰਥ ਅਤੇ ਪਾਣੀ। ਇਨ੍ਹਾਂ ਸਾਰਿਆਂ ਨੂੰ ਮਿਲਾ ਕੇ ਹੀ ਸੰਤੁਲਿਤ ਖ਼ੁਰਾਕ ਬਣਦੀ ਹੈ। ਪਾਣੀ ਤੋਂ ਬਾਅਦ ਸਾਡੇ ਸਰੀਰ ਵਿੱਚ ਪ੍ਰੋਟੀਨ ਹੀ ਸਭ ਤੋਂ ਵੱਧ ਮਾਤਰਾ ਵਿੱਚ ਪਾਇਆ ਜਾਂਦਾ ਹੈ। ਸਾਡਾ ਸਰੀਰ ਸੈੱਲਾਂ ਦਾ ਬਣਿਆ ਹੋਇਆ ਹੈ। ਕਈ ਸੈੱਲ ਮਿਲ ਕੇ ਟਿਸ਼ੂ ਅਤੇ ਕਈ ਟਿਸ਼ੂ ਮਿਲ ਕੇ ਇੱਕ ਅੰਗ ਬਣਾਉਂਦੇ ਹਨ। ਵੱਖ-ਵੱਖ ਸੈੱਲ ਮਿਲ ਕੇ ਹੱਡੀਆਂ, ਮਾਸਪੇਸ਼ੀਆਂ, ਨਾੜਾਂ ਅਤੇ ਚਮੜੀ ਦੇ ਖ਼ਾਸ ਕੰਮ ਕਰਨ ਵਿੱਚ ਯਤਨਸ਼ੀਲ ਰਹਿੰਦੇ ਹਨ। ਇਨ੍ਹਾਂ ਸੈੱਲਾਂ ਦੀ ਜ਼ਿੰਦਗੀ ਸਾਡੀ ਖ਼ੁਰਾਕ ਉੱਤੇ ਨਿਰਭਰ ਕਰਦੀ ਹੈ। ਪ੍ਰੋਟੀਨ ਇਨ੍ਹਾਂ ਸੈੱਲਾਂ ਲਈ ਸਭ ਤੋਂ ਜ਼ਰੂਰੀ ਤੱਤ ਹੈ। ਸਾਡੀ ਖ਼ੁਰਾਕ ਵਿੱਚ ਪ੍ਰੋਟੀਨ ਦੀ ਕਮੀ ਕਾਰਨ ਇਹ ਸੈੱਲ ਕੰਮ ਕਰਨਾ ਬੰਦ ਕਰ ਦਿੰਦੇ ਹਨ ਅਤੇ ਨਤੀਜੇ ਵਜੋਂ ਸਰੀਰ ਵਿੱਚ ਚੱਲਦੇ ਵੱਖ-ਵੱਖ ਅੰਗਾਂ ਦੇ ਕੰਮਾਂ ਵਿੱਚ ਵਿਘਨ ਪੈ ਜਾਂਦਾ ਹੈ।

**ਕੀ ਹਨ ਪ੍ਰੋਟੀਨ ਦੇ ਲਾਭ**

➢ ਸਰੀਰ ਵਿਚਲੇ ਹਰੇਕ ਸੈੱਲ ਲਈ ਪ੍ਰੋਟੀਨ ਜ਼ਰੂਰੀ ਤੱਤ ਹੈ। ਪ੍ਰੋਟੀਨ ਜਿੱਥੇ ਨਵੇਂ ਸੈੱਲ ਬਣਾਉਣ ਵਿੱਚ ਮਦਦ ਕਰਦੇ ਹਨ, ਉੱਥੇ ਪੁਰਾਣੇ ਟੁੱਟੇ-ਭੱਜੇ ਸੈੱਲਾਂ ਦੀ ਮੁਰੰਮਤ ਕਰਦੇ ਹਨ।

➢ ਪ੍ਰੋਟੀਨ ਹੱਡੀਆਂ ਅਤੇ ਦੰਦਾਂ ਨੂੰ ਮਜ਼ਬੂਤੀ ਪ੍ਰਦਾਨ ਕਰਦੇ ਹਨ।

➢ ਪ੍ਰੋਟੀਨ ਮਾਸਪੇਸ਼ੀਆਂ ਦੇ ਵਿਕਾਸ ਲਈ ਬੇਹੱਦ ਲਾਹੇਵੰਦ ਤੱਤ ਹੈ।

➢ ਪ੍ਰੋਟੀਨ ਸਾਡੇ ਸਰੀਰ ਵਿਚ ਹਾਰਮੋਨ, ਐਂਨਜ਼ਾਇਮ ਅਤੇ ਐਂਟੀ-ਬਾਡੀ ਬਣਾਉਣ ਵਿਚ ਮਦਦ ਕਰਕੇ ਸਰੀਰ ਦਾ ਸੁਰੱਖਿਆ ਅਤੇ ਪਾਚਨ ਤੰਤਰ ਮਜ਼ਬੂਤ ਬਣਾਉਂਦਾ ਹੈ।

➢ ਪ੍ਰੋਟੀਨ ਖ਼ੂਨ ਦੇ ਸੈੱਲ ਬਣਾਉਣ ਵਿੱਚ ਵੀ ਮਦਦ ਕਰਦੇ ਹਨ।

➢ ਪ੍ਰੋਟੀਨ ਚਮੜੀ, ਨਹੁੰਆਂ ਅਤੇ ਵਾਲਾਂ ਦੀ ਸਿਹਤ ਲਈ ਵੀ ਜ਼ਿੰਮੇਵਾਰ ਹਨ।

➢ ਪ੍ਰੋਟੀਨ ਜ਼ਖ਼ਮ ਭਰਨ ਵਿੱਚ ਵੀ ਮਦਦ ਕਰਦੇ ਹਨ।

**ਪ੍ਰੋਟੀਨ ਦੀ ਕਮੀ**

ਪ੍ਰੋਟੀਨ ਦੀ ਕਮੀ ਨਾਲ ਹੋਣ ਵਾਲੀ ਸਭ ਤੋਂ ਵੱਡੀ ਬੀਮਾਰੀ ਦਾ ਨਾਂ 'ਕਵੇਸ਼ਰਕਰ' ਹੈ। ਪ੍ਰੋਟੀਨ ਦੀ ਕਮੀ ਤੋਂ ਇਲਾਵਾ ਕੈਲਰੀ ਦੀ ਕਮੀ ਵੀ ਹੋ ਜਾਣ ਨਾਲ 'ਮੈਰਸਮਸ' ਨਾਂ ਦੀ ਬੀਮਾਰੀ ਹੋ ਜਾਂਦੀ ਹੈ। ਕਵੇਸ਼ਰਕਰ 'ਕੁਪੋਸ਼ਣ' ਦਾ ਹੀ ਇੱਕ ਰੂਪ ਹੈ।

ਭਾਰਤ ਵਿੱਚ 50 ਫ਼ੀਸਦੀ ਬੱਚਿਆਂ ਦੀ ਮੌਤ ਕੁਪੋਸ਼ਣ ਕਾਰਨ ਹੋ ਜਾਂਦੀ ਹੈ। ਸੰਸਾਰ ਭਰ ਵਿੱਚ ਹਰੇਕ ਤਿੰਨ ਕੁਪੋਸ਼ਣ ਦੇ ਸ਼ਿਕਾਰ ਬੱਚਿਆਂ ਵਿੱਚੋਂ ਇੱਕ ਬੱਚਾ ਸਾਡੇ ਦੇਸ਼ ਦਾ ਹੈ। ਇਹ ਗੰਭੀਰ ਬੀਮਾਰੀ ਆਮ ਕਰਕੇ 1-4 ਸਾਲ ਦੀ ਉਮਰ ਤਕ ਦੇ ਬੱਚਿਆਂ ਵਿੱਚ ਵੇਖਣ ਨੂੰ ਮਿਲਦੀ ਹੈ। ਇਹ ਜ਼ਿਆਦਾਤਰ ਵਿਕਾਸਸ਼ੀਲ ਅਤੇ ਅਵਿਕਸਿਤ ਦੇਸ਼ਾਂ ਵਿੱਚ ਪਾਈ ਜਾਂਦੀ ਹੈ। ਸਾਡੇ ਦੇਸ਼ ਵਿਚ ਖ਼ੁਰਾਕ ਵਿੱਚ ਪ੍ਰੋਟੀਨ ਦੀ ਕਮੀ ਦੇ ਮੁੱਖ ਕਾਰਨ ਗ਼ਰੀਬੀ, ਅਨਪੜ੍ਹਤਾ, ਲਿੰਗ ਭੇਦਭਾਵ, ਕੁਦਰਤੀ ਸੰਕਟ ਜਿਵੇਂ ਭੁੱਖਮਰੀ, ਸੋਕਾ ਆਦਿ ਹਨ। ਇਨ੍ਹਾਂ ਤੋਂ ਇਲਾਵਾ ਗੁਰਦਿਆਂ ਦੀ ਬੀਮਾਰੀ, ਸ਼ਰਾਬ ਦੀ ਲਤ, ਆਂਦਰਾਂ ਵਿੱਚ ਭੋਜਨ ਜਜ਼ਬ ਹੋਣ ਦੀ ਕਿਰਿਆ ਵਿੱਚ ਖ਼ਰਾਬੀ ਕਾਰਨ ਵੀ ਹੋ ਸਕਦੇ ਹਨ। ਜਾਗਰੂਕਤਾ ਦੀ ਘਾਟ ਹੋਣ ਕਰਕੇ ਮਾਵਾਂ ਬੱਚੇ ਨੂੰ ਆਪਣਾ ਪ੍ਰੋਟੀਨ ਭਰਪੂਰ ਦੁੱਧ ਦੇਣਾ ਛੇਤੀ ਹੀ ਛੁਡਾ ਦਿੰਦੀਆਂ ਹਨ, ਜਿਸ ਕਰਕੇ ਬੱਚੇ ਵਿੱਚ ਪ੍ਰੋਟੀਨ ਦੀ ਕਮੀ ਪੈਦਾ ਹੋ ਜਾਂਦੀ ਹੈ।

**ਲੱਛਣ**

➢ ਜਲੋਧਰ ਰੋਗ (ਅਡੀਮਾ)

ਪ੍ਰੋਟੀਨ ਸਾਡੇ ਸਰੀਰ ਵਿੱਚ ਪਾਣੀ ਦਾ ਸੰਤੁਲਨ ਬਣਾਉਣ ਲਈ ਜ਼ਿੰਮੇਵਾਰ ਹੁੰਦੇ ਹਨ। ਇਨ੍ਹਾਂ ਦੀ ਕਮੀ ਕਾਰਨ ਪਾਣੀ ਖ਼ਾਸ ਕਰਕੇ ਲੱਤਾਂ, ਗਿੱਟਿਆਂ ਅਤੇ ਪੈਰਾਂ ਵਿੱਚ ਜਮ੍ਹਾਂ ਹੋਣ ਲੱਗ ਪੈਂਦਾ ਹੈ ਤੇ ਸਰੀਰ ਵਿੱਚ ਸੋਜ ਆਉਣ ਲੱਗ ਪੈਂਦੀ ਹੈ। ਕਵੇਸ਼ਰਕਰ ਦੇ ਮਰੀਜ਼ ਵਿੱਚ ਅਕਸਰ ਪੇਟ ਫੁੱਲਿਆ ਨਜ਼ਰ ਆਉਂਦਾ ਹੈ।



➢ ਮਾਸਪੇਸ਼ੀਆਂ ਵਿੱਚ ਕਮਜ਼ੋਰੀ

ਖ਼ੁਰਾਕ ਵਿੱਚ ਪ੍ਰੋਟੀਨ ਦੀ ਕਮੀ ਕਾਰਨ ਸਰੀਰ ਮਾਸਪੇਸ਼ੀਆਂ ਵਿੱਚੋਂ ਪ੍ਰੋਟੀਨ ਲੈਣ ਲੱਗ ਪੈਂਦਾ ਹੈ, ਜਿਸ ਕਰਕੇ ਮਰੀਜ਼ ਦਾ ਭਾਰ ਖਾਸਾ ਘੱਟ ਜਾਂਦਾ ਹੈ।

➢ ਹੱਡੀਆਂ ਅਤੇ ਜੋੜਾਂ ਦਾ ਦਰਦ

ਸਾਡਾ ਸਰੀਰ ਪ੍ਰੋਟੀਨ ਨੂੰ ਜੋੜਾਂ ਵਿੱਚ ਮੌਜੂਦ ਤਰਲ ਪਦਾਰਥਾਂ ਵਿੱਚ ਜਮ੍ਹਾਂ ਕਰਕੇ ਰੱਖਦਾ ਹੈ। ਸਰੀਰ ਵਿੱਚ ਪ੍ਰੋਟੀਨ ਦੀ ਕਮੀ ਹੋਣ 'ਤੇ ਜੋੜਾਂ ਵਿਚਲੇ ਪ੍ਰੋਟੀਨ ਭੰਡਾਰ ਖ਼ਤਮ ਹੋਣ ਲੱਗਦੇ ਹਨ ਤੇ ਇਸ ਕਰਕੇ ਜੋੜ ਜਾਮ ਹੋਣ ਮਗਰੋਂ ਦੁਖਣ ਲੱਗ ਪੈਂਦੇ ਹਨ। ਲੱਤਾਂ ਅਤੇ ਬਾਹਾਂ ਪਤਲੀਆਂ ਹੋ ਜਾਂਦੀਆਂ ਹਨ।

➢ ਅਨੀਮੀਆ

ਖ਼ੁਰਾਕ ਵਿੱਚ ਪ੍ਰੋਟੀਨ ਦੀ ਕਮੀ ਨਾਲ ਖ਼ੂਨ ਵਿੱਚ ਪਾਏ ਜਾਣ ਵਾਲ ਪ੍ਰੋਟੀਨ 'ਹੀਮੋਗਲੋਬਿਨ' ਦੀ ਕਮੀ ਹੋ ਜਾਂਦੀ ਹੈ, ਜਿਸ ਕਰਕੇ ਖ਼ੂਨ ਦੇ ਸੈੱਲ ਬਣਨੇ ਬੰਦ ਹੋ ਜਾਂਦੇ ਹਨ।

➢ ਵਾਲ ਝੜਨਾ

ਵਾਲਾਂ ਵਿਚਲਾ ਪ੍ਰੋਟੀਨ 'ਕੈਰੇਟਿਨ' ਭੋਜਨ ਵਿੱਚ ਪ੍ਰੋਟੀਨ ਦੀ ਕਮੀ ਕਾਰਨ ਨਹੀਂ ਬਣਦਾ ਜਿਸ ਕਰਕੇ ਵਾਲ ਬੇਹੱਦ ਪਤਲੇ, ਕਮਜ਼ੋਰ ਤੇ ਦੋ-ਮੂੰਹੇ ਹੋ ਜਾਂਦੇ ਹਨ।

➢ ਸੁਰੱਖਿਆ ਅਤੇ ਪਾਚਨ-ਤੰਤਰ ਵਿੱਚ ਕਮਜ਼ੋਰੀ

ਪ੍ਰੋਟੀਨ ਦੀ ਕਮੀ ਕਾਰਨ ਸਰੀਰ ਦੀ ਸੁਰੱਖਿਆ ਪ੍ਰਣਾਲੀ ਕਮਜ਼ੋਰ ਹੋ ਜਾਣ ਕਾਰਨ ਇਨਫੈਕਸ਼ਨ ਹੋਣ ਦਾ ਖ਼ਤਰਾ ਵਧ ਜਾਂਦਾ ਹੈ।

➢ ਦਸਤ

ਕਾਫ਼ੀ ਸਮੇਂ ਤਕ ਦਸਤ ਹੋਣ ਕਰਕੇ ਸਰੀਰ ਦਾ ਵਾਧਾ ਰੁਕ ਜਾਂਦਾ ਹੈ ਅਤੇ ਮਰੀਜ਼ ਹੱਡੀਆਂ ਦੀ ਮੁੱਠ ਬਣ ਕੇ ਰਹਿ ਜਾਂਦਾ ਹੈ।

➢ ਪ੍ਰੋਟੀਨ ਦੀ ਕਮੀ ਕਾਰਨ ਜ਼ਖ਼ਮ ਭਰਨ ਦੀ ਕਿਰਿਆ ਹੌਲੀ ਹੋ ਜਾਂਦੀ ਹੈ। ਕਵੇਸ਼ਰਕਰ ਦੇ ਮਰੀਜ਼ ਵਿੱਚ ਮਿਹਦੇ ਦਾ ਆਕਾਰ ਵੱਡਾ ਹੋ ਜਾਂਦਾ ਹੈ, ਜਿਸਨੂੰ 'ਫੈਟੀ ਲਿਵਰ' ਕਿਹਾ ਜਾਂਦਾ ਹੈ।

**ਪ੍ਰੋਟੀਨ ਦੀ ਘਾਟ ਦੇ ਲੱਛਣ**

➢ ਚਮੜੀ ਦੇ ਰੰਗ ਵਿੱਚ ਕਈ ਤਰ੍ਹਾਂ ਦੇ ਬਦਲਾਅ ਆਉਂਦੇ ਹਨ। ਗੱਲਾਂ ਉੱਤੇ ਚਿੱਟੇ ਰੰਗ ਦੇ ਦਾਗ਼ ਪੈ ਜਾਂਦੇ ਹਨ। ਪੈਰਾਂ ਅਤੇ ਹੱਥਾਂ ਦੇ ਨਹੁੰਆਂ ਉੱਤੇ ਚਿੱਟੇ ਰੰਗ ਦੀਆਂ ਲਾਈਨਾਂ ਪ੍ਰੋਟੀਨ ਦੀ ਕਮੀ ਦੇ ਲੱਛਣ ਦਰਸਾਉਂਦੀਆਂ ਹਨ।

➢ ਪ੍ਰੋਟੀਨ ਦੀ ਕਮੀ ਕਾਰਨ ਦੰਦਾਂ ਨੂੰ ਕੀੜਾ ਲੱਗਣ ਦਾ ਖ਼ਤਰਾ ਵਧ ਜਾਂਦਾ ਹੈ ਅਤੇ ਥੁੱਕ ਬਣਾਉਣ ਵਾਲੀਆਂ ਗ੍ਰੰਥੀਆਂ 'ਤੇ ਵੀ ਬੁਰਾ ਪ੍ਰਭਾਵ ਪੈਂਦਾ ਹੈ। ਮਰੀਜ਼ ਵਿੱਚ ਪ੍ਰੋਟੀਨਾਂ ਦੀ ਕਮੀ ਕਾਰਨ ਚਿੰਤਾ, ਘਬਰਾਹਟ, ਤਣਾਅ, ਇੱਛਾ-ਸ਼ਕਤੀ ਦਾ ਖ਼ਤਮ ਹੋਣਾ, ਸਿਰਦਰਦ, ਬੇਹੋਸ਼ ਹੋ ਕੇ ਡਿੱਗਣਾ, ਨੀਂਦ ਨਾ ਆਉਣਾ ਆਦਿ ਲੱਛਣ ਵੀ ਪੈਦਾ ਹੋ ਜਾਂਦੇ ਹਨ।

**ਕਿੰਜ ਕਰੀਏ ਪ੍ਰੋਟੀਨ ਦੀ ਕਮੀ ਨੂੰ ਪੂਰਾ ?**

ਪ੍ਰੋਟੀਨ ਦੀ ਕਮੀ ਨੂੰ ਸੰਤੁਲਿਤ ਖ਼ੁਰਾਕ ਲੈ ਕੇ ਪੂਰਾ ਕੀਤਾ ਜਾ ਸਕਦਾ ਹੈ। ਬੱਚਿਆਂ ਅਤੇ ਨੌਜਵਾਨਾਂ ਦੁਆਰਾ 'ਫਾਸਟ ਫੂਡ' ਦੀ ਵਾਧੂ ਵਰਤੋਂ ਮੋਟਾਪੇ ਦਾ ਕਾਰਨ ਬਣਨ ਤੋਂ ਇਲਾਵਾ ਕਈ ਹੋਰ ਬੀਮਾਰੀਆਂ ਨੂੰ ਵੀ ਸੱਦਾ ਦਿੰਦੀ ਹੈ। ਔਰਤਾਂ ਨੂੰ ਖ਼ਾਸ ਤੌਰ 'ਤੇ ਸਿਹਤ ਸਬੰਧੀ ਜਾਗਰੂਕ ਹੋਣ ਦੀ ਲੋੜ ਹੈ। ਅੱਜਕੱਲ੍ਹ ਪਤਲੇ ਹੋਣ ਦੀਆਂ ਚਾਹਵਾਨ ਔਰਤਾਂ ਰੋਟੀ-ਪਾਣੀ ਛੱਡ ਦਿੰਦੀਆਂ ਹਨ ਤੇ ਕੁਪੋਸ਼ਣ ਦਾ ਸ਼ਿਕਾਰ ਹੋ ਜਾਂਦੀਆਂ ਹਨ। ਸਾਨੂੰ ਰੋਜ਼ਾਨਾ ਖ਼ੁਰਾਕ ਵਿੱਚ ਪ੍ਰੋਟੀਨ ਨੂੰ ਸਹੀ ਮਾਤਰਾ ਵਿੱਚ ਸ਼ਾਮਲ ਕਰਨਾ ਚਾਹੀਦਾ ਹੈ ਜਿਵੇਂ ਅਨਾਜ, ਦਾਲਾਂ, ਮੂੰਗਫਲੀ, ਲੋਬੀਆ, ਸੋਇਆਬੀਨ, ਮਸਰ ਦੀ ਦਾਲ, ਦੁੱਧ, ਅੰਡੇ, ਪਨੀਰ, ਮੀਟ ਅਤੇ ਮੱਛੀ ਆਦਿ। ਦੁੱਧ ਅਤੇ ਦੁੱਧ ਤੋਂ ਬਣੇ ਪਦਾਰਥ ਜਿਵੇਂ ਪਨੀਰ ਪ੍ਰੋਟੀਨ ਭਰਪੂਰ ਹੁੰਦੇ ਹਨ ਅਤੇ ਸਰੀਰ ਦੁਆਰਾ ਆਸਾਨੀ ਨਾਲ ਹਜ਼ਮ ਹੋ ਜਾਂਦੇ ਹਨ। ਬੀਮਾਰੀ ਵਾਲੇ ਮਰੀਜ਼ਾਂ ਨੂੰ ਖ਼ਾਸ ਤੌਰ 'ਤੇ ਮਾਸਾਹਾਰੀ ਖ਼ੁਰਾਕ ਤੋਂ ਪਰਹੇਜ਼ ਕਰਨਾ ਚਾਹੀਦਾ ਹੈ। ਦਾਲਾਂ ਵਿੱਚੋਂ 'ਸੋਇਆਬੀਨ' ਪ੍ਰੋਟੀਨ ਦਾ ਸਭ ਤੋਂ ਵਧੀਆ ਸਰੋਤ ਹੈ। ਸੋਇਆਬੀਨ ਵਿੱਚ ਮੀਟ ਨਾਲੋਂ ਦੁੱਗਣਾ ਤੇ ਅੰਡਿਆਂ ਨਾਲੋਂ ਚਾਰ ਗੁਣਾਂ ਵੱਧ ਪ੍ਰੋਟੀਨ ਹੁੰਦਾ ਹੈ। ਇਸ ਵਿੱਚ ਸਾਰੇ ਜ਼ਰੂਰੀ ਵਿਟਾਮਿਨ ਹੋਣ ਦੇ ਨਾਲ ਹੀ ਕਲੈਸਟਰੋਲ ਤੇ ਕਾਰਬੋਹਾਈਡ੍ਰੇਟਸ ਬਹੁਤ ਘੱਟ ਮਾਤਰਾ ਵਿੱਚ ਹੁੰਦੇ ਹਨ ਜਿਸ ਕਰਕੇ ਸੋਇਆਬੀਨ ਦੀ ਵਰਤੋਂ ਸ਼ੂਗਰ ਦੇ ਰੋਗੀ ਵੀ ਕਰ ਸਕਦੇ ਹਨ। ਜਿਹੜੇ ਬੱਚਿਆਂ ਨੂੰ ਗਾਂ ਜਾਂ ਮੱਝ ਦੇ ਦੁੱਖ ਤੋਂ ਐਲਰਜੀ ਹੋਵੇ, ਉਹ ਸੋਇਆਬੀਨ ਦੇ ਦੁੱਧ ਦਾ ਸੇਵਨ ਕਰ ਸਕਦੇ ਹਨ।

- ਡਾ. ਗੁਰਜੀਤਪਾਲ ਕੌਰ

## ਹੱਡੀ ਹੰਢਾਇਆ ਸੱਚ

# ਰੱਬ ਦਾ ਰੂਪ ਨਹੀਂ, ਕਸਾਈ ਬਣਦਾ ਜਾ ਰਿਹਾ ਡਾਕਟਰ

ਅਕਸਰ ਹੀ ਸਿਆਣਿਆਂ ਨੂੰ ਕਹਿੰਦੇ ਸੁਣਿਆ ਹੈ ਕਿ ਡਾਕਟਰ ਰੱਬ ਦਾ ਰੂਪ ਹੁੰਦੇ ਨੇ , ਡਾਕਟਰ ਤਾਂ ਮਰੇ ਬੰਦੇ ਵਿਚ ਜਾਨ ਪਾ ਦਿੰਦੇ ਹਨ, ਸ਼ਾਇਦ ਇਹ ਸੱਚ ਹੁੰਦਾ ਹੋਵੇਗਾ। ਪਿਛਲੇ ਸਮਿਆਂ 'ਚ ਜਦੋਂ ਡਾਕਟਰ ਪੈਸੇ ਦੇ ਲਾਲਚ ਤਿਆਗਕੇ ਮਰੀਜ਼ ਦਾ ਇਲਾਜ ਆਪਣਾ ਫਰਜ਼ ਸਮਝਕੇ ਕਰਦੇ ਹੋਣਗੇ। ਪਰ ਅੱਜ ਚਾਰੇ ਪਾਸੇ ਪੈਸੇ ਦੀ ਅੰਨ੍ਹੀ ਦੌੜ ਲੱਗੀ ਹੋਈ ਹੈ। ਅੱਜ ਦਾ ਡਾਕਟਰ ਰੱਬ ਦਾ ਰੂਪ ਨਹੀਂ ਬਲਕਿ ਚੰਦ ਛਿੱਲੜਾਂ ਬਦਲੇ ਕਸਾਈ ਦਾ ਰੂਪ ਧਾਰਨ ਕਰੀ ਬੈਠਾ ਹੈ। ਕਸਾਈ ਸ਼ਬਦ ਮੈਂ ਸਿਰਫ਼ ਉਨ੍ਹਾਂ ਡਾਕਟਰਾਂ ਲਈ ਵਰਤਿਆ ਜੋ ਸਿਰਫ਼ ਮਰੀਜ਼ ਦੇ ਇਲਾਜ ਦੇ ਨਾਂਅ 'ਤੇ ਸਿਰਫ਼ ਪੈਸਾ ਹੀ ਮੁੱਖ ਰੱਖਦੇ ਹਨ ਨਾ ਕਿ ਮਰੀਜ਼ ਦੀ ਤੰਦਰੁਸਤੀ। ਪਰ ਉਨ੍ਹਾਂ ਡਾਕਟਰਾਂ ਨੂੰ ਮੇਰੀ ਕਲਮ ਸਲਾਮ ਕਰਦੀ ਹੈ ਜੋ ਮਾਨਵਤਾ ਦੀ ਸੇਵਾ ਆਪਣਾ ਫਰਜ਼ ਸਮਝਕੇ ਕਰਦੇ ਹਨ। ਹਰ ਪਾਸੇ ਤੋ ਲੋਕਾਂ ਤੋਂ ਸੁਣਿਆ ਜਾਂਦਾ ਹੈ ਕਿ ਅਸੀਂ ਬਹੁਤ ਤਰੱਕੀ ਕਰ ਲਈ ਹੈ, ਹਰ ਸ਼ਹਿਰ, ਕਸਬੇ, ਮੰਡੀਆਂ ਵਿਚ ਕਈ-ਕਈ ਮੰਜ਼ਿਲਾਂ ਦੀ ਆਲੀਸ਼ਾਨ ਇਮਾਰਤਾਂ ਉਪਰ ਵੱਡੇਵੱਡੇ ਬੋਰਡ ਫਲਾਣੀ ਬਿਮਾਰੀ ਦੇ ਮਾਹਿਰ, ਸਪੈਸ਼ਲਿਸਟ, ਹਸਪਤਾਲ ਅੰਦਰ ਏ. ਸੀ. ਰੂਮੀ, ਟੈਲੀਵਿਜ਼ਨ ਅਤੇ ਹਰ ਸੁੱਖ ਸਹੂਲਤ ਦਾ ਦਿਖਾਵਾ ਕੀਤਾ ਜਾਂਦਾ ਹੈ। ਪੈਸੇ ਵਾਲੇ ਲੋਕ ਤਾਂ ਆਪਣੀ ਛੋਟੀ-ਮੋਟੀ ਬਿਮਾਰੀ ਸਮੇਂ ਇਨ੍ਹਾਂ ਹਸਪਤਾਲਾਂ ਵਿਚ ਇੰਜ ਜਾਂਦੇ ਹਨ, ਜਿਵੇਂ ਪਿਕਨਿਕ ਮਨਾਉਣ ਆਏ ਹੋਣ, ਪਰ ਜਦ ਇਨ੍ਹਾਂ ਹਸਪਤਾਲਾਂ ਵਿਚ ਕੋਈ ਸਾਧਾਰਨ ਜਾਂ ਗਰੀਬ ਫਸ ਜਾਂਦਾ ਹੈ ਤਾਂ ਉਸਦੀ ਮੋਟੀ ਛਿੱਲ ਲਾਹੀ ਜਾਂਦੀ ਹੈ। ਸ਼ਹਿਰਾਂ ਦੇ ਨਿੱਜੀ ਹਸਪਤਾਲਾਂ ਵਿਚੋਂ ਆਮ ਵਿਅਕਤੀ ਤਾਂ ਇਲਾਜ ਕਰਵਾ ਹੀ ਨਹੀਂ ਸਕਦਾ। ਜਿੰਨੇ ਪੈਸੇ ਡਾਕਟਰ ਨੇ ਮੂੰਹੋਂ ਮੰਗ ਲਏ ਦੇਣੇ ਪੈਣਗੇ। ਉਪਰੋਂ ਹਰੇਕ ਹਸਪਤਾਲ ਵਿਚ ਖੁੱਲੀਆਂ ਦਵਾਈਆਂ ਦੀਆਂ ਦੁਕਾਨਾਂ 'ਚੋਂ ਵੀ ਡਾਕਟਰਾਂ ਨੂੰ ਮੋਟਾ ਕਮਿਸ਼ਨ ਮਿਲਦਾ ਹੈ। 10 ਰੁਪਏ ਦਵਾਈ ਦਾ ਪੱਤਾ 50 ਰੁਪਏ ਯਾਨਿ ਡਾਕਟਰ ਦੇ ਨਾਲ ਨਾਲ ਮੈਡੀਕਲ ਸਟੋਰਾਂ ਵਾਲੇ ਵੀ ਲੁੱਟ ਕਰਦੇ ਹਨ। ਇਹ ਰੱਬ ਦਾ ਰੂਪ ਸਮਝੇ ਜਾਣ ਵਾਲੇ ਡਾਕਟਰ ਤਾਂ ਕਈ ਵਾਰ ਮਰੇ ਬੰਦੇ ਨੂੰ ਵੀ ਕਈ-ਕਈ ਦਿਨ ਵੈਂਟੀਲੇਟਰ ਸ਼ੀਸ਼ੇ ਵਾਲੇ ਕੈਬਿਨ ਵਿਚ ਰੱਖਕੇ ਪੀੜ੍ਹਤ ਪਰਿਵਾਰ ਦੀ ਚੰਗੀ ਛਿੱਲ ਲਾਹੁੰਦੇ ਹਨ। ਅਨੇਕਾਂ ਵਾਰ ਡਾਕਟਰਾਂ ਦੀ ਅਣਗਹਿਲੀ ਕਾਰਨ ਮਰੇ ਵਿਅਕਤੀਆਂ ਦੇ ਪਰਿਵਾਰ ਹਸਪਤਾਲਾਂ ਅੱਗੇ ਧਰਨੇ ਲਾਉਂਦੇ ਹਨ ਡਾਕਟਰ ਦਾ ਪਿੱਟ ਸਿਆਪਾ ਕਰਦੇ ਦੇਖੇ ਹਨ। ਪਰ ਡਾਕਟਰ ਆਪਣੇ ਅਸਰ ਰਸੂਖ ਨਾਲ ਸਾਫ਼ ਬਰੀ ਹੋ ਜਾਂਦਾ ਹੈ ਕਿਉਂਕਿ ਜ਼ਿਲ੍ਹਾ ਪ੍ਰਸ਼ਾਸ਼ਨ ਦੇ ਅਧਿਕਾਰੀਆਂ ਨੂੰ ਵੀ ਐਸੇ ਡਾਕਟਰਾਂ ਦੀ ਲੋੜ ਹੁੰਦੀ ਹੈ। ਇੰਨ੍ਹਾਂ ਡਾਕਟਰਾਂ ਨੇ ਆਪਣੀ ਯੂਨੀਅਨ ਵੀ ਬਣਾਈ ਹੋਈ ਹੈ। ਵੈਸੇ ਤਾਂ ਪੰਜਾਬ ਦੇ ਹਰ ਸ਼ਹਿਰ ਵਿਚਲੇ ਵੱਡੇ-ਵੱਡੇ ਹਸਪਤਾਲ ਆਮ ਲੋਕਾਂ ਦੀ ਲੁੱਟ ਦੇ ਅੱਡੇ ਬਣੇ ਹੋਏ ਹਨ ਪਰ ਬਠਿੰਡਾ ਵਿਚ ਵੀ ਕੁਝ ਐਸੇ ਹਸਪਤਾਲ ਹਨ ਜਿਨ੍ਹਾਂ ਦੇ ਮੁੱਖੀਆਂ ਉਪਰ ਕਈ ਵਾਰ ਮਰੀਜ਼ਾਂ ਨੂੰ ਅਣਗਹਿਲੀ ਕਰਕੇ ਮਾਰਨ ਦੀਆਂ ਖ਼ਬਰਾਂ ਮੀਡੀਏ ਵਿਚ ਨਸ਼ਰ ਹੋਈਆਂ ਹਨ। ਮੈਂ ਉਨ੍ਹਾਂ ਲੋਕਾਂ ਪਾਸੋਂ ਪੁੱਛਣਾ ਚਾਹੁੰਦਾ ਹਾਂ ਜੋ ਡਾਕਟਰ ਨੂੰ ਰੱਬ ਦੀ ਉਪਾਧੀ ਦਿੰਦੇ ਹਨ ਕਿ ਡਾਕਟਰ ਤਾਂ ਮਰੀਜ਼ ਦਾ ਇਲਾਜ, ਅਪਰੇਸ਼ਨ, ਮੋਟੇ ਪੈਸੇ ਲੈ ਕੇ ਕਰਦਾ ਹੈ ਫੇਰ ਵੀ ਅਸੀਂ ਉਸਦਾ ਧੰਨਵਾਦ ਕਰਦੇ ਹਾਂ ਕਿ ਅਕਾਲ ਪੁਰਖ, ਅੱਲਾ, ਰਾਮ ਦਾ ਸ਼ੁਕਰ ਕੀਤਾ ਹੈ ਜਿਸਨੇ ਸਾਨੂੰ ਮਨੁੱਖਾ ਦੇਹੀ ਜਿਸ ਵਿਚ ਹੱਥ, ਪੈਰ, ਨੱਕ, ਕੰਨ, ਮੂੰਹ ਬਲਕਿ ਸਰੀਰ ਨੂੰ ਚਲਾਉਣ ਵਾਲਾ ਹਰੇਕ ਅੰਗ ਦੇ ਕੇ ਦੁਨੀਆਂ ਵਿਚ ਭੇਜਿਆ ਹੈ। ਸਵਾਸਥ, ਸਰੀਰ, ਮਾਨਵਤਾ ਦੀ ਸੇਵਾ ਕਰਨ ਲਈ ਹੱਥ ਪੈਰ, ਚੰਗਾ ਕਰਨ ਲਈ ਦਿਮਾਗ, ਚੰਗਾ ਸੁਣਨ ਲਈ ਕੰਨ ਅਤੇ ਚੰਗਾ ਬੋਲਣ ਲਈ ਮੂੰਹ ਦਿੱਤਾ ਹੈ। ਕੀ ਕਦੇ ਉਸ ਅਕਾਲ ਪੁਰਖ ਦਾ ਦੋ ਪਲ ਸ਼ੁਕਰੀਆ ਅਦਾ ਕੀਤਾ ਹੈ। ਜਿਸ ਨੇ ਬਿਨ੍ਹਾਂ ਪੈਸੇ, ਬਿਨ੍ਹਾਂ ਕਿਸੇ ਸਵਾਰਥ ਲਈ ਇਸ ਸੰਸਾਰ ਵਿਚ ਭੇਜਿਆ ਹੈ। ਫੇਰ ਉਸ ਡਾਕਟਰ ਦਾ ਧੰਨਵਾਦ ਜਾਂ ਡਾਕਟਰ ਰੱਬ ਦਾ ਰੂਪ ਕਿਉਂ ? ਜੋ ਸਾਡੇ ਇਲਾਜ ਦੇ ਨਾਂਅ 'ਤੇ ਅੰਨ੍ਹੀ ਲੁੱਟ ਕਰਦਾ ਹੈ।



ਹੁਣ ਮੈਂ ਆਪਣੇ ਪਾਠਕਾਂ ਨਾਲ ਰੱਬ ਦਾ ਰੂਪ ਸਮਝੇ ਜਾਣ ਵਾਲੇ ਡਾਕਟਰ ਬਾਰੇ ਆਪਣੀ ਹੱਡਬੀਤੀ ਸਾਂਝੀ ਕਰਨ ਜਾ ਰਿਹਾ ਹਾਂ। ਇਸ ਰੱਬ ਦੇ ਰੂਪ ਡਾਕਟਰ ਨੇ ਜਿੱਥੇ ਮੇਰੀ ਇਲਾਜ ਦੇ ਨਾਂਅ 'ਤੇ ਮੋਟੀ ਛਿੱਲ ਲਾਹੀ ਉਥੇ ਮੈਨੂੰ ਨਕਾਰਾ ਬਣਾ ਦਿੱਤਾ। ਘਟਨਾ 2 ਦਸੰਬਰ 2011 ਦੀ ਹੈ ਜਦੋਂ ਮੈਨੂੰ ਰਾਤ ਦੇ ਦੋ ਵਜੇ ਅਟੈਕ ਹੋ ਗਿਆ ਸੀ, ਮੈਨੂੰ ਰਾਤ ਸਮੇਂ ਬਠਿੰਡਾ ਦੇ ਇਕ ਨਿੱਜੀ ਹਸਪਤਾਲ ਵਿਚ ਦਾਖ਼ਲ ਕਰਵਾ ਦਿੱਤਾ। ਪਹਿਲਾਂ ਤਾਂ ਡਾਕਟਰ ਨੇ ਮੇਰੀ ਨਾਜ਼ੁਕ ਹਾਲਤ ਦੇਖਕੇ ਜ਼ਿੰਮੇਵਾਰੀ ਨਾ ਲਈ ਪਰ ਫੇਰ ਇਲਾਜ ਸ਼ੁਰੂ ਕਰ ਦਿੱਤਾ। ਮੈਨੂੰ ਕੋਈ ਸੁਰਤ ਨਹੀਂ ਸੀ ਮੇਰੇ ਪਰਿਵਾਰਿਕ ਮੈਂਬਰਾਂ ਦੇ ਦੱਸਣ ਮੁਤਾਬਿਕ ਮੈਨੂੰ ਐਮਰਜੈਂਸੀ ਰੂਮ ਵਿਚ ਆਈ. ਸੀ. ਯੂ. ਵਿਚ ਆਕਸੀਜਨ ਦੇ ਕੇ ਪਾਇਆ ਗਿਆ। 16 ਘੰਟਿਆਂ ਬਾਅਦ ਮੈਨੂੰ ਹੋਸ਼ ਆਵੁਣੀ ਸ਼ੁਰੂ ਹੋਈ ਤਾਂ ਮੇਰੇ ਮੋਢੇ ਤੋਂ ਪੀੜ੍ਹਾਂ ਸ਼ੁਰੂ ਹੋ ਗਈਆਂ। ਬਠਿੰਡਾ ਦੇ ਹੀ ਗੁਰਦੇਵ ਹੱਡੀਆਂ ਦੇ ਮਾਹਿਰ ਡਾਕਟਰ ਨੂੰ ਦਿਖਾਇਆ ਤਾਂ ਉਸਨੇ ਮੇਰਾ ਮੋਢਾ ਟੋਹਕੇ ਕਿਹਾ ਕਿ ਮੋਢੇ ਦੀ ਹੱਡੀ ਟੁੱਟਕੇ ਅੰਦਰ ਧਸ ਗਈ ਹੈ। ਅਪਰੇਸ਼ਨ ਹੋਵੇਗਾ। ਪਰ ਇਸ ਦਾ ਦਿਲ ਦੀ ਬਿਮਾਰੀ ਦਾ ਇਲਾਜ ਚੱਲ ਰਿਹਾ ਹੈ ਪਹਿਲਾਂ ਉਧਰੋਂ ਇਲਾਜ ਕਰਵਾਓ। 4 ਦਸੰਬਰ ਨੂੰ ਮੈਨੂੰ ਦਿਲ ਦੀਆਂ ਬਿਮਾਰੀਆਂ ਦੇ ਮਾਹਿਰ ਡਾਕਟਰ ਨੇ ਛੁੱਟੀ ਦੇ ਦਿੱਤੀ ਤਾਂ ਬਠਿੰਡਾ ਦੇ ਗਣੇਸ਼ਾ ਬਸਤੀ ਨੇੜਲੇ ਗੁਰਦੇਵ ਹੱਡੀਆਂ ਅਤੇ ਜੋੜਾਂ ਦੇ ਹਸਪਤਾਲ ਵਿਚ ਦਾਖ਼ਲ ਕਰਵਾ ਦਿੱਤਾ। ਕਿਉਂਕਿ ਡਾਕਟਰ ਨੂੰ ਪਤਾ ਸੀ ਕਿ ਮਰੀਜ਼ ਪੱਤਰਕਾਰ ਹੈ ਉਸਨੇ ਆਨਾ ਕਾਨੀ ਕਰਨੀ ਸ਼ੁਰੂ ਕਰ ਦਿੱਤੀ। ਮੇਰੀ ਮਾਤਾ ਅਤੇ ਮੇਰੀ ਪਤਨੀ ਨੇ ਡਾਕਟਰ ਅੱਗੇ ਤਰਲੇ ਕੀਤੇ ਤਾਂ ਡਾਕਟਰ ਅਪਰੇਸ਼ਨ ਲਈ ਮੰਨ ਗਿਆ। ਡਾਕਟਰ ਨੇ ਆਪਣੇ ਕਮਰੇ ਜਿੱਥੇ ਮਰੀਜ਼ਾਂ ਦੀ ਜਾਂਚ ਕਰਦਾ ਸੀ ਵਿਚ ਗੁਰਬਾਣੀ ਦੇ ਪਵਿੱਤਰ ਵਾਕ ਅਤੇ ਗੁਰੂ ਸਾਹਿਬਾਨਾਂ ਦੀਆਂ ਵੱਡ ਅਕਾਰੀ ਤਸਵੀਰਾਂ ਲਾ ਰੱਖੀਆਂ ਸਨ ਤਾਂ ਕਿ ਮਰੀਜ਼ ਨੂੰ ਪਹਿਲੀ ਨਜ਼ਰੇ ਪਤਾ ਲੱਗ ਸਕੇ ਕਿ ਡਾਕਟਰ ਧਾਰਮਿਕ ਬਿਰਤੀ ਵਾਲਾ ਗੁਰਸਿੱਖ ਬੰਦਾ ਹੈ। ਉਸ ਦਿਨ ਮੇਰੇ ਮੋਢੇ ਦਾ ਚਾਰ ਘੰਟਿਆਂ ਦੀ ਜੱਦੋ ਜਹਿਦ ਬਾਅਦ ਅਪਰੇਸ਼ਨ ਹੋ ਗਿਆ। ਮੈਂ ਆਪਣੀ ਪਹਿਲੀ ਬਿਮਾਰੀ ਕਰਕੇ ਅਤੇ ਅਪਰੇਸ਼ਨ ਦੌਰਾਨ ਲੱਗੀਆਂ ਬੇਹੋਸ਼ੀ ਦੀਆਂ ਦਵਾਈਆਂ ਕਾਰਨ ਜਦੋਂ ਦੂਜੇ ਦਿਨ ਕੁਝ ਹੋਸ਼ ਵਿਚ ਆਇਆ ਤਾਂ ਮੈਂ ਮੇਰੀ ਧਰਮਪਤਨੀ ਕੁਲਦੀਪ ਕੌਰ ਨੂੰ ਕਿਹਾ ਕਿ ਭਾਈ ਘਨੱਈਆ ਸਕੀਮ ਤਹਿਤ ਮੇਰਾ ਬੀਮਾ ਹੋਇਆ ਹੈ ਕੀ ਤੁਸੀਂ ਡਾਕਟਰ ਨੂੰ ਮੇਰਾ ਬੀਮਾ ਕਾਰਡ ਦਿਖਾ ਦਿੱਤਾ ਤਾਂ ਮੇਰੀ ਪਤਨੀ ਅਤੇ ਮੇਰੀ ਬੀਬੀ ਜੀ ਨੇ ਕਿਹਾ ਕਿ ਅਸੀਂ ਤਾਂ ਡਰਦੇ ਮਾਰਿਆ ਨੇ ਡਾਕਟਰ ਨੂੰ ਤੇਰੇ ਬੀਮੇ ਬਾਰੇ ਨਹੀਂ ਦੱਸਿਆ ਕਿ ਡਾਕਟਰ ਕਿਤੇ ਤੇਰੇ ਅਪਰੇਸ਼ਨ ਤੋਂ ਹੀ ਜਵਾਬ ਨਾ ਦੇ ਦੇਵੇ ਜਾਂ ਕਿਤੇ ਇਲਾਜ ਹੀ ਸਹੀ ਢੰਗ ਨਾਲ ਨਾ ਕਰੇ। ਇਸ ਲਈ ਨਹੀਂ ਦੱਸਿਆ। ਮੈਂ ਕਿਹਾ ਕਿ ਮੇਰੇ ਬੀਮੇ ਕਾਰਨ ਡਾਕਟਰ ਦਾ ਕੋਈ ਨੁਕਸਾਨ ਨਹੀਂ ਹੋਣਾ ਸੀ ਸਗੋਂ ਡਾਕਟਰ ਨੂੰ ਤਾਂ ਅਪਰੇਸ਼ਨ ਅਤੇ ਮੇਰੇ ਇਲਾਜ ਕਰਨ ਦੇ ਬੀਮਾ ਕੰਪਨੀ ਤੋਂ ਪੈਸੇ ਮਿਲ ਜਾਣੇ ਸਨ। ਸੋ ਮੈਂ ਬੀਮੇ ਸੰਬੰਧੀ ਡਾਕਟਰ ਗੁਰਦੇਵ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਹਾਕਿ ਤੁਸੀਂ ਆਪਣਾ ਬੀਮਾ ਕਾਰਡ, ਵੋਟ ਕਾਰਡ ਮੈਨੂੰ ਦਿਓ ਮੈਂ ਬੀਮਾ ਕੰਪਨੀ ਨੂੰ ਲਿਖਕੇ ਭੇਜ ਦਿੰਦਾ ਹਾਂ। ਮੈਂ ਆਪਣੇ ਸਾਰੇ ਕਾਗਜ਼ ਡਾਕਟਰ ਨੂੰ ਫੜਾ ਦਿੱਤੇ। ਡਾਕਟਰ ਦੇ ਕੰਪਾਊਡਰ ਗੁਰਮੇਲ ਸਿੰਘ ਜਿਸਨੂੰ ਮੈਂ ਆਪਣਾ ਵਧੀਆ ਦੋਸਤ ਮੰਨਦਾ ਸੀ ਨੇ ਬੀਮਾ ਕੰਪਨੀ ਨੂੰ ਈਮੇਲ ਕਰ ਦਿੱਤੀ। ਦੂਜੇ-ਤੀਜੇ ਦਿਨ ਬੀਮਾ ਕੰਪਨੀ ਤੋਂ ਇਕ ਮੁਲਾਜ਼ਮ ਆਇਆ ਤਾਂ ਉਸਨੇ ਮੇਰੇ ਅਪਰੇਸ਼ਨ ਵਾਲੇ ਮੋਢੇ ਤੋਂ ਪੱਟੀਆਂ ਲਹਾਕੇ ਫੋਟੋ ਅਤੇ ਪੂਰੀ ਜਾਂਚ ਪੜ੍ਹਤਾਲ ਕਰਨ ਉਪਰੰਤ ਮੈਥੋਂ ਇਕ ਫ਼ਾਰਮ ਤੇ ਦਸਤਖਤ ਕਰਵਾਕੇ ਡਾਕਟਰ ਨੂੰ ਫਾਰਮ ਫੜਾ ਦਿੱਤਾ ਕਿ ਜਲਦੀ ਇਲਾਜ ਦੀ ਸਾਰੀ ਫ਼ਾਇਲ ਬਣਾਕੇ ਸਾਡੀ ਕੰਪਨੀ ਨੂੰ ਭੇਜੀ ਜਾਵੇ। ਪਰ ਮੈਨੂੰ ਬਾਅਦ ਵਿਚ ਪਤਾ ਚੱਲਿਆ ਕਿ ਡਾਕਟਰ ਨੇ ਮੇਰੇ ਪਰਿਵਾਰ ਤੋਂ ਮੈਨੂੰ ਛੁੱਟੀ ਦੇਣ ਤੱਕ ਹਜ਼ਾਰਾਂ ਰੁਪਏ ਲੈ ਲਏ ਹਨ। ਮੈਂ ਡਾਕਟਰ ਨਾਲ ਇਸ ਸਬੰਧੀ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਾ ਕਿ ਤੇਰੀ ਬੀਮਾ ਕੰਪਨੀ ਨੂੰ ਫਾਇਲ ਭੇਜ ਦਿੱਤੀ ਹੈ, ਬੀਮਾ ਮਿਲਣ ਤੱਕ ਕਈ ਦਿਨ ਜਾਂ ਮਹੀਨੇ ਵੀ ਲੱਗ ਸਕਦੇ ਹਨ। ਮੈਨੂੰ ਛੁੱਟੀ ਮਿਲਣ ਤੋਂ ਬਾਅਦ ਵੀ ਮੇਰੇ ਮੋਢੇ ਉਪਰ ਹਰ ਹਫ਼ਤੇ ਪੱਟੀ ਬਦਲੀ ਜਾਂਦੀ ਮੈਂ ਹਰ ਵਾਰ ਡਾਕਟਰ ਤੋਂ ਆਪਣੇ ਬੀਮੇ ਦੇ ਪੈਸੇ ਬਾਰੇ ਪੁੱਛਦਾ ਤਾਂ ਦੋ-ਤਿੰਨ ਮਹੀਨਿਆਂ ਬਾਅਦ ਡਾਕਟਰ ਕਹਿਣ ਲੱਗਿਆ ਤੂੰ ਪੱਤਰਕਾਰ ਏ ਬੀਮਾ ਕੰਪਨੀ 'ਤੇ ਕੇਸ ਕਰ ਦੇ, ਮੈਂ ਬੀਮਾ ਕੰਪਨੀ ਤੋਂ ਜਦ ਤਿੰਨ ਕੁ ਮਹੀਨਿਆਂ ਬਾਅਦ ਆਪਣੇ ਬੀਮੇ ਬਾਰੇ ਪਤਾ ਕੀਤਾ ਤਾਂ ਉਨ੍ਹਾਂ ਕਿਹਾ ਕਿ ਸਾਡੇ ਕੋਲ ਅਜੇ ਤੱਕ ਤੇਰੇ ਬੀਮੇ ਦੀ ਡਾਕਟਰ ਨੇ ਫਾਇਲ ਹੀ ਨਹੀਂ ਭੇਜੀ। ਮੈਂ ਜਦ ਡਾਕਟਰ ਦੇ ਸਹਾਇਕ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਤੇਰੀ ਫਾਇਲ ਗੁੰਮ ਹੋ ਗਈ ਹੈ, ਉਹ ਮੈਨੂੰ ਫਾਇਲ ਲੱਭਣ ਕੇ ਕਈ ਮਹੀਨੇ ਲਾਰੇ ਲਾਉਂਦਾ ਰਿਹਾ। ਅਖ਼ੀਰ ਫਾਇਲ ਗੁੰਮ ਹੋਣ ਬਾਰੇ ਮੈਂ ਡਾਕਟਰ ਨੂੰ ਦੱਸ ਦਿੱਤਾ ਤਾਂ ਉਨ੍ਹਾਂ ਕਿਹਾ ਕਿ ਛੱਡ ਯਾਰ ਬੀਮੇ ਦੀ ਗੱਲ, ਬੀਮਾ ਕੰਪਨੀ ਨੇ ਕਿਹੜਾ ਤੈਨੂੰ ਕੁਝ ਦੇਣਾ ਸੀ। ਉਨ੍ਹਾਂ ਅਪਰੇਸ਼ਨ ਅਤੇ ਦਵਾਈਆਂ, ਐਕਸਰੇ, ਪੱਟੀਆਂ ਦੇ ਨਾਂਅ 'ਤੇ ਮੇਰੀ ਪੂਰੀ ਲੁੱਟ ਕੀਤੀ। ਮੇਰੇ ਚਾਚਾ ਜੀ ਜੋ ਡਾਕਟਰ ਦਾ ਚੰਗਾ ਦੋਸਤ ਸੀ, ਉਸਨੇ ਹੀ ਮੈਨੂੰ ਹਸਪਤਾਲ ਵਿਚ ਦਾਖ਼ਲ ਕਰਵਾਇਆ ਸੀ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਡਾਕਟਰ ਨਾਲ 20-25 ਸਾਲਾਂ ਦੀ ਬਣੀ ਹੈ, ਛੱਡ ਪਰੇ ਬੀਮੇ ਬਾਰੇ ਮੇਰਾ ਡਾਕਟਰ ਨਾਲ ਫ਼ਰਕ ਪੈ ਜਾਵੇਗਾ। ਪਰ ਮੈਂ ਚੁੱਪ ਕਰਕੇ ਬੈਠਣ ਵਾਲਾ ਨਹੀਂ ਸੀ। ਇਹ ਗੱਲ ਸਾਫ਼ ਹੋ ਗਈ ਸੀ ਕਿ ਡਾਕਟਰ ਨੇ ਹੀ ਬੇਈਮਾਨੀ ਕਰਕੇ ਮੇਰੀ ਫਾਇਲ ਉਪਰ ਭੇਜੀ ਹੀ ਨਹੀਂ ਸੀ। ਕਿਉਂਕਿ ਉਸ ਨੇ ਸਾਡੇ ਕੋਲੋਂ ਅਪਰੇਸ਼ਨ ਦੇ ਨਾਂਅ 'ਤੇ ਹਜ਼ਾਰਾਂ ਰੁਪਏ ਲੈ ਲਏ ਸਨ। ਮੈਂ ਆਪਣੇ ਪੱਤਰਕਾਰ ਦੋਸਤਾਂਤੱਕ ਇਹ ਮਾਮਲਾ ਡਾਕਟਰ ਤੱਕ ਪਹੁੰਚਾਇਆ ਪਰ ਉਸ ਨੇ ਕਿਹਾ ਕਿ ਮੈਂ ਫਾਇਲ ਉਪਰ ਭੇਜੀ ਹੈ। ਮੈਂ ਕੁਝ ਨਹੀਂ ਕਰ ਸਕਦਾ। ਪਰ ਹੌਲੀ-ਹੌਲੀ ਜਦ ਪੱਤਰਕਾਰਾਂ ਦਾ ਡਾਕਟਰ ਉਪਰ ਦਬਾਅ ਪੈ ਗਿਆ ਤਾਂ ਉਸ ਨੇ ਕਿਹਾ ਕਿ ਫਾਇਲ ਗੁੰਮ ਹੋ ਗਈ ਹੈ ਮੈਂ ਕੁਝ ਨਹੀਂ ਕਰ ਸਕਦਾ। ਡਾਕਟਰ ਨੇ ਫੇਰ ਮੇਰੇ ਚਾਚਾ ਕਿੱਕਰ ਸਿੰਘ ਜੋ ਇਸ ਘਟਨਾ ਤੋਂ ਤਿੰਨ ਸਾਲ ਬਾਅਦ 25 ਦਸੰਬਰ 2013 ਨੂੰ ਕਿਸੇ ਬਿਮਾਰੀ ਕਾਰਨ ਮੌਤ ਦੇ ਮੂੰਹ ਜਾ ਪਿਆ ਨੇ ਮੇਰੇ ਉਪਰ ਦਬਾਅ ਪਵਾਇਆ ਕਿ ਤੂੰ ਡਾਕਟਰ ਖਿਲਾਫ਼ ਕੋਈ ਕਾਰਵਾਈ ਨਾ ਕਰ, ਨਹੀਂ ਤਾਂ ਆਪਣਾ ਕੋਈ ਰਿਸ਼ਤਾ ਨਹੀਂ, ਏਥੋਂ ਤੱਕ ਕਿ ਡਾਕਟਰ ਨੇ ਮੇਰੇ ਰਿਸ਼ਤੇਦਾਰਾਂ ਰਾਂਹੀ ਵੀ ਕੋਈ ਕਾਰਵਾਈ ਨਾ ਕਰਨ ਲਈ ਮੇਰੇ ਉਪਰ ਦਬਾਅ ਪਵਾਇਆ। ਜਦੋਂ ਮੇਰੀ ਬੀਬੀ ਜੀ ਨੂੰ ਇਸ ਬਾਰੇ ਮੇਰੇ ਚਾਚਾ ਜੀ ਨੇ ਦੱਸਿਆ ਤਾਂ ਮੇਰੀ ਬੀਬੀ ਜੀ ਕਹਿਣ ਲੱਗੀ ਕਿ ਤੂੰ ਬਚ ਗਿਆ। ਪੈਸਾ ਬੰਦੇ ਤੋਂ ਵੱਡਾ ਨਹੀਂ ਹੁੰਦਾ। ਜੇਕਰ ਤੈਨੂੰ ਕੁਝ ਹੋ ਜਾਂਦਾ ਫੇਰ ਕੀ ਅਸੀਂ ਕਰ ਲੈਂਦੇ। ਡਾਕਟਰਾਂ ਤੱਕ ਕਦੇ ਵੀ ਕੋਈ ਕੰਮ ਪੈ ਸਕਦਾ ਹੈ। ਤੂੰ ਡਾਕਟਰ ਉਪਰ ਕੋਈ ਕਾਰਵਾਈ ਨਹੀਂ ਕਰਨੀ। ਮੇਰੀ ਧਰਮਪਤਨੀ ਕੁਲਦੀਪ ਕੌਰ ਨੇ ਵੀ ਕਿਹਾ ਕਿ ਡਾਕਟਰ ਉਪਰ ਕੋਈ ਕਾਰਵਾਈ ਨਹੀਂ ਕਰਨੀ ਤੂੰ ਸਹੀ ਸਲਾਮਤ ਏਂ, ਪੈਸੇ ਦਾ ਕੀ ਏ, ਬਥੇਰਾ ਆਈ ਜਾਈ ਜਾ ਰਿਹਾ ਹੈ।



ਕਸਾਈ ਸ਼ਬਦ ਮੈਂ ਸਿਰਫ਼ ਉਨ੍ਹਾਂ ਡਾਕਟਰਾਂ ਲਈ ਵਰਤਿਆ ਜੋ ਸਿਰਫ਼ ਮਰੀਜ਼ ਦੇ ਇਲਾਜ ਦੇ ਨਾਂਅ 'ਤੇ ਸਿਰਫ਼ ਪੈਸਾ ਹੀ ਮੁੱਖ ਰੱਖਦੇ ਹਨ ਨਾ ਕਿ ਮਰੀਜ਼ ਦੀ ਤੰਦਰੁਸਤੀ। ਪਰ ਉਨ੍ਹਾਂ ਡਾਕਟਰਾਂ ਨੂੰ ਮੇਰੀ ਕਲਮ ਸਲਾਮ ਕਰਦੀ ਹੈ ਜੋ ਮਾਨਵਤਾ ਦੀ ਸੇਵਾ ਆਪਣਾ ਫਰਜ਼ ਸਮਝਕੇ ਕਰਦੇ ਹਨ।

ਪਰ ਮੈਨੂੰ ਡਾਕਟਰ ਉਪਰ ਇਸ ਗੱਲ ਦਾ ਗਿਲਾ ਸੀ ਕਿ ਡਾਕਟਰ ਨੇ ਆਪਣੇ ਫਰਜ਼ ਤੋਂ ਕੋਤਾਹੀ ਵਰਤੀ ਹੈ। ਮੇਰੇ ਪਰਿਵਾਰ ਨੇ ਮੇਰੇ ਇਲਾਜ ਲਈ ਕਰਜ਼ਾ ਚੁੱਕ ਕੇ ਡਾਕਟਰ ਨੂੰ ਦਿੱਤਾ ਹੈ। ਡਾਕਟਰ ਉਪਰ ਅਗਲੀ ਕਾਰਵਾਈ ਲਈ ਮੈਂ ਆਪਣੇ ਪੱਤਰਕਾਰ ਦੋਸਤਾਂ ਨਾਲ ਮਿਲਕੇ ਬਠਿੰਡਾ ਦੇ ਐਸ. ਐਸ. ਪੀ. ਅੱਗੇ ਪੇਸ਼ ਹੋ ਗਿਆ ਤਾਂ ਉਸ ਨੇ ਥਾਣਾ ਕੋਤਵਾਲੀ ਇੰਚਾਰਜ ਨੂੰ ਮਾਮਲੇ ਦੀ ਜਾਂਚ ਲਈ ਲਿਖ ਦਿੱਤਾ। ਥਾਣਾ ਮੁੱਖੀ ਨੇ ਮੈਨੂੰ ਮਹੀਨੇ ਬਾਅਦ ਸੱਦਿਆ ਤਾਂ ਕਿਹਾ ਕਿ ਅਸੀਂ ਇਸ ਮਾਮਲੇ 'ਚ ਕੁਝ ਨਹੀਂ ਕਰ ਸਕਦੇ। ਕਿਉਂਕਿ ਤੇਰੀ ਸਾਰੀ ਫਾਇਲ ਡਾਕਟਰ ਕੋਲ ਹੈ, ਤੇਰੇ ਕੋਲ ਕੋਈ ਸਬੂਤ ਨਹੀਂ। ਥਾਣਾ ਮੁੱਖੀ ਨੇ ਡਾਕਟਰ ਨੂੰ ਥਾਣੇ ਸੱਦਿਆ ਤਾਂ ਡਾਕਟਰ ਨੇ ਮਾਮਲਾ ਨਿਬੇੜਨ ਲਈ ਮੇਰੇ ਚਾਚੇ ਉਪਰ ਦਬਾਅ ਪਾਇਆ ਅਤੇ ਬਚਣ ਲਈ ਮੇਰੇ ਅਪਰੇਸ਼ਨ ਅਤੇ ਹੋਰ ਖਰਚੇ ਦੀ ਝੂਠੀ ਰਸੀਦ ਪੇਸ਼ ਕਰ ਦਿੱਤੀ, ਜਿਸ ਵਿਚ ਉਸ ਨੇ ਸਿਰਫ਼ ਸੋਲਾਂ ਹਜ਼ਾਰ ਦੀ ਰਸੀਦ ਦਿੱਤੀ ਹੈ। ਜਦੋਂਕਿ ਡਾਕਟਰ ਨੇ ਮੇਰੇ ਪਰਿਵਾਰ ਤੋਂ ਛੁੱਟੀ ਵਾਲੇ ਦਿਨ ਚਾਲੀ ਹਜ਼ਾਰ ਦੇ ਕਰੀਬ ਨਕਦ ਲਿਆ ਸੀ, ਦਵਾਈਆਂ ਦਾ ਖਰਚਾ ਵੱਖਰਾ, ਇਸ ਤੋਂ ਬਾਅਦ ਤਿੰਨ ਮਹੀਨੇ ਹਸਪਤਾਲ ਵਿਚ ਪੱਟੀ ਅਤੇ ਹੋਰ ਖਰਚੇ ਵੱਖਰੇ। ਚਲੋ ਮੇਰੇ ਮੋਢੇ ਦਾ ਅਪਰੇਸ਼ਨ ਠੀਕ ਹੋ ਜਾਂਦਾ ਤਾਂ ਮੈਂ ਇਹ ਸਭ ਭੁੱਲਜਾਂਦਾ ਪਰ ਡਾਕਟਰ ਨੇ ਮੇਰਾ ਸੱਜਾ ਮੋਢਾ ਨਕਾਰਾ ਕਰ ਦਿੱਤਾ ਹੈ। ਮੇਰਾ ਅਪਰੇਸ਼ਨ ਸਹੀ ਨਾ ਹੋਣ ਕਰਕੇ ਹੁਣ ਲੋਹੜੇ ਦੀ ਪੈ ਰਹੀ ਠੰਡ ਕਰਕੇ ਪੂਰੀ ਬਾਂਹ ਦਰਦ ਕਰਦੀ ਹੈ। ਮੈਂ ਕਿਸੇ ਹੋਰ ਡਾਕਟਰ ਨੂੰ ਅਪਰੇਸ਼ਨ ਵਾਲਾ ਮੋਢਾ ਦਿਖਾਇਆ ਤਾਂ ਉਨ੍ਹਾਂ ਕਿਹਾ ਕਿ ਅਪਰੇਸ਼ਨ ਸਹੀ ਨਹੀਂ ਹੋਇਆ। ਮੋਢੇ ਵਿਚ ਅਪਰੇਸ਼ਨ ਦੌਰਾਨ ਪਏ ਸਕਰਿਊ ਕੱਢਣੇ ਪੈਣੇ ਨੇ, ਪਰ ਫੇਰ ਵੀ ਬਾਂਹ ਠੀਕ ਹੋਵੇ ਇਸ ਦੀ ਕੋਈ ਗਾਰੰਟੀ ਨਹੀਂ। ਮੈਂ ਤਿੰਨ ਸਾਲ ਪਹਿਲਾਂ ਮੋਢੇ ਦੇ ਅਪਰੇਸ਼ਨ ਉਪਰ ਲੱਗੇ ਪੈਸੇ ਵੀ ਨਹੀਂ ਮੋੜ ਸਕਿਆ। ਉਪਰੋਂ ਹੋਰ ਖਰਚਾ ਖੜਾ ਹੈ। ਪੁਲਿਸ ਪ੍ਰਸ਼ਾਸ਼ਨ ਨੇ ਡਾਕਟਰ ਉਪਰ ਕੋਈ ਕਾਰਵਾਈ ਨਹੀਂ ਕੀਤੀ। 25 ਦਸੰਬਰ ਨੂੰ ਮੇਰੇ ਚਾਚਾ ਜੀ ਦੀ ਵੀ ਮੌਤ ਹੋ ਗਈ ਹੈ। ਜੇਕਰ ਮੈਨੂੰ ਬੀਮਾ ਕੰਪਨੀ ਵੱਲੋਂ ਮੇਰੇ ਅਪਰੇਸ਼ਨ ਉੱਪਰ ਲੱਗਿਆ ਪੈਸਾ ਮਿਲ ਜਾਂਦਾ ਤਾਂ ਡਾਕਟਰ ਨੂੰ ਕੀ ਨੁਕਸਾਨ ਸੀ।

ਮੈਂ ਹੁਣ ਡਾਕਟਰ ਨੂੰ ਰੱਬ ਦਾ ਰੂਪ ਨਹੀਂ ਬਲਕਿ ਕਸਾਈ ਦਾ ਦਰਜਾ ਦਿੰਦਾ ਹਾਂ ਜੋ ਮਰੀਜ਼ ਨੂੰ ਜੀਵਨ ਦੇਣ ਦੀ ਥਾਂ ਸਰੀਰਕ ਪੱਖੋਂ ਆਪਣੇ ਸਵਾਰਥ ਲਈ ਨਕਾਰਾ ਬਣਾ ਰਿਹਾ ਹੈ। ਐਸੇ ਡਾਕਟਰ ਵੀ ਹਨ ਜੋ ਆਪਣੇ ਫਰਜ਼ ਪ੍ਰਤੀ ਇਮਾਨਦਾਰ ਹਨ। ਡਾਕਟਰ ਗੁਰਦੇਵ ਸਿੰਘ ਜੋ ਇਕ ਗੁਰਸਿੱਖ ਆਪਣੇ ਆਫ਼ਿਸ ਵਿਚ ਗੁਰੂ ਸਾਹਿਬਾਨਾਂ ਦੀਆਂ ਵੱਡ ਅਕਾਰੀ ਤਸਵੀਰਾਂ ਲਗਾਕੇ ਧਰਮ ਦੀ ਆੜ ਹੇਠ ਮਰੀਜ਼ਾਂ ਦੀ ਲੁੱਟ ਕਰ ਰਿਹਾ ਹੈ। ਐਸੇ ਡਾਕਟਰ ਖਿਲਾਫ਼ ਪੁਲਿਸ ਪ੍ਰਸ਼ਾਸ਼ਨ ਵੱਲੋਂ ਕਾਰਵਾਈ ਨਾ ਕਰਨਾ ਵੀ ਪੁਲਿਸ ਪ੍ਰਸ਼ਾਸ਼ਨ ਅੱਗੇ ਵੀ ਪ੍ਰਸ਼ਨ ਚਿੰਨ੍ਹ ਲੱਗਦਾ ਹੈ। ਮੈਂ ਡਾਕਟਰ ਸਾਹਿਬਾਨ ਨੂੰ ਬੇਨਤੀ ਕਰਦਾ ਹਾਂ ਕਿ ਤੁਹਾਡੇ ਵੀ ਬੱਚੇ ਹੋਣਗੇ, ਜੋ ਤੁਸੀਂ ਮਰੀਜ਼ਾਂ ਤੋਂ ਆਪਣੇ ਫਰਜ਼ ਤੋਂ ਕੋਤਾਹੀ ਕਰਕੇ ਮੋਟਾ ਪੈਸਾ ਲੈ ਕੇ ਉਨ੍ਹਾਂ ਦੀ ਲੁੱਟ ਕਰਦੇ ਹੋ, ਇਹ ਤੁਹਾਡੇ ਬੱਚਿਆਂ ਲਈ ਜ਼ਹਿਰ ਹੈ। ਠੀਕ ਹੈ ਤੁਸੀਂ ਡਾਕਟਰੀ ਪੇਸ਼ੇ ਲਈ ਚੰਗੀ ਪੜ੍ਹਾਈ, ਕੋਰਸ ਉਪਰ ਲੱਖਾਂ ਲਾਏ ਹਨ, ਹਸਪਤਾਲਾਂ ਦੇ ਵੀ ਖਰਚੇ ਹਨ ਪਰ ਕੀ ਕਦੇ ਸੋਚਿਆ ਕਿ ਕਿਸੇ ਗਰੀਬ ਜਾਂ ਕਿਸੇ ਬੇਸਹਾਰਾ ਤੋਂ ਇਲਾਜ ਦੇ ਨਾਂਅ ਹੇਠ ਮੋਟੀ ਕਮਾਈ ਕਰ ਰਹੇ ਹੋ, ਇਸ ਕਮਾਈ ਨਾਲ ਤੁਸੀਂ ਆਪਣੇ ਬੱਚਿਆਂ ਨੂੰ ਚੰਗੀ ਪੜ੍ਹਾਈ ਜਾਂ ਕੋਰਸ ਨਹੀਂ ਕਰ ਰਹੇ ਹੋ, ਇਸ ਕਮਾਈ ਨਾਲ ਤੁਸੀਂ ਆਪਣੇ ਬੱਚਿਆਂ ਨੂੰ ਚੰਗੀ ਪੜ੍ਹਾਈ ਜਾਂ ਕੋਰਸ ਨਹੀਂ ਕਰਵਾ ਸਕਦੇ, ਗਰੀਬਾਂ ਦੀ ਰੱਤ ਚੂਸਣਾ ਜ਼ਹਿਰ ਸਾਮਾਨ ਹੈ। ਲੋਕ ਤੁਹਾਨੂੰ ਰੱਬ ਦਾ ਰੂਪ ਸਮਝਦੇ ਹਨ ਤਾਂ ਉਨ੍ਹਾਂ ਦੀਆਂ ਭਾਵਨਾਵਾਂ ਦੀ ਕਦਰ ਕਰਕੇ ਆਪਣਾ ਫਰਜ਼ ਇਮਾਨਦਾਰੀ ਨਾਲ ਨਿਭਾਓ।

**ਵੇਰਵਾ : ਗੁਰਨੈਬ ਸਾਜਨ ਦਿਓਣ**

# ਦੇਸ਼ ਨੂੰ ਨਖ਼ਰੇਬਾਜ਼ ਤੇ ਡਰਾਮੇਬਾਜ਼ ਨਹੀਂ, ਸਗੋਂ ਜ਼ਿੰਮੇਦਾਰ ਵਿਰੋਧੀ ਧਿਰ ਦੀ ਲੋੜ: ਮੋਦੀ

## ਪ੍ਰਧਾਨ ਮੰਤਰੀ ਦੇ ਦੇਸ਼ ਦੇ ਨਾਂ ਸੰਦੇਸ਼ 'ਚ ਕੁੱਝ ਨਵਾਂ ਨਹੀਂ, ਸਿਰਫ਼ ਭਟਕਾਉਣ ਵਾਲੀਆਂ ਗੱਲਾਂ: ਕਾਂਗਰਸ

**ਨਵੀਂ ਦਿੱਲੀ, 25 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅੱਜ ਕਿਹਾ ਕਿ ਦੇਸ਼ ਦੇ ਲੋਕ ਵਿਰੋਧੀ ਧਿਰ ਤੋਂ ਸੰਸਦ ਦੀ ਮਰਿਆਦਾ ਨੂੰ ਬਰਕਰਾਰ ਰੱਖਣ ਦੀ ਆਸ ਰੱਖਦੇ ਹਨ ਨਾ ਕਿ 'ਨਖ਼ਰੇਬਾਜ਼, ਡਰਾਮੇਬਾਜ਼ੀ, ਨਾਅਰੇਬਾਜ਼ੀ ਅਤੇ ਵਿਘਨ' ਦੀ। ਉਨ੍ਹਾਂ ਕਿਹਾ ਕਿ ਦੇਸ਼ ਨੂੰ ਚੰਗੇ ਅਤੇ ਜ਼ਿੰਮੇਦਾਰ ਵਿਰੋਧੀ ਧਿਰ ਦੀ ਲੋੜ ਹੈ। 18ਵੀਂ ਲੋਕ ਸਭਾ ਦੇ ਪਹਿਲੇ ਸੈਸ਼ਨ ਦੇ ਪਹਿਲੇ ਦਿਨ ਮੀਡੀਆ ਨੂੰ ਸੰਬੋਧਿਤ ਕਰਦੇ ਹੋਏ ਸ੍ਰੀ ਮੋਦੀ ਨੇ ਸਾਰੇ ਨਵੇਂ ਚੁਣੇ ਗਏ ਸੰਸਦ ਮੈਂਬਰਾਂ ਨੂੰ ਇਸ ਸੈਸ਼ਨ ਨੂੰ ਲੋਕ ਹਿੱਤ ਵਿੱਚ ਵਰਤਣ ਦਾ ਸੱਦਾ ਵੀ ਦਿੱਤਾ। ਉਨ੍ਹਾਂ ਕਿਹਾ, 'ਦੇਸ਼ ਨੂੰ ਸਾਰੇ ਸੰਸਦ ਮੈਂਬਰਾਂ ਤੋਂ ਬਹੁਤ ਉਮੀਦਾਂ ਹਨ। ਮੈਂ ਸਾਰੇ ਸੰਸਦ ਮੈਂਬਰਾਂ ਨੂੰ ਲੋਕ ਹਿੱਤ ਲਈ ਇਸ ਮੌਕੇ ਦੀ ਵਰਤੋਂ ਕਰਨ ਅਤੇ ਲੋਕ





ਹਿੱਤ ਵਿੱਚ ਹਰ ਸੰਭਵ ਕਦਮ ਚੁੱਕਣ ਦੀ ਅਪੀਲ ਕਰਦਾ ਹਾਂ।'

**8ਵੀਂ ਲੋਕ ਸਭਾ ਦਾ ਪਹਿਲਾ ਸੈਸ਼ਨ ਸ਼ੁਰੂ, ਮੋਦੀ ਨੇ ਸਦਨ ਮੈਂਬਰ ਵਜੋਂ ਸਹੁੰ ਚੁੱਕੀ**

18ਵੀਂ ਲੋਕ ਸਭਾ ਦੇ ਪਹਿਲੇ ਸੈਸ਼ਨ ਦੀ ਪਹਿਲੀ ਬੈਠਕ ਅੱਜ ਸ਼ੁਰੂ ਹੋਈ, ਜਿਸ ਵਿਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸਭ ਤੋਂ ਪਹਿਲਾਂ ਸਦਨ ਦੇ ਮੈਂਬਰ ਵਜੋਂ ਸਹੁੰ ਚੁੱਕੀ। ਪ੍ਰੋ-ਟੈਮ ਸਪੀਕਰ ਭਰਤ੍ਰਹਰੀ ਮਹਿਤਾਬ ਨੇ ਸਦਨ ਦੀ ਕਾਰਵਾਈ ਸ਼ੁਰੂ ਕੀਤੀ। ਪ੍ਰਧਾਨ ਮੰਤਰੀ ਮੋਦੀ ਹਾਲ ਹੀ ਵਿੱਚ ਹੋਈਆਂ ਲੋਕ ਸਭਾ ਚੋਣਾਂ ਤੋਂ ਬਾਅਦ ਲਗਾਤਾਰ ਤੀਜੀ ਵਾਰ ਸੱਤਾ ਵਿੱਚ ਆਏ ਹਨ। ਸ੍ਰੀ ਮੋਦੀ ਅਤੇ ਉਨ੍ਹਾਂ ਦੇ ਮੰਤਰੀ ਮੰਡਲ ਨੇ 9 ਜੂਨ ਨੂੰ ਸਹੁੰ ਚੁੱਕੀ ਸੀ। ਸਦਨ ਦੀ ਕਾਰਵਾਈ ਸ਼ੁਰੂ ਹੁੰਦੇ ਹੀ ਮੋਦੀ ਨੇ ਸਦਨ ਦੇ ਨੇਤਾ ਹੋਣ ਦੇ ਨਾਤੇ ਸਭ ਤੋਂ ਪਹਿਲਾਂ ਸਹੁੰ ਚੁੱਕੀ।

ਕਾਂਗਰਸ ਨੇ ਅੱਜ ਦੋਸ਼ ਲਾਇਆ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸੰਸਦ ਦੇ ਬਾਹਰ ਰਾਸ਼ਟਰ ਨੂੰ ਸੰਦੇਸ਼ ਦਿੱਤਾ ਹੈ ਅਤੇ ਉਨ੍ਹਾਂ ਨੇ ਸਿਰਫ਼ ਵਿਸ਼ੇ ਤੋਂ ਭਟਕਾਉਣ ਵਾਲੀਆਂ ਗੱਲਾਂ ਕੀਤੀਆਂ। ਸੋਸ਼ਲ ਮੀਡੀਆ ਪਲੇਟਫਾਰਮ ਐਕਸ 'ਤੇ ਪਾਰਟੀ ਦੇ ਜਨਰਲ ਸਕੱਤਰ ਜੈਰਾਮ ਰਮੇਸ਼ ਨੇ ਕਿਹਾ,'18ਵੀਂ ਲੋਕ ਸਭਾ ਦਾ ਸੈਸ਼ਨ ਸ਼ੁਰੂ ਹੋ ਰਿਹਾ ਹੈ। ਇਸ ਮੌਕੇ ਆਮ ਵਾਂਗ ਜਿਵੇਂ ਆਮ ਹੁੰਦਾ ਹੈ ਲੋਕ ਸਭਾ ਚੋਣਾਂ ਵਿਚ ਵੱਡੀ ਨਿੱਜੀ, ਸਿਆਸੀ ਅਤੇ ਨੈਤਿਕ ਹਾਰ ਦਾ ਸਾਹਮਣਾ ਕਰਨ ਵਾਲੇ ਪ੍ਰਧਾਨ ਮੰਤਰੀ ਨੇ ਸੰਸਦ ਦੇ ਬਾਹਰ ਰਾਸ਼ਟਰ ਨੂੰ ਸੰਦੇਸ਼ ਦਿੱਤਾ। ਪ੍ਰਧਾਨ ਮੰਤਰੀ ਨੇ ਆਪਣੇ ਸੰਦੇਸ਼ ਵਿੱਚ ਕੁਝ ਨਵਾਂ ਨਹੀਂ ਕਿਹਾ। ਆਮ ਵਾਂਗ ਉਨ੍ਹਾਂ ਨੇ ਵਿਸ਼ੇ ਤੋਂ ਧਿਆਨ ਭਟਕਾਉਣ ਵਾਲੀਆਂ ਗੱਲਾਂ ਕਹੀਆਂ। ਉਨ੍ਹਾਂ ਦੇ ਸ਼ਬਦਾਂ ਤੋਂ ਇਹ ਨਹੀਂ ਲੱਗਦਾ ਸੀ ਕਿ ਉਹ ਲੋਕ ਫਤਵੇ ਦੇ ਅਰਥ ਨੂੰ ਸੱਚਮੁੱਚ ਸਮਝ ਰਹੇ ਹਨ। ਉਹ ਵਾਰਾਨਸੀ 'ਚ ਸ਼ੱਕੀ ਅਤੇ ਬਹੁਤ ਘੱਟ ਅੰਤਰ ਨਾਲ ਜਿੱਤੇ।'

# ਸੰਵਿਧਾਨ ਦੀ ਕਾਪੀ ਲੈ ਕੇ ਸੰਸਦ ਪੁੱਜੇ ਵਿਰੋਧੀ ਦੇ ਮੈਂਬਰ

**ਨਵੀਂ ਦਿੱਲੀ, 25 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**



ਕਾਂਗਰਸ ਸੰਸਦੀ ਦਲ ਦੀ ਮੁਖੀ ਸੋਨੀਆ ਗਾਂਧੀ, ਪਾਰਟੀ ਪ੍ਰਧਾਨ ਮਲਿਕਾਰਜੁਨ ਖੜਗੇ, ਸਾਬਕਾ ਪ੍ਰਧਾਨ ਰਾਹੁਲ ਗਾਂਧੀ ਅਤੇ ਵਿਰੋਧੀ ਗਠਜੋੜ ਇੰਡੀਅਨ ਨੈਸ਼ਨਲ ਡਿਵੈਲਪਮੈਂਟਲ ਇਨਕਲੂਸਿਵ ਅਲਾਇੰਸ (ਇੰਡੀਆ) ਦੇ ਕਈ ਭਾਈਵਾਲ ਦਲਾਂ ਦੇ ਨੇਤਾ 18ਵੀਂ ਲੋਕ ਸਭਾ ਦੀ ਬੈਠਕ ਦੇ ਪਹਿਲੇ ਦਿਨ ਸੰਵਿਧਾਨ ਦੀ ਕਾਪੀ ਲੈ ਕੇ ਸੰਸਦ ਪਹੁੰਚੇ ਅਤੇ ਕਿਹਾ ਕਿ ਉਹ ਸੰਵਿਧਾਨ ਦੀ ਰੱਖਿਆ ਕਰਨਗੇ। ਕਾਂਗਰਸ ਤੋਂ ਇਲਾਵਾ ਡੀਐਮਕੇ, ਤ੍ਰਿਣਮੂਲ ਕਾਂਗਰਸ ਅਤੇ ਕੁਝ ਹੋਰ ਵਿਰੋਧੀ ਪਾਰਟੀਆਂ ਦੇ ਸੰਸਦ ਮੈਂਬਰਾਂ ਨੇ ਵੀ ਸੰਸਦ ਕੰਪਲੈਕਸ ਵਿੱਚ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕੀਤੀ।

# ਪੀ.ਐਸ.ਪੀ.ਸੀ.ਐਲ ਨੇ ਹਰੀ ਊਰਜਾ ਨੂੰ ਦਿੱਤਾ ਹੁਲਾਰਾ

**ਚੰਡੀਗੜ੍ਹ, 25 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਬਿਜਲੀ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਅੱਜ ਪਿੰਡ ਜਲਖੇੜੀ, ਜ਼ਿਲ੍ਹਾ ਫਤਿਹਗੜ੍ਹ ਸਾਹਿਬ ਵਿਖੇ 10 ਮੈਗਾਵਾਟ ਬਾਇਓਮਾਸ ਪਾਵਰ ਪਲਾਂਟ ਦੇ ਸਫਲ ਮੁੜ ਚਾਲੂ ਹੋਣ ਦਾ ਐਲਾਨ ਕੀਤਾ, ਜਿਸ ਨਾਲ ਪੰਜਾਬ ਲਈ ਵਾਤਾਵਰਣ ਅਤੇ ਆਰਥਿਕ ਲਾਭ ਹੋਣਗੇ।

ਪਿੰਡ ਜਲਖੇੜੀ (ਤਹਿਸੀਲ ਅਤੇ ਜ਼ਿਲ੍ਹਾ ਫਤਿਹਗੜ੍ਹ ਸਾਹਿਬ) ਵਿਖੇ 10 ਮੈਗਾਵਾਟ ਬਾਇਓਮਾਸ ਪਲਾਂਟ ਮੂਲ ਰੂਪ ਵਿੱਚ ਪੀਐਸਈਬੀ (ਹੁਣ ਪੀਐਸਪੀਸੀਐਲ) ਦੁਆਰਾ ਜੂਨ 1992 ਵਿੱਚ ਚਾਲੂ ਕੀਤਾ ਗਿਆ ਸੀ। ਪਲਾਂਟ ਜੁਲਾਈ 1995 ਤੱਕ ਚੱਲਦਾ ਰਿਹਾ, ਜਿਸ ਤੋਂ ਬਾਅਦ ਇਹ ਜੁਲਾਈ 2001 ਵਿੱਚ ਮੈਸਰਜ਼ ਜਲਖੇੜੀ ਪਾਵਰ ਪਲਾਂਟ ਲਿਮਟਿਡ (ਜੇਪੀਪੀਐਲ) ਨੂੰ ਲੀਜ਼ 'ਤੇ ਦੇ ਦਿੱਤਾ ਗਿਆ। ਪਲਾਂਟ ਜੁਲਾਈ 2002 ਵਿੱਚ ਮੁੜ ਚਾਲੂ ਹੋਇਆ ਅਤੇ ਸਤੰਬਰ 2007 ਤੱਕ ਚੱਲਦਾ ਰਿਹਾ। 2018 ਵਿੱਚ, ਪਲਾਂਟ ਨੂੰ ਨਵੀਨੀਕਰਨ, ਸੰਚਾਲਨ ਅਤੇ ਟ੍ਰਾਂਸਫਰ ਦੇ ਆਧਾਰ 'ਤੇ ਲੀਜ਼ 'ਤੇ ਦੇਣ ਲਈ ਮੁੜ ਟੈਂਡਰ ਕੀਤਾ ਗਿਆ।



ਹੁਣ ਨਵੀਨੀਕ੍ਰਿਤ ਪਲਾਂਟ 21 ਜੂਨ, 2024 ਨੂੰ ਮੁੜ ਚਾਲੂ ਕੀਤਾ ਗਿਆ ਹੈ। ਇਹ ਉੱਨਤ ਡੈਨਮਾਰਕ ਤਕਨਾਲੋਜੀ ਵਾਲੇ ਬਾਇਲਰਾਂ ਦੀ ਵਰਤੋਂ ਕਰਦਾ ਹੈ ਅਤੇ 100% ਝੋਨੇ ਦੀ ਨਾੜ ਦੀ ਵਰਤੋਂ ਕਰਕੇ ਬਿਜਲੀ ਪੈਦਾ ਕਰਨ ਲਈ ਤਿਆਰ ਕੀਤਾ ਗਿਆ ਹੈ। ਇਹ ਅਤਿ-ਆਧੁਨਿਕ ਬਾਇਓਮਾਸ ਪਲਾਂਟ ਸਾਲਾਨਾ ਲਗਭਗ 1 ਲੱਖ ਟਨ ਝੋਨੇ ਦੀ ਨਾੜ ਦੀ ਖਪਤ ਕਰੇਗਾ। ਇਹ ਸੂਬਾ ਸਰਕਾਰ ਨੂੰ ਪੰਜਾਬ ਵਿੱਚ ਲਗਭਗ 40 ਹਜ਼ਾਰ ਏਕੜ ਖੇਤਰ ਵਿੱਚ ਝੋਨੇ ਦੀ ਨਾੜ ਸਾੜਨ ਦੀ ਸਮੱਸਿਆ ਨੂੰ ਰੋਕਣ ਵਿੱਚ ਮਦਦ ਕਰੇਗਾ। ਇਹ ਪਹਿਲਕਦਮੀ 400-500 ਵਿਅਕਤੀਆਂ ਨੂੰ ਸਿੱਧਾ ਅਤੇ ਅਸਿੱਧਾ ਰੁਜ਼ਗਾਰ ਪ੍ਰਦਾਨ ਕਰੇਗੀ, ਜੋ ਖੇਤਰ ਵਿੱਚ ਆਰਥਿਕ ਵਿਕਾਸ ਨੂੰ ਵਧਾਵਾ ਦੇਵੇਗੀ। ਇਸ ਪ੍ਰੋਜੈਕਟ ਨਾਲ ਕਈ ਲਾਭ ਹੋਣਗੇ ਜਿਵੇਂ ਕਿ ਖੇਤਾਂ ਵਿੱਚ ਝੋਨੇ ਦੀ ਨਾੜ ਸਾੜਨ ਨਾਲ ਹੋਣ ਵਾਲੇ ਵਾਯੂ ਪ੍ਰਦੂਸ਼ਣ ਨੂੰ ਘਟਾ ਕੇ ਵਾਤਾਵਰਣ ਦੀ ਸੁਰੱਖਿਆ, ਜੀਵਾਸ਼ਮ ਈਂਧਨਾਂ 'ਤੇ ਨਿਰਭਰਤਾ ਘਟਾ ਕੇ ਟਿਕਾਊ ਊਰਜਾ ਨੂੰ ਸਮਰਥਨ, ਅਤੇ ਪੰਜਾਬ ਵਿੱਚ ਉਪਲਬਧ ਭਰਪੂਰ ਝੋਨੇ ਦੀ ਨਾੜ ਦੀ ਪ੍ਰਭਾਵਸ਼ਾਲੀ ਵਰਤੋਂ।

ਇਸ ਪਲਾਂਟ ਲਈ ਪਾਵਰ ਖਰੀਦ ਸਮਝੌਤੇ (ਪੀਪੀਏ) ਦੀ ਮਿਆਦ 20 ਸਾਲ ਹੈ ਜਿਸ ਤੋਂ ਬਾਅਦ ਪਲਾਂਟ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀਐਸਪੀਸੀਐਲ) ਨੂੰ ਟ੍ਰਾਂਸਫਰ ਕਰ ਦਿੱਤਾ ਜਾਵੇਗਾ। ਟੈਂਡਰਿੰਗ ਪ੍ਰਕਿਰਿਆ ਵਿੱਚ ਸਭ ਤੋਂ ਘੱਟ ਬੋਲੀ ਲਗਾਉਣ ਵਾਲੇ ਦੁਆਰਾ ਪ੍ਰਤੀ ਕਿਲੋਵਾਟ ਘੰਟਾ ਸ਼ੁਰੂਆਤੀ ਕੋਟ ਕੀਤੀ ਟੈਰਿਫ ਦਰ 7.25 ਰੁਪਏ ਸੀ ਅਤੇ ਰਿਵਰਸ ਨੀਲਾਮੀ ਤੋਂ ਬਾਅਦ ਅੰਤਿਮ ਕੋਟ ਕੀਤੀ ਟੈਰਿਫ ਦਰ 5.84 ਰੁਪਏ ਪ੍ਰਤੀ ਕਿਲੋਵਾਟ ਘੰਟਾ ਸੀ ਜੋ ਗੱਲਬਾਤ ਤੋਂ ਬਾਅਦ ਹੋਰ 0.07 ਰੁਪਏ ਪ੍ਰਤੀ ਕਿਲੋਵਾਟ ਘੰਟਾ ਘਟਾ ਕੇ 5.77 ਰੁਪਏ ਪ੍ਰਤੀ ਕਿਲੋਵਾਟ ਘੰਟਾ ਕਰ ਦਿੱਤੀ ਗਈ ਹੈ, ਜਿਸ ਨਾਲ ਲੀਜ਼ ਦੀ ਮਿਆਦ ਦੌਰਾਨ 10 ਕਰੋੜ ਰੁਪਏ ਦੀ ਬੱਚਤ ਹੋਵੇਗੀ।

## ਰੂਸ ਦੇ ਦਾਗ਼ਿਸਤਾਨ 'ਚ ਅਤਿਵਾਦੀਆਂ ਨੇ 15 ਤੋਂ ਵੱਧ ਪੁਲੀਸ ਮੁਲਾਜ਼ਮਾਂ ਤੇ ਕਈ ਨਾਗਰਿਕਾਂ ਦੀ ਹੱਤਿਆ ਕੀਤੀ

**ਮਾਸਕੋ, 25 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਰੂਸ ਦੇ ਦੱਖਣੀ ਦਾਗ਼ਿਸਤਾਨ ਖੇਤਰ ਵਿੱਚ ਹਥਿਆਰਬੰਦ ਅਤਿਵਾਦੀਆਂ ਨੇ 15 ਤੋਂ ਵੱਧ ਪੁਲੀਸ ਮੁਲਾਜ਼ਮਾਂ, ਪਾਦਰੀ ਤੇ ਕਈ ਨਾਗਰਿਕਾਂ ਦੀ ਹੱਤਿਆ ਕਰ ਦਿੱਤੀ। ਦਾਗ਼ਿਸਤਾਨ ਦੇ ਗਵਰਨਰ ਸਰਗੇਈ ਮੇਲੀਕੋਵ ਨੇ ਅੱਜ ਤੜਕੇ ਵੀਡੀਓ ਬਿਆਨ ਵਿੱਚ ਕਿਹਾ ਕਿ ਬੰਦੂਕਧਾਰੀਆਂ ਨੇ ਦੋ ਆਰਥੋਡਾਕਸ ਗਿਰਜਾਘਰਾਂ, ਯਾਹੂਦੀ ਪੂਜਾ ਸਥਾਨ ਤੇ ਪੁਲੀਸ ਚੌਕੀ 'ਤੇ ਗੋਲੀਬਾਰੀ ਕੀਤੀ। ਰੂਸ ਦੀ ਕੌਮੀ ਅਤਿਵਾਦ ਵਿਰੋਧੀ ਕਮੇਟੀ ਨੇ ਕਿਹਾ ਕਿ ਇਹ ਹਮਲੇ ਹਥਿਆਰਬੰਦ ਕੱਟੜਵਾਦ ਦੇ ਇਤਿਹਾਸ ਵਾਲੇ ਮੁਸਲਿਮ ਬਹੁਗਿਣਤੀ ਖੇਤਰ ਵਿੱਚ ਹੋਏ ਹਨ।

## ਅਮਰੀਕਾ 'ਚ ਸਟੋਰ 'ਤੇ ਲੁੱਟ ਦੌਰਾਨ ਭਾਰਤੀ ਨਾਗਰਿਕ ਦੀ ਗੋਲੀ ਮਾਰ ਕੇ ਹੱਤਿਆ

**ਹਿਊਸਟਨ, 25 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਅਮਰੀਕਾ ਦੇ ਟੈਕਸਾਸ ਸੂਬੇ ਵਿਚ ਸਟੋਰ ਵਿਚ ਲੁੱਟ ਦੌਰਾਨ 32 ਸਾਲਾ ਭਾਰਤੀ ਨਾਗਰਿਕ ਨੂੰ ਗੋਲੀ ਮਾਰ ਦਿੱਤੀ ਗਈ ਤੇ ਇਲਾਜ ਦੌਰਾਨ ਉਸ ਦੀ ਮੌਤ ਹੋ ਗਈ। ਦਾਸਾਰੀ ਗੋਪੀਕ੍ਰਿਸ਼ਨ 21 ਜੂਨ ਨੂੰ ਡਲਾਸ ਦੇ ਪਲੇਜ਼ੈਂਟ ਗਰੋਵ ਵਿੱਚ ਗੈਸ ਸਟੇਸ਼ਨ ਸਟੋਰ ਵਿੱਚ ਲੁੱਟ ਦੌਰਾਨ ਗੰਭੀਰ ਜ਼ਖਮੀ ਹੋ ਗਿਆ ਸੀ। ਉਸ ਨੂੰ ਨੇੜਲੇ ਹਸਪਤਾਲ ਲਿਜਾਇਆ ਗਿਆ, ਜਿੱਥੇ ਇਲਾਜ ਦੌਰਾਨ ਉਸ ਦੀ ਮੌਤ ਹੋ ਗਈ। ਉਹ ਆਂਧਰਾ ਪ੍ਰਦੇਸ਼ ਦੇ ਬਾਪਟਲਾ ਜ਼ਿਲ੍ਹੇ ਦਾ ਰਹਿਣ ਵਾਲਾ ਸੀ। 8 ਮਹੀਨੇ ਪਹਿਲਾਂ ਹੀ ਅਮਰੀਕਾ ਆਇਆ ਸੀ।

## ਦਿੱਲੀ ਨੂੰ ਜਦੋਂ ਤੱਕ ਪਾਣੀ ਨਹੀਂ ਮਿਲਦਾ, ਭੁੱਖ ਹੜਤਾਲ ਜਾਰੀ ਰੱਖਾਂਗੀ: ਆਤਿਸ਼ੀ

**ਨਵੀਂ ਦਿੱਲੀ, 25 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਦਿੱਲੀ ਦੀ ਜਲ ਮੰਤਰੀ ਆਤਿਸ਼ੀ ਨੇ ਕਿਹਾ ਕਿ ਉਹ ਸਿਹਤ 'ਤੇ ਪੈਣ ਵਾਲੇ ਮਾੜੇ ਪ੍ਰਭਾਵਾਂ ਦੇ ਬਾਵਜੂਦ ਅਣਮਿੱਥੇ ਸਮੇਂ ਲਈ ਭੁੱਖ ਹੜਤਾਲ ਉਦੋਂ ਤੱਕ ਜਾਰੀ ਰੱਖੇਗੀ, ਜਦੋਂ ਤੱਕ ਹਰਿਆਣਾ ਵਲੋਂ ਦਿੱਲੀ ਲਈ ਪਾਣੀ ਦਾ ਉਚਿਤ ਹਿੱਸਾ ਜਾਰੀ ਨਹੀਂ ਕੀਤਾ ਜਾਂਦਾ। ਦੱਸ ਦੇਈਏ ਕਿ ਦਿੱਲੀ ਲਈ ਉਸ ਦੇ ਹਿੱਸੇ ਦਾ ਪਾਣੀ ਛੱਡੇ ਜਾਣ ਦੀ ਮੰਗ ਨੂੰ ਲੈ ਕੇ ਸ਼ੁਰੂ ਕੀਤੀ ਗਈ ਆਤਿਸ਼ੀ ਦੀ ਅਣਮਿੱਥੇ ਸਮੇਂ ਦੀ ਭੁੱਖ ਹੜਤਾਲ ਦਾ ਅੱਜ ਚੌਥਾ ਦਿਨ ਹੈ। ਉਨ੍ਹਾਂ ਨੇ ਕਿਹਾ ਕਿ ਮੇਰਾ ਬਲੱਡ ਪ੍ਰੈਸ਼ਰ ਅਤੇ ਸ਼ੂਗਰ ਦਾ ਪੱਧਰ ਡਿੱਗ ਰਿਹਾ ਹੈ ਅਤੇ ਮੇਰਾ ਵਜ਼ਨ ਵੀ ਘੱਟ ਹੋ ਗਿਆ ਹੈ। ਚਾਹੇ ਮੇਰੇ ਸਰੀਰ ਨੂੰ ਕਿੰਨਾ ਵੀ ਕਸ਼ਟ ਕਿਉਂ ਨਾ ਹੋਵੇ, ਮੈਂ ਭੁੱਖ ਹੜਤਾਲ ਉਦੋਂ ਤੱਕ ਜਾਰੀ ਰੱਖਾਂਗੀ, ਜਦੋਂ ਤੱਕ ਹਰਿਆਣਾ ਪਾਣੀ ਨਹੀਂ ਛੱਡ ਦਿੰਦਾ।

ਇਕ ਵੀਡੀਓ ਸੰਦੇਸ਼ ਵਿਚ ਦਿੱਲੀ ਦੀ ਮੰਤਰੀ ਨੇ ਕਿਹਾ ਕਿ ਐਤਵਾਰ ਨੂੰ ਡਾਕਟਰਾਂ ਨੇ ਉਨ੍ਹਾਂ ਦੀ ਸਿਹਤ ਜਾਂਚ




ਕੀਤੀ। ਮੰਤਰੀ ਨੇ ਦਾਅਵਾ ਕੀਤਾ ਕਿ ਹਰਿਆਣਾ ਨੇ ਪਿਛਲੇ ਹਫ਼ਤਿਆਂ ਵਿਚ ਕੌਮੀ ਰਾਜਧਾਨੀ ਲਈ ਛੱਡੇ ਜਾਣ ਵਾਲੇ ਯਮੁਨਾ ਦੇ ਪਾਣੀ ਵਿਚ ਦਿੱਲੀ ਦਾ ਹਿੱਸਾ 100 ਮਿਲੀਅਨ ਗੈਲਨ ਪ੍ਰਤੀ ਦਿਨ ਘੱਟ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ 100 ਮਿਲੀਅਨ ਗੈਲਨ ਘੱਟ ਪਾਮੀ ਮਿਲਣ ਦੀ ਵਜ੍ਹਾ ਤੋਂ ਦਿੱਲੀ ਵਿਚ ਪਾਣੀ ਦੀ ਕਮੀ ਹੋ ਗਈ ਹੈ, ਜਿਸ ਕਾਰਨ ਇੱਥੇ 28 ਲੱਖ ਲੋਕ ਪ੍ਰਭਾਵਿਤ ਹਨ। ਦਿੱਲੀ ਦੇ ਉੱਪ ਰਾਜਪਾਲ ਵੀ. ਕੇ. ਸਕਸੈਨਾ ਨੇ ਐਤਵਾਰ ਨੂੰ ਆਮ ਆਦਮੀ ਪਾਰਟੀ (ਆਪ) ਦੇ ਵਫ਼ਦ ਨਾਲ ਬੈਠਕ ਮਗਰੋਂ ਕਿਹਾ ਕਿ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਭਰੋਸਾ ਦਿੱਤਾ ਹੈ ਕਿ ਉਹ ਇਸ ਗੱਲ 'ਤੇ ਵਿਚਾਰ ਕਰਨਗੇ ਕਿ ਕੀ ਉਨ੍ਹਾਂ ਦਾ ਸੂਬਾ ਸ਼ਹਿਰ ਨੂੰ ਵਾਧੂ ਪਾਣੀ ਉਪਲੱਬਧ ਕਰਵਾ ਸਕਦਾ ਹੈ।

## ਨੀਟ-ਯੂਜੀ ਮਾਮਲਾ: ਸੀਬੀਆਈ ਦੀ ਟੀਮ ਪਟਨਾ 'ਚ ਈਓਯੂ ਦੇ ਦਫ਼ਤਰ ਪੁੱਜੀ

**ਪਟਨਾ, 25 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਕੌਮੀ ਯੋਗਤਾ-ਕਮ-ਦਾਖਲਾ




ਪ੍ਰੀਖਿਆ-ਅੰਡਰ ਗ੍ਰੈਜੂਏਟ 2024 (ਨੀਟ-ਯੂਜੀ) ਵਿੱਚ ਬੇਨਿਯਮੀਆਂ ਦੇ ਦੋਸ਼ਾਂ ਦੀ ਜਾਂਚ ਦੇ ਸਬੰਧ ਵਿੱਚ ਦਿੱਲੀ ਤੋਂ ਸੀਬੀਆਈ ਦੀ ਟੀਮ ਅੱਜ ਬਿਹਾਰ ਪੁਲੀਸ ਦੇ ਆਰਥਿਕ ਅਪਰਾਧ ਯੂਨਿਟ (ਈਓਯੂ) ਦਫ਼ਤਰ ਪਹੁੰਚੀ। ਆਰਥਿਕ ਅਪਰਾਧ ਯੂਨਿਟ ਨੇ ਇਸ ਮਾਮਲੇ ਵਿੱਚ ਹੁਣ ਤੱਕ 18 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ, ਜਦੋਂ ਤੱਕ ਕੇਂਦਰ ਨੇ ਮਾਮਲੇ ਦੀ ਸੀਬੀਆਈ ਜਾਂਚ ਦੇ ਹੁਕਮ ਨਹੀਂ ਦਿੱਤੇ, ਉਦੋਂ ਤੱਕ ਈਓਯੂ ਹੀ ਇਸ ਦੀ ਜਾਂਚ ਕਰ ਰਿਹਾ ਸੀ। ਅਧਿਕਾਰੀ ਨੇ ਕਿਹਾ, 'ਸੀਬੀਆਈ ਅਧਿਕਾਰੀ ਇਸ ਮਾਮਲੇ ਵਿੱਚ ਈਓਯੂ ਤੋਂ ਸਬੂਤ ਇਕੱਠੇ ਕਰ ਰਹੇ ਹਨ।'

## ਸਹੁੰ ਚੁੱਕਣ ਲਈ ਅੰਮ੍ਰਿਤਪਾਲ ਨੂੰ ਰਸਮੀ ਸੱਦਾ ਮਿਲਿਆ ਸਹੁੰ ਚੁੱਕ ਸਮਾਗਮ 'ਚ ਸ਼ਾਮਲ ਹੋਣਗੇ ਜਾਂ ਨਹੀਂ

**ਚੰਡੀਗੜ੍ਹ, 25 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

18ਵੀਂ ਲੋਕ ਸਭਾ ਦਾ ਸੈਸ਼ਨ ਅੱਜ ਤੋਂ ਸ਼ੁਰੂ ਹੋਣ ਜਾ ਰਿਹਾ ਹੈ। ਇਸ ਸੈਸ਼ਨ ਵਿਚ ਨਵੇਂ ਚੁਣ ਕੇ ਆਏ ਸਾਂਸਦਾ ਨੂੰ ਸਹੁੰ ਚੁਕਾਈ ਜਾਵੇਗੀ। ਪੰਜਾਬ ਦੇ ਸਾਂਸਦਾ ਨੂੰ ਮੰਗਲਵਾਰ 25 ਜੂਨ ਨੂੰ ਸਹੁੰ ਚੁੱਕਣ ਲਈ ਸਮਾਂ ਦਿੱਤਾ ਗਿਆ ਹੈ। ਇਸ ਦੌਰਾਨ ਸਭ ਦੀਆਂ ਨਜ਼ਰਾਂ ਪੰਜਾਬ ਵਿਚ ਸਭ ਤੋਂ ਵੱਡੀ ਜਿੱਤ ਦਰਜ ਕਰਨ ਵਾਲੇ ਅੰਮ੍ਰਿਤਪਾਲ ਸਿੰਘ 'ਤੇ ਟਿਕੀਆਂ ਹੋਈਆਂ ਹਨ। ਸਹੁੰ ਚੁੱਕਣ ਵਾਲੇ ਪੰਜਾਬ ਦੇ 13 ਸਾਂਸਦਾ ਵਿਚ ਜੇਲ੍ਹ ਤੋਂ ਚੋਣ ਲੜਨ ਅਤੇ ਜਿੱਤਣ ਵਾਲੇ ਅੰਮ੍ਰਿਤਪਾਲ ਸਿੰਘ ਦਾ ਨਾਮ ਵੀ ਸ਼ਾਮਲ ਹੈ। ਉਨ੍ਹਾਂ ਨੂੰ ਇਸ ਲਈ ਰਸਮੀ ਸੱਦਾ ਵੀ ਮਿਲਿਆ ਹੈ ਅਤੇ ਉਨ੍ਹਾਂ ਨੂੰ ਦੁਪਹਿਰ 12 ਤੋਂ ਇਕ ਵਜੇ ਦਾ ਸਮਾਂ ਦਿੱਤਾ ਗਿਆ ਹੈ ਪਰ ਇਸ ਦੇ ਬਾਵਜੂਦ ਅੰਮ੍ਰਿਤਪਾਲ ਸਿੰਘ ਦਾ ਸਹੁੰ ਚੁੱਕ ਸਮਾਗਮ ਵਿਚ ਪਹੁੰਚਣਾ ਔਖਾ ਜਾਪ ਰਿਹਾ ਹੈ। ਅੰਮ੍ਰਿਤਪਾਲ ਸਿੰਘ ਮਾਰਚ 2023 ਤੋਂ ਐਨ. ਐਸ. ਏ. ਦੇ ਤਹਿਤ ਅਸਾਮ ਦੀ ਡਿਬਰੂਗੜ੍ਹ ਜੇਲ੍ਹ ਵਿਚ ਬੰਦ ਹੈ। ਐਨ. ਐਸ. ਏ. ਇਕ ਅਜਿਹਾ ਕਾਨੂੰਨ ਹੈ ਜੋ ਸਰਕਾਰ ਨੂੰ ਬਿਨਾਂ ਕਿਸੇ ਰਸਮੀ ਦੋਸ਼ ਦੇ 12 ਮਹੀਨਿਆਂ ਤਕ ਵਿਅਕਤੀ ਨੂੰ ਹਿਰਾਸਤ ਵਿਚ ਰੱਖਣ ਦੀ ਇਜਾਜ਼ਤ ਦਿੰਦਾ ਹੈ ਪਰ ਅੰਮ੍ਰਿਤਪਾਲ ਸਿੰਘ ਨੂੰ ਹੁਣ ਇਕ ਸਾਲ ਤੋਂ ਵੱਧ ਸਮਾਂ ਹੋ ਗਿਆ ਹੈ ਅਤੇ ਸਰਕਾਰ ਨੇ ਉਸ ਦੇ ਐਨ. ਐਸ. ਏ. ਨੂੰ ਦੂਜੀ ਵਾਰ ਵਧਾ ਦਿੱਤਾ ਹੈ। ਅਜਿਹੇ ਵਿਚ ਸੰਸਦੀ ਪ੍ਰੋਗਰਾਮ ਲਈ ਭੇਜੇ ਗਏ 25 ਜੂਨ ਦੇ ਸਮੇਂ ਵਿਚ ਅੰਮ੍ਰਿਤਪਾਲ ਸਿੰਘ ਦਾ ਜੇਲ੍ਹ 'ਚੋਂ ਪੈਰੋਲ 'ਤੇ ਆ ਸਕਣਾ ਮੁਸ਼ਕਲ ਹੈ। ਇਥੇ ਇਹ ਵੀ ਦੱਸਣਯੋਗ ਹੈ ਕਿ ਨਵੀਂ ਸੰਸਦ ਭਵਨ ਵਿਚ ਪਹਿਲੀ ਵਾਰ ਨਵੇਂ ਸੰਸਦ ਮੈਂਬਰਾਂ ਦਾ ਸਹੁੰ ਚੁੱਕ ਸਮਾਗਮ ਹੋਵੇਗਾ। ਲੋਕ ਸਭਾ ਸਪੀਕਰ ਦੀ ਚੋਣ 26 ਜੂਨ ਨੂੰ ਹੋਵੇਗੀ, ਜਿਸ ਤੋਂ ਬਾਅਦ ਰਾਸ਼ਟਰਪਤੀ ਦ੍ਰੋਪਦੀ ਮੁਰਮੂ 27 ਜੂਨ ਨੂੰ ਦੋਵਾਂ ਸਦਨਾ ਦੀ ਸਾਂਝੀ ਬੈਠਕ ਨੂੰ ਸੰਬੋਧਨ ਕਰਨਗੇ।

# ਪਟਿਆਲਾ ਪੁਲਿਸ ਵੱਲੋ 7 ਕਿੱਲੋਗ੍ਰਾਮ ਚਰਸ ਬ੍ਰਾਮਦ, 3 ਔਰਤਾਂ ਗ੍ਰਿਫਤਾਰ



**ਪਟਿਆਲਾ, 25 ਜੂਨ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਮੁਹੰਮਦ ਸਰਫਰਾਜ ਆਲਮ ਆਈ.ਪੀ.ਐਸ ਕਪਤਾਨ ਪੁਲਿਸ ਸਿਟੀ ਪਟਿਆਲਾ ਨੇ ਪ੍ਰੈਸ ਕਾਨਫਰੰਸ ਰਾਹੀ ਦੱਸਿਆ ਕਿ ਸ਼੍ਰੀ ਗੌਰਵ ਯਾਦਵ ਆਈ.ਪੀ.ਐਸ ਡੀ.ਜੀ.ਪੀ ਪੰਜਾਬ ਜੀ ਵੱਲੋ ਸਮਾਜ ਵਿਰੋਧੀ ਅਨਸਰਾ ਵਿਰੁੱਧ ਚਲਾਈ ਮੁਹਿੰਮ ਤਹਿਤ ਪਟਿਆਲਾ ਪੁਲਿਸ ਨੂੰ ਉਸ ਸਮੇਂ ਕਾਮਯਾਬੀ ਮਿਲੀ ਜਦੋ ਸ਼੍ਰੀ ਹਰਚਰਨ ਸਿੰਘ ਭੁੱਲਰ ਆਈ.ਪੀ.ਐਸ, ਡੀ.ਆਈ.ਜੀ ਪਟਿਆਲਾ ਰੇਜ ਪਟਿਆਲਾ ਅਤੇ ਸ੍ਰੀ ਵਰੁਣ ਸ਼ਰਮਾ ਆਈ.ਪੀ.ਐਸ ਸੀਨੀਅਰ ਕਪਤਾਨ ਪੁਲਿਸ ਪਟਿਆਲਾ ਜੀ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ, ਸ੍ਰੀ ਅਵਤਾਰ ਸਿੰਘ ਉਪ ਕਪਤਾਨ ਪੁਲਿਸ ਇੰਨਵੈਸਟੀਗੇਸਨ ਪਟਿਆਲਾ ਅਤੇ ਸ੍ਰੀ ਬਿਕਰਮਜੀਤ ਸਿੰਘ ਬਰਾੜ ਉਪ ਕਪਤਾਨ ਪੁਲਿਸ ਸਰਕਾਲ ਰਾਜਪੁਰਾ ਦੀ ਯੋਗ ਅਗਵਾਈ ਹੇਠ ਇੰਸਪੈਕਟਰ ਕਿਰਪਾਲ ਸਿੰਘ ਐਸ.ਐਚ.ਓ.ਥਾਣਾ ਸਦਰ ਰਾਜਪੁਰਾ ਨੇ ਸਮੇਤ ਪੁਲਿਸ ਪਾਰਟੀ ਮਿਤੀ 23-06-2024 ਨੂੰ ਮੇਨ ਜੀ.ਟੀ ਰੋਡ (ਰਾਜਪੁਰਾ ਤੋਂ ਸਰਹਿੰਦ ਰੋਡ) ਸਾਹਮਣੇ AGM RESORT ਬਾ-ਹੱਦ ਪਿੰਡ ਬੰਸਤਪੁਰਾ ਵਿਖੇ ਨਾਕਾਬੰਦੀ ਕੀਤੀ ਹੋਈ ਸੀ ਤਾਂ ਚੈਕਿੰਗ ਦੋਰਾਨ ਇਕ ਬੱਸ ਰਾਜਪੁਰਾ ਸਾਇਡ ਤੋਂ ਆਈ ਤਾ ਬੱਸ ਵਿਚੋਂ ਇਕ ਔਰਤ ਉਤਰ ਕੇ ਮੇਨ ਸੜਕ ਦੇ ਨਾਲ ਬਣੇ ਸਰਵਿਸ ਰੋਡ ਰਾਹੀਂ ਤੇਜ਼ ਕੱਦਮੀ ਤੁਰ ਕੇ ਪਿੱਛੇ ਨੂੰ ਟੱਲਣ ਲੱਗੀ ਤਾਂ ਪੁਲਿਸ ਪਾਰਟੀ ਵੱਲੋ ਉਸ ਨੂੰ ਕਾਬੂ ਕਰਕੇ ਨਾਮ ਪਤਾ ਪੁੱਛਿਆ ਜਿਸ ਨੇ ਆਪਣਾ ਨਾਮ ਬਿਜਾਤੀ ਦੇਵੀ ਪਤਨੀ ਪਿਸਕਾਰ ਸਾਹਨੀ ਪਿੰਡ ਤਾਲਵਾ ਪੋਖਰ ਥਾਣਾ ਕੋਟਵਾ ਜਿਲਾ ਮੋਤੀਹਾਰੀ (ਬਿਹਾਰ) ਦੱਸਿਆ ਜਿਸ ਪਾਸੋਂ 2 ਕਿਲੋ ਚਰਸ ਬ੍ਰਾਮਦ ਕਰਕੇ ਮੁਕੱਦਮਾ ਨੰਬਰ 58 ਮਿਤੀ:23-06-2024 ਅ/ਧ 20/61/85 ਐਨ.ਡੀ.ਪੀ.ਐਸ ਐਕਟ ਥਾਣਾ ਸਦਰ ਰਾਜਪੁਰਾ ਦਰਜ ਕਰਕੇ ਗ੍ਰਿਫਤਾਰ ਕੀਤਾ ਗਿਆ।

ਇਸੇ ਤਰ੍ਹਾਂ ਏ.ਐਸ.ਆਈ ਹਰਜਿੰਦਰ ਸਿੰਘ ਵੱਲੋ ਸਮੇਤ ਪੁਲਿਸ ਪਾਰਟੀ ਦੇ ਮੇਨ ਰੋਡ (ਰਾਜਪੁਰਾ ਤੋ ਬਨੂੰੜ) ਸਾਹਮਣੇ ਪਿੰਡ ਆਲਮਪੁਰ ਕੱਟ ਬਾ-ਹੱਦ ਪਿੰਡ ਆਲਮਪੁਰ ਨਾਕਾਬੰਦੀ ਕੀਤੀ ਹੋਈ ਸੀ। ਦੋਰਾਨੇ ਨਾਕਾਬੰਦੀ ਬਨੂੰੜ ਸਾਇਡ ਵੱਲੋ ਆਈ ਬੱਸ ਵਿੱਚੋਂ ਇੱਕ ਔਰਤ ਨਾਕਾਬੰਦੀ ਪਰ ਘਬਰਾ ਕੇ ਉਤਰੀ ਤੇ ਸਰਵਿਸ ਰੋਡ ਰਾਹੀਂ ਪਿਛੇ ਨੂੰ ਟੱਲਣ ਲੱਗੀ ਜਿਸ ਨੂੰ ਪੁਲਿਸ ਪਾਰਟੀ ਵੱਲੋ ਕਾਬੂ ਕਰਕੇ ਨਾਮ ਪਤਾ ਪੁੱਛਿਆ ਜਿਸ ਨੇ ਆਪਣਾ ਨਾਮ ਲਲੀਤਾ ਦੇਵੀ ਪਤਨੀ ਰਾਕੇਸ਼ ਸਾਹਨੀ ਵਾਸੀ ਪਿੰਡ ਕੋਟਲਾ ਪੋਖਰ ਥਾਣਾ ਕੋਟਵਾ ਜਿਲਾ ਚੰਪਾਰਨ ਬਿਹਾਰ ਦੱਸਿਆ ਜਿਸ ਪਾਸੋਂ 2 ਕਿਲੋ ਚਰਸ ਬ੍ਰਾਮਦ ਕਰਕੇ ਮੁਕੱਦਮਾ ਨੰਬਰ 56 ਮਿਤੀ 23-06-2024 ਅ/ਧ 20/61/85 ਐਨ.ਡੀ.ਪੀ.ਐਸ ਐਕਟ ਥਾਣਾ ਸਦਰ ਰਾਜਪੁਰਾ ਦਰਜ ਕਰਕੇ ਗ੍ਰਿਫਤਾਰ ਕੀਤਾ।

ਇਸੇ ਤਰ੍ਹਾਂ ਏ.ਐਸ.ਆਈ ਪਰਮਜੀਤ ਸਿੰਘ ਨੇ ਸਮੇਤ ਪੁਲਿਸ ਪਾਰਟੀ ਮੇਨ ਜੀ.ਟੀ ਰੋਡ (ਰਾਜਪੁਰਾ ਤੋਂ ਸਰਹਿੰਦ ਰੋਡ) ਸਾਹਮਣੇ ਜਸ਼ਨ ਹੋਟਲ ਬਾ-ਹੱਦ ਪਿੰਡ ਉਪਲਹੇੜੀ ਨਾਕਾਬੰਦੀ ਕੀਤੀ ਹੋਈ ਸੀ ਦੋਰਾਨੇ ਨਾਕਾਬੰਦੀ ਇਕ ਬੱਸ ਰਾਜਪੁਰਾ ਸਾਇਡ ਤੋਂ ਆਈ ਤਾ ਬੱਸ ਵਿਚੋਂ ਇਕ ਔਰਤ ਬੱਸ ਦੀ ਪਿੱਛਲੀ ਤਾਕੀ ਰਾਹੀਂ ਉਤਰ ਕੇ ਮੇਨ ਸੜਕ ਦੇ ਨਾਲ ਬਣੇ ਸਰਵਿਸ ਰੋਡ ਰਾਹੀਂ ਤੇਜ਼ ਤੇਜ਼ ਕੱਦਮ ਤੁਰ ਕੇ ਪਿੱਛੇ ਨੂੰ ਟੱਲਣ ਲੱਗੀ ਜਿਸ ਨੂੰ ਪੁਲਿਸ ਪਾਰਟੀ ਵੱਲੋ ਕਾਬੂ ਕਰਕੇ ਨਾਮ ਪਤਾ ਪੁੱਛਿਆ ਜਿਸ ਨੇ ਆਪਣਾ ਨਾਮ ਸੁਦੀ ਦੇਵੀ ਪਤਨੀ ਝੀਰੀ ਲਾਲ ਸਾਹਨੀ ਵਾਸੀ ਤਾਲਵਾ ਥਾਣਾ ਕੋਟਵਾ ਜਿਲਾ ਮੋਤੀਹਾਰੀ (ਬਿਹਾਰ) ਦੱਸਿਆ ਜਿਸ ਪਾਸੋਂ 3 ਕਿਲੋ ਚਰਸ ਬ੍ਰਾਮਦ ਕਰਕੇ ਮੁਕੱਦਮਾ ਨੰਬਰ 57 ਮਿਤੀ 23-06-2024 ਅ/ਧ 20/61/85 ਐਨ.ਡੀ.ਪੀ.ਐਸ ਐਕਟ ਥਾਣਾ ਸਦਰ ਰਾਜਪੁਰਾ ਦਰਜ ਕਰਕੇ ਗ੍ਰਿਫਤਾਰ ਕੀਤਾ ਗਿਆ। ਗ੍ਰਿਫਤਾਰ ਕੀਤੀਆਂ ਗਈਆਂ ਔਰਤਾਂ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਪੁਲਿਸ ਰਿਮਾਂਡ ਹਾਸਲ ਕਰਕੇ ਪੁੱਛਗਿੱਛ ਕੀਤੀ ਜਾ ਰਹੀ ਹੈ ਜਿੰਨ੍ਹਾਂ ਨੇ ਮੁਢਲੀ ਪੁੱਛਗਿੱਛ ਵਿੱਚ ਦੱਸਿਆ ਕਿ ਉਹ ਇਹ ਚਰਸ ਨੇਪਾਲ ਤੋ ਲੈ ਕੇ ਆਈਆਂ ਸਨ ਅਤੇ ਅੱਗੇ ਲੁਧਿਆਣਾ ਵਿਖੇ ਸਪਲਾਈ ਕਰਨੀ ਸੀ। ਜਿੰਨ੍ਹਾਂ ਪਾਸੋ ਹੋਰ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ ਜਿੰਨ੍ਹਾਂ ਪਾਸੋ ਹੋਰ ਵੀ ਇੰਕਸਾਫ ਹੋਣ ਦੀ ਸੰਭਾਵਨਾ ਹੈ।

# ਐਨ:ਡੀ:ਆਰ:ਐਫ 1 ਜੁਲਾਈ ਤੋਂ 13 ਜੁਲਾਈ ਤੱਕ ਕੁਦਰਤੀ ਆਫਤਾਂ ਤੋਂ ਬਚਣ ਲਈ ਦਿੱਤੀ ਜਾਵੇਗੀ ਟ੍ਰੇਨਿੰਗ : ਵਧੀਕ ਡਿਪਟੀ ਕਮਿਸ਼ਨਰ

**ਅੰਮ੍ਰਿਤਸਰ, 25 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

7ਵੀਂ ਬਟਾਲੀਅਨ ਐਨ:ਡੀ:ਆਰ:ਐਫ ਜਿਲੇ ਵਿੱਚ ਕੁਦਰਤੀ ਆਫਤਾਂ ਦੀ ਸਥਿਤੀ ਨਾਲ ਨਿਪਟਣ ਲਈ ਕਿਸ ਤਰਾ ਬਚਾਓ ਕੀਤਾ ਜਾਣਾ ਹੈ ਅਤੇ ਲੋਕਾਂ ਦੀਆਂ ਜਾਨਾਂ ਨੂੰ ਕਿਵੇਂ ਬਚਾਉਣਾ ਹੈ ਸਬੰਧੀ ਇਕ ਜੁਲਾਈ ਤੋਂ 13 ਜੁਲਾਈ ਤੱਕ ਵੱਖ-ਵੱਖ ਵਿਭਾਗਾਂ ਅਤੇ ਸਕੂਲਾਂ ਵਿੱਚ ਟ੍ਰੇਨਿੰਗ ਆਯੋਜਿਤ ਕੀਤੀ ਜਾਵੇਗੀ।

ਇਸ ਸਬੰਧੀ ਐਨ:ਡੀ:ਆਰ:ਐਫ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਦੇ ਹੋਏ ਵਧੀਕ ਡਿਪਟੀ ਕਮਿਸ਼ਨਰ ਸ੍ਰੀ ਨਿਕਾਸ ਕੁਮਾਰ ਨੇ ਦੱਸਿਆ ਕਿ ਇਸ ਦੋ ਹਫ਼ਤੇ ਦੀ ਟ੍ਰੇਨਿੰਗ ਵਿੱਚ ਐਨ.ਡੀ.ਆਰ.ਐਫ ਵਲੋਂ ਕੁਦਰਤੀ ਆਫ਼ਤਾਂ ਜਿਵੇਂ ਕਿ ਭੂਚਾਲ, ਹੜ੍ਹ ਆਦਿ ਸਥਿਤੀਆਂ ਨਾਲ ਨਿਪਟਣ ਲਈ ਲੋਕਾਂ ਨੂੰ ਜਾਗਰੂਕ ਕੀਤਾ ਜਾਵੇਗਾ ਅਤੇ ਜਿੰਦਗੀ ਬਚਾਊ ਤਕਨੀਕਾਂ ਸਬੰਧੀ ਜਾਣਕਾਰੀ ਮੁਹੱਈਆ ਕਰਵਾਈ ਜਾਵੇਗੀ। ਉਨਾਂ ਦੱਸਿਆ ਕਿ ਇਸ ਦੌਰਾਨ ਐਨ.ਡੀ.ਆਰ.ਐਫ ਵਲੋਂ ਹਰੇਕ ਬਲਾਕ ਦੇ ਸਕੂਲਾਂ ਵਿੱਚ ਬੱਚਿਆਂ ਨੂੰ ਵੀ ਕੁਦਰਤੀ ਆਫ਼ਤਾਂ ਤੋਂ ਬਚਣ ਸਬੰਧੀ ਜਾਗਰੂਕ ਕੀਤਾ ਜਾਵੇਗਾ। ਉਨਾਂ ਐਨ:ਡੀ:ਆਰ:ਐਫ ਅਧਿਕਾਰੀਆਂ ਨੂੰ ਕਿਹਾ ਕਿ ਉਹ ਜਿਲ੍ਹੇ ਦੇ ਸਾਰੇ ਐਸ.ਡੀ.ਐਮਜ਼ ਅਤੇ ਤਹਿਸੀਲਦਾਰਾਂ ਨਾਲ ਆਪਣਾ ਤਾਲਮੇਲ ਜ਼ਰੂਰ ਰੱਖਣ ਤਾਂ ਜੋ ਕਿਸੇ ਵੀ ਸਥਿਤੀ ਨਾਲ ਨਜਿੱਠਣ ਲਈ ਤੁਰੰਤ ਉਪਾਅ ਕੀਤੇ ਜਾ ਸਕਣ। ਇਸ ਮੀਟਿੰਗ ਵਿੱਚ ਜਿਲਾ ਪ੍ਰਸ਼ਾਸ਼ਨ ਅਧਿਕਾਰੀਆਂ ਤੋਂ ਇਲਾਵਾ ਫਾਇਰ ਬਿਰਗੇਡ, ਪੁਲਿਸ ਪ੍ਰਸ਼ਾਸ਼ਨ, ਸਿਹਤ ਵਿਭਾਗ ਆਦਿ ਨੇ ਹਿੱਸਾ ਲਿਆ।

ਇੰਸਪੈਕਟਰ ਐਨ.ਡੀ.ਆਰ.ਐਫ਼ ਸ੍ਰੀ ਰਣਜੀਤ ਕੁਮਾਰ ਮਿਸ਼ਰਾ ਨੇ ਦੱਸਿਆ ਕਿ ਇਸ ਟ੍ਰੇਨਿੰਗ ਦਾ ਮੁੱਖ ਉਦੇਸ਼ ਕਿਸੇ ਵੀ ਤਰਾ ਦੀਆਂ ਕੁਦਰਤੀ ਆਫਤਾਂ ਜਿਵੇ ਕਿ ਭੂਚਾਲ ਆਦਿ ਤੋ ਲੋਕਾਂ ਦੀ ਜਾਨ ਨੂੰ ਬਚਾਉਣਾ ਹੈ। ਉਨਾਂ ਦੱਸਿਆ ਕਿ ਕਿਸੇ ਵੀ ਅਣਸੁਖਾਵੀਂ ਘਟਨਾ ਹੋਣ ਤੇ ਪ੍ਰਸ਼ਾਸ਼ਨ ਵੱਲੋਂ ਸਭ ਤੋਂ ਪਹਿਲਾਂ ਫਾਇਰ ਬਿਗ੍ਰੇਡ ਅਤੇ ਪੁਲਿਸ ਨੂੰ ਸੂਚਿਤ ਕੀਤਾ ਜਾਂਦਾ ਹੈ ਅਤੇ ਇਸ ਤੋਂ ਇਲਾਵਾ ਨੇੜੇ ਦੇ ਸਕੂਲ ਵਿੱਚ ਰਾਹਤ ਕੈਂਪ ਸਥਾਪਤ ਕੀਤਾ ਜਾਂਦਾ ਹੈ। ਉਨਾਂ ਦੱਸਿਆ ਕਿ ਇਹ ਰਾਹਤ ਕੈਂਪ ਵਿੱਚ ਜਖਮੀ ਹੋਏ ਲੋਕਾਂ ਨੂੰ ਪੂਰੀ ਡਾਕਟਰੀ ਸਹਾਇਤਾ ਅਤੇ ਖਾਣ ਪੀਣ ਦਾ ਪ੍ਰਬੰਧ ਵੀ ਕੀਤਾ ਜਾਂਦਾ ਹੈ। ਉਨਾਂ ਦੱਸਿਆ ਕਿ ਅਣਸੁਖਾਵੀਂ ਘਟਨਾ ਤੋਂ ਬਚਣ ਲਈ ਜਿਲ੍ਹਾ ਆਫਤ ਪ੍ਰਬੰਧਨ ਯੋਜਨਾ ਤਹਿਤ ਸਾਰੇ ਵਿਭਾਗਾਂ ਦਾ ਆਪਸ ਵਿੱਚ ਤਾਲਮੇਲ ਹੋਣਾ ਚਾਹੀਦਾ ਹੈ ਤਾਂ ਜੋ ਕਿਸੇ ਵੀ ਅਣਸੁਖਾਵੀਂ ਘਟਨਾ ਹੋਣ ਤੇ ਤੁਰੰਤ ਹਰਕਤ ਵਿੱਚ ਆਇਆ ਜਾ ਸਕੇ। ਉਨਾਂ ਦੱਸਿਆ ਕਿ ਕਿਸੇ ਵੀ ਸੰਭਾਵੀ ਹਾਲਾਤਾਂ ਨਾਲ ਨਜਿੱਠਣ ਲਈ ਪਹਿਲਾਂ ਤੋਂ ਹੀ ਤਿਆਰੀ ਹੋਣੀ ਚਾਹੀਦੀ ਹੈ। ਇੰਸਪੈਕਟਰ ਐਨ:ਡੀ:ਆਰ:ਐਫ ਨੇ ਦੱਸਿਆ ਕਿ ਐਨ:ਡੀ:ਆਰ:ਐਫ ਦੇ ਜਵਾਨ ਕਿਸੇ ਵੀ ਘਟਨਾ ਨਾਲ ਨਜਿੱਠਣ ਲਈ ਪੂਰੀ ਤਰਾਂ ਨਿਪੁੰਨ ਹਨ। ਉਨਾਂ ਦੱਸਿਆ ਕਿ ਸਾਡੀ ਬਟਾਲੀਅਨ ਜਿਲੇ ਵਿੱਚ ਕਿਸੇ ਵੀ ਅਣਸੁਖਾਵੀਂ ਘਟਨਾਂ ਨੂੰ ਰੋਕਣ ਲਈ ਜਾਣਕਾਰੀ ਮਿਲਦੇ ਹੀ 2 ਘੰਟੇ ਦੇ ਅੰਦਰ ਅੰਦਰ ਪਹੁੰਚ ਜਾਵੇਗੀ ਅਤੇ ਬਚਾਓ ਦਾ ਕੰਮ ਸ਼ੁਰੂ ਕਰ ਦੇਵੇਗੀ। ਉਨਾਂ ਦੱਸਿਆ ਕਿ ਇਸ ਸਮੇਂ ਦੇਸ਼ ਭਰ ਵਿੱਚ ਐਨ:ਡੀ:ਆਰ:ਐਫ ਦੇ 16 ਯੂਨਿਟ ਕੰਮ ਕਰ ਰਹੇ ਹਨ। ਜਿਸ ਵਿੱਚ ਇਕ ਯੂਨਿਟ ਬਠਿੰਡਾ ਵਿੱਚ ਸਥਿਤ ਹੈ। ਉਨਾਂ ਕਿਹਾ ਕਿ ਐਨ:ਡੀ:ਆਰ:ਐਫ ਦੇ ਜਵਾਨ ਸੰਭਾਵੀ ਹਾਲਾਤਾਂ ਨਾਲ ਨਜਿੱਠਣ ਲਈ ਹਮੇਸ਼ਾ ਹੀ ਤਿਆਰ ਰਹਿੰਦੇ ਹਨ।

ਇਸ ਮੀਟਿੰਗ ਵਿੱਚ ਐਸ.ਡੀ.ਐਮ ਅਜਨਾਲਾ ਸ: ਅਰਵਿੰਦਰ ਪਾਲ ਸਿੰਘ, ਐਸ.ਡੀ.ਐਮ. ਅੰਮ੍ਰਿਤਸਰ-2 ਸ੍ਰੀ ਲਾਲ ਵਿਸ਼ਵਾਸ਼ ਬੈਂਸ, ਜਿਲ੍ਹਾ ਮਾਲ ਅਫ਼ਸਰ ਸ੍ਰੀ ਪਵਨ ਗੁਲਾਟੀ, ਡਾ. ਮੋਨੀਕਾ, ਉਪ ਸਿੱਖਿਆ ਅਫ਼ਸਰ ਸ: ਬਲਰਾਜ ਸਿੰਘ ਢਿਲੋਂ ਤੋਂ ਇਲਾਵਾ ਬੀ.ਐਸ.ਐਫ. ਅਤੇ ਸੈਨਾਂ ਦੇ ਨੁਮਾਇੰਦੇ ਵੀ ਹਾਜ਼ਰ ਸਨ।

## ਹਰਿਮੰਦਰ ਸਾਹਿਬ ਕੰਪਲੈਕਸ 'ਚ ਯੋਗ ਕਰਨ ਵਾਲੀ ਨੂੰ ਧਮਕੀਆਂ ਮਗਰੋਂ ਪੁਲੀਸ ਸੁਰੱਖਿਆ ਮਿਲੀ



**ਵਡੋਦਰਾ, 25 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਵਡੋਦਰਾ ਦੀ ਫੈਸ਼ਨ ਡਿਜ਼ਾਈਨਰ ਅਰਚਨਾ ਮਕਵਾਨਾ ਨੂੰ 21 ਜੂਨ ਨੂੰ ਕੌਮਾਂਤਰੀ ਯੋਗ ਦਿਵਸ ਮੌਕੇ 'ਤੇ ਅੰਮ੍ਰਿਤਸਰ ਦੇ ਹਰਿਮੰਦਰ ਸਾਹਿਬ ਕੰਪਲੈਕਸ ਵਿੱਚ ਯੋਗ ਕਰਨ ਤੋਂ ਬਾਅਦ ਪੁਲੀਸ ਸੁਰੱਖਿਆ ਮੁਹੱਈਆਂ ਕਰਵਾਈ ਗਈ ਹੈ। ਉਸ ਨੇ ਹਰਿਮੰਦਰ ਸਾਹਿਬ ਕੰਪਲੈਕਸ 'ਚ ਸੀਸ ਆਸਨ ਕੀਤਾ ਅਤੇ ਆਪਣੀਆਂ ਤਸਵੀਰਾਂ ਸੋਸ਼ਲ ਮੀਡੀਆ 'ਤੇ ਪੋਸਟ ਕੀਤੀਆਂ।

ਇਸ ਤੋਂ ਬਾਅਦ ਅਰਚਨਾ ਨੂੰ ਆਲੋਚਨਾ ਦਾ ਸਾਹਮਣਾ ਕਰਨਾ ਪਿਆ ਅਤੇ ਜਾਨੋਂ ਮਾਰਨ ਦੀਆਂ ਧਮਕੀਆਂ ਮਿਲਣੀਆਂ ਸ਼ੁਰੂ ਹੋ ਗਈਆਂ। ਉਸ ਨੇ ਇਸ ਲਈ ਮੁਆਫ਼ੀ ਮੰਗੀ ਤੇ ਕਿਹਾ ਕਿ ਉਸ ਦਾ ਇਰਾਦਾ ਕਿਸੇ ਦੀਆਂ ਧਾਰਮਿਕ ਭਾਵਨਾਵਾਂ ਨੂੰ ਸੱਟ ਮਾਰਨ ਦਾ ਨਹੀਂ ਸੀ। ਹੁਣ ਇਹ ਦੇਖਣਾ ਹੋਵੇਗਾ ਕਿ ਅਰਚਨਾ ਮਕਵਾਨਾ ਨੇ ਇਹ ਜਾਣ ਬੁੱਝ ਕੇ ਕੀਤਾ ਕਿ ਉਹ ਅਨਜਾਣੇ ਵਿਚ ਇਹ ਕਰ ਬੈਠੀ

# ਰਾਜ ਸਭਾ 'ਚ ਜੇ. ਪੀ. ਨੱਢਾ ਨੂੰ ਮਿਲੀ ਵੱਡੀ ਜ਼ਿੰਮੇਵਾਰੀ, ਸਦਨ ਦੇ ਨੇਤਾ ਨਿਯੁਕਤ

**ਨਵੀਂ ਦਿੱਲੀ, 25 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

18ਵੀਂ ਲੋਕ ਸਭਾ ਦੇ ਪਹਿਲੇ ਸੰਸਦ ਸੈਸ਼ਨ 'ਚ ਸੋਮਵਾਰ ਯਾਨੀ ਕਿ ਅੱਜ ਸੰਸਦ ਮੈਂਬਰਾਂ ਨੇ ਸਹੁੰ ਚੁੱਕੀ। ਇਸ ਦੌਰਾਨ ਕੇਂਦਰੀ ਸਿਹਤ ਮੰਤਰੀ ਜੇ. ਪੀ. ਨੱਢਾ ਨੂੰ ਰਾਜ ਸਭਾ ਵਿਚ ਸਦਨ ਦਾ ਨੇਤਾ ਬਣਾਇਆ ਗਿਆ ਹੈ। ਹੁਣ ਤੱਕ ਰਾਜ ਸਭਾ ਵਿਚ ਪਿਊਸ਼ ਗੋਇਲ ਸਦਨ ਦੇ ਨੇਤਾ ਸਨ, ਜੋ ਇਸ ਵਾਰ ਲੋਕ ਸਭਾ ਪਹੁੰਚ ਚੁੱਕੇ ਹਨ। ਅਜਿਹੇ ਵਿਚ ਨੱਢਾ ਨੂੰ ਇਹ ਜ਼ਿੰਮੇਵਾਰੀ ਮਿਲ ਗਈ ਹੈ। ਫ਼ਿਲਹਾਲ ਨੱਢਾ ਭਾਜਪਾ ਦੇ ਪ੍ਰਧਾਨ ਹਨ ਅਤੇ ਉਨ੍ਹਾਂ ਦਾ ਕਾਰਜਕਾਲ 30 ਜੂਨ ਨੂੰ ਖ਼ਤਮ ਹੋ ਰਿਹਾ ਹੈ। ਫ਼ਿਲਹਾਲ ਉਨ੍ਹਾਂ ਦੇ ਵਿਕਲਪ ਲਈ ਤਲਾਸ਼ ਤੇਜ਼ ਹੈ ਅਤੇ ਜਲਦੀ ਹੀ ਕਿਸੇ ਨਵੇਂ ਪ੍ਰਧਾਨ ਦਾ ਫ਼ੈਸਲਾ ਹੋ ਸਕਦਾ ਹੈ।



ਦੱਸ ਦੇਈਏ ਕਿ 18ਵੀਂ ਲੋਕ ਸਭਾ ਦੇ ਪਹਿਲੇ ਸੈਸ਼ਨ ਦੀ ਪਹਿਲੀ ਮੀਟਿੰਗ ਵਿਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਉਨ੍ਹਾਂ ਦੀ ਕੈਬਨਿਟ ਦੇ ਮੈਂਬਰਾਂ ਦੇ ਨਾਲ-ਨਾਲ ਹੋਰ ਨਵੇਂ ਚੁਣੇ ਗਏ ਮੈਂਬਰਾਂ ਨੇ ਸਦਨ ਦੇ ਮੈਂਬਰਾਂ ਵਜੋਂ ਸਹੁੰ ਚੁੱਕੀ।ਕਾਰਜਕਾਰੀ ਸਪੀਕਰ (ਪ੍ਰੋਟੇਮ ਸਪੀਕਰ) ਭਰਤਹਰਿ ਮਹਿਤਾਬ ਨੇ ਸਦਨ ਦੀ ਕਾਰਵਾਈ ਸ਼ੁਰੂ ਕੀਤੀ ਅਤੇ ਮੈਂਬਰਾਂ ਨੂੰ ਸਹੁੰ ਚੁਕਾਈ। ਪ੍ਰਧਾਨ ਮੰਤਰੀ ਮੋਦੀ ਹਾਲ ਹੀ ਵਿਚ ਹੋਈਆਂ ਲੋਕ ਸਭਾ ਚੋਣਾਂ ਤੋਂ ਬਾਅਦ ਲਗਾਤਾਰ ਤੀਜੀ ਵਾਰ ਸੱਤਾ ਪਰਤੇ ਹਨ। ਪ੍ਰਧਾਨ ਮੰਤਰੀ ਮੋਦੀ ਅਤੇ ਉਨ੍ਹਾਂ ਦੀ ਕੈਬਨਿਟ ਨੇ 9 ਜੂਨ ਨੂੰ ਸਹੁੰ ਚੁੱਕੀ ਸੀ। ਪ੍ਰਧਾਨ ਮੰਤਰੀ ਮੋਦੀ ਤੀਜੀ ਵਾਰ ਵਾਰਾਣਸੀ ਲੋਕ ਸਭਾ ਸੀਟ ਤੋਂ ਚੁਣੇ ਗਏ ਹਨ। ਸਦਨ ਦੀ ਕਾਰਵਾਈ ਸ਼ੁਰੂ ਹੁੰਦੇ ਹੀ ਨਰਿੰਦਰ ਮੋਦੀ ਨੇ ਸਭ ਤੋਂ ਪਹਿਲਾਂ ਸਦਨ ਦੇ ਨੇਤਾ ਵਜੋਂ ਸਹੁੰ ਚੁੱਕੀ। ਇਸ ਦੌਰਾਨ ਸੱਤਾਧਾਰੀ ਪਾਰਟੀ ਦੇ ਮੈਂਬਰਾਂ ਨੇ 'ਮੋਦੀ ਮੋਦੀ' ਅਤੇ 'ਜੈ ਸ੍ਰੀ ਰਾਮ' ਦੇ ਨਾਅਰੇ ਲਾਏ। ਜਦੋਂ ਪ੍ਰਧਾਨ ਮੰਤਰੀ ਸਹੁੰ ਚੁੱਕ ਰਹੇ ਸਨ ਤਾਂ ਕਾਂਗਰਸ ਨੇਤਾ ਰਾਹੁਲ ਗਾਂਧੀ ਸਮੇਤ ਵਿਰੋਧੀ ਧਿਰ ਦੇ ਮੈਂਬਰ ਸੰਵਿਧਾਨ ਦੀਆਂ ਕਾਪੀਆਂ ਫੜ ਕੇ ਆਪਣੇ ਸਥਾਨਾਂ 'ਤੇ ਖੜ੍ਹੇ ਸਨ। ਜਦੋਂ ਗ੍ਰਹਿ ਮੰਤਰੀ ਅਮਿਤ ਸ਼ਾਹ ਸਹੁੰ ਚੁੱਕਣ ਆਏ ਤਾਂ ਵਿਰੋਧੀ ਧਿਰ ਦੇ ਮੈਂਬਰਾਂ ਨੇ ਆਪਣੇ ਹੱਥਾਂ ਵਿਚ ਸੰਵਿਧਾਨ ਦੀ ਕਾਪੀ ਫੜੀ ਹੋਈ ਸੀ। ਹਾਲਾਂਕਿ ਇਸ ਦੌਰਾਨ ਉਹ ਆਪੋ-ਆਪਣੇ ਸਥਾਨਾਂ 'ਤੇ ਬੈਠੇ ਰਹੇ।

# ਨਸ਼ੇ 'ਚ ਗ੍ਰਸਤ ਲੋਕਾਂ ਦਾ ਇਲਾਜ, ਮੁੜ ਵਸੇਬਾ ਸਾਡੀ ਮੁੱਖ ਤਰਜੀਹ- ਡਾ ਪੱਲਵੀ

**ਮਾਲੇਰਕੋਟਲਾ, 25 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਡਾ ਪੱਲਵੀ ਦੀ ਅਗਵਾਈ ਵਿੱਚ ਜ਼ਿਲ੍ਹੇ 'ਚ ਨਸ਼ਾ ਰੋਕੂ ਗਤੀਵਿਧੀਆਂ ਨਾਲ ਸਬੰਧਤ ਨਾਰਕੋ ਕੋਆਰਡੀਨੇਸ਼ਨ ਸੈਂਟਰ ਮੈਕਾਨਿਜ਼ਮ ਤਹਿਤ ਗਠਿਤ ਜ਼ਿਲ੍ਹਾ ਪੱਧਰੀ ਕਮੇਟੀ ਦੀ ਮੀਟਿੰਗ ਦਾ ਆਯੋਜਨ ਕੀਤਾ ਗਿਆ। ਮੀਟਿੰਗ ਵਿੱਚ ਸੀਨੀਅਰ ਕਪਤਾਨ ਪੁਲਿਸ ਮਾਲੇਰਕੋਟਲਾ ਡਾ ਸਿਮਰਤ ਕੌਰ,ਐਸ.ਡੀ.ਐਮ.ਮਾਲੇਰਕੋਟਲਾ ਸ੍ਰੀਮਤੀ ਅਪਰਨਾ ਐਮ.ਬੀ.,ਐਸ.ਡੀ.ਐਮ. ਅਹਿਮਦਗੜ੍ਹ ਸ੍ਰੀ ਗੁਰਮੀਤ ਕੁਮਾਰ ਬਾਂਸਲ,ਕਪਤਾਨ ਪੁਲਿਸ (ਸਥਾਨਕ) ਸ੍ਰੀਮਤੀ ਸਵਰਨਜੀਤ ਕੌਰ, ਉਪ ਕਪਤਾਨ ਪੁਲਿਸ ਸਬ-ਡਵੀਜ਼ਨ ਸ੍ਰੀ ਕਰਮਜੀਤ ਸਿੰਘ, ਡਰੱਗ ਇੰਸਪੈਕਟਰ ਸ੍ਰੀ ਨਵਪ੍ਰੀਤ ਸਿੰਘ,ਡੀ.ਐਮ.ਸੀ. ਡਾ ਰੇਸਮਾ ਭੋਰਾ ਤੋਂ ਇਲਾਵਾ ਹੋਰ ਅਧਿਕਾਰੀ ਹਾਜ਼ਰ ਸਨ।

ਵੱਖ-ਵੱਖ ਵਿਭਾਗਾਂ ਵੱਲੋਂ ਨਸ਼ਿਆਂ ਦੀ ਰੋਕਥਾਮ ਲਈ ਕੀਤੀ ਜਾ ਰਹੀ ਕਾਰਵਾਈ ਦੀ ਸਮੀਖਿਆ ਕਰਦਿਆਂ ਡਾ ਪੱਲਵੀ ਨੇ ਸਮੂਹ ਭਾਗੀਦਾਰ ਵਿਭਾਗਾਂ ਨੂੰ ਨਸ਼ਿਆਂ ਖਿਲਾਫ਼ ਜਾਗਰੂਕਤਾ ਗਤੀਵਿਧੀਆਂ ਵਿੱਚ ਸਰਗਰਮ ਭੂਮਿਕਾ ਨਿਭਾਉਣ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਨਸ਼ਿਆਂ ਖ਼ਿਲਾਫ਼ ਜਾਗਰੂਕਤਾ, ਨਸ਼ਾ ਛੁਡਾਊ ਕੇਂਦਰਾਂ ਤੇ ਪੁਨਰ ਵਸੇਬਾ ਕੇਂਦਰਾਂ 'ਚ ਆਉਂਦੇ ਨਸ਼ਾ ਪੀੜਤਾਂ ਨੂੰ ਇਸ ਬੁਰਾਈ ਤੋਂ ਦ੍ਰਿੜ੍ਹਤਾ ਨਾਲ ਛੁਟਕਾਰਾ ਦਿਵਾਉਣ, ਉਨ੍ਹਾਂ ਦੀ ਉਚਿਤ ਕੌਂਸਲਿੰਗ ਆਦਿ ਜਿਹੇ ਤਰੀਕਿਆਂ 'ਤੇ ਵੀ ਜ਼ੋਰ ਦੇਣ ਦੀ ਲੋੜ ਹੈ। ਨਸ਼ਿਆਂ ਵਿਰੁੱਧ ਮੁਹਿੰਮ ਨੂੰ ਜਨਤਕ ਲਾਮਬੰਦੀ ਵਿੱਚ ਤਬਦੀਲ ਕੀਤਾ ਜਾਣਾ ਚਾਹੀਦਾ ਹੈ ਜੋ ਸੂਬੇ ਵਿੱਚੋਂ ਨਸ਼ਿਆਂ ਦਾ ਖਾਤਮਾ ਕਰਨ ਵਿੱਚ ਸਹਾਈ ਸਿੱਧ ਹੋ ਸਕਦਾ ਹੈ।

ਉਨ੍ਹਾਂ ਕਿਹਾ ਕਿ ਖੇਡ,ਸਿੱਖਿਆ ਅਤੇ ਸਿਹਤ ਵਿਭਾਗਾਂ ਨੂੰ ਨਸ਼ਾ ਵਿਰੋਧੀ ਮੁਹਿੰਮ 'ਚ ਮੋਹਰੀ ਰੋਲ ਅਦਾ ਕਰਨ ਲਈ ਕਿਹਾ। ਇਹ ਵਿਭਾਗ ਜਮੀਨੀ ਪੱਧਰ ਤੇ ਨਸ਼ਿਆ ਦੀ ਹਰ ਗਤੀਵਿਧੀ ਨੂੰ ਰੋਕਣ ਦੇ ਸਮਰਥ ਹਨ। ਉਨ੍ਹਾਂ ਇਨ੍ਹਾਂ ਵਿਭਾਗਾ ਦੇ ਅਧਿਕਾਰੀਆਂ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਸਕੂਲਾਂ/ਕਾਲਜਾਂ ਵਿੱਚ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਹਰ ਸੰਭਵ ਉਪਰਾਲੇ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਹੋਰ ਕਿਹਾ ਕਿ ਨਸ਼ਾ ਪੀੜਤਾਂ ਨੂੰ ਸਮਾਜ ਦੀ ਮੁੱਖ ਧਾਰਾ ਵਿੱਚ ਲਿਆਉਣ ਸਾਡੀ ਤਰਜੀਹ ਹੈ। ਇਸ ਲਈ ਸਾਨੂੰ ਸਾਰਿਆਂ ਨੂੰ ਸਾਰਥਕ ਉਪਰਾਲੇ ਕਰਨੇ ਚਾਹੀਦੇ ਹਨ। ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਡਿਪਟੀ ਕਮਿਸ਼ਨਰ ਨੇ ਸਿਹਤ ਤੇ ਪੁਲਿਸ ਵਿਭਾਗ ਨੂੰ ਬਿਹਤਰ ਤਾਲਮੇਲ ਨਾਲ ਕੰਮ ਕਰਨ ਲਈ ਕਿਹਾ। ਉਨ੍ਹਾਂ ਪੁਲਿਸ ਵਿਭਾਗ ਨੂੰ ਨਸ਼ਿਆਂ ਖਿਲਾਫ਼ ਚੌਕਸੀ ਹੋਰ ਵਧਾਉਣ ਦੇ ਨਿਰਦੇਸ਼ ਦਿੰਦਿਆਂ ਕਿਹਾ ਕਿ ਨਸ਼ਿਆਂ ਪੱਖੋਂ ਸੰਵੇਦਨਸ਼ੀਲ ਥਾਵਾਂ 'ਤੇ ਲਗਾਤਾਰ ਨਜ਼ਰ ਰੱਖੀ ਜਾਵੇ। ਇਸ ਤੋਂ ਇਲਾਵਾ ਉਨ੍ਹਾਂ ਮੈਡੀਕਲ ਸਟੋਰਾਂ ਦੀ ਵੀ ਨਿਯਮਿਤ ਚੈਕਿੰਗ ਦੇ ਨਿਰਦੇਸ਼ ਦਿੱਤੇ।

# ਜਲ ਸੋਮਿਆਂ ਦੀ ਸੰਭਾਲ



ਪੰਜਾਬ ਵਿਚ ਖੇਤੀ ਉਤਪਾਦਨ ਨਿਰਵਿਘਨ ਸਿੰਚਾਈ ਸਹੂਲਤਾਂ ਕਾਰਨ ਹੀ ਬੁਲੰਦੀਆਂ ਛੋਹ ਸਕਿਆ ਹੈ ਪਰ ਪਾਣੀ ਦੀ ਅੰਨ੍ਹੇਵਾਹ ਅਤੇ ਬੇਲੋੜੀ ਵਰਤੋਂ ਨੇ ਧਰਤੀ ਹੇਠਲੇ ਪਾਣੀ ਦੇ ਪੱਧਰ ਵਿਚ ਬੁਰੀ ਤਰ੍ਹਾਂ ਗਿਰਾਵਟ ਲਿਆਂਦੀ ਹੈ। ਜੇ ਧਰਤੀ ਹੇਠਲੇ ਪਾਣੀ ਦੀ ਬੇਲੋੜੀ ਵਰਤੋਂ ਅਤੇ ਕੁਦਰਤੀ ਜਲ ਸੋਮਿਆਂ ਦੀ ਸਾਂਭ ਸੰਭਾਲ ਨਾ ਕੀਤੀ ਗਈ ਤਾਂ ਭਵਿੱਖ ਵਿਚ ਪੰਜਾਬ ਦੀ ਧਰਤੀ ਵੀ ਮਾਰੂਥਲ ਬਣ ਜਾਵੇਗੀ। ਆਓ ਜਾਣੀਏ ਜਲ ਸੋਮਿਆਂ ਦੀ ਸਾਂਭ ਸੰਭਾਲ ਦੇ ਢੰਗ।

## ਲੇਜ਼ਰ ਲੈਵਲਿੰਗ

ਪੰਜਾਬ ਵਿਚ ਸਿੰਚਾਈ ਦਾ ਸਭ ਤੋਂ ਵਧੇਰੇ ਪ੍ਰਚਲੱਤ ਤਰੀਕਾ ਬਾਰਡਰ ਇਰੀਗੇਸ਼ਨ ਹੈ। ਖੇਤ ਨੂੰ ਇਕਸਾਰ ਪੱਧਰਾ ਕਰਨ ਲਈ ਲੇਜ਼ਰ ਲੈਵਲਰ ਜਾਂ ਕੰਪਿਊਟਰ ਵਾਲਾ ਕਰਾਹਾ ਇਕ ਵਧੀਆ ਸਾਧਨ ਹੈ। ਇਹ ਪਾਣੀ ਦੀ ਬੱਚਤ ਵਿਚ ਮਦਦਗਾਰ ਹੈ।

## ਪਾਣੀ ਦਾ ਰਿਸਾਅ ਰੋਕਣਾ

ਪਾਣੀ ਦੇ ਸੋਮੇ ਤੋਂ ਖੇਤ ਤਕ ਪਹੁੰਚਦੇ ਪਹੁੰਚਦੇ ਪਾਣੀ ਕਾਫ਼ੀ ਮਾਤਰਾ 'ਚ ਰਿਸ ਜਾਂਦਾ ਹੈ। ਪਾਣੀ ਦੀਆਂ ਖਾਲੀਆਂ ਦੀ ਜੇ ਲਾਈਨਿੰਗ ਹੋਈ ਹੋਵੇ ਅਤੇ ਪਾਣੀ ਦੀ ਸਪਲਾਈ ਲਈ ਜ਼ਮੀਨਦੋਜ਼ ਪਾਈਪਾਂ ਦੀ ਵਰਤੋਂ ਕੀਤੀ ਜਾਵੇ ਤਾਂ ਕਾਫ਼ੀ ਪਾਣੀ ਜਾਇਆ ਹੋਣ ਤੋਂ ਬਚ ਸਕਦਾ ਹੈ।

## ਫਰ੍ਹੋ ਸਿੰਚਾਈ

ਕਤਾਰ ਵਾਲੀਆਂ ਫ਼ਸਲਾਂ ਲਈ ਫਰ੍ਹੋ ਸਿੰਚਾਈ ਸਭ ਤੋਂ ਵਧੀਆ ਤਕਨੀਕ ਹੈ। ਗੰਨਾ, ਕਪਾਹ, ਮੱਕੀ, ਸੂਰਜਮੁਖੀ ਆਦਿ ਵਿਚ ਖੁੱਲ੍ਹੇ ਪਾਣੀ ਨਾਲੋਂ ਫਰ੍ਹੋ ਸਿੰਚਾਈ ਤਕਨੀਕ ਕਾਫ਼ੀ ਕਾਮਯਾਬ ਹੈ।

## ਸਿੰਚਾਈ ਦੀਆਂ ਕੁਸ਼ਲ ਵਿਧੀਆਂ

ਇਸ 'ਚ ਤੁਪਕਾ ਸਿੰਚਾਈ, ਮਾਈਕਰੋ ਸਪਰਿੰਕਲਰ, ਫ਼ੌਗਾਰ, ਛੋਟਾ ਸਪਰਿੰਕਲਰ, ਮਿਸਟਰ ਅਤੇ ਬਬਲਰ ਸਿਸਟਮ ਸ਼ਾਮਲ ਹਨ। ਤੁਪਕਾ ਪ੍ਰਣਾਲੀ ਨਾਲ ਬੂੰਦ ਬੂੰਦ ਕਰ ਕੇ ਪਾਣੀ ਸਿੱਧੇ ਤੌਰ 'ਤੇ ਬੂਟੇ ਦੀਆਂ ਜੜ੍ਹਾਂ ਵਿਚ ਪੈਂਦਾ ਹੈ।

## ਬਜਾਈ ਦੇ ਸਮੇਂ 'ਚ ਬਦਲਾਅ

ਫ਼ਸਲ ਦੇ ਘੱਟ ਵਾਸ਼ਪੀਕਰਨ ਵਾਲੇ ਸਮੇਂ ਦੌਰਾਨ ਬੀਜੇ ਜਾਣ 'ਤੇ ਪਾਣੀ ਦੀ ਜ਼ਰੂਰਤ ਘੱਟ ਜਾਂਦੀ ਹੈ। ਮਿਸਾਲ ਦੇ ਤੌਰ 'ਤੇ 10 ਜੂਨ ਤੋਂ ਪਹਿਲਾਂ ਜੇ ਝੋਨਾ ਬੀਜਿਆ ਜਾਵੇ ਤਾਂ ਪਾਣੀ ਦੀ ਬਹੁਤ ਵਧੇਰੇ ਲੋੜ ਪੈਂਦੀ ਹੈ ਜਦਕਿ ਇਹੀ ਬਿਜਾਈ 10 ਤੋਂ 30 ਜੂਨ ਵਿਚਕਾਰ ਕੀਤੀ ਜਾਵੇ ਤਾਂ ਝੋਨੇ ਲਈ ਪਾਣੀ ਦੀ ਮੰਗ ਕਾਫ਼ੀ ਘੱਟ ਜਾਂਦੀ ਹੈ।

## ਬਰਸਾਤੀ ਪਾਣੀ ਦੀ ਸੰਭਾਲ

ਮੀਂਹ ਦਾ ਪਾਣੀ ਖੇਤੀ ਸਿੰਚਾਈ 'ਚ ਅਹਿਮ ਭੂਮਿਕਾ ਨਿਭਾਉਂਦਾ ਹੈ, ਇਸ ਨੂੰ ਟੋਇਆਂ ਜਾਂ ਝੋਨੇ ਵਰਗੀ ਪਾਣੀ ਦੀ ਮਾਰ ਸਹਿਣ ਵਾਲੀ ਫ਼ਸਲ ਵਾਲੇ ਖੇਤਾਂ ਵਿਚ ਸਟੋਰ ਕਰ ਕੇ ਜ਼ਮੀਨ 'ਚ ਰੀਚਾਰਜ ਹੋਣ ਦਿੱਤਾ ਜਾਵੇ ਤਾਂ ਧਰਤੀ ਹੇਠਲੇ ਪਾਣੀ ਦੇ ਪੱਧਰ 'ਚ ਕਾਫ਼ੀ ਸੁਧਾਰ ਆ ਸਕਦਾ ਹੈ।

## ਟੈਂਸ਼ੀਓਮੀਟਰ

ਝੋਨੇ ਅਤੇ ਪਾਣੀ ਦੀ ਵਧੇਰੇ ਮੰਗ ਵਾਲੀਆਂ ਫ਼ਸਲਾਂ ਵਿਚ ਬੇਲੋੜਾ ਪਾਣੀ ਖੜ੍ਹਾ ਰੱਖਣ ਦੀ ਥਾਂ ਟੈਂਸ਼ੀਓਮੀਟਰ ਦੀ ਮਦਦ ਨਾਲ ਪਾਣੀ ਦੀ ਜ਼ਰੂਰਤ ਨੂੰ ਦੇਖਦੇ ਹੋਏ ਹੀ ਜੇ ਸਿੰਚਾਈ ਕੀਤੀ ਜਾਵੇ ਤਾਂ ਕਾਫ਼ੀ ਮਾਤਰਾ ਵਿਚ ਪਾਣੀ ਦੀ ਬੱਚਤ ਕੀਤੀ ਜਾ ਸਕਦੀ ਹੈ।

# ਵਲੈਤੀ ਗਾਵਾਂ ਤੇ ਚਿੱਚੜਾਂ ਦੀ ਰੋਕਥਾਮ

• ਨਿਰਮਲ ਸਿੰਘ ਕਾਹਲੋਂ

ਦੁੱਧ ਦੀ ਉਪਜ ਵਧਾਉਣ ਲਈ ਪੰਜਾਬ ਵਿਚ ਵਲੈਤੀ ਗਾਵਾਂ ਵੱਡੀ ਗਿਣਤੀ 'ਚ ਪਾਲੀਆਂ ਜਾਂਦੀਆਂ ਹਨ। ਇਸ ਵਿਚ ਕੋਈ ਸ਼ੱਕ ਨਹੀਂ ਹੈ ਕਿ ਇਹ ਗਾਵਾਂ ਵੱਧ ਦੁੱਧ ਦਿੰਦੀਆਂ ਹਨ ਪਰ ਜਦ ਗਾਂ ਨੂੰ ਚਿੱਚੜ ਪੈ ਜਾਂਦੇ ਹਨ ਤਾਂ ਇਹ ਗਾਵਾਂ ਦਾ ਖ਼ੂਨ ਚੂਸਦੇ ਹਨ, ਜਿਸ ਕਾਰਨ ਗਾਂ ਕਮਜ਼ੋਰ ਹੋ ਜਾਂਦੀ ਹੈ ਅਤੇ ਇਸ ਦਾ ਦੁੱਧ ਦੀ ਪੈਦਾਵਾਰ ਉੱਪਰ ਵੀ ਬੇਹੱਦ ਮਾੜਾ ਅਸਰ ਪੈਂਦਾ ਹੈ। ਜੇ ਸਮੇਂ ਸਿਰ ਇਨ੍ਹਾਂ ਪਰਜੀਵੀਆਂ ਦਾ ਖਾਤਮਾ ਨਾ ਕੀਤਾ ਜਾਵੇ ਤਾਂ ਇਨ੍ਹਾਂ ਦੀ ਗਾਂ ਦੇ ਸਰੀਰ ਉੱਪਰ ਗਿਣਤੀ ਵਧਦੀ ਹੀ ਜਾਂਦੀ ਹੈ। ਲੰਬੇ ਸਮੇਂ ਤਕ ਇਹ ਸਮੱਸਿਆ ਕਾਇਮ ਰਹੇ ਤਾਂ ਬੇਹੱਦ ਕਮਜ਼ੋਰ ਹੋ ਕੇ ਗਾਂ ਦੀ ਮੌਤ ਵੀ ਹੋ ਸਕਦੀ ਹੈ। ਮੌਜੂਦਾ ਸਮੇਂ ਗਾਵਾਂ ਦੇ ਚਿੱਚੜ ਮਾਰਨ ਲਈ ਉਨ੍ਹਾਂ ਦੇ ਸਰੀਰ ਉੱਪਰ 15-15 ਦਿਨ ਬਾਅਦ ਅੰਗਰੇਜ਼ੀ ਦਵਾਈ ਦੋ ਤੋਂ ਤਿੰਨ ਵਾਰ ਮਲੀ ਜਾਂਦੀ ਹੈ, ਜਿਸ ਨਾਲ ਚਿੱਚੜ ਮਰ ਜਾਂਦੇ ਹਨ ਪਰ ਇਹ ਦਵਾਈ ਬੜੀ ਜ਼ਹਿਰੀਲੀ ਹੁੰਦੀ ਹੈ। ਅੰਗਰੇਜ਼ੀ ਦਵਾਈ ਤੋਂ ਇਲਾਵਾ ਗਾਵਾਂ ਨੂੰ ਪੈਣ ਵਾਲੇ ਚਿੱਚੜਾਂ ਦੀ ਘਰੇਲੂ ਪੱਧਰ 'ਤੇ ਵੀ ਰੋਕਥਾਮ ਕੀਤੀ ਜਾ ਸਕਦੀ ਹੈ। ਗਰਮੀ ਦੇ ਮੌਸਮ ਵਿਚ ਗਾਂ ਨੂੰ ਰੋਜ਼ਾਨਾ 500 ਗ੍ਰਾਮ ਸਰ੍ਹੋਂ ਦੀ ਖਲ਼ ਚਾਰੇ ਵਿਚ ਮਿਲਾ ਕੇ ਪਾਓ। ਜੇ ਖਲ਼ ਨਹੀਂ ਹੈ ਤਾਂ ਹਫ਼ਤੇ-ਹਫ਼ਤੇ ਬਾਅਦ 200 ਮਿਲੀਲਿਟਰ ਸਰ੍ਹੋਂ ਦਾ ਤੇਲ, ਚੋਕਰ ਜਾਂ ਚਾਰੇ ਵਿਚ ਮਿਲਾ ਕੇ 3-4 ਹਫ਼ਤੇ ਗਾਂ ਨੂੰ ਪਾਓ। ਇਸ ਨਾਲ ਗਾਂ ਨੂੰ ਚਿੱਚੜ ਨਹੀਂ ਪੈਣਗੇ। ਜੇ ਚਿੱਚੜ ਪੈ ਗਏ ਹਨ ਤਾਂ ਉਹ ਮਰ ਜਾਣਗੇ, ਕਿਉਂਕਿ ਸਰ੍ਹੋਂ ਦੀ ਖਲ਼ ਤੇ ਸਰ੍ਹੋਂ ਦੇ ਤੇਲ ਦੀ ਤਾਸੀਰ ਠੰਡੀ ਹੁੰਦੀ ਹੈ, ਇਸ ਕਰਕੇ ਸਰਦੀਆਂ ਵਿਚ ਗਾਂ ਨੂੰ ਸਰ੍ਹੋਂ ਦੀ ਖਲ਼ ਜਾਂ ਤੇਲ ਨਹੀਂ ਦੇਣਾ ਚਾਹੀਦਾ। ਗਰਮੀ ਦੇ ਮੌਸਮ ਵਿਚ ਜੇ ਗਾਂ ਨੂੰ ਸਰ੍ਹੋਂ ਦਾ ਤੇਲ ਜਾਂ ਖਲ਼ ਉੱਪਰ ਦੱਸੇ ਤਰੀਕੇ ਨਾਲ ਦਿੱਤੇ ਜਾਣ ਤਾਂ ਸਰਦੀ ਦੇ ਮੌਸਮ ਵਿਚ ਗਾਂ ਨੂੰ ਚਿੱਚੜ ਨਹੀਂ ਪੈਣਗੇ। ਇਸ ਤੋਂ ਇਲਾਵਾ ਸਰ੍ਹੋਂ ਦੀ ਖਲ਼ ਜਾਂ ਤੇਲ ਵਿਚ ਕਿਸੇ ਕਿਸਮ ਦਾ ਜ਼ਹਿਰੀਲਾ ਤੱਤ ਵੀ ਨਹੀਂ ਹੁੰਦਾ ਅਤੇ ਇਹ ਇਲਾਜ ਬੜਾ ਸਸਤਾ ਤੇ ਆਸਾਨ ਵੀ ਹੈ। ਕਿਸੇ ਸਾਵਧਾਨੀ ਦੀ ਵੀ ਲੋੜ ਨਹੀਂ ਹੈ। ਗਾਂ ਦੀ ਸਿਹਤ ਵੀ ਠੀਕ ਰਹਿੰਦੀ ਹੈ ਅਤੇ ਦੁੱਧ ਦੀ ਉਪਜ ਵੀ ਨਹੀਂ ਘਟਦੀ।

ਜੇ ਸਮੇਂ ਸਿਰ ਇਨ੍ਹਾਂ ਪਰਜੀਵੀਆਂ ਦਾ ਖਾਤਮਾ ਨਾ ਕੀਤਾ ਜਾਵੇ ਤਾਂ ਇਨ੍ਹਾਂ ਦੀ ਗਾਂ ਦੇ ਸਰੀਰ ਉੱਪਰ ਗਿਣਤੀ ਵਧਦੀ ਹੀ ਜਾਂਦੀ ਹੈ।

• ਮੋਬਾਈਲ 88729-46618





# ਮੱਕੀ ਤੇ ਝੋਨੇ ਵਿਚਲੇ ਨਦੀਨਾਂ ਦੀ ਰੋਕਥਾਮ ਦੇ ਸਰਵਪੱਖੀ ਢੰਗ ਅਪਨਾਓ

• ਮੱਖਣ ਸਿੰਘ

ਨਦੀਨ, ਫ਼ਸਲ ਉਤਪਾਦਨ ਲਈ ਇਕ ਮਹਤੱਵਪੂਰਨ ਚੁਣੌਤੀ ਹਨ। ਫ਼ਸਲਾਂ ਦੇ ਝਾੜ ਅਤੇ ਮਿਆਰ ਉਤੇ ਬੁਰਾ ਪ੍ਰਭਾਵ ਪਾਉਣ ਤੋਂ ਇਲਾਵਾ ਨਦੀਨ ਫ਼ਸਲਾਂ ਦੇ ਕੀੜੇ ਮਕੌੜਿਆਂ ਅਤੇ ਵਿਸ਼ਾਣੂਆਂ/ ਜੀਵਾਣੂਆਂ ਲਈ ਬਦਲਵੇਂ ਮੇਜ਼ਬਾਨ ਵਜੋਂ ਭੂਮਿਕਾ ਅਦਾ ਕਰਦੇ ਹਨ ਜਿਵੇਂ ਕਿ ਪੀਲੀ ਬੂਟੀ ਅਤੇ ਕੰਘੀ ਬੂਟੀ ਮੀਲੀ ਬਗ/ ਚਿੱਟੀ ਮੱਖੀ ਦੇ ਬਦਲਵੇਂ ਮੇਜ਼ਬਾਨ ਹਨ। ਗਾਜਰਬੂਟੀ ਮਨੁੱਖੀ ਸਿਹਤ ਉੱਪਰ ਬੁਰਾ ਪ੍ਰਭਾਵ ਪਾਉਂਦੀ ਹੈ ਅਤੇ ਧਤੂਰਾ ਪਸ਼ੂਆਂ ਲਈ ਜ਼ਹਿਰੀਲਾ ਹੈ। ਇਸ ਕਰ ਕੇ ਨਦੀਨਾਂ ਦੀ ਰੋਕਥਾਮ ਕਰਨੀ ਬਹੁਤ ਜ਼ਰੂਰੀ ਹੈ। ਨਦੀਨਨਾਸ਼ਕਾਂ ਦੇ ਆਗਮਨ ਤੋਂ ਪਹਿਲਾਂ ਨਦੀਨਾਂ ਦੀ ਰੋਕਥਾਮ ਜ਼ਿਆਦਾਤਰ ਵਹਾਈ ਕਰਕੇ ਕੀਤੀ ਜਾਂਦੀ ਸੀ। ਅਜੋਕੇ ਸਮੇਂ ਵਿਚ ਰਸਾਇਣਕ ਨਦੀਨ ਪ੍ਰਬੰਧ ਨੂੰ ਹੀ ਤਰਜੀਹ ਦਿਤੀ ਜਾਂਦੀ ਹੈ। ਪਰ ਕੋਈ ਵੀ ਨਦੀਨਨਾਸ਼ਕ ਸੌ ਫ਼ੀਸਦੀ ਨਦੀਨਾਂ ਦੀ ਰੋਕਥਾਮ ਨਹੀਂ ਕਰ ਸਕਦਾ। ਇਸ ਕਰਕੇ ਨਦੀਨਾਂ ਦੀ ਸਮੱਸਿਆ ਤੋਂ ਨਿਜ਼ਾਤ ਪਾਉਣ ਲਈ ਸਰਵਪੱਖੀ ਰੋਕਥਾਮ ਅਪਨਾਉਣ ਦੀ ਲੋੜ ਹੈ। ਸਾਉਣੀ ਰੁੱਤ ਦੀਆਂ ਮੁੱਖ ਫ਼ਸਲਾਂ ਵਿਚ ਨਦੀਨਾਂ ਦੇ ਸਰਵਪੱਖੀ ਰੋਕਥਾਮ ਦੇ ਢੰਗ ਇਸ ਤਰ੍ਹਾਂ ਹਨ।

### ਝੋਨਾ

ਕੱਦੂ ਕੀਤੇ ਝੋਨੇ ਵਿਚ ਝੋਨੇ ਦੀ ਲੁਆਈ ਤੋਂ 2 ਹਫ਼ਤੇ ਤਕ ਲਗਾਤਾਰ ਖੇਤ ਵਿਚ ਪਾਣੀ ਖੜ੍ਹਾ ਕਰਨ ਨਾਲ ਨਦੀਨਾਂ ਨੂੰ ਉੱਗਣ ਤੋਂ ਰੋਕਿਆ ਜਾ ਸਕਦਾ ਹੈ। ਕੁਝ ਨਦੀਨ ਖੜ੍ਹੇ ਪਾਣੀ ਵਿਚ ਉੱਗ ਪੈਂਦੇ ਹਨ ਜਿਨ੍ਹਾਂ ਨੂੰ ਹੱਥ ਨਾਲ ਪੁੱਟ ਕੇ ਕੱਢਿਆ ਜਾ ਸਕਦਾ ਹੈ ਜਾਂ ਪੈਡੀ ਵੀਡਰ ਨਾਲ ਗੋਡੀ ਕੀਤੀ ਜਾ ਸਕਦੀ ਹੈ। ਜੇਕਰ ਖੇਤ ਵਿਚ ਪਿਛਲੇ ਸਾਲਾਂ ਵਿਚ ਨਦੀਨਾਂ ਦੀ ਸਮੱਸਿਆ ਜ਼ਿਆਦਾ ਹੋਵੇ ਅਤੇ 2 ਹਫ਼ਤੇ ਤਕ ਪਾਣੀ ਖੜ੍ਹਾ ਰਖਣਾ ਸੰਭਵ ਹੋਵੇ ਤਾਂ ਸਵਾਂਕ ਅਤੇ ਹੋਰ ਨਦੀਨਾਂ ਦੀ ਰੋਕਥਾਮ ਲਈ ਪੀ.ਏ.ਯੂ. ਵਲੋਂ ਸਿਫ਼ਾਰਸ਼ ਕਿਸੇ ਇਕ ਨਦੀਨ ਨਾਸ਼ਕ ਨੂੰ ਜਿਵੇਂ ਕਿ ਰਿਫਿਟ 50 ਈ ਸੀ (ਪ੍ਰੈਟੀਲਾਕਲੋਰ) ਦਾ 600 ਮਿਲੀਲਿਟਰ, ਰਿਫਿਟ ਪਲੱਸ 40 ਈ ਡਬਲਯੂ (ਪ੍ਰੈਟੀਲਾਕਲੋਰ) ਦਾ 750 ਮਿਲੀਲਿਟਰ, ਮਚੈਟੀ 50 ਈ ਸੀ/ ਫਾਸਟ ਮਿਕਸ 50 ਈ ਡਬਲਯੂ (ਬੂਟਾਕਲੋਰ) ਦਾ 1200 ਮਿਲੀਲਿਟਰ, ਅਨਿਲੋਗਾਰਡ 50 ਈ ਸੀ (ਅਨਿਲੋਫਾਸ) ਦਾ 300 ਮਿਲੀਲਿਟਰ, ਸਾਥੀ 10 ਡਬਲਯੂ ਪੀ (ਪਾਇਰਾਈਜ਼ੋਸਲਫੂਰਾਨ) ਦਾ 60 ਗ੍ਰਾਮ ਜਾਂ ਟੌਪਸਟਾਰ 80 ਡਬਲਯੂ ਪੀ (ਔਕਸਾਡਾਇਰਗਿਲ) ਦਾ 45 ਗ੍ਰਾਮ ਪ੍ਰਤੀ ਏਕੜ ਨੂੰ 60 ਕਿਲੋ ਰੇਤ ਵਿਚ ਮਿਲਾ ਕੇ ਲੁਆਈ ਤੋਂ 2-3 ਦਿਨਾਂ ਅੰਦਰ 4-5 ਸੈਂਟੀਮੀਟਰ ਖੜ੍ਹੇ ਪਾਣੀ ਵਿਚ ਛਿੱਟਾ ਦਿਓ। ਇਨ੍ਹਾਂ ਨਦੀਨ ਨਾਸ਼ਕਾਂ ਨਾਲ ਸੁਆਂਕ ਦੀ ਅਸਰਦਾਇਕ ਰੋਕਥਾਮ ਹੁੰਦੀ ਹੈ ਪਰ ਇਹ ਤਾਂ ਹੀ ਸੰਭਵ ਹੈ ਜੇ ਖੇਤ ਵਿਚ ਪਾਣੀ ਲਗਾਤਾਰ ਖੜ੍ਹਾ ਕੀਤਾ ਜਾਵੇ। ਜਿਨ੍ਹਾਂ ਖੇਤਾਂ ਵਿਚ ਪਾਣੀ ਖੜ੍ਹਾ ਰਖਣਾ ਸੰਭਵ ਨਾ ਹੋਵੇ ਉੱਥੇ ਨਦੀਨਾਂ ਦੀ ਕਿਸਮ ਦੇ ਆਧਾਰ 'ਤੇ ਖੜ੍ਹੀ ਫ਼ਸਲ ਵਿਚ ਵੱਖ ਵੱਖ ਨਦੀਨ ਨਾਸ਼ਕਾਂ ਦੇ ਛਿੜਕਾਅ ਨਾਲ ਨਦੀਨਾਂ ਦੀ ਰੋਕਥਾਮ ਕੀਤੀ ਜਾ ਸਕਦੀ ਹੈ। ਛਿੜਕਾਅ ਤੋਂ ਪਹਿਲਾਂ ਖੇਤ ਵਿਚੋਂ ਖੜ੍ਹੇ ਪਾਣੀ ਨੂੰ ਕੱਢ ਦੇਣਾ ਚਾਹੀਦਾ ਹੈ ਅਤੇ ਛਿੜਕਾਅ ਤੋਂ ਅਗਲੇ ਦਿਨ ਪਾਣੀ ਲਾਉਣਾ ਚਾਹੀਦਾ ਹੈ। ਸਿੱਧੇ ਬੀਜੇ ਹੋਏ ਝੋਨੇ ਵਿਚ ਕਈ ਤਰ੍ਹਾਂ ਦੇ ਨਦੀਨ ਆਉਂਦੇ ਹਨ ਅਤੇ ਇਹ ਨਦੀਨ ਕਈ ਲੌਆਂ ਵਿਚ ਉੱਗਦੇ ਹਨ ਇਸ ਕਰਕੇ ਅਸਰਦਾਇਕ ਨਦੀਨ ਪ੍ਰਬੰਧ ਸਿੱਧੇ ਬੀਜੇ ਝੋਨੇ ਲਈ ਇਕ ਵੱਡੀ ਚੁਣੌਤੀ ਹੈ। ਝੋਨੇ ਦੀ ਸਿੱਧੀ ਬਿਜਾਈ ਕਰਨ ਤੋਂ ਪਹਿਲਾਂ ਖੇਤ ਨੂੰ ਲੇਜ਼ਰ ਕਰਾਹੇ ਨਾਲ ਪੱਧਰਾ ਕਰੋ। ਇਸ ਤਰ੍ਹਾਂ ਕਰਨ ਨਾਲ ਫ਼ਸਲ ਦਾ ਇਕਸਾਰ ਅਤੇ ਵਧੀਆ ਪੁੰਗਾਰਾ ਮਿਲਦਾ ਹੈ ਅਤੇ ਬੂਟਿਆਂ ਦੀ ਗਿਣਤੀ ਬਰਕਰਾਰ ਰਹਿੰਦੀ ਹੈ ਜੋ ਨਦੀਨਾਂ ਦੇ ਵਾਧੇ ਨੂੰ ਰੋਕਣ ਵਿਚ ਸਹਾਈ ਹੁੰਦੀ ਹੈ। ਲੇਜ਼ਰ ਕਰਾਹੇ ਤੋਂ ਬਾਅਦ ਖੇਤ ਨੂੰ ਪਾਣੀ ਲਾਉ ਤਾਂ ਕਿ ਖੇਤ ਵਿਚ ਉੱਚੇ ਨੀਵੇਂ ਥਾਂ ਪਛਾਣੇ ਜਾ ਸਕਣ। ਇਸ ਸਿੰਚਾਈ ਨਾਲ ਨਦੀਨਾਂ ਦੇ ਬੀਜ ਪੁੰਗਰ ਪੈਂਦੇ ਹਨ ਅਤੇ ਇਨ੍ਹਾਂ ਪੁੰਗਰੇ ਹੋਏ ਨਦੀਨਾਂ ਦੀ ਪੌਦ ਨੂੰ ਖੇਤ ਦੀ ਤਿਆਰੀ ਸਮੇਂ ਹਲਕੀ ਵਾਹੀ ਕਰ ਕੇ ਖ਼ਤਮ ਕੀਤਾ ਜਾ ਸਕਦਾ ਹੈ। ਹਾੜ੍ਹੀ ਦੀ ਫ਼ਸਲ ਦੀ ਕਟਾਈ ਤੋਂ ਬਾਅਦ ਥੋੜ੍ਹਾ ਸਮਾਂ ਲੈਣ ਵਾਲੀਆਂ ਗਰਮੀ ਰੁੱਤ ਦੀਆਂ ਦਾਲਾਂ ਜਿਵੇਂ ਕਿ ਮੂੰਗੀ ਅਤੇ ਮਾਂਹ ਦੀ ਬੀਜਾਈ ਕਰਨੀ ਚਾਹੀਦੀ ਹੈ। ਇਨ੍ਹਾਂ ਫ਼ਸਲਾਂ ਦੀ ਬੀਜਾਈ ਲਈ ਅਤੇ ਬਾਅਦ ਵਿਚ ਇਨ੍ਹਾਂ ਫ਼ਸਲਾਂ ਦੇ ਜੀਵਨ ਕਾਲ ਸਮੇਂ ਦਿਤੀ ਸਿੰਚਾਈ ਨਾਲ ਇਹ ਝੋਨੇ ਦੇ ਬੂਟੇ ਆਪਣੇ ਆਪ ਉੱਗ ਪੈਣਗੇ ਜਿਨ੍ਹਾਂ ਨੂੰ ਬਾਅਦ 'ਚ ਖੇਤ ਦੀ ਤਿਆਰੀ ਸਮੇਂ ਵਾਹ ਕੇ ਖ਼ਤਮ ਕੀਤਾ ਜਾ ਸਕਦਾ ਹੈ। ਝੋਨੇ ਦੀ ਸਿੱਧੀ ਬਿਜਾਈ ਤੋਂ ਬਾਅਦ ਉਸੇ ਦਿਨ ਹੀ ਇਕ ਲੀਟਰ ਪ੍ਰਤੀ ਏਕੜ ਸਟੌਂਪ/ ਬੰਕਰ 30 ਈ ਸੀ (ਪੈਂਡੀਮੈਥਾਲਿਨ) ਨੂੰ 200 ਲੀਟਰ ਪਾਣੀ ਵਿਚ ਘੋਲ ਕੇ ਛਿੜਕਾਅ ਕਰੋ ਅਤੇ ਕਦੇ ਵੀ ਛਿੜਕਾਅ ਬਿਜਾਈ ਦੇ ਦੋ ਦਿਨਾਂ ਤੋਂ ਬਾਅਦ ਨਹੀਂ ਕਰਨਾ ਚਾਹੀਦਾ। ਇਸ ਨਦੀਨਨਾਸ਼ਕ ਤੋਂ ਪੂਰਾ ਫ਼ਾਇਦਾ ਲੈਣ ਲਈ ਮਿੱਟੀ ਵਿਚ ਚੰਗੀ ਸਲ੍ਹਾਬ ਹੋਣੀ ਬਹੁਤ ਜ਼ਰੂਰੀ ਹੈ ਅਤੇ ਇਹ ਛਿੜਕਾਅ ਸਵੇਰ ਜਾਂ ਸ਼ਾਮ ਨੂੰ ਹੀ ਕੀਤਾ ਜਾਵੇ। ਇਸ ਨਾਲ ਕਈ ਤਰ੍ਹਾਂ ਦੇ ਮੌਸਮੀ ਘਾਹ ਜਿਵੇਂ ਕਿ ਸਵਾਂਕ, ਗੁਰਤ ਮਧਾਣਾ, ਮੱਕੜਾ, ਤੱਕੜੀ ਘਾਹ ਅਤੇ ਛੋਟੇ ਬੀਜ ਵਾਲੇ ਚੌੜੀ ਪਤੀ ਵਾਲੇ ਨਦੀਨਾਂ ਦਾ ਦੋ ਤੋਂ ਤਿੰਨ ਹਫ਼ਤਿਆਂ ਤਕ ਅਸਰਦਾਰ ਰੋਕਥਾਮ ਕਰਦੀ ਹੈ।

### ਮੱਕੀ

ਮੱਕੀ ਵਿਚ ਨਦੀਨਾਂ ਕਰਕੇ ਝਾੜ ਵਿਚ 40-60 ਫ਼ੀਸਦੀ ਕਮੀ ਆਉਂਦੀ ਹੈ ਜਿਹੜਾ ਕਿ ਇਸ ਫ਼ਸਲ ਵਿਚ ਨਦੀਨਾਂ ਦੀ ਰੋਕਥਾਮ ਕਰਨ ਦੀ ਲੋੜ ਵੱਲ ਇਸ਼ਾਰਾ ਕਰਦਾ ਹੈ। ਮੱਕੀ ਦੀ ਫ਼ਸਲ ਵਿਚ ਕਈ ਤਰ੍ਹਾਂ ਦੇ ਨਦੀਨ ਜਿਵੇਂ ਕਿ ਮੌਸਮੀ ਘਾਹ-ਗੁੜਤ ਮਧਾਣਾ, ਮੱਕੜਾ, ਤੱਕੜੀ ਘਾਹ, ਸਵਾਂਕ, ਕਾਂ ਮੱਕੀ, ਬਾਂਸ ਪੱਤਾ, ਅਰੈਕਨੀ ਘਾਹ ਆਦਿ, ਮੌਸਮੀ ਚੌੜੀ ਪੱਤੀ ਵਾਲੇ ਨਦੀਨ ਜਿਵੇਂ ਕਿ ਇਟਸਿਟ, ਚੁਲਾਈ, ਤਾਂਦਲਾ ਅਤੇ ਬਹੁਸਾਲੀ ਨਦੀਨ ਜਿਵੇਂ ਕਿ ਗੰਢੀ ਵਾਲਾ ਮੋਥਾ ਆਦਿ ਹੁੰਦੇ ਹਨ। ਮੱਕੀ ਵਿਚ ਨਦੀਨਾਂ ਦੇ ਸਰਵਪੱਖੀ ਰੋਕਥਾਮ ਦੇ ਢੰਗ ਹੇਠਾਂ ਦਿੱਤੇ ਅਨੁਸਾਰ ਹੈ। ਮੱਕੀ ਵਿਚ ਰਵਾਂਹ ਦੀ ਅੰਤਰ-ਖੇਤੀ : ਮੱਕੀ ਵਿਚ ਰਵਾਂਹ ਦੀ ਅੰਤਰ ਫ਼ਸਲ ਬੀਜਣ ਨਾਲ ਨਦੀਨਾਂ ਦੀ ਅਸਰਦਾਰ ਰੋਕਥਾਮ ਕੀਤੀ ਜਾ ਸਕਦੀ ਹੈ।

ਮੱਕੀ ਦੀਆਂ ਦੋ ਕਤਾਰਾਂ ਵਿਚ ਰਵਾਂਹ ਦੀ ਇਕ ਜਾਂ ਦੋ ਕਤਾਰਾਂ ਬੀਜੀਆਂ ਜਾਂਦੀਆਂ ਹਨ। ਇਕ ਏਕੜ ਲਈ ਰਵਾਂਹ 88 ਦੀ ਕਿਸਮ ਦਾ 16 ਕਿਲੋ ਬੀਜ ਅਤੇ ਸੀ ਐਲ 367 ਕਿਸਮ ਦਾ 8 ਕਿਲੋ ਬੀਜ ਵਰਤਿਆ ਜਾਂਦਾ ਹੈ। ਰਵਾਂਹ ਇਸ ਤੋਂ ਪਹਿਲਾਂ ਕਿ ਮੱਕੀ ਦੇ ਬੂਟਿਆਂ ਨੂੰ ਲਪੇਟਾ ਮਾਰ ਲਵੇ, ਨੂੰ ਬਿਜਾਈ ਤੋਂ 35-45 ਦਿਨਾਂ ਬਾਅਦ ਚਾਰੇ ਲਈ ਵੱਢ ਲਿਆ ਜਾਵੇ।

ਇਸ ਤੋਂ ਬਾਅਦ ਨਦੀਨਾਂ ਦੀ ਕੋਈ ਸਮੱਸਿਆ ਨਹੀਂ ਆਉਂਦੀ। ਟਰੈਕਟਰ ਜਾਂ ਹੱਥ ਨਾਲ ਗੋਡੀ: ਇਸ ਦੇ ਬਦਲ ਵਿਚ ਟਰੈਕਟਰ ਨਾਲ ਜਾਂ ਹੱਥ ਨਾਲ ਮੱਕੀ ਦੀ ਬਿਜਾਈ ਤੋਂ 15 ਅਤੇ 30 ਦਿਨਾਂ ਬਾਅਦ ਦੋ ਗੋਡੀਆਂ ਕਰ ਕੇ ਵੀ ਨਦੀਨਾਂ ਦਾ ਖ਼ਾਤਮਾ ਕੀਤਾ ਜਾ ਸਕਦਾ ਹੈ। ਖਾਦਾਂ ਦੀ ਸੁੱਚਜੀ ਵਰਤੋ : ਖਾਦਾਂ ਨੂੰ ਖੇਤ ਵਿਚ ਇਕਸਾਰ ਛੱਟੇ ਨਾਲ ਖਿਲਾਰਣ ਦੀ ਬਜਾਏ ਫ਼ਸਲ ਦੀ ਕਤਾਰ ਨਾਲ ਪੋਰ ਕੇ ਨਦੀਨਾਂ ਦੀ ਸੰਖਿਆ ਘਟਾਈ ਜਾ ਸਕਦੀ ਹੈ ਕਿਉਂਕਿ ਇਸ ਵਿਚ ਜ਼ਿਆਦਾਤਰ ਖਾਦ ਮੱਕੀ ਦੇ ਬੂਟੇ ਦੀਆਂ ਜੜ੍ਹਾਂ ਨੂੰ ਮਿਲਦੀ ਹੈ। ਰਸਾਇਣਿਕ ਤਰੀਕਿਆਂ ਨਾਲ ਰੋਕਥਾਮ : ਜੇਕਰ ਮੱਕੀ ਦੀ ਫ਼ਸਲ ਵਿਚ ਕੇਵਲ ਚੌੜੀ ਵਾਲੇ ਨਦੀਨਾਂ ਅਤੇ ਗੰਡੀ ਵਾਲੇ ਮੋਥੇ ਦੀ ਸਮੱਸਿਆ ਹੋਵੇ ਤਾਂ ਕਿਸੇ ਇਕ ਢੰਗ ਨਾਲ ਨਦੀਨਾਂ ਦੀ 100 ਫ਼ੀਸਦੀ ਰੋਕਥਾਮ ਨਹੀਂ ਕੀਤੀ ਜਾ ਸਕਦੀ ਅਤੇ ਨਦੀਨ ਦੀ ਕੋਈ ਨਾ ਕੋਈ ਕਿਸਮ ਬਚ ਜਾਂਦੀ ਹੈ ਤੇ ਫ਼ਸਲ ਦੇ ਝਾੜ 'ਤੇ ਅਸਰ ਪਾਉਂਦੀ ਹੈ। ਜੇਕਰ ਇਹ ਨਦੀਨ ਦੇ ਬੂਟੇ ਝਾੜ 'ਤੇ ਅਸਰ ਨਾ ਵੀ ਪਾਉਣ ਫਿਰ ਵੀ ਇਨ੍ਹਾਂ ਤੋਂ ਹਜ਼ਾਰਾਂ ਹੀ ਬੀਜ ਪੈਦਾ ਹੁੰਦੇ ਹਨ ਜਿਹੜੇ ਕਿ ਮਿੱਟੀ ਵਿਚ ਨਦੀਨਾਂ ਦੇ ਬੀਜਾਂ ਦੀ ਜਮ੍ਹਾਂ ਪੂੰਜੀ ਵਿਚ ਵਾਧਾ ਕਰਦੇ ਹਨ ਅਤੇ ਆਉਣ ਵਾਲੇ ਸਾਲਾਂ 'ਚ ਮੱਕੀ ਦੀ ਫ਼ਸਲ 'ਚ ਨਦੀਨਾਂ ਦੀ ਸਮੱਸਿਆ ਨੂੰ ਵਧਾ ਦਿੰਦੇ ਹਨ। ਇਹੋ ਜਿਹੇ ਨਦੀਨਾਂ ਦੇ ਬੂਟਿਆਂ ਨੂੰ ਬੀਜ ਬਣਨ ਤੋਂ ਪਹਿਲਾਂ ਪੁੱਟ ਦੇਣਾ ਚਾਹੀਦਾ ਹੈ। ਗੈਰ ਰਸਾਇਣਿਕ ਤਰੀਕਿਆਂ ਨੂੰ ਅਪਨਾ ਕੇ ਮੱਕੀ 'ਚ ਨਦੀਨ ਨਾਸ਼ਕ ਦੀ ਵਰਤੋਂ ਨੂੰ ਘਟਾਇਆ ਜਾ ਸਕਦਾ ਹੈ।

# ਲਾਹੇਵੰਦ ਸਾਬਤ ਹੋ ਰਿਹੈ ਹੈਚਰੀ ਅਤੇ ਬਰੀਡਿੰਗ ਫਾਰਮ ਦਾ ਧੰਦਾ



ਜਦੋਂ ਮੁਰਗੀਆਂ ਵਲੋਂ ਇੰਜੈਕਸ਼ਨ ਲਗਾਉਣ ਤੋਂ ਬਾਅਦ ਕਰੀਬ 1 ਹਫ਼ਤੇ 'ਚ ਆਂਡੇ ਦੇਣ ਦਾ ਪ੍ਰੋਸੈਸ ਸ਼ੁਰੂ ਹੋ ਜਾਂਦਾ ਹੈ ਤਾਂ ਲੇਬਰ ਵਲੋਂ ਇਨ੍ਹਾਂ ਆਂਡਿਆਂ ਨੂੰ ਟਰੇਆਂ 'ਚ ਇਕੱਠਾ ਕਰ ਕੇ ਅਲਟਰਾਸਾਊਂਡ ਇਲੈਕਟ੍ਰਾਨਿਕ ਮਸ਼ੀਨ ਰਾਹੀ ਲੰਘਾਇਆ ਜਾਂਦਾ ਹੈ। ਇਨ੍ਹਾਂ ਕੁੱਲ ਆਂਡਿਆਂ ਵਿਚੋਂ ਜਿਹੜੇ ਆਂਡਿਆਂ 'ਚੋਂ ਮਸ਼ੀਨ ਰਾਹੀਂ ਰੋਸ਼ਨੀ ਆਰ-ਪਾਰ ਹੋ ਜਾਂਦੀ ਹੈ ਤਾਂ ਉਨ੍ਹਾਂ ਨੂੰ ਅਲੱਗ ਕੱਢ ਲਿਆ ਜਾਂਦਾ ਹੈ। ਇਹ ਆਂਡੇ ਸਿੱਧੇ ਸ਼ੈਂਪੂ ਤਿਆਰ ਕਰਨ ਵਾਲੀਆਂ ਫੈਕਟਰੀਆਂ ਵਾਲੇ ਖ਼ਰੀਦ ਲੈਂਦੇ ਹਨ।

• ਸਰਬਜੀਤ ਸਿੰਘ ਸੈਣੀ

ਚੰਡੀਗੜ੍ਹ ਤੋਂ ਅੰਬਾਲਾ ਕੌਮੀ ਸ਼ਾਹ ਮਾਰਗ 'ਤੇ ਸਥਿੱਤ ਜ਼ਿਲ੍ਹਾ ਮੋਹਾਲੀ ਦੇ ਪਿੰਡ ਬਟੋਲੀ ਵਿਚ ਧਰਮਿੰਦਰ ਸਿੰਘ ਵੱਲੋਂ ਪਿਛਲੇ 6 ਸਾਲਾਂ ਤੋਂ ਪੋਲਟਰੀ ਫਾਰਮ 'ਚ ਕੀਤਾ ਗਿਆ ਹੈਚਰੀ ਅਤੇ ਬਰੀਡਿੰਗ ਫਾਰਮ ਦਾ ਧੰਦਾ ਕਾਫੀ ਲਾਹੇਵੰਦ ਸਾਬਤ ਹੋ ਰਿਹਾ ਹੈ। ਇਸ ਬਰੀਡਿੰਗ ਫਾਰਮ 'ਚ ਇਲੈਕਟ੍ਰਾਨਿਕ ਮਸ਼ੀਨਾਂ ਰਾਹੀ ਆਂਡਿਆਂ 'ਚੋਂ ਚੂਚੇ ਕੱਢ ਕੇ ਵੇਚਣ ਦੀ ਨਿਕਾਸੀ ਡੇਢ ਲੱਖ ਪ੍ਰਤੀ ਮਹੀਨਾ ਹੈ। ਇਨ੍ਹਾਂ ਵਧੀਆ ਨਸਲ ਦੇ ਚੂਚਿਆਂ ਨੂੰ ਖ਼ਰੀਦਣ ਲਈ ਪੰਜਾਬ ਤੋਂ ਇਲਾਵਾ ਹਰਿਆਣਾ, ਉਤਰ ਪ੍ਰਦੇਸ਼, ਹਿਮਾਚਲ ਪ੍ਰਦੇਸ਼ ਤੇ ਜੰਮੂ-ਕਸ਼ਮੀਰ ਤੱਕ ਦੇ ਪੋਲਟਰੀ ਫਾਰਮਰ ਪਹੁੰਚਦੇ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਧਰਮਿੰਦਰ ਸਿੰਘ ਨੇ ਦੱਸਿਆ ਕਿ ਉਹ ਕਰੀਬ 4 ਸਾਲਾਂ ਤੋਂ ਆਪਣੇ ਖੇਤਾਂ 'ਚ ਆਧੁਨਿਕ ਤਕਨੀਕਾਂ ਨਾਲ ਲੈਸ ਪੋਲਟਰੀ ਫਾਰਮ ਵਿਚ ਹੈਚਰੀ ਅਤੇ ਬਰੀਡਿੰਗ ਫਾਰਮ ਦਾ ਧੰਦਾ ਕਰ ਰਿਹਾ ਹੈ। ਭਾਵੇਂ ਇਹ ਕੰਮ ਕਾਫੀ ਨਾਜ਼ੁਕ ਅਤੇ ਜ਼ੋਖ਼ਮ ਭਰਿਆ ਹੈ ਪਰ ਫਿਰ ਵੀ ਉਹ ਆਪਣੀ ਮਿਹਨਤੀ ਵਰਕਰਾਂ ਦੀ ਟੀਮ ਦੇ ਸਹਾਰੇ ਇਸ ਧੰਦੇ ਨੂੰ ਚਲਾ ਕੇ ਲੱਖਾਂ ਰੁਪਏ ਮੁਨਾਫ਼ਾ ਕਮਾ ਰਿਹਾ ਹੈ। ਉਨ੍ਹਾਂ ਦੇ ਫਾਰਮ ਵਿਚ ਵੈਨਕੀ ਨਾਮਕ ਅਮਰੀਕੀ ਨਸਲ ਦੇ ਚੂਚੇ ਲਿਆਂਦੇ ਜਾਂਦੇ ਹਨ, ਜਿਨ੍ਹਾਂ ਦਾ ਵਜ਼ਨ 35 ਤੋਂ 40 ਗ੍ਰਾਮ ਤੱਕ ਹੁੰਦਾ ਹੈ। ਫਿਰ ਇਨ੍ਹਾਂ ਨੂੰ ਪਾਲਣ ਲਈ 6 ਮਹੀਨੇ ਤੱਕ ਆਪਣੇ ਫਾਰਮ 'ਚ ਖਾਣ ਲਈ ਫੀਡ, ਪੀਣ ਲਈ ਸਾਫ਼ ਪਾਣੀ ਤੋਂ ਇਲਾਵਾ ਅੰਦਰਲਾ ਤਾਪਮਾਨ ਸਥਿਰ ਰੱਖਣ ਲਈ ਤਾਜ਼ੀ ਹਵਾ ਦੇ ਲਈ ਵੱਡੇ ਪੱਖੇ ਤੇ ਕੂਲਰਾਂ ਦਾ ਵੀ ਪ੍ਰਬੰਧ ਹੈ। ਜਦੋਂ ਚੂਚੇ 6 ਮਹੀਨੇ ਦੀ ਉਮਰ ਪਾਰ ਕਰ ਜਾਂਦੇ ਹਨ ਤਾਂ ਉਨ੍ਹਾਂ ਦੀ ਗਿਣਤੀ ਪੇਰੈਂਟਸ 'ਚ ਆ ਜਾਂਦੀ ਹੈ। ਇਨ੍ਹਾਂ ਪੇਰੈਂਟਸ 'ਚ ਫਾਰਮ ਦੇ ਸੁਪਰਵਾਈਜ਼ਰ ਅਤੇ ਫਾਰਮਾਸਿਸਟਾਂ ਦੁਆਰਾ ਮੁਰਗਿਆਂ ਦਾ ਸੀਮਨਸ ਲੈ ਕੇ ਅੱਗੇ ਮੁਰਗੀਆਂ ਤੋਂ ਆਂਡੇ ਲੈਣ ਲਈ ਟੀਕੇ ਲਗਾਏ ਜਾਂਦੇ ਹਨ। ਜਦੋਂ ਮੁਰਗੀਆਂ ਵਲੋਂ ਇੰਜੈਕਸ਼ਨ ਲਗਾਉਣ ਤੋਂ ਬਾਅਦ ਕਰੀਬ 1 ਹਫ਼ਤੇ 'ਚ ਆਂਡੇ ਦੇਣ ਦਾ ਪ੍ਰੋਸੈਸ ਸ਼ੁਰੂ ਹੋ ਜਾਂਦਾ ਹੈ ਤਾਂ ਲੇਬਰ ਵਲੋਂ ਇਨ੍ਹਾਂ ਆਂਡਿਆਂ ਨੂੰ ਟਰੇਆਂ 'ਚ ਇਕੱਠਾ ਕਰ ਕੇ ਅਲਟਰਾਸਾਊਂਡ ਇਲੈਕਟ੍ਰਾਨਿਕ ਮਸ਼ੀਨ ਰਾਹੀ ਲੰਘਾਇਆ ਜਾਂਦਾ ਹੈ। ਇਨ੍ਹਾਂ ਕੁੱਲ ਆਂਡਿਆਂ ਵਿਚੋਂ ਜਿਹੜੇ ਆਂਡਿਆਂ 'ਚੋਂ ਮਸ਼ੀਨ ਰਾਹੀਂ ਰੋਸ਼ਨੀ ਆਰ-ਪਾਰ ਹੋ ਜਾਂਦੀ ਹੈ ਤਾਂ ਉਨ੍ਹਾਂ ਨੂੰ ਅਲੱਗ ਕੱਢ ਲਿਆ ਜਾਂਦਾ ਹੈ। ਇਹ ਆਂਡੇ ਸਿੱਧੇ ਸ਼ੈਂਪੂ ਤਿਆਰ ਕਰਨ ਵਾਲੀਆਂ ਫੈਕਟਰੀਆਂ ਵਾਲੇ ਖ਼ਰੀਦ ਲੈਂਦੇ ਹਨ। ਇਸ ਤੋਂ ਇਲਾਵਾ ਜਿਹੜੇ ਆਂਡਿਆਂ 'ਚ ਰੋਸ਼ਨੀ ਆਰ-ਪਾਰ ਨਹੀ ਹੁੰਦੀ, ਉਨ੍ਹਾਂ ਆਂਡਿਆਂ ਨੂੰ ਵਜ਼ਨ ਦੇ ਅਧਾਰ 'ਤੇ 70 ਗ੍ਰਾਮ ਦੇ ਆਂਡੇ ਨੂੰ ਏ, 60 ਗ੍ਰਾਮ ਨੂੰ ਬੀ ਅਤੇ 50 ਗ੍ਰਾਮ ਨੂੰ ਸੀ ਕੈਟਾਗਿਰੀ 'ਚ ਵੰਡਿਆ ਜਾਂਦਾ ਹੈ। ਚੂਚੇ ਤਿਆਰ ਕਰਨ ਲਈ ਆਂਡਿਆਂ ਨੂੰ ਡਬਲ ਸ਼ਟਰ ਇਲੈਕਟ੍ਰਾਨਿਕ ਮਸ਼ੀਨ ਵਿਚ ਹੀਟ ਦੇਣ ਲਈ 18 ਦਿਨਾਂ ਤੱਕ 99.89 ਤਾਪਮਾਨ 'ਤੇ ਰੱਖਿਆ ਜਾਂਦਾ ਹੈ। ਫਿਰ 18 ਦਿਨਾਂ ਬਾਅਦ ਜਦੋਂ ਆਂਡਿਆਂ ਦਾ ਰੰਗ ਬਦਲ ਜਾਂਦਾ ਹੈ ਤਾਂ ਆਂਡਿਆਂ ਨੂੰ ਦੂਜੀ ਮਸ਼ੀਨ ਵਿਚ 97.90 ਤਾਪਮਾਨ 'ਤੇ ਰੱਖਿਆ ਜਾਂਦਾ ਹੈ ਤਾਂ ਦੂਜੇ ਦਿਨ ਤੱਕ ਆਂਡੇ ਆਪਣੇ ਆਪ ਟੁੱਟ ਜਾਂਦੇ ਹਨ ਤੇ ਚੂਚੇ ਨਿਕਲ ਆਉਂਦੇ ਹਨ। ਪੇਰੈਂਟਸ ਮੁਰਗੀਆਂ ਨੂੰ ਡੇਢ ਸਾਲ ਬਾਅਦ ਮੀਟ ਲਈ ਤੋਲ ਕੇ ਵੇਚ ਦਿੱਤਾ ਜਾਂਦਾ ਹੈ ਤੇ ਨਵੀਆਂ ਮੁਰਗੀਆਂ ਤਿਆਰ ਕਰ ਲਈਆਂ ਜਾਂਦੀਆਂ ਹਨ। ਉਨਾਂ ਦਾ ਕਹਿਣਾ ਹੈ ਕਿ ਚੂਚਿਆਂ 'ਚ ਸਿਰਫ ਵੈਨਕੀ ਕੋਬ 400 ਵਾਈ ਅਮਰੀਕਾ ਤੋਂ ਆਈ ਵਿਦੇਸ਼ੀ ਨਸਲ ਹੈ ਜਿਸਦੀ ਮਾਰਕਿਟ 'ਚ ਬਹੁਤ ਮੰਗ ਹੈ, ਜਦ ਕਿ ਰੋਜ਼, ਹਬਰ, ਇੰਡ ਬਰੋਅ, ਅਤੇ ਸੀ.ਐਂਡ.ਐਮ ਚੂਚਿਆਂ ਦੀਆਂ ਭਾਰਤੀ ਨਸਲਾਂ ਹਨ, ਜਿਹੜੀਆਂ ਬਾਜ਼ਾਰ 'ਚ ਵਿਕਦੀਆਂ ਹਨ।

ਉਨ੍ਹਾਂ ਦਾ ਕਹਿਣਾ ਹੈ ਕਿ ਇਹ ਕੰਮ ਭਾਵੇਂ ਕਾਫੀ ਲਾਹੇਵੰਦ ਸਾਬਤ ਹੋ ਰਿਹਾ ਹੈ ਪਰ ਇਸ ਕੰਮ ਦੀ ਆਪਣੇ ਪੱਧਰ 'ਤੇ ਪੂਰੀ ਨਿਗ੍ਹਾ ਰੱਖਣੀ ਪੈਂਦੀ ਹੈ।

ਮੋ. 8054004180

# ਜੁਲਾਈ ਮਹੀਨੇ ਦੇ ਬਾ.ਗਬਾਨੀ ਰੁਝੇਵੇਂ

### ਫਲਦਾਰ ਬੂਟੇ

- ਗਰਮੀ ਦੇ ਮੌਸਮ ਵਿਚਫਲਦਾਰ ਬੂਟਿਆਂ ਖ਼ਾਸ ਕਰਕੇ ਅੰਬ, ਨਿੰਬੂ ਜਾਤੀ, ਅਮਰੂਦ ਜਿਨ੍ਹਾਂ 'ਤੇ ਫਲ ਲੱਗਾ ਹੁੰਦਾ ਹੈ, ਨੂੰ ਸਹੀ ਵਕਫ਼ੇ 'ਤੇ ਪਾਣੀ ਦਿੰਦੇ ਰਹੋ।
- ਨਵੇਂ ਲਾਏ ਬੂਟਿਆਂ ਨੂੰ ਗਰਮੀ ਤੋਂ ਬਚਾਉਣ ਲਈ ਹਲਕੀ ਸਿੰਚਾਈ ਕਰਦੇ ਰਹੋ ਅਤੇ ਤਣਿਆਂ 'ਤੇ ਚੂਨੇ ਦਾ ਘੋਲ ਲਗਾ ਦਿਓ।
- ਬਾ.ਗਾਂ ਵਿਚ ਜ਼ਮੀਨ ਦੀ ਸਿੱਲ੍ਹ ਸਾਂਭਣ ਲਈ ਅਤੇ ਨਦੀਨਾਂ ਦੀ ਰੋਕਥਾਮ ਲਈ ਪਰਾਲੀ ਵਿਛਾ ਦਿਓ।
- ਬੇਰਾਂ ਦੇ ਬੂਟਿਆਂ ਦੀ ਕਾਂਟ ਛਾਂਟ ਕਰਕੇ ਦੇਸੀ ਰੂੜੀ ਪਾ ਦਿਓ।
- ਨਿੰਬੂ ਜਾਤੀ ਫਲਾਂ ਦੇ ਕੀੜਿਆਂ ਦੀ ਰੋਕਥਾਮ ਲਈ 1250 ਮਿਲੀ. ਰੋਗਰ 30 ਤਾਕਤ ਜਾਂ 200 ਮਿਲੀ. ਕਨਫੀਡੋਰ 178 ਤਾਕਤ ਜਾਂ 160 ਗ੍ਰਾਮ ਐਕਟਾਰਾ 253 ਬਲਯੂ ਜੀ ਨੂੰ 500 ਲੀਟਰ ਪਾਣੀ ਪ੍ਰਤੀ ਏਕੜ ਦੇ ਹਿਸਾਬ ਛਿੜਕਾਅ ਕਰੋ।
- ਅੰਗੂਰ ਦੇ ਗੁੱਛਿਆਂ ਨੂੰ ਗਲ੍ਹਣ ਤੋਂ ਬਚਾਉਣ ਲਈ 0.2 ਫ਼ੀਸਦੀ ਜ਼ੀਰਮ ਦਾ ਛਿੜਕਾਅ ਕਰੋ ਅਤੇ 7 ਦਿਨ ਲਈ ਫਲ ਨਾ ਤੋੜੋ।

### ਸਬਜ਼ੀਆਂ

ਸਬਜ਼ੀਆਂ ਨੂੰ ਹਫ਼ਤੇ ਵਿਚ ਇਕ ਵਾਰ ਪਰ ਹਲਕੀਆਂ ਜ਼ਮੀਨਾਂ 'ਤੇ ਹਫ਼ਤੇ 'ਚ ਦੋ ਵਾਰ ਪਾਣੀ ਦਿਓ।

- ਮੂਲੀ ਦੀ ਪੂਸਾ ਚੇਤਕੀ ਕਿਸਮ ਦੀ ਵੱਟਾਂ 'ਤੇ 45ਸੈ.ਮੀ. ਦੇ ਫ਼ਾਸਲੇ 'ਤੇ ਬਿਜਾਈ ਕਰੋ।
- ਭਿੰਡੀ ਦੀ ਪੰਜਾਬ 8 ਜਾਂ ਪੰਜਾਬ 7 ਕਿਸਮਾਂ ਦੀ ਬੀਜਾਈ ਸ਼ੁਰੂ ਕਰ ਦਿਓ ਕਿਉਂਕਿ ਇਹ ਦੋਵੇਂ ਕਿਸਮਾਂ ਹੀ ਪੀਲੇ ਵਿਸ਼ਾਣੂ ਰੋਗ ਨੂੰ ਸਹਾਰ ਸਕਦੀਆਂ ਹਨ। ਬੀਜ ਦੀ ਮਾਤਰਾ 4-6 ਕਿਲੋ ਪ੍ਰਤੀ ਏਕੜ ਵਰਤੋ ਅਤੇ 15-20 ਟਨ ਦੇਸੀ ਰੂੜੀ ਤੇ 40 ਕਿਲੋ ਯੂਰੀਆ ਪ੍ਰਤੀ ਏਕੜ ਪਾਓ। ਨਦੀਨਾਂ ਤੋਂ ਰੋਕਥਾਮ ਲਈ 1 ਲੀਟਰ ਸਟੌਂਪ ਜਾਂ 750 ਮਿਲੀ. ਬਾਸਾਲਿਨ ਪ੍ਰਤੀ ਏਕੜ ਵਰਤੋ।
- ਭਿੰਡੀ ਫ਼ਸਲ ਤੇ ਜੂੰ ਦੀ ਰੋਕਥਾਮ ਲਈ 250 ਮਿਲੀ. ਮੈਟਾਸਿਸਟਾਕਸ 25 ਤਾਕਤ ਜਾਂ ਰੋਗਰ 30 ਤਾਕਤ ਨੂੰ 100-125 ਲੀਟਰ ਪਾਣੀ ਵਿਚ ਘੋਲ ਕੇ ਪ੍ਰਤੀ ਏਕੜ ਛਿੜਕਾਅ ਕਰੋ।

### ਸਜਾਵਟੀ ਬੂਟੇ

- ਮੌਸਮੀ ਫੁੱਲਾਂ ਨੂੰ ਹਫ਼ਤੇ ਵਿਚ 2-3 ਵਾਰ ਪਾਣੀ ਦਿਓ।
- ਬਰਸਾਤ ਰੁੱਤ ਦੇ ਮੌਸਮੀ ਫੁੱਲ ਜਿਵੇਂ ਕਿ ਬਾਲਸਮ, ਕੋਸਮੋਸ, ਕੁੱਕੜ ਕਲਗਾ, ਗਲਾਰਡੀਆ ਆਦਿ ਦੀ ਪਨੀਰੀ ਤਿਆਰ ਕਰਨ ਲਈ ਬੀਜ ਦੀ ਬਿਜਾਈ ਕਰ ਦਿਓ।
- ਪੱਕੇ ਬੂਟਿਆਂ ਨੂੰ ਵੀ ਪਾਣੀ ਦਿੰਦੇ ਰਹੋ ਅਤੇ ਨਵੇਂ ਬੂਟਿਆਂ ਨੂੰ ਧੁੱਪ ਤੋਂ ਬਚਾਉਣ ਲਈ ਕੁੱਲੀਆਂ ਬਣਾ ਕੇ ਛਾਂ 'ਚ ਰੱਖੋ।

### ਖੁੰਬਾਂ

- ਪਰਾਲੀ ਵਾਲੀ ਖੁੰਬ ਦੀ ਕਾਸ਼ਤ ਜੂਨ ਮਹੀਨੇ ਵਿਚ ਜਾਰੀ ਰਖੋ।
- ਪਹਿਲਾ ਲਗਾਈ ਪਰਾਲੀ ਖੁੰਬ 'ਤੇ ਰੋਜ਼ਾਨਾ ਦੋ ਵਾਰ ਪਾਣੀ ਦਾ ਛਿੜਕਾਅ ਕਰੋ।
- ਮਿਲਕੀ ਖੁੰਬ ਜਿਸ ਦੀ ਬਿਜਾਈ ਅਪ੍ਰੈਲ ਮਈ ਵਿਚ ਕੀਤੀ ਹੈ, ਦੀ ਕੈਸਿੰਗ ਕਰ ਦਿਓ।

• ਡਾ. ਸੁਖਦੀਪ ਸਿੰਘ ਹੁੰਦਲ

# ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਵਿਖੇ ਅਧਿਆਪਨ ਤੇ ਗੈਰ ਅਧਿਆਪਕ ਦੀਆਂ ਅਸਾਮੀਆਂ ਲਈ ਪਲੇਸਮੈਂਟ ਕੈਂਪ ਅੱਜ

**ਪਟਿਆਲਾ, 25 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਪਟਿਆਲਾ ਵੱਲੋਂ ਜੀ.ਸੀ.ਐੱਮ ਕਾਨਵੈਂਟ ਸਕੂਲ ਦੇ ਪਲੇਸਮੈਂਟ ਕੈਂਪ ਬਾਰੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਪਟਿਆਲਾ ਦੇ ਅਧਿਕਾਰੀ ਨੇ ਦੱਸਿਆ ਕਿ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਪੀ.ਆਰ.ਟੀ, ਟੀ.ਜੀ.ਟੀ (ਇੰਗਲਿਸ਼, ਮੈਥ, ਐੱਸ.ਐੱਸ.ਟੀ) ਪੀ.ਜੀ.ਟੀ (ਕੈਮਿਸਟਰੀ, ਫਿਜ਼ਿਕਸ, ਮੈਥ, ਕਾਮਰਸ) ਗੈਰ ਅਧਿਆਪਨ ਵਿੱਚ ਕਾਊਸਲਰ ਦੀ ਅਸਾਮੀਆਂ ਦੀ ਇੰਟਰਵਿਊ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵਿਖੇ ਲਈ ਜਾਵੇਗੀ।

ਚਾਹਵਾਨ ਅਤੇ ਯੋਗ ਉਮੀਦਵਾਰ ਜਿਨ੍ਹਾਂ ਦੀ ਵਿੱਦਿਅਕ ਯੋਗਤਾ ਬੀ.ਏ, ਐੱਮ.ਏ, ਬੀ.ਐੱਸ.ਸੀ, ਐੱਮ.ਐੱਸ.ਸੀ, ਬੀ.ਕਾਮ, ਐੱਮ ਕਾਮ, ਈ.ਟੀ.ਟੀ, ਐਨ.ਟੀ.ਟੀ, ਬੀ ਐਡ, ਬੀ.ਟੈਕ ਅਤੇ ਐੱਮ.ਟੈਕ ਅਤੇ ਉਮਰ 20-45 ਸਾਲ ਹੋਵੇ, ਉਹ ਇਸ ਇੰਟਰਵਿਊ ਵਿੱਚ ਭਾਗ ਲੈ ਸਕਦੇ ਹਨ। ਨੌਕਰੀ ਦੇ ਇੱਛੁਕ ਉਮੀਦਵਾਰ ਪਲੇਸਮੈਂਟ / ਇੰਟਰਵਿਊ ਵਿੱਚ ਭਾਗ ਲੈਣ ਲਈ ਆਪਣੀ ਯੋਗਤਾ ਦੇ ਸਾਰੇ ਸਰਟੀਫਿਕੇਟ ਦੀਆਂ ਫੋਟੋਕਾਪੀਆਂ, ਅਧਾਰ ਕਾਰਡ ਅਤੇ ਰਿਜ਼ਊਮੇ ਨਾਲ ਲੈ ਕੇ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਮਿੰਨੀ ਸਕੱਤਰੇਤ ਬਲਾਕ ਡੀ ਨੇੜੇ ਸੁਵਿਧਾ ਕੇਂਦਰ, ਪਟਿਆਲਾ ਵਿਖੇ ਪਹੁੰਚ ਕੇ ਇਸ ਇੰਟਰਵਿਊ ਵਿੱਚ ਹਿੱਸਾ ਲੈ ਸਕਦੇ ਹਨ। ਇੰਟਰਵਿਊ ਲਈ ਉਮੀਦਵਾਰ ਦਾ ਫਾਰਮਲ ਡਰੈੱਸ ਵਿਚ ਹੋਣਾ ਲਾਜ਼ਮੀ ਹੈ। ਵਧੇਰੇ ਜਾਣਕਾਰੀ ਲਈ ਉਮੀਦਵਾਰ ਦਫ਼ਤਰ ਦੇ ਹੈਲਪ ਲਾਈਨ ਨੰਬਰ 98776-10877 ਤੇ ਸੰਪਰਕ ਕਰ ਸਕਦੇ ਹਨ।

# ਮੁੱਖ ਮੰਤਰੀ ਵੱਲੋਂ ਭਗਤ ਕਬੀਰ ਜੀ ਦੇ ਜੀਵਨ ਤੇ ਫਲਸਫੇ ’ਤੇ ਵਿਆਪਕ ਖੋਜ ਕਰਨ ਲਈ ‘ਭਗਤ ਕਬੀਰ ਧਾਮ’ ਸਥਾਪਤ ਕਰਨ ਦਾ ਐਲਾਨ



**ਹੁਸ਼ਿਆਰਪੁਰ, 25 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ‘ਭਗਤ ਕਬੀਰ ਧਾਮ’ ਸਥਾਪਤ ਕਰਨ ਦਾ ਐਲਾਨ ਕੀਤਾ ਤਾਂ ਕਿ ਭਗਤੀ ਅੰਦੋਲਨ ਦੇ ਮਹਾਨ ਸੰਤ ਦੇ ਜੀਵਨ ਤੇ ਫਲਸਫੇ ਉਤੇ ਵਿਆਪਕ ਖੋਜ ਕੀਤੀ ਜਾ ਸਕੇ। ਅੱਜ ਇੱਥੇ ਭਗਤ ਕਬੀਰ ਜੀ ਦੇ 626ਵੇਂ ਜਨਮ ਦਿਵਸ ਨੂੰ ਸਮਰਪਿਤ ਰਾਜ ਪੱਧਰੀ ਸਮਾਗਮ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ 15ਵੀਂ ਸਦੀ ਦੇ ਮਹਾਨ ਕਵੀ ਅਤੇ ਸੰਤ ਭਗਤ ਕਬੀਰ ਜੀ ਨੇ ਲੋਕਾਂ ਨੂੰ ਸੁਚੱਜੀ ਜੀਵਨ ਜਾਚ ਦਾ ਸੰਦੇਸ਼ ਦਿੱਤਾ। ਉਨ੍ਹਾਂ ਕਿਹਾ ਕਿ ਭਗਤ ਕਬੀਰ ਦੇ ਜੀਵਨ ਅਤੇ ਫਲਸਫੇ ਨੇ ਹਮੇਸ਼ਾ ਹੀ ਲੋਕਾਂ ਨੂੰ ਆਪਸੀ ਮੇਲ-ਜੋਲ ਵਾਲਾ ਜੀਵਨ ਜਿਉਣ ਲਈ ਪ੍ਰੇਰਿਤ ਕੀਤਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਸਮੇਂ ਦੀ ਲੋੜ ਹੈ ਕਿ ਭਗਤ ਕਬੀਰ ਜੀ ਦੇ ਆਦਰਸ਼ਾਂ ’ਤੇ ਚੱਲ ਕੇ ਏਕਤਾ, ਭਾਈਚਾਰਕ ਸਾਂਝ ਅਤੇ ਸ਼ਾਂਤੀ ਨੂੰ ਹਰ ਹੀਲੇ ਕਾਇਮ ਰੱਖਿਆ ਜਾਵੇ।

ਲੋਕਾਂ ਨੂੰ ਭਗਤ ਕਬੀਰ ਜੀ ਦੀਆਂ ਸਿੱਖਿਆਵਾਂ ’ਤੇ ਸਹੀ ਮਾਅਨਿਆਂ ’ਚ ਅਮਲ ਕਰਨ ਦਾ ਸੱਦਾ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਜਾਤ, ਰੰਗ, ਨਸਲ ਅਤੇ ਧਰਮ ਦੇ ਭੇਦਭਾਵ ਤੋਂ ਉਪਰ ਉਠ ਕੇ ਬਰਾਬਰੀ ਵਾਲੇ ਸਮਾਜ ਦੀ ਸਿਰਜਣਾ ਸਮੇਂ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਭਗਤ ਕਬੀਰ ਜੀ ਦੇ ਜੀਵਨ ਅਤੇ ਮਹਾਨ ਸਿੱਖਿਆਵਾਂ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਦਰਜ ਹਨ ਜਿਨ੍ਹਾਂ ਰਾਹੀਂ ਪ੍ਰੇਮ, ਸ਼ਾਂਤੀ, ਸਦਭਾਵਨਾ ਦਾ ਸਦੀਵੀ ਸੰਦੇਸ਼ ਦਿੱਤਾ ਗਿਆ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਭਾਵੇਂ ਭਗਤ ਕਬੀਰ ਜੀ ਦਾ ਮੁਢਲਾ ਜੀਵਨ ਇੱਕ ਮੁਸਲਿਮ ਪਰਿਵਾਰ ਵਿੱਚ ਬੀਤਿਆ ਸੀ ਪਰ ਉਹ ਹਿੰਦੂ ਸੰਤ ਰਾਮਾਨੰਦ ਤੋਂ ਬਹੁਤ ਪ੍ਰਭਾਵਿਤ ਸਨ, ਜਿਸ ਦਾ ਭਗਤੀ ਲਹਿਰ ਦੌਰਾਨ ਉਨ੍ਹਾਂ ਦੀਆਂ ਲਿਖਤਾਂ ਉੱਤੇ ਡੂੰਘਾ ਪ੍ਰਭਾਵ ਪਿਆ।

ਲੋਕਾਂ ਨੂੰ ਮਹਾਨ ਸੰਤ ਦੇ ਆਦਰਸ਼ਾਂ ਉਤੇ ਚੱਲਣ ਦੀ ਅਪੀਲ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਰਸਤਾ ਸਦਭਾਵਨਾ ਵਾਲੇ ਅਤੇ ਅਗਾਂਹਵਧੂ ਸਮਾਜ ਦੀ ਉਸਾਰੀ ਵਿੱਚ ਅਹਿਮ ਭੂਮਿਕਾ ਨਿਭਾ ਸਕਦਾ ਹੈ। ਉਨ੍ਹਾਂ ਕਿਹਾ ਕਿ ਮਹਾਨ ਸਿੱਖ ਗੁਰੂ ਸਾਹਿਬਾਨ ਨੇ ਸਾਨੂੰ ਜ਼ੁਲਮ, ਬੇਇਨਸਾਫ਼ੀ ਅਤੇ ਜ਼ੁਲਮ ਵਿਰੁੱਧ ਲੜਨ ਦਾ ਉਪਦੇਸ਼ ਦਿੱਤਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਸੂਬੇ ਦੀ ਪੁਰਾਤਨ ਸ਼ਾਨ ਬਹਾਲ ਕਰਨ ਲਈ ਕੋਈ ਕਸਰ ਬਾਕੀ ਨਹੀਂ ਛੱਡ ਰਹੀ ਹੈ।ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਵਿੱਚ ਸਿਹਤ ਅਤੇ ਸਿੱਖਿਆ ਪ੍ਰਣਾਲੀ ਨੂੰ ਮੁੜ ਸੁਰਜੀਤ ਕਰਨ ਲਈ ਠੋਸ ਉਪਰਾਲੇ ਕਰ ਰਹੀ ਹੈ। ਮੁੱਖ ਮੰਤਰੀ ਨੇ ਕਿਹਾ, ਹੁਣ ਤੱਕ ਆਪਣੇ ਬੱਚੇ ਨੂੰ ਸਰਕਾਰੀ ਸਕੂਲ ਵਿੱਚ ਭੇਜਣਾ ਆਮ ਆਦਮੀ ਦੀ ਮਜਬੂਰੀ ਸੀ ਪਰ ਛੇ ਮਹੀਨਿਆਂ ਦੇ ਅੰਦਰ-ਅੰਦਰ ਇਹ ਉਨ੍ਹਾਂ ਦੀ ਇੱਛਾ ਹੋਵੇਗੀ ਕਿਉਂਕਿ ਸਿੱਖਿਆ ਪ੍ਰਣਾਲੀ ਵਿੱਚ ਵਿਆਪਕ ਸੁਧਾਰ ਕੀਤਾ ਜਾ ਰਿਹਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਨ ਲਈ ਸੂਬੇ ਭਰ ਵਿੱਚ ‘ਸਕੂਲ ਆਫ਼ ਐਮੀਨੈਂਸ’ ਸਥਾਪਤ ਕੀਤੇ ਗਏ ਹਨ ਅਤੇ ਇਸੇ ਤਰ੍ਹਾਂ ਸਰਕਾਰੀ ਸਿਹਤ ਪ੍ਰਣਾਲੀ ਨੂੰ ਵੀ ਅਪਗ੍ਰੇਡ ਕੀਤਾ ਜਾ ਰਿਹਾ ਹੈ।

# ਹੈਂਡਬਾਲ ਗਰਾਊਂਡ ਨਹਿਰੂ ਸਟੇਡੀਅਮ ਫ਼ਰੀਦਕੋਟ ਵਿਖੇ 10.62 ਲੱਖ ਰੁਪਏ ਦੀ ਲਾਗਤ ਨਾਲ ਬਣਾਇਆ ਜਾਵੇਗਾ ਬਾਥਰੂਮ ਅਤੇ ਚੈਜਿੰਗ ਰੂਮ- ਵਿਧਾਇਕ ਸੇਖੋਂ



**ਫਰੀਦਕੋਟ, 25 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਖੇਡਾਂ ਵਿੱਚ ਬਹੁਤ ਰੁਚੀ ਹੈ ਅਤੇ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਅਤੇ ਖਿਡਾਰੀਆਂ ਨੂੰ ਸਹੂਲਤ ਪ੍ਰਦਾਨ ਕਰਨ ਲਈ ਪੰਜਾਬ ਸਰਕਾਰ ਵੱਲੋਂ ਸੰਭਵ ਉਪਰਾਲੇ ਕੀਤੇ ਜਾ ਰਹੇ ਹਨ।

ਇਸ ਸੰਬੰਧੀ ਜਾਣਕਾਰੀ ਦਿੰਦੇ ਵਿਧਾਇਕ ਫ਼ਰੀਦਕੋਟ ਸ.ਗੁਰਦਿੱਤ ਸਿੰਘ ਸੇਖੋਂ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਫਰੀਦਕੋਟ ਦੇ ਨਹਿਰੂ ਸਟੇਡੀਅਮ ਵਿੱਚ ਬਣੇ ਹੈਂਡਬਾਲ ਗਰਾਊਂਡ ਵਿੱਚ ਬੱਚਿਆਂ ਲਈ ਨਵੇਂ ਚੇਜਿੰਗ ਰੂਮ ਅਤੇ ਬਾਥਰੂਮ ਦੀ ਉਸਾਰੀ ਲਈ 10.62 ਲੱਖ ਰੁਪਏ ਦੀ ਪ੍ਰਸ਼ਾਸਕੀ ਪ੍ਰਵਾਨਗੀ ਮਹਿਕਮਾ ਲੋਕ ਨਿਰਮਾਣ ਵਿਭਾਗ ਨੂੰ ਜਾਰੀ ਕਰ ਦਿੱਤੀ ਗਈ ਹੈ।

ਉਨ੍ਹਾਂ ਦੱਸਿਆਂ ਕਿ ਨਹਿਰੂ ਸਟੇਡੀਅਮ ਫਰੀਦਕੋਟ ਵਿੱਚ ਸਥਿਤ ਨਵੇ ਹੈਂਡਬਾਲ ਗਰਾਊਂਡ ਵਿੱਚ ਬਾਥਰੂਮ ਅਤੇ ਚੈਜਿੰਗ ਰੂਮ ਦੀ ਜ਼ਰੂਰਤ ਸੀ। ਇਸ ਸਮੱਸਿਆ ਨੂੰ ਧਿਆਨ ਵਿੱਚ ਰੱਖਦੇ ਹੋਏ ਪੰਜਾਬ ਸਰਕਾਰ ਵੱਲੋਂ ਇਸ ਨੂੰ ਬਣਾਉਣ ਸਬੰਧੀ ਆਦੇਸ਼ ਜਾਰੀ ਕੀਤੇ ਗਏ।

ਉਨ੍ਹਾਂ ਕਿਹਾ ਕਿ ਜਲਦੀ ਹੀ ਟੈਂਡਰ ਲਗਾ ਕੇ ਇਹ ਕੰਮ ਸ਼ੁਰੂ ਕਰਵਾ ਦਿੱਤਾ ਜਾਵੇਗਾ।

ਉਹਨਾਂ ਕਿਹਾ ਕਿ ਸਬੰਧਤ ਵਿਭਾਗ ਨੂੰ ਜਲਦੀ ਟੈਂਡਰ ਲਗਾਉਣ ਦੇ ਆਦੇਸ਼ ਜਾਰੀ ਕਰ ਦਿੱਤੇ ਗਏ ਹਨ।

# ਸਰਕਾਰੀ ਆਈ.ਟੀ.ਆਈ. ਫਰੀਦਕੋਟ ਦੀ ਨੁਹਾਰ ਬਦਲਣ ਲਈ ਟੈਂਡਰ ਹੋਇਆ ਅਲਾਟ

**ਫਰੀਦਕੋਟ, 25 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਇਕ ਪਾਸੇ ਜਿਥੇ ਪੰਜਾਬ ਸਰਕਾਰ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਹਰ ਸੰਭਵ ਉਪਰਾਲੇ ਕਰ ਰਹੀ ਹੈ, ਉਥੇ ਹੀ ਵਿੱਦਿਆ ਅਤੇ ਕਿੱਤਾਮੁਖੀ ਕੋਰਸ ਦੇ ਮਿਆਰ ਨੂੰ ਉੱਚਾ ਚੁੱਕਣ ਅਤੇ ਬੱਚਿਆਂ ਨੂੰ ਵੱਧ ਤੋਂ ਵੱਧ ਸਹੂਲਤਾਂ ਦੇਣ ਲਈ ਸਰਕਾਰ ਵਚਨਬੱਧ ਹੈ।

ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਵਿਧਾਇਕ ਫ਼ਰੀਦਕੋਟ ਸ.ਗੁਰਦਿੱਤ ਸਿੰਘ ਸੇਖੋਂ ਨੇ ਦੱਸਿਆ ਕਿ ਆਈ.ਟੀ.ਆਈ. ਫਰੀਦਕੋਟ ਵਿੱਚ ਐਡਮਿਨਸਟਰੇਟਿਵ ਬਲਾਕ ਅਤੇ ਪੁਰਾਣੇ ਵਰਕਸ਼ਾਪ ਬਲਾਕ ਦੀ ਸਪੈਸ਼ਲ ਰਿਪੇਅਰ ਦੇ ਨਾਲ-ਨਾਲ ਇੱਕ ਨਵੇਂ ਬਲਾਕ ਦੀ ਉਸਾਰੀ ਕੀਤੀ ਜਾਵੇਗੀ ਹੈ। ਉਨ੍ਹਾਂ ਦੱਸਿਆਂ ਕਿ ਇਸ ਕੰਮ ਉੱਪਰ 01 ਕਰੋੜ 98 ਲੱਖ ਰੁਪਏ ਖਰਚ ਆਉਣਗੇ ਅਤੇ ਕੰਮ 06 ਮਹੀਨੇ ਦੇ ਵਿੱਚ ਮੁਕੰਮਲ ਕਰ ਲਿਆ ਜਾਵੇਗਾ।

ਉਨ੍ਹਾਂ ਕਿਹਾ ਕਿ ਇਸ ਕੰਮ ਦਾ ਟੈਂਡਰ ਮਹਿਕਮਾ ਲੋਕ ਨਿਰਮਾਣ ਵਿਭਾਗ ਵੱਲੋਂ ਮੰਨਜ਼ੂਰ ਕਰਵਾਇਆ ਜਾ ਚੁੱਕਾ ਹੈ। ਜਲਦੀ ਹੀ ਇਹ ਕੰਮ ਮੌਕੇ ਤੇ ਸ਼ੁਰੂ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸੰਬੰਧਤ ਮਹਿਕਮੇ ਨੂੰ ਜਲਦੀ ਕੰਮ ਸ਼ੁਰੂ ਕਰਨ ਦੇ ਆਦੇਸ਼ ਜਾਰੀ ਕਰ ਦਿੱਤੇ ਗਏ ਹਨ।

# ਫਾਜ਼ਿਲਕਾ ’ਚ ਆਵਾਰਾ ਪਸ਼ੂ ਨਾਲ ਬਾਈਕ ਦੀ ਟੱਕਰ, 3 ਲੋਕ ਜ਼ਖਮੀ, ਹਨੇਰੀ ਕਾਰਨ ਅੱਖਾਂ ’ਚ ਧੂੜ ਆਉਣ ਕਾਰਨ ਵਾਪਰਿਆ ਹਾਦਸਾ



**ਫਾਜ਼ਿਲਕਾ, 25 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਫਾਜ਼ਿਲਕਾ ’ਚ ਤੂਫਾਨ ਕਾਰਨ ਅੱਖਾਂ ’ਚ ਧੂੜ ਆਉਣ ਕਾਰਨ ਹਾਦਸਾ ਵਾਪਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਜਿਸ ਕਾਰਨ ਬਾਈਕ ਸਵਾਰਾਂ ਦੀ ਆਵਾਰਾ ਪਸ਼ੂ ਨਾਲ ਟੱਕਰ ਹੋ ਗਈ।

ਇਸ ਦੌਰਾਨ ਬਾਈਕ ਸਵਾਰ ਵਿਅਕਤੀ ਬੁਰੀ ਤਰ੍ਹਾਂ ਜ਼ਖਮੀ ਹੋ ਗਿਆ। ਜਦਕਿ ਉਸ ਦੀ ਪਤਨੀ ਅਤੇ ਬੇਟੀ ਵੀ ਜ਼ਖਮੀ ਹਨ। ਇਲਾਜ ਲਈ ਮੌਕੇ ’ਤੇ ਪਹੁੰਚੇ ਸੜਕ ਸੁਰੱਖਿਆ ਬਲ ਨੇ ਉਸ ਨੂੰ ਸਰਕਾਰੀ ਹਸਪਤਾਲ ’ਚ ਦਾਖਲ ਕਰਵਾਇਆ।

**ਅਵਾਰਾ ਪਸ਼ੂ ਨਾਲ ਟੱਕਰ**

ਜਾਣਕਾਰੀ ਦਿੰਦਿਆਂ ਰਾਜੋਬਾਈ ਨੇ ਦੱਸਿਆ ਕਿ ਉਹ ਆਪਣੇ ਪਤੀ ਅਤੇ ਬੇਟੀ ਨਾਲ ਸਾਈਕਲ ’ਤੇ ਝੋਨਾ ਬੀਜ ਕੇ ਘਰ ਪਰਤ ਰਹੀ ਸੀ। ਉਸ ਸਮੇਂ ਪਿੰਡ ਚਿਮਨੇਵਾਲਾ ਨੇੜੇ ਹਨੇਰੀ ਕਾਰਨ ਕਾਫੀ ਮਿੱਟੀ ਉੱਡ ਰਹੀ ਸੀ ਅਤੇ ਸਾਹਮਣੇ ਕੁਝ ਨਾ ਦਿਸਣ ਕਾਰਨ ਅਚਾਨਕ ਇਕ ਆਵਾਰਾ ਪਸ਼ੂ ਬਾਈਕ ਦੇ ਅੱਗੇ ਆ ਗਿਆ ਅਤੇ ਜ਼ੋਰਦਾਰ ਟੱਕਰ ਹੋ ਗਈ।

ਜਿਸ ’ਚ ਉਸ ਦਾ ਪਤੀ ਗੰਭੀਰ ਜ਼ਖ਼ਮੀ ਹੋ ਗਿਆ। ਜਦਕਿ ਉਸ ਦੀ ਬੇਟੀ ਵੀ ਜ਼ਖਮੀ ਹੈ। ਹਾਲਾਂਕਿ ਉਸਦਾ ਆਪਣਾ ਬਚਾਅ ਰਿਹਾ। ਸੜਕ ਸੁਰੱਖਿਆ ਬਲਾਂ ਨੇ ਮੌਕੇ ’ਤੇ ਪਹੁੰਚ ਕੇ ਉਸ ਨੂੰ ਤੁਰੰਤ ਫਾਜ਼ਿਲਕਾ ਦੇ ਸਰਕਾਰੀ ਹਸਪਤਾਲ ’ਚ ਦਾਖਲ ਕਰਵਾਇਆ।

**ਜ਼ਖਮੀ ਨੂੰ ਹਸਪਤਾਲ ਕਰਵਾਇਆ ਗਿਆ ਦਾਖਲ**

ਰੋਡ ਸੇਫਟੀ ਫੋਰਸ ਦੇ ਅਧਿਕਾਰੀ ਸੁਰਿੰਦਰਪਾਲ ਸਿੰਘ ਨੇ ਦੱਸਿਆ ਕਿ ਉਹ ਬੀਤੀ ਰਾਤ ਤੇਜ਼ ਹਨੇਰੀ ਕਾਰਨ ਗਸ਼ਤ ’ਤੇ ਸਨ। ਉਸ ਨੂੰ ਰਾਹਗੀਰ ਨੇ ਦੱਸਿਆ ਕਿ ਲਾਧੂਕਾ ਨੇੜੇ ਸੜਕ ਹਾਦਸਾ ਵਾਪਰ ਗਿਆ ਹੈ। ਜਿਸ ਦੌਰਾਨ ਉਕਤ ਵਿਅਕਤੀ ਸੜਕ ’ਤੇ ਡਿੱਗ ਗਿਆ। ਸੂਚਨਾ ਮਿਲਦੇ ਹੀ ਉਹ 5 ਮਿੰਟ ’ਚ ਮੌਕੇ ’ਤੇ ਪਹੁੰਚ ਗਏ ਅਤੇ ਦੇਖਿਆ ਕਿ ਜ਼ਖਮੀ ਵਿਅਕਤੀ ਸੜਕ ’ਤੇ ਡਿੱਗਿਆ ਪਿਆ ਸੀ ਅਤੇ ਉਸ ਦੇ ਨਾਲ ਇਕ ਔਰਤ ਅਤੇ ਇਕ ਬੱਚਾ ਵੀ ਸੀ।

ਉਨ੍ਹਾਂ ਨੂੰ ਤੁਰੰਤ ਫਾਜ਼ਿਲਕਾ ਦੇ ਸਰਕਾਰੀ ਹਸਪਤਾਲ ’ਚ ਦਾਖਲ ਕਰਵਾਇਆ ਗਿਆ, ਜਿੱਥੇ ਉਨ੍ਹਾਂ ਦਾ ਇਲਾਜ ਕੀਤਾ ਜਾ ਰਿਹਾ ਹੈ।

# ਏ. ਵੀ.ਪੀ.ਐਸ.ਪ੍ਰਾਗਨ ਵਿੱਚ ਮਨਾਇਆ ਗਿਆ ਅੰਤਰਰਾਸ਼ਟਰੀ ਯੋਗ ਦਿਵਸ




**ਫਾਜ਼ਿਲਕਾ, 25 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਯੋਗ ਇਕ ਪ੍ਰਾਚੀਨ ਭਾਰਤੀ ਵਿਗਿਆਨ ਹੈ ਜੋ ਸਾਡੀ ਸਰੀਰਕ ਅਤੇ ਮਾਨਸਿਕ ਸਿਹਤ ਨੂੰ ਸੰਤੁਲਿਤ ਰੱਖਣ ਵਿਚ ਮਦਦ ਕਰਦਾ ਹੈ। ਸਾਡੀ ਜੀਵਨ ਸ਼ੈਲੀ ਵਿੱਚ ਯੋਗਾ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਹਰ ਸਾਲ 21 ਜੂਨ ਨੂੰ ਅੰਤਰਰਾਸ਼ਟਰੀ ਯੋਗ ਦਿਵਸ ਮਨਾਇਆ ਜਾਂਦਾ ਹੈ।

ਏ. ਅੱਜ ਵੀ.ਪੀ.ਐਸ. ਵਿੱਚ ਵਿਦਿਆਰਥੀਆਂ ਦੇ ਸਰਵਪੱਖੀ ਅਤੇ ਸਿਹਤਮੰਦ ਵਿਕਾਸ ਲਈ ਸਕੂਲ ਦੇ ਵਿਹੜੇ ਵਿੱਚ ਯੋਗ ਦਿਵਸ ਬੜੀ ਧੂਮਧਾਮ ਨਾਲ ਮਨਾਇਆ ਗਿਆ। ਇਸ ਪ੍ਰੋਗਰਾਮ ਦੀ ਅਗਵਾਈ ਸਕੂਲ ਦੀ ਯੋਗਾ ਅਧਿਆਪਕਾ ਕੁਲਦੀਪ ਕੌਰ ਨੇ ਕੀਤੀ। ਉਨ੍ਹਾਂ ਨੇ ਸੂਰਜ ਨਮਸਕਾਰ, ਚੱਕਰਾਸਨ, ਤਾਡਾਸਨ, ਪਦਮਾਸਨ, ਵਜਰਾਸਨ, ਯੋਗਾ ਨਿਦ੍ਰਾ ਸਮੇਤ ਵੱਖ-ਵੱਖ ਯੋਗ ਆਸਣਾਂ ਬਾਰੇ ਜਾਣਕਾਰੀ ਦਿੱਤੀ ਅਤੇ ਸਕੂਲ ਦੇ ਸਾਰੇ ਅਧਿਆਪਕਾਂ ਨੂੰ ਵੀ ਇਨ੍ਹਾਂ ਯੋਗ ਆਸਣਾਂ ਦਾ ਅਭਿਆਸ ਕਰਵਾਇਆ।

ਇਸ ਪ੍ਰੋਗਰਾਮ ਵਿੱਚ ਯੋਗ ਦਿਵਸ ਦਾ ਮਾਟੋ ‘ਵਸੁਧੈਵ ਕੁਟੁੰਬਕਮ ਲਈ ਯੋਗ’ ਹੈ।

ਯੋਗ ਦਿਵਸ 2024 ਨੂੰ ਮਨਾਉਣ ਦਾ ਮੁੱਖ ਥੀਮ ‘ਸਵੈ ਅਤੇ ਸਮਾਜ ਲਈ ਯੋਗਾ’ ਹੈ।

ਇਸ ਪ੍ਰੋਗਰਾਮ ਵਿੱਚ ਸਕੂਲ ਦੇ ਪ੍ਰਧਾਨ ਰਮਨ ਕੁਮਾਰ ਵਾਟਸ, ਸਕੂਲ ਪ੍ਰਿੰਸੀਪਲ ਸ਼੍ਰੀਮਤੀ ਸੰਗੀਤਾ ਤਿੰਨਾ, ਕਾਰਜਕਾਰੀ ਡਾਇਰੈਕਟਰ ਦੀਪਕ ਸ਼ਰਮਾ, ਵਾਈਸ ਪ੍ਰਿੰਸੀਪਲ ਸੀਮਾ ਸ਼ਰਮਾ, ਪੀ.ਟੀ. ਏ. ਚੇਅਰਮੈਨ ਨਰੇਂਦਰ ਸਚਦੇਵਾ ਅਤੇ ਸਮੂਹ ਸਟਾਫ਼ ਅਧਿਆਪਕਾਂ ਨੇ ਭਰਪੂਰ ਸ਼ਮੂਲੀਅਤ ਕੀਤੀ। ਸਕੂਲ ਦੇ ਪ੍ਰਿੰਸੀਪਲ ਨੇ ਯੋਗਾ ਦੀ ਮਹੱਤਤਾ ਬਾਰੇ ਚਾਨਣਾ ਪਾਇਆ ਅਤੇ ਸਾਰਿਆਂ ਨੂੰ ਯੋਗਾ ਕਰਨ ਲਈ ਪ੍ਰੇਰਿਤ ਕੀਤਾ।

‘ਆਪਣੇ ਆਪ ਨੂੰ ਬਦਲੋ, ਦੁਨੀਆ ਬਦਲੇਗੀ, ਯੋਗਾ ਦੁਆਰਾ ਹਰ ਦਿਨ ਖੁਸ਼ੀਆਂ ਨਾਲ ਭਰਿਆ ਰਹੇਗਾ’ਯੋਗ ਦਿਵਸ ਦੀ ਸਾਰਿਆਂ ਨੂੰ ਹਾਰਦਿਕ ਸ਼ੁਭਕਾਮਨਾਵਾਂ।

# ਥਾਣਾ ਤ੍ਰਿਪੜੀ ਵਲੋਂ ਦੁਕਾਨਾਂ ਦੇ ਸਟਰ ਤੋੜ ਕੇ ਚੋਰੀਆ ਕਰਨ ਵਾਲੇ ਕਾਬੂ



**ਪਟਿਆਲਾ, 25 ਜੂਨ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਮਾਨਯੋਗ ਸੀਨੀਅਰ ਕਪਤਾਨ ਪੁਲਿਸ ਪਟਿਆਲਾ ਵਰੁੱਣ ਸ਼ਰਮਾ ਆਈ ਪੀ ਐਸ, ਐਸ ਪੀ ਸਿਟੀ ਮਹੁੰਮਦ ਸਰਫ਼ਰਾਜ਼ ਆਲਮ ਆਈ ਪੀ ਐਸ ਅਤੇ ਡੀ ਐਸ ਪੀ ਸਿਟੀ 2 ਜੰਗਜੀਤ ਸਿੰਘ ਰੰਧਾਵਾ ਦੇ ਦਿਸ਼ਾਂ ਨਿਰਦੇਸ਼ਾਂ ਅਨੁਸਾਰ ਐਸ ਐਚ ਤ੍ਰਿਪੜੀ ਪ੍ਰਦੀਪ ਸਿੰਘ ਬਾਜਵਾ ਥਾਣਾ ਤ੍ਰਿਪੜੀ ਦੀ ਟੀਮ ਵੱਲੋ ਦੁਕਾਨਾਂ ਦੇ ਸ਼ਟਰ ਤੋੜਨ ਅਤੇ ਰਾਤ ਨੂੰ ਚੋਰੀ ਕਰਨ ਦੇ ਦੋਸ਼ ਵਿੱਚ ਦੋ ਵਿਅਕਤੀ ਗ੍ਰਿਫਤਾਰ ਕੀਤੇ ਗਏ ਹਨ। ਇਨ੍ਹਾਂ ਕੋਲੋਂ ਇੱਕ ਚੋਰੀ ਦਾ ਦੋਪਹੀਆ ਵਾਹਨ ਵੀ ਬਰਾਮਦ ਕੀਤਾ ਗਿਆ ਹੈ।

ਪਟਿਆਲਾ ਪੁਲਿਸ ਸ਼ਹਿਰ ਨਿਵਾਸੀਆਂ ਦੀ ਸੁਰੱਖਿਆ ਲਈ ਸਮਰਪਿਤ ਹੈ।

# ਵਧੀਕ ਡਿਪਟੀ ਕਮਿਸ਼ਨਰ ਵੱਲੋਂ ਫਾਜ਼ਿਲਕਾ ਤੇ ਅਬੋਹਰ ਸੇਵਾ ਕੇਂਦਰਾਂ ਦਾ ਅਚਨਚੇਤ ਦੌਰਾ

## ਸੇਵਾ ਕੇਂਦਰ ਵਿਖੇ ਆਉਣ ਵਾਲੇ ਲੋਕਾਂ ਦਾ ਕੰਮ ਜਲਦੀ ਤੋਂ ਜਲਦੀ ਕੀਤਾ ਜਾਵੇ-ਵਧੀਕ ਡਿਪਟੀ ਕਮਿਸ਼ਨਰ



**ਫਾਜ਼ਿਲਕਾ, 25 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਫਾਜ਼ਿਲਕਾ ਦੇ ਵਧੀਕ ਡਿਪਟੀ ਕਮਿਸ਼ਨਰ ਰਾਕੇਸ਼ ਕੁਮਾਰ ਪੋਪਲੀ ਨੇ ਜਿ ੍ਹਲਾ ਪ੍ਰਬੰਧਕੀ ਕੰਪਲੈਕਸ ਫਾਜ਼ਿਲਕਾ ਵਿਚ ਬਣੇ ਸੇਵਾ ਕੇਂਦਰ ਅਤੇ ਅਬੋਹਰ ਦੇ ਸੇਵਾ ਕੇਂਦਰ ਦਾ ਦੌਰਾ ਕੀਤਾ ਅਤੇ ਇੱਥੇ ਸੇਵਾ ਲੈਣ ਲਈ ਆਏ ਲੋਕਾਂ ਨਾਲ ਗੱਲਬਾਤ ਕੀਤੀ। ਉਨ੍ਹਾਂ ਨੇ ਕਿਹਾ ਕਿ ਮੁੱਖ ਮੰਤਰੀ ਸ: ਭਗਵੰਤ ਮਾਨ ਵੱਲੋਂ ਸਾਰੇ ਵਿਭਾਗਾਂ ਨੂੰ ਸਖ਼ਤ ਹਦਾਇਤਾਂ ਦਿੱਤੀਆਂ ਗਈਆਂ ਹਨ ਕਿ ਸਰਕਾਰੀ ਦਫ਼ਤਰਾਂ ਵਿਚ ਲੋਕਾਂ ਨੂੰ ਕੋਈ ਦਿੱਕਤ ਨਾ ਆਉਣ ਦਿੱਤੀ ਜਾਵੇ ਅਤੇ ਆਪਣੇ ਕੰਮਾਂ ਲਈ ਆਉਣ ਵਾਲੇ ਲੋਕਾਂ ਨੂੰ ਦਫ਼ਤਰਾਂ ਵਿਚ ਹਰ ਪ੍ਰਕਾਰ ਦੀ ਮਦਦ ਮੁਹਈਆ ਕਰਵਾਈ ਜਾਵੇ।

ਵਧੀਕ ਡਿਪਟੀ ਕਮਿਸ਼ਨਰ ਨੇ ਇੱਥੇ ਹਦਾਇਤ ਕੀਤੀ ਕਿ ਕੰਮ ਲਈ ਆਉਣ ਵਾਲੇ ਲੋਕਾਂ ਨਾਲ ਜਿਥੇ ਵਧੀਆ ਵਤੀਰਾ ਵਰਤਿਆ ਜਾਵੇ ਉਥੇ ਸੇਵਾ ਕੇਂਦਰਾਂ ਵਿਖੇ ਲੋਕਾਂ ਲਈ ਪ੍ਰਬੰਧ ਹੋਣੇ ਚਾਹੀਦੇ ਹਨ।

# ਗੈਰ ਸਮਾਜੀ ਅਨਸਰਾਂ ਵਿਰੁੱਧ ਵਿੱਢੀ ਮੁਹਿੰਮ ਤਹਿਤ ਸ੍ਰੀ ਅਨੰਦਪੁਰ ਸਾਹਿਬ ਪੁਲਿਸ ਵੱਲੋਂ ਮਾੜੇ ਅਨਸਰਾਂ ਵਿਰੁੱਧ ਕੀਤੀ ਸਖਤ ਕਾਰਵਾਈ

## 20 ਗ੍ਰਾਮ ਚਿੱਟੇ ਨਸ਼ੀਲੇ ਪਾਊਡਰ ਸਮੇਤ ਵਿਅਕਤੀ ਕਾਬੂ



**ਸ੍ਰੀ ਅਨੰਦਪੁਰ ਸਾਹਿਬ, 25 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਗੁਲਨੀਤ ਸਿੰਘ ਖੁਰਾਨਾ ਆਈ.ਪੀ.ਐਸ ਸੀਨੀਅਰ ਕਪਤਾਨ ਪੁਲਿਸ ਰੂਪਨਗਰ ਦੇ ਦਿਸ਼ਾ ਨਿਰਦੇਸ਼ਾ ਤਹਿਤ ਅਜੇ ਸਿੰਘ ਪੀ.ਪੀ.ਐਸ ਉਪ ਕਪਤਾਨ ਪੁਲਿਸ ਸ੍ਰੀ ਅਨੰਦਪੁਰ ਸਾਹਿਬ ਦੀ ਅਗਵਾਈ ਵਿੱਚ ਮਾੜੇ ਅਨਸਰਾ ਨੂੰ ਕਾਬੂ ਕਰਨ ਅਤੇ ਗੈਰ ਕਾਨੂੰਨੀ ਗਤੀਵਿਧੀਆ ਨੂੰ ਨੱਥ ਪਾਉਣ ਸਬੰਧੀ ਮੁਹਿੰਮ ਵਿੱਢੀ ਗਈ ਹੈ।

ਇੰਸਪੈਕਟਰ ਹਿੰਮਤ ਸਿੰਘ ਮੁੱਖ ਥਾਣਾ ਅਫਸਰ ਸ੍ਰੀ ਅਨੰਦਪੁਰ ਸਾਹਿਬ ਟੀਮ ਵਲੋਂ ਮਿਤੀ 21-6-2024 ਨੂੰ ਮੁਕੱਦਮਾ ਨੰਬਰ 76 ਮਿਤੀ 21-6-2024 ਅ/ਧ 22.61.85 ਐਨ.ਡੀ.ਪੀ.ਐਸ ਐਕਟ ਥਾਣਾ ਸ੍ਰੀ ਅਨੰਦਪੁਰ ਸਾਹਿਬ ਬਰਖਿਲਾਫ ਦੋਸ਼ੀ ਅਭਿਸ਼ੇਕ ਸ਼ਰਮਾ ਉਰਫ ਵਿਸ਼ੂ ਪੁੱਤਰ ਵਿਜੇ ਕੁਮਾਰ ਵਾਸੀ ਬਾਸੋਵਾਲ ਕਲੋਨੀ ਗੰਗੂਵਾਲ ਥਾਣਾ ਸ੍ਰੀ ਅਨੰਦਪੁਰ ਸਾਹਿਬ ਦਰਜ ਰਜਿਸਟਰ ਕੀਤਾ ਗਿਆ। ਦੋਸ਼ੀ ਪਾਸੋ 20 ਗ੍ਰਾਮ ਚਿੱਟਾ ਨਸ਼ੀਲਾ ਪਾਊਡਰ ਬ੍ਰਾਮਦ ਹੋਇਆ।

ਇਸ ਤੋਂ ਇਲਾਵਾ ਦੋਸੋ ਪਾਸੋ 1,20,000/- ਰੁਪਏ ਡਰੱਗ ਮਨੀ ਵੀ ਬਰਾਮਦ ਕੀਤੀ ਗਈ। ਦੋਸ਼ੀ ਨੂੰ ਅੱਜ ਮਿਤੀ 22.06.2024 ਨੂੰ ਮਾਨਯੋਗ ਅਦਾਲਤ ਵਿਖੇ ਪੇਸ਼ ਕਰਕੇ ਪੁਲਿਸ ਰਿਮਾਡ ਹਾਸਲ ਕੀਤਾ ਗਿਆ ਹੈ, ਮੁਕੱਦਮੇ ਦੀ ਤਫਤੀਸ਼ ਜਾਰੀ ਹੈ। ਇਸ ਤੋ ਇਲਾਵਾ ਦੋਸ਼ੀ ਅਭਿਸ਼ੇਕ ਸ਼ਰਮਾ ਉਕਤ ਖਿਲਾਫ ਪਹਿਲਾ ਵੀ ਐਨ.ਡੀ.ਪੀ.ਐਸ ਐਕਟ ਤਹਿਤ ਤਿੰਨ ਮੁਕੱਦਮੇ ਦਰਜ ਰਜਿਸਟਰ ਹਨ। ਮੁੱਖ ਅਫਸਰ ਥਾਣਾ ਸ੍ਰੀ ਅਨੰਦਪੁਰ ਸਾਹਿਬ ਨੇ ਇਸ ਬਾਰੇ ਹੋਰ ਵਧੇਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਕਿਸੇ ਵੀ ਤਰਾਂ ਦੀ ਗੈਰ ਕਾਨੂੰਨੀ ਗਤੀਵਿਧੀ ਕਰਨ ਵਾਲੇ ਵਿਅਕਤੀਆ ਨੂੰ ਨਹੀ ਬਖਸ਼ਿਆ ਜਾਵੇਗਾ ਅਤੇ ਉਹਨਾ ਨੇ ਆਮ ਜਨਤਾ ਨੂੰ ਵੀ ਅਪੀਲ ਕੀਤੀ ਕਿ ਆਪਣੇ ਆਸ-ਪਾਸ ਜੇਕਰ ਕੋਈ ਗੈਰ ਕਾਨੂੰਨੀ ਗਤੀਵਿਧੀ ਹੋਣ ਦੀ ਸੂਚਨਾ ਮਿਲਦੀ ਹੈ ਤਾਂ ਤੁਰੰਤ ਇਸ ਦੀ ਇਤਲਾਹ ਪੁਲਿਸ ਨੂੰ ਦਿੱਤੀ ਜਾਵੇ।

# ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਸਹਿਤ ਮਨਾਇਆ



**ਪਟਿਆਲਾ, 25 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਬਟਰ ਫਲਾਈ ਗਰੁੱਪ ਬਾਰਾਦਰੀ ਗਾਰਡਨਜ਼ ਪਟਿਆਲਾ ਵੱਲੋਂ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ, ਸ੍ਰੀ ਅਕਾਲ ਤਖਤ ਸਾਹਿਬ ਜੀ ਦੇ ਸਿਰਜਣਹਾਰ, ਮੀਰੀ ਪੀਰੀ ਦੇ ਮਾਲਕ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਸਹਿਤ ਬਾਰਾਦਰੀ ਵਿੱਚ ਮਨਾਇਆ ਗਿਆ। ਜਿਸ ਵਿੱਚ ਅਥਾਹ ਸੰਗਤ ਨੇ ਹਿੱਸਾ ਲਿਆ ਅਤੇ ਆਪਣੇ ਦਸਵੰਧ ਵਿਚੋਂ ਯੋਗਦਾਨ ਵੀ ਪਾਇਆ ਗਿਆ। ਇੱਥੇ ਇਹ ਵੀ ਦੱਸਣਾ ਯੋਗ ਹੋਵੇਗਾ ਕਿ ਅੱਜ 22—06—2024 ਨੂੰ ਭਗਤ ਕਬੀਰ ਜੀ ਦਾ ਜਨਮ ਦਿਹਾੜਾ ਅਤੇ ਪੂਰਨਮਾਸ਼ੀ ਵੀ ਅੱਜ ਹੀ ਹੋਣ ਕਰਕੇ ਅੱਜ ਦਾ ਦਿਨ ਬਹੁਤ ਹੀ ਭਾਗਾ ਵਾਲਾ ਅਤੇ ਮਹੱਤਵਪੂਰਨ ਹੈ। ਇਸੇ ਕਰਕੇ ਠਾਠਾਂ ਮਾਰਦਾ ਉਮੰਗ ਭਰਿਆ ਸੰਗਤ ਦਾ ਇਕੱਠ ਪੂਰਬ ਮਨਾਉਣ ਵਿੱਚ ਸਭਨਾ ਨੇ ਰੂਹਾਨੀ ਖੁਸ਼ੀ ਮਹਿਸੂਸ ਕੀਤੀ। ਸਵੇਰੇ 5 ਵਜੇ ਤੋਂ 10 ਵਜੇ ਤੱਕ ਅਥਾਹ ਲੰਗਰ ਮਿਸੇ ਪ੍ਰਸ਼ਾਦੇ, ਅਚਾਰ ਸਹਿਤ ਅਤੇ ਲੱਸੀ ਦਾ ਲੰਗਰ ਅਤੁੱਟ ਲਗਾਇਆ ਗਿਆ। ਇਸ ਪ੍ਰੋਗਰਾਮ ਨੂੰ ਸਫ਼ਲਤਾ ਪੂਰਵਕ ਨਿਭਾਉਣ ਵਿੱਚ ਇੰਤਜਾਮੀਆ ਕਮੇਟੀ ਦੇ ਮੈਂਬਰ ਮੈਡਮ ਕਵਿਤਾ, ਮੈਡਮ ਸੁਮਨ, ਮੈਡਮ ਪਰਵੀਨ, ਮੈਡਮ ਜ਼ਸਪ੍ਰੀਤ ਅਤੇ ਮੈਡਮ ਵੀਨਾ ਨੇ ਅਥਾਹ ਭਰਪੂਰ ਕੋਸ਼ਿਸ਼ ਕੀਤੀ।

ਪ੍ਰਕਾਸ਼ ਪੁਰਬ ਮਨਾਉਣ ਵਿੱਚ ਹੈਲਥ ਅਵੇਅਰਨੈਸ ਸੁਸਾਇਟੀ, ਯੋਗਾ ਪਰਿਵਾਰ ਗਰੁੱਪ, ਫਿਟਨੈਸ ਕਲੱਬ, ਸਿੰਮੀ ਭਾਟੀਆ ਭੰਗੜਾ ਗਰੁੱਪ, ਆਲੀਸ਼ਾਨ ਗਰੁੱਪ, ਫਰੈਂਡਜ਼ ਬਾਰਾਦਰੀ ਗਰੁੱਪ ਆਦਿ ਦੇ ਮੈਂਬਰਜ਼ ਸੰਗਤ ਦੇ ਰੂਪ ਵਿੱਚ ਸ਼ਾਮਿਲ ਹੋਏ। ਕੀਰਤਨ ਦਾ ਆਨੰਦ ਮਾਣਿਆ ਅਤੇ ਅਰਦਾਸ ਵਿੱਚ ਸ਼ਾਮਿਲ ਹੋ ਕੇ ਸਰਬਤ ਦਾ ਭੱਲਾ ਮੰਗਿਆ।

# ਗੁਰੂ ਨਾਲ ਜੁੜੀ ਸੰਗਤ ਦਾ ਜਨਮ ਮਰਨ ਕੱਟ ਜਾਂਦੇ : ਲਵਲੀ



**ਪਟਿਆਲਾ, 25 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਸੰਗਤ ਗੁਰੂ ਦੇ ਚਰਨਾਂ ਨਾਲ ਜੁੜੀ ਰਹੇ ਗੁਰੂ ਸਾਹਿਬ ਨਾਲ ਜੁੜੀ ਸੰਗਤ ਦਾ ਜਨਮ ਮਰਨ ਕੱਟ ਜਾਂਦਾ ਹੈ ਇਹ ਵਿਚਾਰ ਕੌਮੀ ਮੀਤ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਕੁਲਵਿੰਦਰ ਸਿੰਘ ਲਵਲੀ ਨੇ ਪ੍ਰੈਸ ਨੋਟ ਰਾਹੀਂ ਕਹੇ। ਉਨ੍ਹਾਂ ਕਿਹਾ ਕਿ ਗੁਰੂ ਹਰਿਗੋਬਿੰਦ ਸਾਹਿਬ ਜੀ ਮੀਰੀ ਪੀਰੀ ਦੇ ਦਾਤਾ ਹਨ। ਅੱਜ ਉਨ੍ਹਾਂ ਦੇ ਪ੍ਰਕਾਸ਼ ਪੁਰਬ ’ਤੇ ਸੰਗਤਾਂ ਨੂੰ ਲੱਖ-ਲੱਖ ਵਧਾਈ ਦਿੱਤੀ। ਇਸ ਸਮੇਂ ਸਫ਼ਾਬਾਦੀ ਗੇਟ ਵਿਖੇ ਛਬੀਲ ਦੇ ਲੰਗਰ ਵਰਤਾਏ ਗਏ। ਨਗਰ ਕੀਰਤਨ ਨੂੰ ਜੀ ਆਇਆਂ ਕਹਿੰਦੇ ਹੋਏ ਸੰਗਤਾਂ ਦਾ ਫੁੱਲਾਂ ਨਾਲ ਸਵਾਗਤ ਕੀਤਾ ਗਿਆ। ਇਸ ਸਮੇਂ ਜਸਬੀਰ ਸਿੰਘ ਟੋਨੀ ਓਬਰਾਏ, ਚਿੰਟੂ ਸਤੀਜਾ, ਦਵਿੰਦਰ ਕੁਮਾਰ ਡੀ. ਕੇ., ਈਸ਼ਰ ਚੰਦ, ਗੋਲਡੀ ਸਿੰਘ, ਤਰਲੋਕ ਸਿੰਘ, ਬਿਨੀ ਸਿੰਘ, ਰਾਮ ਕੁਮਾਰ, ਮੰਗਾ ਸਿੰਘ, ਪ੍ਰਿੰਸ ਟੇਲਰ, ਅਮਰਜੀਤ, ਅੰਤਰਹਰਪ੍ਰੀਤ ਸਿੰਘ, ਮਿਲਭਾਵੁਕ ਸਿੰਘ, ਪਰਮਜੀਤ ਸਿੰਘ ਆਦਿ ਹਾਜ਼ਰ ਸਨ।

# ਸਵੈ ਅਤੇ ਸਮਾਜ ਲ ਈ ਯੌਗ ਜਰੂਰੀ : ਡਾ. ਗਾਂਧੀ



**ਪਟਿਆਲਾ, 25 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਅੰਤਰਾਸਟਰੀ ਯੌਗ ਦਿਵਸ ਨਹਿਰੂ ਪਾਰਕ ਵਿੱਚ ਗਿਆਨ ਜਯੋਤੀ ਐਜੂਕੇਸਨ ਸੁਸਾਇਟੀ (ਰਜਿ)ਪਟਿਆਲਾ ਵਲੋ ਹਰ ਸਾਲ ਦੀ ਤਰਾ ਇਸ ਸਾਲ ਵੀ ਮਨਾਇਆ ਗਿਆ।ਜਿਸ ਦੇ ਮੁੱਖ ਮਹਿਮਾਨ ਡਾ? ਧਰਮਵੀਰ ਗਾਂਧੀ (ਮੈਂਬਰ ਪਾਰੀਲੀਮੈਂਟ)ਪ੍ਰੋਗਰਾਮ ਦੀ ਪ੍ਰਧਾਨਗੀ ਸੰਤ ਰਾਮ ਬਾਂਗਾ ਸਾਬਕਾ ਚੇਅਰਮੈਨ ਇਮਪ੍ਰੂਮੈਂਟ ਟਰੱਸਟ ਨੇ ਕੀਤੀ ਸਪੈਸ਼ਲ ਮਹਿਮਾਨ ਕਰਨੈਲ ਸਿੰਘ ਡੀ? ਐਸ਼ ਪੀ ਪਟਿਆਲਾ ਸਨ। ਨੌਜਵਾਨ ਨੇਤਾ ਪੰਜਾਬ ਦੀ ਬੁਲੰਦ ਅਵਾਜ ਗੌਰਵ ਸੰਧੂ ਉਹਨਾ ਦੱਸਿਆ ਸਿਹਤਮੰਦ ਜਿੰਦਗੀ ਜਿਉਣ ਲ ਈ ਯੌਗ ਜਰੂਰੀ ਹੈ।ਇਹ ਸਨੇਹਾ ਪੜ ਕੇ ਦੱਸਿਆ ਜੋ ਡਾ ਗਾਂਧੀ ਵਲੋ ਆਮ ਪਬਲਿਕ ਯੌਗ ਦਿਵਸ ਦੀਆਂ ਮੁਬਾਰਕਾ ਵੀ ਭੇਜੀਆ।ਡੀ? ਐਸ਼ ਪੀ ਕਰਨੈਲ ਸਿੰਘ ਨੇ ਆਪਣੇ ਭਾਸ਼ਨ ਬੋਲਦੇ ਕਿਹਾ ÷ ਸਵੈ ਅਤੇ ਸਮਾਜ ਲ ਈ ਯੋਗ ਜਰੂਰੀ ਕਰਾਰ ਦਿਤਾ। ਤੇ ਉਪਕਾਰ ਸਿੰਘ ਪ੍ਰਧਾਨ ਤੇ ਸੁਸਾਇਟੀ ਦੇ ਮੈਂਬਰਾ ਦੀ ਤਾਰੀਫ ਕੀਤੀ ਸਮਾਜ ਦੇ ਭਲਾਈ ਲ ਈ ਇਹ ਸੁਸਾਇਟੀ ਸਹਿਰ ਦੀ ਨਾਮੀ ਸੰਸਥਾ ਹੈ।ਇਹਨਾ ਵਲੋ ਦੋ ਦਹਾਕੀਆ ਤੋ ਵਾਤਾਵਰਨ ਲਹਿਰ ÷ਹਰ ਮਨੁੱਖ ਲਾਵੇ ਦੋ ਰੁੱਖ÷ ਚਲਾਈ ਹੋਈ ਹੈ।ਯੋਗ ਕੋਚ ਰਮੇਸ ਨੇ ਯੋਗ ਆਸਣਾਂ ਤੋ ਇਲਾਵਾ ਸਪੈਸ਼ਲ ਯੌਗ ਕਰਿਆਵਾਂ ਵੀ ਕਰਵਾਈਆ। ਖੰਨਾ ਨੇ ਮੈਡੀਟੇਸ਼ਨ ਵੀ ਕਰਵਾਈਆ। ਲੱਗ ਭੱਗ 150 ਤੋ ਵੱਧ ਵਿਅਕਤੀਆ ਨੇ ਯੋਗ ਦਿਵਸ ਵਿੱਚ ਭਾਗ ਲਿਆ। ਇਸ ਮੌਕੇ ਸੁਖਵਿੰਦਰ ਖੋਸਲਾ,ਸਾਬਕਾ ਉਪ ਜਿਲਾ ਸਿੱਖਿਆ ਅਫਸਰ,ਪ੍ਰਿੰਸੀਪਲ ਮਨਜੀਤ ਕੌਰ ਅਜਾਦ,ਰਵਿੰਦਰ ਸਿੱਧੂ ਚਰਨਪਾਲ, ਡਾ ਅੰਨੂ ਅਜਾਦ ਨੇਚਰ ਸੈਂਟਰ, ਕਾਕਾ ਸਿੰਘ, ਰਮੇਸ ਧੀਮਾਨ ਪਵਨ ਗੋਇਲ ਸੰਗ ਪਰਿਵਾਰ ,ਅਰਸ਼ਦੀਪ ਸਿੰਘ,ਹਰਪ੍ਰੀਤ, ਮਨਜੀਤ ਕੌਰ ਸਮਾਜ ਸੇਵੀ ਸਕੇਤ ਹਸਪਤਾਲ ਤੋ ਡਾਇਰੈਕਟਰ ਪ੍ਰਮਿੰਦਰ ਮਨਚੰਦਾ ਤੇ ਉਹਨਾ ਦੀ ਪੂਰੀ ਟੀਮ ਇਸ ਮੋਕੇ ਡਾ ਤੀਰਥ ਗਰਗ ਸਤ ਸਹਿਬ ਵਲੋ ਦੰਦਾ ਦਾ ਫਰੀ ਚੈਕ ਅੱਪ ਕੈਂਪ ਵੀ ਲਗਾਇਆ ਗਿਆ।ਰਮਨ ਅਬਰੋਲ ਬਲਵਿੰਦਰ ਬੋਬੀ, ਸੰਜੀਵ ਕੁਮਾਰ ਕਾਰਪਰੇਸਨ ਤੋ ਅਖੀਰ ਵਿੱਚ ਉਘੇ ਸਮਾਜ ਸੇਵੀ ਕੁੰਦਨ ਗੋਗੀਆ ਨੇ ਸਾਰੇ ਯੋਗ ਦਿਵਸ ਮਨਾਅ ਰਹੇ ਤੇ ਆਏ ਮਹਿਮਾਨਾ ਦਾ ਧੰਨਵਾਦ ਕੀਤਾ ਖਾਸ ਤੋਰ ਤੇ ਸੁਸਾਇਟੀ ਵਲੋ ਨਹਿਰੂ ਪਾਰਕ ਵਿੱਚ ਕੰਮ ਕਰਦੇ ਮਾਲੀ,ਚੋਕੀਦਾਰ ਦਾ ਮੈਡਲ ਤੇ ਬੁੱਕਾ ਦੇ ਕੇ ਸਨਮਾਨ ਕੀਤਾ

# ਸੜਕ ਸੁਰੱਖਿਆ ਫੋਰਸ ਪਟਿਆਲਾ ਰੇਂਜ ਵਲੋਂ ਐਕਸੀਡੈਂਟ ਕੇਸਾ ਵਿਚ ਨਿਭਾਈ ਜਾ ਰਹੀ ਡਿਊਟੀ ਸ਼ਲਾਘਾਯੋਗ: ਡੀ ਐਸ ਪੀ ਕਰਨੈਲ ਸਿੰਘ




**ਪਟਿਆਲਾ, 25 ਜੂਨ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਸ੍ਰੀ ਕਰਨੈਲ ਸਿੰਘ ਪੀ.ਪੀ.ਐਸ ਉਪ ਕਪਤਾਨ ਪੁਲਿਸ ਟ੍ਰੈਫਿਕ ਪਟਿਆਲਾ ਜੀ ਵੱਲੋ ਜਿਲਾ ਪਟਿਆਲਾ ਦੀ ਹਦੂਦ ਅੰਦਰ ਸੜਕ ਸੁੱਰਖਿਆਂ ਫੋਰਸ ਦੇ ਸਮੂਹ ਕਰਮਚਾਰੀਆਂ ਦੀ ਪੁਲਿਸ ਲਾਈਨ ਪਟਿਆਲਾ ਵਿਖੇ ਮੀਟਿੰਗ ਕੀਤੀ ਗਈ। ਮੀਟਿੰਗ ਦੋਰਾਨ ਇੰਸਪੈਕਟਰ ਰਾਮਕੇਸ਼ ਇੰਚਾਰਜ ਸੜਕ ਸੁਰਖਿਆਂ ਫੋਰਸ ਪਟਿਆਲਾ ਹਾਜਰ ਸਨ ਅਤੇ ਇਸ ਤੋ ਇਲਾਵਾ ਸਮਾਜ ਸੇਵੀ ਸ੍ਰੀ ਕਾਕਾ ਰਾਮ ਵਰਮਾ ਜੋ ਕਿ ਲਗਾਤਾਰ ਟ੍ਰੈਫਿਕ ਪੁਲਿਸ ਸਮੇਤ ਹੋਰ ਵੱਖ ਵੱਖ ਅਦਾਰਿਆ ਵਿੱਚ ਪੁੱਜ ਕੇ ਵੱਧ ਰਹੇ ਐਕਸੀਡੈਂਟਾਂ ਨੂੰ ਰੋਕਣ ਸਬੰਧੀ ਆਪਣੀ ਸੇਵਾਵਾਂ ਨਿਭਾ ਰਹੇ ਹਨ, ਨੇ ਵੀ ਸ਼ਮੂਲੀਅਤ ਕੀਤੀ। ਜੋ ਸਮੂਹ ਹਾਜਰੀਨ ਕਰਮਚਾਰੀਆਂ ਨੂੰ ਐਕਸੀਡੈਂਟ ਕੇਸਾਂ ਸਬੰਧੀ ਚੰਗੀ ਤਰਾਂ ਬਰੀਫ ਕੀਤਾ ਗਿਆ ਕਿ ਜਦੋ ਵੀ ਕੋਈ ਐਕਸੀਡੈਂਟ ਰੋਡ ਪਰ ਹੁੰਦਾ ਹੈ ਤਾਂ ਉਸ ਨੂੰ ਕਿਸ ਤਰੀਕੇ ਨਾਲ ਕਵਰ ਕੀਤਾ ਜਾਣਾ ਹੈ। ਜਿਸ ਬਾਰੇ ਕਾਕਾ ਰਾਮ ਵਰਮਾ ਜੀ ਵੱਲੋ ਵੀ ਸਮੂਹ ਹਾਜਰੀਨ ਕਰਮਚਾਰੀਆਂ ਨੂੰ ਬੜੇ ਸੁਚੱਜੇ ਢੰਗ ਨਾਲ ਸਮਝਾਇਆ ਗਿਆ ਕਿ ਐਕਸੀਡੈਂਟ ਵਾਲੇ ਵਿਅਕਤੀ ਨੂੰ ਮੋਕਾ ਪਰ ਕਿਸ ਤਰਾਂ ਫਸਟ ਏਡ ਦੇ ਕੇ ਹਸਪਤਾਲ ਵਿਖੇ ਲੈ ਕੇ ਜਾਣਾ ਹੁੰਦਾ ਹੈ।ਜੋ ਸਮੂਹ ਹਾਜਰ ਕਰਚਾਰੀਆਂ ਨੂੰ ਸੀਨੀਅਰ ਅਫਸਰਾਨ ਬਾਲਾ ਵੱਲੋ ਜਾਰੀ ਹੋਇਆਂ ਹਦਾਇਤਾਂ ਸਬੰਧੀ ਵੀ ਜਾਣੂੰ ਕਰਵਾਇਆਂ ਗਿਆ ਅਤੇ ਆਪਣੀ ਡਿਊਟੀ ਪ੍ਰਤੀ ਹਰ ਵਕਤ ਸੁਚੇਤ ਰਹਿਣ ਸਬੰਧੀ ਬਰੀਫ ਕੀਤਾ ਗਿਆ। ਜੋ ਸਮੂਹ ਹਾਜਰੀਨ ਕਰਮਚਾਰੀਆਂ ਨੂੰ ਮੀਟਿੰਗ ਦੋਰਾਨ ਇਹ ਵੀ ਕਿਹਾ ਗਿਆ ਕਿ ਜਿੰਨਾਂ ਥਾਂਵਾਂ ਪਰ ਜਿਆਦਾ ਐਕਸੀਡੈਂਟ ਹੁੰਦੇ ਹਨ ਉਹਨਾਂ ਥਾਂਵਾਂ ਤੋ ਐਕਸੀਡੈਂਟਾਂ ਨੂੰ ਰੋਕਣ ਸਬੰਧੀ ਆਪਣੇ ਆਪਣੇ ਸੁਝਾਓ ਦੇਣ ਤਾਂ ਜੋ ਵੱਧ ਰਹੇ ਸੜਕੀ ਹਾਦਸਿਆਂ ਨੂੰ ਠੱਲ ਪਾਈ ਜਾ ਸਕੇ।

ਇਸ ਤੋ ਇਲਾਵਾ ਜਿੰਨਾਂ ਕਰਮਚਾਰੀਆਂ ਵੱਲੋ ਆਪਣੀ ਡਿਊਟੀ ਦੋਰਾਨ ਚੰਗੀ ਕਾਰਗੁਜਾਰੀ ਦਿਖਾਈ ਗਈ ਸੀ ਉਹਨਾਂ ਕਰਮਚਾਰੀਆਂ ਨੂੰ ਪ੍ਰਸ਼ੰਸ਼ਾ ਪੱਤਰ ਦੇ ਕੇ ਸਨਮਾਨਿਤ ਵੀ ਕੀਤਾ ਗਿਆ।

# ਕਿਸਾਨਾਂ ਨੂੰ ਮਿਲੀ ਵੱਡੀ ਰਾਹਤ, ਸਰਕਾਰ ਨੇ ਮੁਆਫ ਕੀਤਾ 2 ਲੱਖ ਤੱਕ ਦਾ ਕਰਜਾ

ਏਜੰਸੀਆਂ

ਨੈਸ਼ਨਲ ਡੈਸਕ 25 ਜੂਨ। ਕਿਸਾਨਾਂ ਨੂੰ ਲੈ ਕੇ ਵੱਡੀ ਖਬਰ ਸਾਹਮਣੇ ਆਈ ਹੈ। ਦਰਅਸਲ ਕਿਸਾਨਾਂ ਦੀ ਆਰਥਿਕ ਸਮੱਸਿਆ ਨੂੰ ਧਿਆਨ ਵਿਚ ਰੱਖਦੇ ਹੋਏ ਤੇਲੰਗਾਨਾ ਦੇ ਮੁੱਖ ਮੰਤਰੀ ਏ. ਰੇਵੰਤ ਰੈਡੀ ਦੀ ਸਰਕਾਰ ਨੇ ਕਰਜ ਮੁਆਫੀ ਦਾ ਐਲਾਨ ਕੀਤਾ ਹੈ।



ਰੈਡੀ ਨੇ ਕਿਹਾ ਕਿ ਦੋ ਲੱਖ ਰੁਪਏ ਦੀ ਕਰਜ ਮੁਆਫੀ ਜਲਦੀ ਹੀ ਲਾਗੂ ਹੋ ਜਾਵੇਗੀ। ਸੂਬਾਈ ਕੈਬਨਿਟ ਦੀ ਬੈਠਕ ਮਗਰੋਂ ਪ੍ਰੈੱਸ ਨਾਲ ਗੱਲਬਾਤ ਵਿਚ ਕਿਹਾ ਗਿਆ ਕਿ 2018 ਤੋਂ 2023 ਵਿਚਾਲੇ ਜਿਨ੍ਹਾਂ ਕਿਸਾਨਾਂ ਨੇ 2 ਲੱਖ ਰੁਪਏ ਤੱਕ ਦਾ ਕਰਜਾ ਲਿਆ ਹੈ, ਉਨ੍ਹਾਂ ਨੂੰ ਇਕਮੁਸ਼ਤ ਮੁਆਫ ਕਰ ਦਿੱਤਾ ਜਾਵੇਗਾ। ਰੈਡੀ ਨੇ ਕਿਹਾ ਕਿ ਕੈਬਨਿਟ ਨੇ 12 ਦਸੰਬਰ 2018 ਤੋਂ 9 ਦਸੰਬਰ 2023 ਤੱਕ 5 ਸਾਲ ਦੇ ਸਮੇਂ ਲਈ ਸੂਬੇ ਦੇ ਕਿਸਾਨਾਂ ਵਲੋਂ ਲਏ ਗਏ 2 ਲੱਖ ਰੁਪਏ ਦੇ ਕਰਜ ਨੂੰ ਮੁਆਫ ਕਰਨ ਦਾ ਐਲਾਨ ਕੀਤਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸਰਤਾਂ ਸਮੇਤ ਕਰਜਾ ਮੁਆਫੀ ਦੇ ਵੇਰਵਿਆਂ ਦਾ ਐਲਾਨ ਜਲਦ ਹੀ ਸਰਕਾਰੀ ਆਦੇਸ਼ ਵਿਚ ਕੀਤਾ ਜਾਵੇਗਾ। ਰੈਡੀ ਅੱਗੇ ਨੇ ਕਿਹਾ ਕਿ ਕਰਜ ਮੁਆਫੀ ਨਾਲ ਸੂਬੇ ਦੇ ਖਜਾਨੇ 'ਤੇ 31 ਹਜਾਰ ਕਰੋੜ ਰੁਪਏ ਦਾ ਬੋਝ ਪਵੇਗਾ। ਉਨ੍ਹਾਂ ਨੇ ਦੋਸ਼ ਲਾਇਆ ਕਿ ਪਿਛਲੀ ਬੀ. ਆਰ. ਐੱਸ. ਸਰਕਾਰ ਨੇ ਇਕ ਲੱਖ ਰੁਪਏ ਦੀ ਕਰਜ ਮੁਆਫੀ ਦੇ ਆਪਣੇ ਵਾਅਦੇ ਨੂੰ ਈਮਾਨਦਾਰੀ ਨਾਲ ਲਾਗੂ ਨਾ ਕਰ ਕੇ ਕਿਸਾਨਾਂ ਅਤੇ ਖੇਤੀ ਨੂੰ ਸੰਕਟ ਵਿਚ ਪਾ ਦਿੱਤਾ ਸੀ। ਰੈਡੀ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਦੋ ਲੱਖ ਰੁਪਏ ਦੇ ਕਰਜ ਮੁਆਫੀ ਦੇ ਆਪਣੇ ਚੋਣ ਵਾਅਦੇ ਨੂੰ ਪੂਰਾ ਕਰ ਰਹੀ ਹੈ। ਜ਼ਿਕਰਯੋਗ ਹੈ ਕਿ ਲੋਕ ਸਭਾ ਚੋਣਾਂ ਤੋਂ ਚਾਰ ਮਹੀਨੇ ਪਹਿਲਾਂ ਹੋਈਆਂ ਵਿਧਾਨ ਸਭਾ ਚੋਣਾਂ 'ਚ ਕਾਂਗਰਸ ਨੇ ਕਿਸਾਨਾਂ ਦਾ ਕਰਜਾ ਮੁਆਫੀ ਦਾ ਵਾਅਦਾ ਕੀਤਾ ਸੀ। ਕਾਂਗਰਸ ਨੇ ਬੀ. ਆਰ. ਐਸ ਨੂੰ ਬੁਰੀ ਤਰ੍ਹਾਂ ਹਰਾ ਕੇ ਰਾਜ ਵਿਚ ਸੱਤਾ ਹਾਸਲ ਕੀਤੀ ਸੀ ਅਤੇ ਏ. ਰੇਵੰਤ ਰੈਡੀ ਨੂੰ ਮੁੱਖ ਮੰਤਰੀ ਬਣਾਇਆ ਸੀ। ਹੁਣ ਲੋਕ ਸਭਾ ਚੋਣਾਂ ਤੋਂ ਬਾਅਦ ਰੈਡੀ ਨੇ ਸੂਬੇ 'ਚ ਕਰਜਾ ਮੁਆਫੀ ਦਾ ਐਲਾਨ ਕੀਤਾ ਹੈ। ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਝਾਰਖੰਡ 'ਚ ਕਿਸਾਨਾਂ ਦਾ ਕਰਜਾ ਮੁਆਫ ਕਰਨ ਦਾ ਐਲਾਨ ਕੀਤਾ ਗਿਆ ਸੀ। ਸੂਬੇ ਦੇ ਮੁੱਖ ਮੰਤਰੀ ਚੰਪਾਈ ਸੋਰੇਨ ਨੇ ਕਿਹਾ ਸੀ ਕਿ ਉਨ੍ਹਾਂ ਦੀ ਗਠਜੋੜ ਸਰਕਾਰ ਕਿਸਾਨਾਂ ਦੇ 2 ਲੱਖ ਰੁਪਏ ਤੱਕ ਦੇ ਖੇਤੀ ਕਰਜੇ ਨੂੰ ਮੁਆਫ ਕਰੇਗੀ। ਇਸ ਦੇ ਨਾਲ ਹੀ ਮੁਫਤ ਬਿਜਲੀ ਦਾ ਕੋਟਾ ਵਧਾ ਕੇ 200 ਯੂਨਿਟ ਕੀਤਾ ਜਾਵੇਗਾ। ਇਸ ਦੇ ਲਈ ਉਸ ਨੇ ਕਈ ਬੈਂਕਾਂ ਨੂੰ ਪ੍ਰਸਤਾਵ ਪੇਸ ਕਰਨ ਲਈ ਕਿਹਾ ਸੀ।

# ਝੋਨੇ ਦੀ ਨਾੜ 'ਤੇ ਆਧਾਰਿਤ ਜਲਖੇੜੀ ਪਾਵਰ ਪਲਾਂਟ ਆਪਣੇ ਨਵੇਂ 'ਅਵਤਾਰ' 'ਚ 17 ਸਾਲਾਂ ਬਾਅਦ ਮੁੜ ਚਾਲੂ

ਸਰਦੂਲ ਸਿੰਘ

ਚੰਡੀਗੜ੍ਹ/ਪਟਿਆਲਾ 25 ਜੂਨ। ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਅੱਜ ਪਿੰਡ ਜਲਖੇੜੀ, ਜ਼ਿਲ੍ਹਾ ਫਤਿਹਗੜ੍ਹ ਸਾਹਿਬ ਵਿਖੇ 10 ਮੈਗਾਵਾਟ ਬਾਇਓਮਾਸ ਪਾਵਰ ਪਲਾਂਟ ਦੇ ਸਫਲ ਮੁੜ ਚਾਲੂ ਹੋਣ ਦਾ ਐਲਾਨ ਕੀਤਾ, ਜਿਸ ਨਾਲ ਪੰਜਾਬ ਲਈ ਵਾਤਾਵਰਣ ਅਤੇ ਆਰਥਿਕ ਲਾਭ ਹੋਣਗੇ। ਪਿੰਡ ਜਲਖੇੜੀ (ਤਹਿਸੀਲ ਅਤੇ ਜ਼ਿਲ੍ਹਾ ਫਤਿਹਗੜ੍ਹ ਸਾਹਿਬ) ਵਿਖੇ 10 ਮੈਗਾਵਾਟ ਬਾਇਓਮਾਸ ਪਲਾਂਟ ਮੂਲ ਰੂਪ ਵਿੱਚ ਪੀ. ਐੱਸ. ਈ. ਬੀ. (ਹੁਣ ਪੀ. ਐੱਸ. ਪੀ. ਸੀ. ਐੱਲ) ਦੁਆਰਾ ਜੂਨ 1992 ਵਿੱਚ ਚਾਲੂ ਕੀਤਾ ਗਿਆ ਸੀ। ਪਲਾਂਟ ਜੁਲਾਈ 1995 ਤੱਕ ਚੱਲਦਾ ਰਿਹਾ, ਜਿਸ ਤੋਂ ਬਾਅਦ ਇਹ ਜੁਲਾਈ 2001 ਵਿੱਚ ਮੈਸਰਜ ਜਲਖੇੜੀ ਪਾਵਰ ਪਲਾਂਟ ਲਿਮਟਿਡ (ਜੇ. ਪੀ. ਪੀ. ਐੱਲ) ਨੂੰ ਲੀਜ 'ਤੇ ਦੇ ਦਿੱਤਾ ਗਿਆ। ਪਲਾਂਟ ਜੁਲਾਈ 2002 ਵਿੱਚ ਮੁੜ ਚਾਲੂ ਹੋਇਆ ਅਤੇ ਸਤੰਬਰ 2007 ਤੱਕ ਚੱਲਦਾ ਰਿਹਾ। 2018 ਵਿੱਚ, ਪਲਾਂਟ ਨੂੰ ਨਵੀਨੀਕਰਨ, ਸੰਚਾਲਨ ਅਤੇ ਟ੍ਰਾਂਸਫਰ ਦੇ ਆਧਾਰ 'ਤੇ ਲੀਜ 'ਤੇ ਦੇਣ ਲਈ ਮੁੜ ਟੈਂਡਰ ਕੀਤਾ ਗਿਆ। ਹੁਣ ਨਵੀਨੀਕ੍ਰਿਤ ਪਲਾਂਟ 21 ਜੂਨ, 2024 ਨੂੰ ਮੁੜ ਚਾਲੂ ਕੀਤਾ ਗਿਆ ਹੈ। ਇਹ ਉੱਨਤ ਡੈਨਮਾਰਕ ਤਕਨਾਲੋਜੀ ਵਾਲੇ ਬਾਇਲਰਾਂ ਦੀ ਵਰਤੋਂ ਕਰਦਾ ਹੈ ਅਤੇ 100% ਝੋਨੇ ਦੀ ਨਾੜ ਦੀ ਵਰਤੋਂ ਕਰਕੇ ਬਿਜਲੀ ਪੈਦਾ ਕਰਨ ਲਈ ਤਿਆਰ ਕੀਤਾ ਗਿਆ ਹੈ। ਇਹ ਅਤਿ-ਆਧੁਨਿਕ ਬਾਇਓਮਾਸ ਪਲਾਂਟ ਸਾਲਾਨਾ ਲਗਭਗ 1 ਲੱਖ ਟਨ ਝੋਨੇ ਦੀ ਨਾੜ ਦੀ ਖਪਤ ਕਰੇਗਾ। ਇਹ ਸੂਬਾ ਸਰਕਾਰ ਨੂੰ ਪੰਜਾਬ ਵਿੱਚ ਲਗਭਗ 40 ਹਜਾਰ ਏਕੜ ਖੇਤਰ ਵਿੱਚ ਝੋਨੇ ਦੀ ਨਾੜ ਸਾੜਨ ਦੀ ਸਮੱਸਿਆ ਨੂੰ ਰੋਕਣ ਵਿੱਚ ਮਦਦ ਕਰੇਗਾ। ਇਹ ਪਹਿਲਕਦਮੀ 400-500 ਵਿਅਕਤੀਆਂ ਨੂੰ



ਸਿੱਧਾ ਅਤੇ ਅਸਿੱਧਾ ਰੁਜਗਾਰ ਪ੍ਰਦਾਨ ਕਰੇਗੀ, ਜੋ ਖੇਤਰ ਵਿੱਚ ਆਰਥਿਕ ਵਿਕਾਸ ਨੂੰ ਵਧਾਵਾ ਦੇਵੇਗੀ। ਇਸ ਪ੍ਰੋਜੈਕਟ ਨਾਲ ਕਈ ਲਾਭ ਹੋਣਗੇ ਜਿਵੇਂ ਕਿ ਖੇਤਾਂ ਵਿੱਚ ਝੋਨੇ ਦੀ ਨਾੜ ਸਾੜਨ ਨਾਲ ਹੋਣ ਵਾਲੇ ਵਾਯੂ ਪ੍ਰਦੂਸਣ ਨੂੰ ਘਟਾ ਕੇ ਵਾਤਾਵਰਣ ਦੀ ਸੁਰੱਖਿਆ, ਜੀਵਾਸਮ ਈਂਧਨਾਂ 'ਤੇ ਨਿਰਭਰਤਾ ਘਟਾ ਕੇ ਟਿਕਾਊ ਊਰਜਾ ਨੂੰ ਸਮਰਥਨ, ਅਤੇ ਪੰਜਾਬ ਵਿੱਚ ਉਪਲਬਧ ਭਰਪੂਰ ਝੋਨੇ ਦੀ ਨਾੜ ਦੀ ਪ੍ਰਭਾਵਸਾਲੀ ਵਰਤੋਂ। ਇਸ ਪਲਾਂਟ ਲਈ ਪਾਵਰ ਖਰੀਦ ਸਮਝੌਤੇ (ਪੀ. ਪੀ. ਏ. ) ਦੀ ਮਿਆਦ 20 ਸਾਲ ਹੈ ਜਿਸ ਤੋਂ ਬਾਅਦ ਪਲਾਂਟ ਪੰਜਾਬ ਸਟੇਟ ਪਾਵਰ ਕਾਰਪੋਰੇਸਨ ਲਿਮਟਿਡ (ਪੀ. ਐੱਸ. ਪੀ. ਸੀ. ਐੱਲ) ਨੂੰ ਟ੍ਰਾਂਸਫਰ ਕਰ ਦਿੱਤਾ ਜਾਵੇਗਾ। ਟੈਂਡਰਿੰਗ ਪ੍ਰਕਿਰਿਆ ਵਿੱਚ ਸਭ ਤੋਂ ਘੱਟ ਬੋਲੀ ਲਗਾਉਣ ਵਾਲੇ ਦੁਆਰਾ ਪ੍ਰਤੀ ਕਿਲੋਵਾਟ ਘੰਟਾ ਸੁਰੂਆਤੀ ਕੋਟ ਕੀਤੀ ਟੈਰਿਫ ਦਰ 7.25 ਰੁਪਏ ਸੀ ਅਤੇ ਰਿਵਰਸ ਨੀਲਾਮੀ ਤੋਂ ਬਾਅਦ ਅੰਤਿਮ ਕੋਟ ਕੀਤੀ ਟੈਰਿਫ ਦਰ 5.84 ਰੁਪਏ ਪ੍ਰਤੀ ਕਿਲੋਵਾਟ ਘੰਟਾ ਸੀ ਜੋ ਗੱਲਬਾਤ ਤੋਂ ਬਾਅਦ ਹੋਰ 0.07 ਰੁਪਏ ਪ੍ਰਤੀ ਕਿਲੋਵਾਟ ਘੰਟਾ ਘਟਾ ਕੇ 5.77 ਰੁਪਏ ਪ੍ਰਤੀ ਕਿਲੋਵਾਟ ਘੰਟਾ ਕਰ ਦਿੱਤੀ ਗਈ ਹੈ, ਜਿਸ ਨਾਲ ਲੀਜ ਦੀ ਮਿਆਦ ਦੌਰਾਨ 10 ਕਰੋੜ ਰੁਪਏ ਦੀ ਬੱਚਤ ਹੋਵੇਗੀ। ਲੀਜ ਸਮਝੌਤਾ ਮੈਸਰਜ ਸੁਖਵੀਰ ਐਗਰੋ ਐਨਰਜੀ ਲਿਮਟਿਡ (ਐੱਸ. ਏ. ਈ. ਐੱਲ) ਨਾਲ 2019 ਵਿੱਚ ਹਸਤਾਖਰ ਕੀਤਾ ਗਿਆ ਸੀ। ਊਰਜਾ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਪ੍ਰੋਜੈਕਟ ਦੇ ਬਹੁ-ਪੱਖੀ ਲਾਭਾਂ 'ਤੇ ਜੋਰ ਦਿੱਤਾ। ਉਨ੍ਹਾਂ ਕਿਹਾ, "ਇਹ ਪਹਿਲਕਦਮੀ ਨਾ ਸਿਰਫ ਸਾਡੀ ਹਰਿਤ ਊਰਜਾ ਸਮਰੱਥਾ ਨੂੰ ਵਧਾਉਂਦੀ ਹੈ ਅਤੇ ਰੁਜਗਾਰ ਪ੍ਰਦਾਨ ਕਰਦੀ ਹੈ, ਬਲਕਿ ਪਰਾਲੀ ਸਾੜਨ ਦੀ ਲਗਾਤਾਰ ਸਮੱਸਿਆ ਦਾ ਹੱਲ ਵੀ ਪੇਸ ਕਰਦੀ ਹੈ। ਇਹ ਸਾਡੀ ਸਰਕਾਰ ਦੀ ਊਰਜਾ ਸੁਰੱਖਿਆ, ਵਾਤਾਵਰਣ ਸੁਰੱਖਿਆ, ਅਤੇ ਆਰਥਿਕ ਵਿਕਾਸ ਪ੍ਰਤੀ ਵਚਨਬੱਧਤਾ ਨਾਲ ਪੂਰੀ ਤਰ੍ਹਾਂ ਮੇਲ ਖਾਂਦੀ ਹੈ।"

## ਪੰਜਾਬ 'ਚ ਪਹਿਲੀ ਵਾਰ ਦਿਨ 'ਚ ਸਸਤੀ ਤੇ ਰਾਤ ਨੂੰ ਮਹਿੰਗੀ ਮਿਲ ਰਹੀ ਬਿਜਲੀ

ਚੰਡੀਗੜ੍ਹ 25 ਜੂਨ। ਪੰਜਾਬ 'ਚ ਪਹਿਲੀ ਵਾਰ ਪਾਵਰਕਾਮ ਨੂੰ ਬਾਹਰਲੇ ਸਰੋਤਾਂ ਤੋਂ ਦਿਨ 'ਚ ਬਿਜਲੀ ਸਸਤੀ ਅਤੇ ਰਾਤ ਨੂੰ ਮਹਿੰਗੀ ਮਿਲ ਰਹੀ ਹੈ। ਇਸ ਬਾਰੇ ਪਾਵਰਕਾਮ ਦੇ ਸੀ. ਐੱਮ. ਡੀ. ਬਲਦੇਵ ਸਿੰਘ ਸਰਾਂ ਨੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਜਾਣੂੰ ਕਰਵਾਇਆ ਹੈ। ਦਰਅਸਲ ਮੁੱਖ ਮੰਤਰੀ ਸੂਬੇ 'ਚ ਬਿਜਲੀ ਦੀ ਮੰਗ ਦੇ ਰਿਕਾਰਡ 16 ਹਜਾਰ ਮੈਗਾਵਾਟ ਦੇ ਪਾਰ ਪੁੱਜਣ ਤੋਂ ਬਾਅਦ ਹਾਲਾਤ 'ਤੇ ਅਧਿਕਾਰੀਆਂ ਨਾਲ ਚਰਚਾ ਕਰ ਰਹੇ ਸਨ। ਬੈਠਕ 'ਚ ਮੌਜੂਦ ਇਕ ਸੀਨੀਅਰ ਅਧਿਕਾਰੀ ਨੇ ਕਿਹਾ ਕਿ ਉਹ 32 ਸਾਲਾਂ ਤੋਂ ਪੰਜਾਬ 'ਚ ਨੌਕਰੀ ਕਰ ਰਹੇ ਹਨ ਅਤੇ ਹਰ ਵਾਰ ਪਾਵਰਕਾਮ ਇਹ ਕਹਿੰਦਾ ਸੀ ਕਿ ਰਾਤ ਨੂੰ ਬਿਜਲੀ ਲੈਣ 'ਤੇ ਛੋਟ ਦਿੱਤੀ ਜਾਵੇਗੀ। ਦਿਨ 'ਚ ਬਿਜਲੀ ਮਹਿੰਗੀ ਮਿਲੇਗੀ। ਹੁਣ ਹਾਲਾਤ ਬਦਲ ਗਏ ਹਨ। ਆਮ ਤੌਰ 'ਤੇ ਰਾਤ ਨੂੰ ਬਿਜਲੀ ਜ਼ਿਆਦਾ ਹੋਣ ਨਾਲ ਪਾਵਰਕਾਮ ਰਾਤ ਨੂੰ ਬਿਜਲੀ ਦਰਾਂ



ਘੱਟ ਕਰਦਾ ਹੈ ਪਰ ਇਸ ਵਾਰ ਉਲਟਾ ਹੈ। ਦਿਨ 'ਚ ਬਿਜਲੀ ਸਸਤੀ ਮਿਲ ਰਹੀ ਹੈ। ਇਸ ਕਾਰਨ ਕਿਸਾਨਾਂ ਨੂੰ ਵੀ ਦਿਨ 'ਚ ਹੀ ਬਿਜਲੀ ਮਿਲ ਰਹੀ ਹੈ। ਦਿਨ 'ਚ ਬਿਜਲੀ ਸਸਤੀ ਹੋਣ ਦਾ ਇਕ ਕਾਰਨ ਸੋਲਰ ਪਲਾਂਟ ਵੀ ਹੈ ਕਿਉਂਕਿ ਰਾਤ ਨੂੰ ਸੋਲਰ ਪਲਾਂਟਾਂ ਤੋਂ ਬਿਜਲੀ ਮੁਹੱਈਆ ਨਹੀਂ ਹੁੰਦੀ। ਇਸ ਲਈ ਹੋਰ ਸਰੋਤਾਂ ਤੋਂ ਆਉਣ ਵਾਲੀ ਬਿਜਲੀ ਮਹਿੰਗੀ ਹੋ ਜਾਂਦੀ ਹੈ। ਇਕ ਸੀਨੀਅਰ ਅਧਿਕਾਰੀ ਨੇ ਦੱਸਿਆ ਕਿ ਹੋਰ ਸੂਬਿਆਂ 'ਚ ਵੀ ਸੂਰਜੀ ਊਰਜਾ ਦੇ ਵੱਡੇ ਪਲਾਂਟ ਲੱਗ ਰਹੇ ਹਨ, ਜਿੱਥੇ ਇਨ੍ਹੀਂ ਦਿਨੀਂ ਭਾਰੀ ਗਰਮੀ ਦੇ ਕਾਰਨ ਚੰਗੀ ਬਿਜਲੀ ਪੈਦਾ ਹੋ ਰਹੀ ਹੈ ਅਤੇ ਦਿਨ ਦੇ ਸਮੇਂ ਇਹ ਊਰਜਾ ਸਸਤੀਆਂ ਦਰਾਂ 'ਤੇ ਮੁਹੱਈਆ ਹੈ।

## ਡੀ.ਸੀ. ਦਫਤਰ ਕੰਮਕਾਰ ਲਈ ਆਉਣ ਵਾਲੇ ਲੋਕਾਂ ਲਈ ਰਿਸੈਪਸ਼ਨ-ਕਮ-ਹੈਲਪ ਡੈਸਕ ਸਥਾਪਿਤ

ਕਿਸ਼ਨ ਪਾਲ

ਫਾਜ਼ਿਲਕਾ 25 ਜੂਨ। ਡਿਪਟੀ ਕਮਿਸ਼ਨਰ ਦਫਤਰ 'ਚ ਆਪਣੇ ਕੰਮਾਂ ਲਈ ਆਉਣ ਵਾਲੇ ਆਮ ਲੋਕਾਂ ਦੀ ਸਹੂਲਤ ਲਈ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੀ ਪਹਿਲੀ ਮੰਜ਼ਿਲ 'ਤੇ ਮੁੱਖ ਦੁਆਰ ਦੇ ਨਾਲ ਹੀ ਇਕ ਰਿਸੈਪਸ਼ਨ-ਕਮ-ਹੈਲਪ ਡੈਸਕ ਸਥਾਪਿਤ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਡਾ. ਸੇਨੂ ਦੁੱਗਲ ਨੇ ਦੱਸਿਆ ਕਿ ਡੀ. ਏ. ਸੀ. 'ਚ ਸਥਿਤ ਵੱਖ-ਵੱਖ ਦਫਤਰਾਂ 'ਚ ਆਉਣ ਵਾਲੇ ਆਮ ਲੋਕਾਂ ਨੂੰ ਪਾਰਦਰਸ਼ੀ, ਜਵਾਬਦੇਹ ਅਤੇ ਪ੍ਰਭਾਵੀ ਪ੍ਰਸ਼ਾਸਨ ਮੁਹੱਈਆ ਕਰਵਾਉਣ ਲਈ ਇਕ ਰਿਸੈਪਸ਼ਨ-ਕਮ-ਹੈਲਪ ਡੈਸਕ ਜੋ ਕਿ ਸਾਰੇ ਕੰਮਕਾਜੀ ਦਿਨਾਂ ਦੌਰਾਨ ਸਵੇਰੇ 9 ਤੋਂ ਸ਼ਾਮ 5 ਵਜੇ ਤੱਕ ਕੰਮ ਕਰੇਗਾ। ਲੋਕਾਂ ਨੂੰ ਵੱਖ-ਵੱਖ ਵਿਭਾਗਾਂ ਨਾਲ ਸਬੰਧਿਤ ਉਨ੍ਹਾਂ ਦੇ ਕੰਮਾਂ 'ਚ ਸਹਾਇਤਾ ਕਰਨ ਦੇ ਮਕਸਦ ਨਾਲ ਚੁੱਕਿਆ ਇਹ ਕਦਮ ਲੋਕਾਂ ਲਈ ਸਹਾਈ ਹੋਵੇਗਾ। ਇਸ ਮਦਦ ਕੇਂਦਰ 'ਤੇ ਕੰਮਾਂ ਲਈ ਆਉਣ ਵਾਲੇ ਲੋਕਾਂ ਦੀ ਪੂਰੀ ਗੱਲ ਸੁਣਕੇ ਉਨ੍ਹਾਂ ਨੂੰ ਸਬੰਧਤ ਦਫਤਰ ਤੱਕ ਜਾਣ ਲਈ ਸਹਿਯੋਗ ਦਿੱਤਾ ਜਾਵੇਗਾ। ਡੈਸਕ ਟੀਮ ਦੇ ਮੈਂਬਰ ਆਮ ਲੋਕਾਂ ਨੂੰ ਅਧਿਕਾਰੀ ਦੇ ਨਾਂ ਅਤੇ ਜਿਸ ਮੰਜ਼ਿਲ 'ਤੇ ਦਫਤਰ ਸਥਿਤ ਹੈ,




ਬਾਰੇ ਵੀ ਜਾਣੂੰ ਕਰਵਾਉਣਗੇ ਤਾਂ ਜੋ ਲੋਕ ਸਬੰਧਿਤ ਦਫਤਰ ਦੀ ਭਾਲ ਲਈ ਇੱਧਰ-ਉਧਰ ਨਾ ਜਾਣ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਇਹ ਯਕੀਨੀ ਬਣਾਉਣ ਲਈ ਪਾਬੰਦ ਹੈ ਕਿ ਕਿਸੇ ਨੂੰ ਵੀ ਸਰਕਾਰੀ ਦਫਤਰਾਂ 'ਚ ਆਉਣ-ਜਾਣ ਸਮੇਂ ਕਿਸੇ ਕਿਸਮ ਦੀ ਅਸੁਵਿਧਾ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਨੇ ਅਧਿਕਾਰੀਆਂ ਨੂੰ ਇਹ ਵੀ ਹਦਾਇਤ ਕੀਤੀ ਕਿ ਇਸ ਰਿਸੈਪਸ਼ਨ-ਕਮ-ਹੈਲਪ ਡੈਸਕ 'ਤੇ ਆਉਣ ਵਾਲੇ ਪੀ. ਡਬਲਯੂ. ਡੀ. ਵਿਅਕਤੀਆਂ ਲਈ ਵਲੰਟੀਅਰ ਸਮੇਤ ਵਹੀਲਚੇਅਰ ਦੀ ਸਹੂਲਤ ਮੁਹੱਈਆ ਕਰਵਾਈ ਜਾਵੇ।

## ਸਤਲੁਜ ਦਰਿਆ 'ਚ ਪਾਣੀ ਦਾ ਪੱਧਰ ਵਧਿਆ

ਫਿਰੋਜ਼ਪੁਰ 25 ਜੂਨ। ਸਤਲੁਜ ਦਰਿਆ ਦੇ ਨਾਲ ਲੱਗਦੇ ਫਿਰੋਜ਼ਪੁਰ ਦੇ ਸਰਹੱਦੀ ਪਿੰਡ ਖੁੰਦਰ ਗੱਟੀ 'ਚ ਦਰਿਆ ਦਾ ਪਾਣੀ ਓਵਰਫਲੋਅ ਹੋ ਕੇ ਨਾਲ ਲੱਗਦੇ ਖੇਤਾਂ 'ਚ ਦਾਖਲ ਹੋ ਗਿਆ ਹੈ। ਇਸ ਕਾਰਨ ਕਿਸਾਨਾਂ ਦੇ ਸੈਂਕੜੇ ਏਕੜ ਖੇਤਾਂ 'ਚ ਖੜ੍ਹੀ ਫਸਲ ਪਾਣੀ 'ਚ ਡੁੱਬ ਗਈ ਹੈ। ਉੱਥੇ ਹੀ ਕਿਸਾਨ ਜੇ. ਸੀ. ਬੀ. ਮਸ਼ੀਨ ਦੀ ਮਦਦ ਨਾਲ ਘਰਾਂ ਨੂੰ ਬਚਾਉਣ ਲਈ ਮਿੱਟੀ ਪਾ ਕੇ ਉਸ ਜਗ੍ਹਾ ਨੂੰ ਉੱਚਾ ਕਰ ਰਹੇ ਹਨ, ਤਾਂ ਜੋ ਪਾਣੀ ਪਿੰਡ ਅਤੇ ਹੋਰ ਖੇਤਾਂ ਤੱਕ ਨਾ ਜਾ ਸਕੇ। ਕਿਸਾਨਾਂ ਨੇ ਦੱਸਿਆ ਕਿ ਹੁਸੈਨੀਵਾਲਾ ਹੈੱਡ ਦੇ ਗੇਟ ਬੰਦ ਕੀਤੇ ਹੋਏ ਹਨ ਅਤੇ ਪਾਣੀ ਇਕੱਠਾ ਹੋ ਰਿਹਾ ਹੈ, ਜਿਸ ਕਾਰਨ ਪਾਣੀ ਓਵਰਫਲੋਅ ਹੋ ਕੇ ਖੇਤਾਂ ਵਿਚ ਦਾਖਲ ਹੋ ਗਿਆ ਹੈ। ਕਿਸਾਨਾਂ ਨੇ ਮੰਗ ਕੀਤੀ ਕਿ ਗੇਟ ਖੋਲ੍ਹ ਕੇ ਪਾਣੀ ਹੋਰ ਛੱਡਿਆ ਜਾਵੇ। ਉਨ੍ਹਾਂ ਕਿਹਾ ਕਿ ਪਿਛਲੀ ਵਾਰ ਵੀ ਪਾਣੀ ਆਉਣ ਕਾਰਨ ਉਨ੍ਹਾਂ ਦਾ ਕਾਫੀ ਨੁਕਸਾਨ ਹੋਇਆ ਸੀ ਅਤੇ ਹੁਣ ਗੇਟ ਬੰਦ ਹੋਣ ਕਾਰਨ ਓਵਰ ਫਲੋਅ ਹੋ ਕੇ ਪਾਣੀ ਖੇਤਾਂ 'ਚ ਦਾਖਲ ਹੋ ਗਿਆ ਹੈ। ਸਤਲੁਜ ਦਰਿਆ ਦੇ ਨਾਲ ਲੱਗਦੇ ਇਨ੍ਹਾਂ ਸਰਹੱਦੀ ਪਿੰਡਾਂ ਦੇ ਕਿਸਾਨਾਂ ਅਵਤਾਰ ਸਿੰਘ, ਗੁਰਨਾਮ ਸਿੰਘ ਆਦਿ ਨੇ ਦੱਸਿਆ ਕਿ ਪੰਜਾਬ 'ਚ ਮਾਨਸੂਨ ਅਜੇ ਸ਼ੁਰੂ ਹੋਣੀ ਹੈ ਅਤੇ ਜਦੋਂ ਮਾਨਸੂਨ ਸ਼ੁਰੂ ਹੋ ਗਈ ਤੇ ਪਾਣੀ ਦਾ ਤੇਜ਼ ਵਹਾਅ ਪਿੱਛੇ ਤੋਂ ਆਉਣਾ ਸ਼ੁਰੂ ਹੋ ਗਿਆ ਹੈ ਤਾਂ ਦਰਿਆ ਨਾਲ ਲੱਗਦੇ ਕਿਸਾਨਾਂ ਦੇ ਖੇਤ ਅਤੇ ਘਰ ਪਾਣੀ 'ਚ ਡੁੱਬ ਜਾਣਗੇ। ਇਸ ਸਬੰਧੀ ਸੰਪਰਕ ਕਰਨ 'ਤੇ ਐੱਸ. ਡੀ. ਓ. ਨਹਿਰੀ ਵਿਭਾਗ ਦੇ ਹੈੱਡ ਵਰਕਸ ਰਜਿੰਦਰ ਗੋਇਲ ਨੇ ਕਿਹਾ ਕਿ ਇਸ ਸਬੰਧੀ ਉਨ੍ਹਾਂ ਨੂੰ ਪਤਾ ਲੱਗਾ ਹੈ। ਉਨ੍ਹਾਂ ਦੱਸਿਆ ਕਿ ਝੋਨੇ ਦਾ ਸੀਜ਼ਨ ਹੋਣ ਕਾਰਨ ਉਨ੍ਹਾਂ ਵੱਲੋਂ 2 ਨਹਿਰਾਂ 'ਚ ਪਾਣੀ ਛੱਡਿਆ ਗਿਆ ਹੈ, ਜਿਸ ਕਾਰਨ ਡਾਊਨ ਸਟਰੀਮ 'ਚ ਪਾਣੀ ਬੰਦ ਕੀਤਾ ਹੋਇਆ ਹੈ ਅਤੇ ਹੈੱਡ ਵਰਕਸ ਦੇ 29 ਗੇਟ ਬੰਦ ਕੀਤੇ ਹੋਏ ਹਨ ਪਰ ਇਹ ਮਾਮਲਾ ਹੁਣ ਉਨ੍ਹਾਂ ਦੇ ਧਿਆਨ 'ਚ ਆਇਆ ਹੈ ਅਤੇ ਜਲਦੀ ਹੀ ਅਧਿਕਾਰੀਆਂ ਨਾਲ ਗੱਲ ਕਰ ਕੇ ਇਸ ਦਾ ਹੱਲ ਕੀਤਾ ਜਾਵੇਗਾ।

## ਸੰਭੂ ਪੁਲਸ ਨੇ 20 ਕਿੱਲੋ ਭੁੱਕੀ ਅਤੇ ਨਸ਼ੀਲੇ ਪਾਊਡਰ ਸਮੇਤ ਦੋ ਨੂੰ ਕੀਤੇ ਕਾਬੂ

ਘਨੌਰ 25 ਜੂਨ। ਥਾਣਾ ਸੰਭੂ ਪੁਲਸ ਨੇ ਦੋ ਵਿਅਕਤੀਆਂ ਨੂੰ 20 ਕਿੱਲੋ ਭੁੱਕੀ ਚੂਰਾ ਪੋਸਤ ਅਤੇ 500 ਗ੍ਰਾਮ ਨਸੀਲੇ ਪਾਊਡਰ ਸਮੇਤ ਕਾਬੂ ਕਰਕੇ ਮਾਮਲਾ ਦਰਜ ਕੀਤਾ ਹੈ। ਅਫਸਰਾਂ ਦੇ ਦਿਸਾ ਨਿਰਦੇਸਾਂ ਅਨੁਸਾਰ ਥਾਣਾ ਸੰਭੂ ਦੇ ਮੁਖੀ ਇੰਸਪੈਕਟਰ ਅਮਨਪਾਲ ਸਿੰਘ ਵਿਰਕ ਸਮੇਤ ਪੁਲਸ ਪਾਰਟੀ ਗਸ਼ਤ ਦੌਰਾਨ ਟੀ-ਪੁਆਇੰਟ ਘਨੌਰ ਮੋੜ ਸੰਭੂ ਖੁਰਦ ਕੋਲ ਮੌਜੂਦ ਸਨ। ਇਸ ਦੌਰਾਨ ਪੁਲਸ ਨੂੰ ਇਤਲਾਹ ਮਿਲੀ ਕਿ ਦੋ ਵਿਅਕਤੀ ਆਪਣੀ ਕਾਰ ਨੰ. -01-6464 ਵਿਚ ਭੁੱਕੀ ਤੇ ਨਸੀਲਾ ਪਾਊਡਰ ਰੱਖ ਕੇ ਵੇਚਣ ਲਈ ਆਪਣੇ ਘਰ ਦੇ ਬਾਹਰ ਕਿਸੇ ਗ੍ਰਾਹਕ ਦਾ ਇੰਤਜਾਰ ਕਰ ਰਹੇ ਹਨ। ਪੁਲਸ ਨੇ ਮੌਕੇ 'ਤੇ ਹੀ ਰੇਡ ਕਰਦਿਆਂ ਉਕਤ ਵਿਅਕਤੀਆਂ ਕੋਲੋਂ 20 ਕਿੱਲੋ ਭੁੱਕੀ ਚੂਰਾ ਪੋਸਤ ਅਤੇ 500 ਗ੍ਰਾਮ ਨਸੀਲਾ ਪਾਊਡਰ ਬ੍ਰਾਮਦ ਕੀਤਾ। ਪੁਲਸ ਨੇ ਭੁੱਕੀ ਅਤੇ ਨਸੀਲੇ ਪਾਊਡਰ ਸਮੇਤ ਕਾਬੂ ਕੀਤੇ ਅਰਸਪ੍ਰੀਤ ਸਿੰਘ ਪੁੱਤਰ ਜਸਵਿੰਦਰ ਸਿੰਘ, ਅਮਨਪ੍ਰੀਤ ਸਿੰਘ ਪੁੱਤਰ ਜਸਵਿੰਦਰ ਸਿੰਘ ਵਾਸੀਆਨ ਪਿੰਡ ਮੋਹੀ ਖੁਰਦ ਥਾਣਾ ਸੰਭੂ ਖ਼ਿਲਾਫ ਐੱਨ.ਡੀ.ਪੀ.ਐੱਸ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸੁਰੂ ਕਰ ਦਿੱਤੀ ਹੈ। ਇਸ ਸਬੰਧੀ ਇੰਸਪੈਕਟਰ ਅਮਨਪਾਲ ਸਿੰਘ ਵਿਰਕ ਨੇ ਕਿਹਾ ਕਿ ਨਸੇ ਦੇ ਸਮੱਗਲਰਾਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਕੋਹੜ ਨੂੰ ਕੱਢਣ ਲਈ ਲੋਕ ਪੁਲਸ ਦਾ ਸਾਥ ਦੇਣ।

## ਨਸ਼ੇ ਖਿਲਾਫ ਪੁਲਸ ਦਾ ਐਕਸ਼ਨ, ਹੈਰੋਇਨ ਅਤੇ ਡਰੱਗ ਮਨੀ ਸਮੇਤ 2 ਗ੍ਰਿਫਤਾਰ

ਬਟਾਲਾ 25 ਜੂਨ। ਥਾਣਾ ਸਿਵਲ ਲਾਈਨ ਦੀ ਪੁਲਸ ਨੇ 2 ਵਿਅਕਤੀਆਂ ਨੂੰ ਹੈਰੋਇਨ ਅਤੇ ਡਰੱਗ ਮਨੀ ਸਮੇਤ ਗ੍ਰਿਫਤਾਰ ਕੀਤਾ ਹੈ। ਇਸ ਸਬੰਧੀ ਐੱਸ. ਐੱਚ. ਓ. ਪ੍ਰਭਜੋਤ ਸਿੰਘ ਨੇ ਦੱਸਿਆ ਕਿ ਏ. ਐੱਸ. ਆਈ. ਸਤਨਾਮ ਸਿੰਘ ਨੇ ਪੁਲਸ ਪਾਰਟੀ ਸਮੇਤ ਗਸ਼ਤ ਦੌਰਾਨ ਪਸ਼ੂ ਮੰਡੀ ਗੁਰਦਾਸਪੁਰ ਰੋਡ ਬਟਾਲਾ ਤੋਂ ਸਾਬਾ ਵਾਸੀ ਬਟਾਲਾ ਨੂੰ 3 ਗ੍ਰਾਮ ਹੈਰੋਇਨ ਸਮੇਤ ਕਾਬੂ ਕੀਤਾ ਹੈ। ਉਕਤ ਵਿਅਕਤੀ ਕੋਲੋਂ ਪੁੱਛਗਿੱਛ ਦੌਰਾਨ ਪੁਲਸ ਨੇ ਉਸਦੇ ਸਾਥੀ ਰਾਕੇਸ਼ ਕੁਮਾਰ ਵਾਸੀ ਬਟਾਲਾ ਨੂੰ ਗਾਂਧੀ ਕੈਂਪ ਤੋਂ 9810 ਰੁਪਏ ਡਰੱਗ ਮਨੀ ਸਮੇਤ ਕਾਬੂ ਕੀਤਾ ਹੈ।

## ਮਾਡਲ ਟਾਊਨ ਸਥਿਤ ਆਪਟੀਕਲ ਪਲਾਜਾ 'ਚ ਲੱਗੀ ਅੱਗ, ਭਾਰੀ ਨੁਕਸਾਨ ਹੋਣ ਤੋਂ ਹੋਇਆ ਬਚਾਅ

ਜਲੰਧਰ 25 ਜੂਨ। ਜਲੰਧਰ ਮਾਡਲ ਟਾਊਨ ਮਾਰਕੀਟ ਸਥਿਤ ਆਪਟੀਕਲ ਪਲਾਜਾ 'ਚ ਅਚਾਨਕ ਦੁਪਹਿਰ ਨੂੰ ਅੱਗ ਲੱਗ ਗਈ। ਅੱਖੀਂ ਵੇਖੀ ਗਵਾਹਾਂ ਦਾ ਕਹਿਣਾ ਹੈ ਕਿ ਪਹਿਲੇ ਥੋੜ੍ਹਾ ਜਿਹਾ ਧੂੰਆਂ ਨਿਕਲ ਰਿਹਾ ਸੀ ਪਰ ਵੇਖਦੇ ਹੀ ਵੇਖਦੇ ਅੱਗ ਨੇ ਭਿਆਨਕ ਰੂਪ ਧਾਰਨ ਕਰ ਲਿਆ। ਦੱਸਿਆ ਜਾ ਰਿਹਾ ਹੈ ਕਿ ਅੱਗ ਬਿਲਡਿੰਗ ਦੇ ਪਹਿਲੇ ਮਾਲ ਤੋਂ ਸ਼ੁਰੂ ਹੋਈ ਸੀ। ਹਾਲਾਂਕਿ ਅੱਗ ਲੱਗਣ ਦੇ ਕਾਰਨਾਂ ਦੇ ਬਾਰੇ ਹੁਣ ਤਕ ਸਪੱਸ਼ਟ ਜਾਣਕਾਰੀ ਨਹੀਂ ਮਿਲ ਸਕੀ ਹੈ। ਮੌਕੇ 'ਤੇ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਨੇ ਆ ਕੇ ਅੱਗ 'ਤੇ ਕਾਬੂ ਪਾ ਕੇ ਰਾਹਤ ਦਾ ਕੰਮ ਸ਼ੁਰੂ ਕਰ ਦਿੱਤਾ ਹੈ। ਅਚਾਨਕ ਲੱਗੀ ਅੱਗ ਕਾਰਨ ਆਪਟੀਕਲ ਪਲਾਜਾ ਨਾਲ ਲੱਗੀਆਂ ਦੁਕਾਨਾਦਾਰਾਂ 'ਚ ਦਹਿਸ਼ਤ ਫੈਲ ਗਈ, ਕਿਉਂਕਿ ਮਾਰਕੀਟ 'ਚ ਜਿਸ ਕੋਨੇ 'ਚ ਦੁਕਾਨ ਸਥਿਤ ਉਥੇ ਇਕ ਹੀ ਦਿਸ਼ਾ 'ਚ ਕਈ ਦੁਕਾਨਾਂ ਆਪਸ 'ਚ ਜੁੜੀਆਂ ਹਨ, ਜਿਸ ਕਾਰਨ ਆਲੇ-ਦੁਆਲੇ ਦੇ ਦੁਕਾਨਦਾਰਾਂ ਦਾ ਵੀ ਅੱਗ ਕਾਰਨ ਵੱਡਾ ਨੁਕਸਾਨ ਹੋਣ ਤੋਂ ਬਚਾਅ ਹੋ ਗਿਆ। ਮੌਕੇ 'ਤੇ ਮੌਜੂਦ ਇਕ ਅੱਖੀਂ ਵੇਖੀ ਗਵਾਹ ਨੇ ਦੱਸਿਆ ਕੀ ਜੇਕਰ ਸਮੇਂ ਰਹਿੰਦੇ ਮਾਰਕੀਟ 'ਚ ਲੋਕਾਂ ਨੂੰ ਅੱਗ ਦੇ ਬਾਰੇ ਪਤਾ ਨਾ ਲੱਗਦਾ ਤਾਂ ਕਾਫੀ ਵੱਡਾ ਨੁਕਸਾਨ ਹੋ ਸਕਦਾ ਸੀ, ਕਿਉਂਕਿ ਸ਼ੋਅਰੂਮ ਦੇ ਬਾਹਰ ਹੀ ਹਾਈ ਟੈਨਸ਼ਨ ਵਾਇਰ ਜਾਂਦੀ ਹੈ, ਜੋਕਿ ਕੋਨੇ 'ਚ ਲੱਗੇ ਖੰਭੇ ਨਾਲ ਜਾ ਮਿਲਦੀ ਹੈ, ਜਿਸ ਕਾਰਨ ਕਾਫੀ ਵੱਡਾ ਹਾਦਸਾ ਵੀ ਹੋ ਸਕਦਾ ਸੀ। ਉਥੇ ਥਾਣਾ ਨੰ. 6 ਦੀ ਪੁਲਸ ਨੇ ਵੀ ਮੌਕੇ 'ਤੇ ਆ ਕੇ ਜਾਂਚ ਕਰਨੀ ਸ਼ੁਰੂ ਕਰ ਦਿੱਤੀ ਹੈ।

## ਨਾਜਾਇਜ ਸਰਾਬ ਸਪਲਾਈ ਕਰਨ ਆਇਆ ਐਕਟਿਵਾ ਸਵਾਰ ਕਾਬੂ

ਲੁਧਿਆਣਾ 25 ਜੂਨ। ਥਾਣਾ ਸਲੇਮ ਟਾਬਰੀ ਦੀ ਪੁਲਸ ਨੇ ਸਰਾਬ ਤਸਕਰਾਂ ਖ਼ਿਲਾਫ ਵਿੱਢੀ ਮੁਹਿੰਮ ਤਹਿਤ ਇਕ ਦੋਸੀ ਨੂੰ ਕਾਬੂ ਕੀਤਾ ਹੈ। ਥਾਣਾ ਇੰਚਾਰਜ ਜੈਦੀਪ ਜਾਖੜ ਨੇ ਦੱਸਿਆ ਕਿ ਪੁਲਸ ਨੂੰ ਸੂਚਨਾ ਮਿਲੀ ਸੀ ਕਿ ਇਕ ਵਿਅਕਤੀ ਐਕਟਿਵਾ 'ਤੇ ਪਿੰਡ ਭੱਟੀਆਂ ਬੇਟ ਵਿਖੇ ਨਾਜਾਇਜ ਸਰਾਬ ਦੀ ਸਪਲਾਈ ਕਰਨ ਲਈ ਆ ਰਿਹਾ ਹੈ। ਇਸ 'ਤੇ ਥਾਣਾ ਸਦਰ ਦੇ ਇੰਚਾਰਜ ਨੇ ਤੁਰੰਤ ਕਾਰਵਾਈ ਕਰਦਿਆਂ ਹੌਲਦਾਰ ਗੁਰਵਿੰਦਰ ਸਿੰਘ ਦੀ ਪੁਲਸ ਟੀਮ ਨੇ ਨਾਕਾਬੰਦੀ ਕੀਤੀ। ਮੌਕੇ 'ਤੇ ਸਾਹਮਣੇ ਤੋਂ ਇਕ ਵਿਅਕਤੀ ਨੂੰ ਐਕਟਿਵਾ 'ਤੇ ਆਉਂਦਾ ਦੇਖ ਪੁਲਸ ਨੇ ਰੋਕ ਕੇ ਉਸ ਦੀ ਤਲਾਸੀ ਲਈ ਤਾਂ ਐਕਟਿਵਾ 'ਤੇ ਪਏ ਥੈਲੇ 'ਚੋਂ 24 ਬੋਤਲਾਂ ਨਾਜਾਇਜ ਸਰਾਬ ਬਰਾਮਦ ਹੋਈ। ਪੁਲਸ ਨੇ ਤੁਰੰਤ ਕਾਰਵਾਈ ਕਰਦਿਆਂ ਉਸ ਦੀ ਪਛਾਣ ਮਨੋਜ ਕੁਮਾਰ ਰਿੰਕੂ ਪੁੱਤਰ ਨਾਨਕ ਚੰਦ ਵਾਸੀ ਛਾਉਣੀ ਵਜੋਂ ਕੀਤੀ ਹੈ। ਮੁਲਜਮ ਨੂੰ ਅਦਾਲਤ 'ਚ ਪੇਸ ਕਰ ਕੇ ਰਿਮਾਂਡ ਹਾਸਲ ਕੀਤਾ ਜਾਵੇਗਾ, ਤਾਂ ਜੋ ਨਾਜਾਇਜ ਸਰਾਬ ਬਾਰੇ ਪਤਾ ਲਾਇਆ ਜਾ ਸਕੇ ਕਿ ਮੁਲਜਮ ਇਹ ਸਰਾਬ ਕਿੱਥੋਂ ਲੈ ਕੇ ਆਇਆ ਸੀ ਅਤੇ ਕਿਹੜੇ-ਕਿਹੜੇ ਗਾਹਕਾਂ ਨੂੰ ਵੇਚਣ ਜਾ ਰਿਹਾ ਸੀ।

## ਰਾਜ ਸਭਾ ਚੋਣਾਂ 'ਚ ਬਾਗੀ ਹੋਏ ਸੀ ਅਖਿਲੇਸ਼ ਦੇ 7 ਵਿਧਾਇਕ, ਕ੍ਰਾਸ ਵੋਟਿੰਗ ਕਰਾਉਣ ਮਗਰੋਂ ਹੁਣ ਭਾਜਪਾ ਨੇ ਵੱਟਿਆ ਪਾਸਾ

ਏਜੰਸੀਆਂ

ਨੈਸ਼ਨਲ ਡੈਸਕ 25 ਜੂਨ। ਉੱਤਰ ਪ੍ਰਦੇਸ਼ 'ਚ ਫਰਵਰੀ 'ਚ ਹੋਈਆਂ ਰਾਜ ਸਭਾ ਚੋਣਾਂ 'ਚ ਭਾਜਪਾ ਦੇ ਹੱਕ 'ਚ ਕ੍ਰਾਸ ਵੋਟ ਕਰਨ ਵਾਲੇ ਸਮਾਜਵਾਦੀ ਪਾਰਟੀ (ਸਪਾ) ਦੇ ਵਿਧਾਇਕਾਂ ਦੀਆਂ ਛੇਤੀ ਮੁਸ਼ਕਿਲਾਂ ਵਧ ਸਕਦੀਆਂ ਹਨ। ਸੂਤਰਾਂ ਦਾ ਕਹਿਣਾ ਹੈ ਕਿ ਸਪਾ ਛੇਤੀ ਹੀ ਇਨ੍ਹਾਂ ਵਿਧਾਇਕਾਂ ਦੀ ਮੈਂਬਰਸ਼ਿਪ ਰੱਦ ਕਰਨ ਦੀ ਮੰਗ ਕਰ ਸਕਦੀ ਹੈ। ਇਕ ਰਿਪੋਰਟ ਅਨੁਸਾਰ ਰਾਜ ਸਭਾ ਚੋਣਾਂ ਨਿਪਟਾਉਣ ਦੇ ਬਾਅਦ ਤੋਂ ਹੀ ਹੁਣ ਭਾਜਪਾ ਵੀ ਉਨ੍ਹਾਂ ਨੂੰ ਜ਼ਿਆਦਾ ਤਰਜੀਹ ਨਹੀਂ ਦੇ ਰਹੀ ਹੈ ਜਦਕਿ ਹੁਣ ਸਪਾ ਲੋਕ ਸਭਾ ਚੋਣਾਂ 'ਚ ਸੂਬੇ ਦੇ ਅੰਦਰ ਮਜਬੂਤ ਹੋ ਕੇ ਉਭਰੀ ਹੈ। ਕ੍ਰਾਸ ਵੋਟਿੰਗ 'ਤੇ ਤਾਂ ਕਿਸੇ ਵੀ ਤਰ੍ਹਾਂ ਦੀ ਕੋਈ ਕਾਰਵਾਈ ਦੀ ਵਿਵਸਥਾ ਨਹੀਂ ਹੁੰਦੀ ਹੈ ਅਤੇ ਨਾ ਹੀ ਕੋਈ ਵ੍ਹਿਪ ਜਾਰੀ ਹੁੰਦਾ ਹੈ। ਇਸ ਕਾਰਨ ਉਨ੍ਹਾਂ ਵਿਧਾਇਕਾਂ ਵਿਰੁੱਧ ਸਪਾ ਨੇ ਕੋਈ ਕਾਰਵਾਈ ਨਹੀਂ ਕੀਤੀ ਸੀ। ਰਿਪੋਰਟ 'ਚ ਸਪਾ ਦੇ ਹਵਾਲੇ ਨਾਲ ਕਿਹਾ ਗਿਆ ਹੈ ਕਿ ਪਾਰਟੀ ਇਨ੍ਹਾਂ ਸਾਰੇ ਵਿਧਾਇਕਾਂ ਵਿਰੁੱਧ ਵਿਧਾਨ ਸਭਾ ਸਪੀਕਰ ਦੇ ਸਾਹਮਣੇ ਸ਼ਿਕਾਇਤ ਦਰਜ ਕਰਵਾਏਗੀ ਅਤੇ ਉਨ੍ਹਾਂ ਦੀ ਮੈਂਬਰਸ਼ਿਪ ਰੱਦ ਕਰਵਾਈ ਜਾਵੇਗੀ। ਸਪਾ ਦਾ ਕਹਿਣਾ ਹੈ ਕਿ ਇਨ੍ਹਾਂ ਵਿਧਾਇਕਾਂ ਦੀ ਹਾਲਤ ਖਰਾਬ ਹੈ, ਕਿਉਂਕਿ ਇਹ ਫਾਇਦੇ ਲਈ ਭਾਜਪਾ 'ਚ ਗਏ ਸਨ ਪਰ ਭਾਜਪਾ ਨੇ ਇਨ੍ਹਾਂ ਨੂੰ ਕੋਈ ਖਾਸ ਫਾਇਦਾ ਨਹੀਂ ਦਿੱਤਾ ਅਤੇ ਲੋਕ ਸਭਾ ਚੋਣਾਂ ਤੋਂ ਬਾਅਦ ਬਦਲੇ ਸਮੀਕਰਨਾਂ ਵਿਚਾਲੇ ਹੁਣ ਭਾਜਪਾ ਵਲੋਂ ਵੀ ਇਨ੍ਹਾਂ ਵਿਧਾਇਕਾਂ ਨੂੰ ਮਹੱਤਵ ਨਹੀਂ ਦਿੱਤਾ ਜਾ ਰਿਹਾ ਹੈ। ਜੇ ਹੁਣ ਇਨ੍ਹਾਂ



ਵਿਧਾਇਕਾਂ ਦੀ ਮੈਂਬਰਸ਼ਿਪ ਜਾਂਦੀ ਹੈ ਤਾਂ ਫਿਰ ਉਨ੍ਹਾਂ ਨੂੰ ਵੱਡਾ ਨੁਕਸਾਨ ਹੋ ਸਕਦਾ ਹੈ, ਕਿਉਂਕਿ ਅਜੇ ਸੂਬੇ 'ਚ ਵਿਧਾਨ ਸਭਾ ਚੋਣਾਂ ਹੋਇਆਂ ਸਿਰਫ 2 ਸਾਲ ਹੀ ਹੋਏ ਹਨ ਅਤੇ 3 ਸਾਲ ਦਾ ਕਾਰਜਕਾਲ ਬਾਕੀ ਹੈ। ਖਾਸ ਗੱਲ ਇਹ ਹੈ ਕਿ ਇਨ੍ਹਾਂ 'ਚੋਂ ਕਿਸੇ ਵੀ ਵਿਧਾਇਕ ਨੂੰ ਭਾਜਪਾ ਨੇ ਲੋਕ ਸਭਾ ਲਈ ਟਿਕਟ ਨਹੀਂ ਦਿੱਤੀ ਸੀ। ਹੁਣ ਜੇ ਮੈਂਬਰਸ਼ਿਪ ਜਾਂਦੀ ਹੈ ਤਾਂ ਫਿਰ ਉਹ ਕਿਸੇ ਵੀ ਸਦਨ ਦੇ ਮੈਂਬਰ ਨਹੀਂ ਰਹਿਣਗੇ ਸੰਕਟ ਇਹ ਵੀ ਹੋਵੇਗਾ ਕਿ ਜੇ ਭਾਜਪਾ ਨੇ ਇਨ੍ਹਾਂ ਲੋਕਾਂ ਨੂੰ ਉਪ ਚੋਣਾਂ 'ਚ ਟਿਕਟ ਨਹੀਂ ਦਿੱਤੀ ਤਾਂ ਇਨ੍ਹਾਂ ਦੇ ਸਿਆਸੀ ਭਵਿੱਖ 'ਤੇ ਵੀ ਖਤਰਾ ਪੈਦਾ ਹੋ ਸਕਦਾ ਹੈ। ਜ਼ਿਕਰਯੋਗ ਹੈ ਕਿ ਸਪਾ ਦੇ ਬਾਗੀ ਵਿਧਾਇਕ ਮਨੋਜ ਪਾਂਡੇ ਪਾਰਟੀ ਦੇ ਚੀਫ ਵ੍ਹਿਪ ਸੀ ਅਤੇ ਉਹ ਰਾਇਬਰੇਲੀ ਦੀ ਉਂਚਾਹਾਰ ਸੀਟ ਤੋਂ ਵਿਧਾਨ ਸਭਾ ਦੇ ਮੈਂਬਰ ਹਨ। ਰਾਇਬਰੇਲੀ ਸੀਟ 'ਤੇ ਭਾਜਪਾ ਨੂੰ ਕਾਂਗਰਸ ਨੇਤਾ ਰਾਹੁਲ ਗਾਂਧੀ ਤੋਂ ਕਰਾਰੀ ਹਾਰ ਦਾ ਸਾਹਮਣਾ ਕਰਨਾ ਪਿਆ ਹੈ। ਇਸ ਤੋਂ ਇਲਾਵਾ ਪੂਜਾ ਪਾਲ ਤੋਂ ਲੈ ਕੇ ਰਾਕੇਸ ਪਾਂਡੇ, ਵਿਨੋਦ ਚਤੁਰਵੇਦੀ, ਆਸੂਤੋਸ ਵਰਮਾ ਅਤੇ ਅਭੈ ਸਿੰਘ ਵੀ ਲੋਕ ਸਭਾ ਦੀਆਂ ਆਪਣੀਆਂ ਖੇਤਰੀ ਸੀਟਾਂ 'ਤੇ ਭਾਜਪਾ ਨੂੰ ਕੋਈ ਫਾਇਦਾ ਨਹੀਂ ਪਹੁੰਚਾ ਸਕੇ ਸਨ। ਚੋਣ ਨਤੀਜਿਆਂ ਦੇ ਬਾਅਦ ਤੋਂ ਹੀ ਭਾਜਪਾ ਇਨ੍ਹਾਂ ਵਿਧਾਇਕਾਂ ਤੋਂ ਦੂਰੀ ਬਣਾ ਕੇ ਰੱਖ ਰਹੀ ਹੈ, ਜਦਕਿ ਇਨ੍ਹਾਂ ਖ਼ਿਲਾਫ ਹੁਣ ਸਪਾ ਵੱਡੀ ਕਾਰਵਾਈ ਕਰ ਸਕਦੀ ਹੈ। ਸਪਾ ਸੁਪਰੀਮੋ ਅਖਿਲੇਸ ਯਾਦਵ ਨੇ ਪਹਿਲਾਂ ਹੀ ਇਨ੍ਹਾਂ ਵਿਧਾਇਕਾਂ ਬਾਰੇ ਕਿਹਾ ਸੀ ਕਿ ਧੋਖਾ ਦੇਣ ਵਾਲਿਆਂ ਨੂੰ ਕਿਸੇ ਵੀ ਕੀਮਤ 'ਤੇ ਮੁਆਫ ਨਹੀਂ ਕੀਤਾ ਜਾਵੇਗਾ।

# ਪੀ.ਐੱਸ.ਪੀ.ਸੀ.ਐੱਲ. ਨੇ 16,078 ਮੈਗਾਵਾਟ ਦੀ ਸਭ ਤੋਂ ਵੱਧ ਮੰਗ ਨੂੰ ਸਫਲਤਾਪੂਰਵਕ ਪੂਰਾ ਕੀਤਾ

ਏਜੰਸੀਆਂ

ਪਟਿਆਲਾ 25 ਜੂਨ। ਪੰਜਾਬ ਦੇ ਬਿਜਲੀ ਮੰਤਰੀ ਹਰਭਜਨ ਸਿੰਘ ਈ. ਟੀ. ਓ. ਨੇ ਕਿਹਾ ਕਿ ਪੀ.ਐੱਸ.ਪੀ.ਸੀ.ਐੱਲ ਨੇ ਬਿਜਲੀ ਦੀ ਪਿਛਲੇ ਸਾਲ ਦੀ ਵੱਧ ਤੋਂ ਵੱਧ 15,325 ਮੈਗਾਵਾਟ ਦੀ ਮੰਗ ਨੂੰ ਪਾਰ ਕਰਦਿਆਂ ਇਸ ਸਾਲ 19 ਜੂਨ ਨੂੰ 16,078 ਮੈਗਾਵਾਟ ਦੀ ਆਪਣੀ ਹੁਣ ਤੱਕ ਦੀ ਸਭ ਤੋਂ ਉੱਚੀ ਮੰਗ ਨੂੰ ਸਫਲਤਾਪੂਰਵਕ ਪੂਰਾ ਕੀਤਾ ਹੈ ਅਤੇ ਸੂਬੇ ਭਰ ਵਿਚ ਝੋਨੇ ਦੀ ਫਸਲ ਦੀ ਬਿਜਾਈ ਲਈ ਖੇਤੀਬਾੜੀ ਫੀਡਰਾਂ ਨੂੰ ਰੋਜਾਨਾ 8 ਘੰਟੇ ਮੁਹੱਈਆ ਨਿਰਵਿਘਨ ਬਿਜਲੀ ਸਪਲਾਈ ਕਰਵਾਉਣ ਦੇ ਨਾਲ-ਨਾਲ ਕਿਸੇ ਵੀ ਖਪਤਕਾਰ ਵਰਗ 'ਤੇ ਕੋਈ ਕੱਟ ਨਹੀਂ ਲਗਾਏ ਗਏ। ਬਿਜਲੀ ਮੰਤਰੀ ਨੇ ਦੱਸਿਆ ਕਿ ਰਾਜ ਭਰ ਵਿਚ 11 ਕੇ. ਵੀ ਦੇ 13340 ਫੀਡਰ ਹਨ ਜਿਨ੍ਹਾਂ ਵਿਚੋਂ 6954 ਫੀਡਰ ਕਰੀਬ 14 ਲੱਖ ਟਿਊਬਵੈੱਲ ਕੁਨੈਕਸਨਾਂ ਨੂੰ ਖੇਤੀਬਾੜੀ ਸਪਲਾਈ ਪ੍ਰਦਾਨ ਕਰਦੇ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਨਿਰਵਿਘਨ ਬਿਜਲੀ ਸਪਲਾਈ ਨੂੰ ਯਕੀਨੀ ਬਣਾਉਣ ਲਈ ਲੋੜੀਂਦੀ ਬਿਜਲੀ ਉਪਲੱਬਧਤਾ ਦੇ ਪ੍ਰਬੰਧ ਅਤੇ ਬੁਨਿਆਦੀ ਢਾਂਚੇ ਦੇ ਨਵੀਨੀਕਰਨ ਦੇ ਕੰਮਾਂ ਸਮੇਤ ਕਈ ਕਦਮ ਚੁੱਕੇ ਹਨ। ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ ਵੱਲੋਂ ਝੋਨੇ ਦੇ ਚੱਲ ਰਹੇ ਸੀਜਨ ਲਈ ਸੂਬੇ ਦੇ ਬਿਜਲੀ ਸਪਲਾਈ ਦੇ ਪ੍ਰਬੰਧਾਂ ਦਾ ਜਾਇਜਾ ਲੈਣ ਲਈ ਵਧੀਕ ਮੁੱਖ ਸਕੱਤਰ ਬਿਜਲੀ ਤਜਵੀਰ ਸਿੰਘ, ਸੀ.ਐੱਮ.ਡੀ./ਪੀ.ਐੱਸ.ਪੀ.ਸੀ.ਐੱਲ. ਇੰਜ. ਬਲਦੇਵ ਸਿੰਘ ਸਰਾਂ, ਡਾਇਰੈਕਟਰ ਡਿਸਟਰੀਬਿਊਸਨ, ਪੀ.ਐੱਸ.ਪੀ.ਸੀ.ਐੱਲ., ਇੰਜ. ਡੀ.ਪੀ.ਐੱਸ. ਗਰੇਵਾਲ ਅਤੇ ਡਾਇਰੈਕਟਰ ਜਨਰੇਸਨ, ਪੀ.ਐੱਸ.ਪੀ.ਸੀ.ਐੱਲ, ਇੰਜ. ਪਰਮਜੀਤ ਸਿੰਘ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਪੀ.ਐਸ.ਪੀ.ਸੀ.ਐੱਲ ਦੇ ਅਧਿਕਾਰੀਆਂ ਨੇ ਬਿਜਲੀ ਮੰਤਰੀ ਨੂੰ ਜਾਣੂ ਕਰਵਾਇਆ ਕਿ ਇਸ ਗਰਮੀ ਵਿਚ ਵੱਧ ਰਹੀ ਬਿਜਲੀ ਦੀ ਮੰਗ ਨੂੰ ਪੂਰਾ ਕਰਨ ਲਈ ਕਈ ਉਪਾਅ ਕੀਤੇ ਗਏ ਹਨ, ਜਿਨ੍ਹਾਂ ਵਿਚ ਸਹਿਰੀ ਕੇਂਦਰਾਂ ਵਿਚ ਮੋਬਾਈਲ ਟਰਾਂਸਫਾਰਮਰ ਸਥਾਪਤ ਕਰਨਾ, ਡਿਵੀਜਨ ਪੱਧਰ ਅਤੇ ਗਰਿੱਡ ਸਬਸਟੇਸਨ 'ਤੇ ਮਟੀਰੀਅਲ ਸਟੋਰ ਸਥਾਪਤ ਕਰਨਾ, ਡਵੀਜਨ ਪੱਧਰ 'ਤੇ 104 ਨੋਡਲ ਸ਼ਿਕਾਇਤ ਕੇਂਦਰ ਸਥਾਪਤ ਕਰਨਾ, 21 ਸਰਕਲਾਂ 'ਤੇ ਕੰਟਰੋਲ ਰੂਮ ਸਥਾਪਤ ਕਰਨਾ, ਸ਼ਿਕਾਇਤਾਂ ਦੇ ਨਿਪਟਾਰੇ ਲਈ ਮੁੱਖ ਦਫਤਰ ਦੇ ਕੰਟਰੋਲ ਰੂਮ ਤੋਂ ਇਲਾਵਾ 5 ਜੋਨ ਸਥਾਪਤ ਕਰਨਾ ਅਤੇ ਸ਼ਿਕਾਇਤਾਂ ਨਾਲ ਨਜਿੱਠਣ ਲਈ ਲੋੜੀਂਦੀ ਮੈਨਪਾਵਰ ਤਾਇਨਾਤ ਕਰਨਾ ਆਦਿ ਸ਼ਾਮਲ



ਹਨ। ਇਸ ਤੋਂ ਇਲਾਵਾ, ਪੀ.ਐੱਸ.ਪੀ.ਸੀ.ਐੱਲ. ਵੱਲੋਂ ਦੱਸਿਆ ਗਿਆ ਕਿ ਝੋਨੇ ਦੇ ਸੀਜਨ ਦੌਰਾਨ ਲੋੜਾਂ ਨੂੰ ਪੂਰਾ ਕਰਨ ਲਈ ਡਿਸਟ੍ਰੀਬਿਊਸਨ ਟਰਾਂਸਫਾਰਮਰਾਂ, ਕੇਬਲਾਂ/ਪੀ.ਵੀ.ਸੀ, ਕੰਡਕਟਰਾਂ, ਖੰਭਿਆਂ ਅਤੇ ਹੋਰ ਸਮਾਨ ਦੀ ਸਟਾਕ ਸਥਿਤੀ ਅਤੇ ਸਪਲਾਈ ਲੋੜੀਂਦੀ ਮਾਤਰਾ ਵਿਚ ਮੌਜੂਦ ਹੈ। ਪੀ.ਐੱਸ.ਪੀ.ਸੀ.ਐੱਲ ਵੱਲੋਂ ਇਹ ਵੀ ਦੱਸਿਆ ਗਿਆ ਕਿ ਝੋਨੇ ਦੇ ਸੀਜਨ ਤੋਂ ਪਹਿਲਾਂ ਡਿਸਟ੍ਰੀਬਿਊਸਨ ਟਰਾਂਸਫਾਰਮਰਾਂ ਅਤੇ ਪਾਵਰ ਲਾਈਨਾਂ ਸਮੇਤ ਬਿਜਲੀ ਵੰਡ ਪ੍ਰਣਾਲੀ ਦਾ ਵਿਆਪਕ ਰੱਖ-ਰਖਾਅ ਕੀਤਾ ਗਿਆ। ਇਸ ਪ੍ਰਬੰਧਾਂ ਦੇ ਨਤੀਜੇ ਵਜੋਂ ਪੰਜਾਬ ਵਿਚ ਇਸ ਸਾਲ ਬਿਜਲੀ ਦੀ ਚੰਗਿਆੜੀ ਕਾਰਨ ਫਸਲਾਂ ਨੂੰ ਅੱਗ ਲੱਗਣ ਦੀ ਕੋਈ ਵੀ ਘਟਨਾ ਰਿਪੋਰਟ ਨਹੀਂ ਹੋਈ। ਬਿਜਲੀ ਮੰਤਰੀ ਨੇ ਪੀ.ਐੱਸ.ਪੀ.ਸੀ.ਐੱਲ. ਨੂੰ ਹਦਾਇਤ ਕੀਤੀ ਕਿ ਗਰਮੀਆਂ ਦੇ ਮੌਸਮ ਦੌਰਾਨ ਬਿਜਲੀ ਦੇ ਕੱਟ ਨਾ ਲੱਗਣ ਨੂੰ ਯਕੀਨੀ ਬਣਾਇਆ ਜਾਵੇ। ਮੀਟਿੰਗ ਦੀ ਸਮਾਪਤੀ ਬਿਜਲੀ ਮੰਤਰੀ ਨੇ ਬਿਜਲੀ ਕੰਪਨੀਆਂ ਵੱਲੋਂ ਕੀਤੀਆਂ ਤਿਆਰੀਆਂ 'ਤੇ ਤਸੱਲੀ ਪ੍ਰਗਟ ਕਰਦਿਆਂ ਕੀਤੀ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਭਰੋਸਾ ਹੈ ਕਿ ਗਰਮੀ ਦੇ ਮੌਸਮ ਦੌਰਾਨ ਪੰਜਾਬ ਦੇ ਲੋਕਾਂ ਨੂੰ ਨਿਰਵਿਘਨ ਬਿਜਲੀ ਸਪਲਾਈ ਮਿਲੇਗੀ।

## ਨਸ਼ੇ ਦੇ ਦੈਂਤ ਨੇ ਨਿਗਲਿਆ ਇਕ ਹੋਰ ਨੌਜਵਾਨ, ਓਵਰਡੋਜ ਕਾਰਨ ਹੋਈ ਮੌਤ

ਤਰਨਤਾਰਨ 25 ਜੂਨ। ਜ਼ਿਲ੍ਹਾ ਤਰਨਤਾਰਨ ਦੇ ਵਿਧਾਨ ਸਭਾ ਹਲਕਾ ਪੱਟੀ ਦੇ ਸਭਰਾ ਵਿਚ ਨਸ਼ੇ ਦਾ ਟੀਕਾ ਲਗਾਉਣ ਨਾਲ 26 ਸਾਲਾਂ ਦੇ ਨੌਜਵਾਨ ਮਨਪ੍ਰੀਤ ਸਿੰਘ ਦੀ ਮੌਤ ਹੋ ਗਈ। ਇਸ ਮੌਕੇ ਮ੍ਰਿਤਕ ਮਨਪ੍ਰੀਤ ਸਿੰਘ ਦੇ ਪਿਤਾ ਨੇ ਦੱਸਿਆ ਕਿ ਪਿੰਡ ਵਿਚ ਨਸ਼ਾ ਲੈਣ ਲਈ ਲੋਕ ਲਾਈਨਾਂ ਲਗਾ ਖੜ੍ਹ ਜਾਂਦੇ ਹਨ। ਜਿਸ ਕਰਕੇ ਅੱਜ ਉਨ੍ਹਾਂ ਨੇ ਮੁੰਡੇ ਦੀ ਰਾਤ 11 ਵਜੇ ਨਸ਼ਾ ਦਾ ਟੀਕਾ ਲਗਾਉਣ ਕਾਰਨ ਮੌਤ ਹੋ ਗਈ। ਉਨ੍ਹਾਂ ਕਿਹਾ ਕਿ ਪੁਲਸ ਨੇ ਉਨ੍ਹਾਂ ਦੇ ਮੁੰਡੇ ਨਾਲ ਨਸ਼ਾ ਕਰਨ ਵਾਲੇ ਨੌਜਵਾਨ ਗੁਰਪਾਲ ਸਿੰਘ ਨੂੰ ਹਿਰਾਸਤ ਵਿਚ ਲਿਆ ਹੈ। ਹੁਣ ਦੇਖਣਾ ਹੋਵੇਗਾ ਕਿ ਪੁਲਸ ਕਿਸ ਮੁਕਾਮ ਤੱਕ ਕਾਰਵਾਈ ਕਰਦੀ ਹੈ। ਮ੍ਰਿਤਕ ਦੇ ਰਿਸ਼ਤੇਦਾਰ ਨੇ ਦੱਸਿਆ ਕਿ ਪਿੰਡ ਦੇ ਘਰ-ਘਰ ਗਲੀ-ਗਲੀ ਨਸ਼ਾ ਵਿਕ ਰਿਹਾ ਹੈ ਜਿਸ ਕਾਰਨ ਉਨ੍ਹਾਂ ਦੇ ਰਿਸ਼ਤੇ ਵਿਚ ਭਤੀਜਾ ਲੱਗਦੇ ਇਸ ਨੌਜਵਾਨ ਦੀ ਮੌਤ ਹੋ ਗਈ ਹੈ। ਉਨ੍ਹਾਂ ਕਿਹਾ ਕਿ ਪੁਲਸ ਇਕ ਨੌਜਵਾਨ ਨੂੰ ਹਿਰਾਸਤ ਵਿਚ ਲਿਆ ਹੈ ਹੁਣ ਨਸ਼ਾ ਵੇਚਣ ਵਾਲਿਆਂ ਦਾ ਸੱਚ ਬਾਹਰ ਆਉਣਾ ਚਾਹੀਦਾ ਹੈ । ਉਨ੍ਹਾਂ ਕਿਹਾ ਕਿ ਉਨ੍ਹਾਂ ਵਲੋਂ ਕੁਝ ਦਿਨ ਪਹਿਲਾਂ ਨਸ਼ਾ ਵੇਚਣ ਵਾਲਿਆਂ ਨੂੰ ਚੇਤਾਵਨੀ ਵੀ ਦਿੱਤੀ ਸੀ ਪਰ ਨਸ਼ਾ ਉਸ ਤਰ੍ਹਾਂ ਹੀ ਵਿਕ ਰਿਹਾ ਹੈ। ਮ੍ਰਿਤਕ ਦੀ ਮਾਂ ਨੇ ਦੁਹਾਈ ਦਿੰਦੇ ਸਰਕਾਰ ਨੂੰ ਗੁਹਾਰ ਲਗਾਈ ਕਿ ਨਸ਼ਾ ਖ਼ਤਮ ਕੀਤਾ ਜਾਵੇ। ਮਾਵਾਂ ਦੇ ਪੁੱਤ ਮਰਦੇ ਜਾ ਰਹੇ ਹਨ ਉਨ੍ਹਾਂ ਕਿਹਾ ਕਿ ਪੁੱਤਾਂ ਦੀ ਮੌਤ ਤੋਂ ਬਾਅਦ ਮਾਵਾਂ ਦਾ ਕੌਣ ਸਹਾਰਾ ਬਣੇਗਾ।